1-SEP-PAGE-1.qxd 8/31/2025 9:23 PM Page 1

ਸੋਮਵਾਰ, 1 ਸਤੰਬਰ, 2025

17 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 74

ਅੰਕ/NO. : 91

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 1 SEPTEMBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਦੋ ਮਹਾਨ ਅਬਾਦੀਆਂ ਮਿਲ ਕੇ ਚੱਲਣਗੀਆਂ



**ਤਿਆਨਜਿਨ** : ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਐਤਵਾਰ ਇੱਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਰਤ-ਚੀਨ ਦੋਸਤੀ ਦੋਵਾਂ ਦੇਸ਼ਾਂ ਲਈ ਲਾਹੇਵੰਦ ਸਾਬਤ ਹੋਵੇਗੀ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਇੱਕ-ਦੂਜੇ ਦੀ ਸਫਲਤਾ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ।

ਦੋਵਾਂ ਨੇਤਾਵਾਂ ਦਰਮਿਆਨ ਗੱਲਬਾਤ ਇੱਥੇ ਸ਼ੰਘਾਈ ਸਹਿਯੋਗ ਸੰਗਠਨ (ਐੱਸ ਸੀ ਓ) ਦੇ ਸਾਲਾਨਾ ਸੰਮੇਲਨ ਦੌਰਾਨ ਹੋਈ।

ਸ਼ੀ ਨੇ ਕਿਹਾ, 'ਅਸੀਂ ਦੋਵੇਂ ਆਪਣੇ ਲੋਕਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਲਈ ਵਿਕਾਸਸ਼ੀਲ ਦੇਸ਼ਾਂ ਦੀ ਏਕਤਾ ਅਤੇ ਸੁਰਜੀਤੀ ਨੂੰ ਉਤਸ਼ਾਹਤ ਕਰਦਿਆਂ ਮਨੁੱਖੀ ਸਮਾਜ ਦੇ ਵਿਕਾਸ ਨੂੰ ਅੱਗੇ ਵਧਾਉਣ ਦੀ ਇਤਿਹਾਸਕ ਜ਼ਿੰਮੇਵਾਰੀ ਨਿਭਾਉਂਦੇ ਹਾਂ। ਇਹ ਦੋਵਾਂ ਲਈ ਸਹੀ ਚੋਣ ਹੈ ਕਿ ਉਹ ਦੋਸਤ ਬਣਨ, ਜਿਨ੍ਹਾਂ ਦੇ ਚੰਗੇ ਗੁਆਂਢੀ ਅਤੇ ਦੋਸਤਾਨਾ ਸੰਬੰਧ ਹੋਣ, ਇੱਕ-ਦੂਜੇ ਦੇ ਭਾਈਵਾਲ ਹੋਣ ਅਤੇ ਦੋਵਾਂ ਦੇਸ਼ਾਂ ਦੀ ਸਫਲਤਾ ਦੇ ਇਕੱਠਿਆਂ ਜਸ਼ਨ ਮਨਾਉਣ।'

ਸ਼ੀ ਨੇ ਕਿਹਾ ਕਿ ਦੋਵਾਂ ਦੇਸ਼ਾਂ ਨੂੰ ਆਪਣੇ ਸੰਬੰਧਾਂ ਨੂੰ ਸਿਆਸੀ ਅਤੇ ਲੰਮੇ ਸਮੇਂ ਦੇ ਦ੍ਰਿਸ਼ਟੀਕੋਣ ਤੋਂ ਦੇਖਣਾ ਚਾਹੀਦਾ ਹੈ। ਦੋਵਾਂ ਧਿਰਾਂ ਨੂੰ ਰਣਨੀਤਕ ਉਚਾਈਆਂ ਅਤੇ ਲੰਮੇ ਸਮੇਂ ਦੇ ਦ੍ਰਿਸ਼ਟੀਕੋਣ ਤੋਂ ਸੰਬੰਧਾਂ ਨੂੰ ਦੇਖਣ ਅਤੇ ਸੰਭਾਲਣ ਦੀ ਲੋੜ ਹੈ, ਤਾਂ ਜੋ ਸਾਡੇ ਦੁਵੱਲੇ ਸੰਬੰਧਾਂ ਦੇ ਨਿਰੰਤਰ, ਮਜ਼ਬੂਤ ਅਤੇ ਸਥਿਰ ਵਿਕਾਸ ਨੂੰ ਸਾਕਾਰ ਕੀਤਾ ਜਾ ਸਕੇ।

ਚੀਨੀ ਰਾਸ਼ਟਰਪਤੀ ਨੇ ਮੋਦੀ ਨੂੰ ਦੱਸਿਆ ਕਿ ਚੀਨ ਅਤੇ ਭਾਰਤ ਇੱਕ-ਦੂਜੇ ਦੇ ਵਿਰੋਧੀ ਨਹੀਂ, ਸਗੋਂ ਸਹਿਯੋਗੀ ਭਾਈਵਾਲ ਹਨ, ਵਿਰੋਧੀ ਨਹੀਂ ਅਤੇ ਦੋਵੇਂ ਦੇਸ਼ਾਂ ਕੋਲ ਧਮਕੀਆਂ ਦੀ ਬਜਾਇ ਇੱਕ-ਦੂਜੇ ਦੇ ਵਿਕਾਸ ਲਈ ਅਥਾਹ ਮੌਕੇ ਹਨ।

ਅਮਰੀਕੀ ਰਾਸ਼ਟਰਤੀ ਡੋਨਾਲਡ ਟਰੰਪ ਦੀਆਂ ਇੱਕਪਾਸੜ ਨੀਤੀਆਂ 'ਤੇ ਨਿਸ਼ਾਨਾ ਸੇਧਦਿਆਂ ਸ਼ੀ ਨੇ ਕਿਹਾ, 'ਸਾਨੂੰ ਦੋਵਾਂ ਦੇਸ਼ਾਂ ਨੂੰ ਬਹੁ-ਪੱਖੀ ਸਾਂਝ ਕਾਇਮ ਰੱਖਣ, ਕੌਮਾਂਤਰੀ ਸੰਬੰਧਾਂ ਅਤੇ ਜਮਹੂਰੀਅਤ ਦੀ ਮਜ਼ਬੂਤੀ ਲਈ ਮਿਲ ਕੇ ਕੰਮ ਕਰਨ ਅਤੇ ਦੁਨੀਆ ਭਰ ਵਿੱਚ ਸ਼ਾਂਤੀ ਤੇ ਖੁਸ਼ਹਾਲੀ 'ਚ ਯੋਗਦਾਨ ਪਾਉਣ ਲਈ ਆਪਣੀ ਇਤਿਹਾਸਕ ਜ਼ਿੰਮੇਵਾਰੀ ਨਿਭਾਉਂਦਿਆਂ ਅੱਗੇ ਵਧਣਾ ਚਾਹੀਦਾ ਹੈ।'

ਸ਼ੀ ਨੇ ਮੋਦੀ ਨੂੰ ਦੱਸਿਆ ਕਿ ਦੁਨੀਆ ਇਸ ਸਮੇਂ ਇੱਕ ਸਦੀ 'ਚ ਇੱਕ ਵਾਰ ਹੋਣ ਵਾਲੇ ਬਦਲਾਅ ਵਿੱਚੋਂ ਲੰਘ ਰਹੀ ਹੈ। ਉਨ੍ਹਾ ਕਿਹਾ, 'ਚੀਨ ਅਤੇ ਭਾਰਤ ਪੂਰਬ 'ਚ ਦੋ ਪ੍ਰਾਚੀਨ ਸੱਭਿਆਤਾਵਾਂ ਹਨ, ਅਸੀਂ ਦੁਨੀਆ ਦੇ ਦੋ ਸਭ ਤੋਂ ਵੱਧ ਆਬਾਦੀ ਵਾਲੇ ਦੇਸ਼ ਹਾਂ ਅਤੇ ਅਸੀਂ ਗਲੋਬਲ ਸਾਊਥ ਦੇ ਸਭ ਤੋਂ ਪੁਰਾਣੇ ਮੈਂਬਰ ਵੀ ਹਾਂ।' ਮੋਦੀ ਨੇ ਕਿਹਾ ਕਿ ਭਾਰਤ ਅਤੇ ਚੀਨ ਦੁਵੱਲੇ ਸੰਬੰਧਾਂ ਨੂੰ ਅੱਗੇ ਵਧਾਉਣ ਲਈ ਵਚਨਬੱਧ ਹਨ। ਉਨ੍ਹਾ ਕਿਹਾ, 'ਦੋਵਾਂ ਦੇਸ਼ਾਂ ਦੀਆਂ ਫੌਜਾਂ ਦੇ ਪਿੱਛੇ ਹਟਣ ਮਗਰੋਂ ਸਰਹੱਦ 'ਤੇ ਸ਼ਾਂਤੀ ਅਤੇ ਸਥਿਰਤਾ ਬਣਾਈ ਰੱਖੀ ਗਈ ਹੈ। ਸਰਹੱਦੀ ਪ੍ਰਬੰਧਨ ਨੂੰ ਲੈ ਕੇ ਸਾਡੇ ਵਿਸ਼ੇਸ਼ ਪ੍ਰਤੀਨਿਧੀਆਂ ਵਿਚਕਾਰ ਸਹਿਮਤੀ ਸੀ।'

ਮੋਦੀ ਨੇ ਦੁਵੱਲੀ ਗੱਲਬਾਤ ਦੌਰਾਨ ਜਿਨਪਿੰਗ ਨੂੰ ਦੱਸਿਆ ਕਿ ਭਾਰਤ ਆਪਸੀ ਵਿਸ਼ਵਾਸ, ਸਤਿਕਾਰ ਅਤੇ ਸੰਵੇਦਨਸ਼ੀਲਤਾ ਦੇ ਆਧਾਰ 'ਤੇ ਚੀਨ ਨਾਲ ਆਪਣੇ ਸੰਬੰਧਾਂ ਨੂੰ ਅੱਗੇ ਵਧਾਉਣ ਲਈ ਵਚਨਬੱਧ ਹੈ। ਦੋਵਾਂ ਆਗੂਆਂ ਨੇ ਦੁਵੱਲੇ ਸੰਬੰਧਾਂ ਨੂੰ ਸੁਰਜੀਤ ਕਰਨ ਲਈ ਵਿਆਪਕ ਗੱਲਬਾਤ ਕੀਤੀ।

ਮੋਦੀ ਨੇ ਕਿਹਾ ਕਿ ਭਾਰਤ ਅਤੇ ਚੀਨ ਵਿਚਕਾਰ ਸਿੱਧੀਆਂ ਉਡਾਣਾਂ ਮੁੜ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਅਤੇ 2.8 ਅਰਬ ਲੋਕਾਂ ਦੀ ਭਲਾਈ ਦੁਵੱਲੇ ਸਹਿਯੋਗ ਨਾਲ ਜੁੜੀ ਹੋਈ ਹੈ। ਮੋਦੀ ਨੇ ਸ਼ੰਘਾਈ ਸਹਿਯੋਗ ਸੰਗਠਨ (ਐੱਸ ਸੀ ਓ) ਦੀ ਚੀਨ ਦੀ ਸਫਲ ਪ੍ਰਧਾਨਗੀ ਲਈ ਰਾਸ਼ਟਰਪਤੀ ਜਿਨਪਿੰਗ ਨੂੰ ਵਧਾਈ ਦਿੱਤੀ।

## ਹੁਸੈਨੀਵਾਲਾ ਤੋਂ ਚੱਲਿਆ 'ਲੋਕ ਚੇਤਨਾ ਜਥਾ ਮਾਰਚ' ਇਤਿਹਾਸ ਰਚ ਗਿਆ



ਜਥੇ ਦਾ ਜਗਰਾਉਂ ਵਿਖੇ ਭਰਵਾਂ ਸਵਾਗਤ ਕੀਤਾ ਗਿਆ।



ਲੁਧਿਆਣਾ ਵਿਖੇ ਜਥੇ ਦਾ ਸਵਾਗਤ ਕਰਦੇ ਡਾ. ਅਰੁਣ ਮਿੱਤਰਾ।





ਦੋਰਾਹਾ 'ਚ ਜਥੇ ਦਾ ਹਾਰ ਪਾ ਕੇ ਸਵਾਗਤ।

**ਲੁਧਿਆਣਾ (ਐੱਮ ਐੱਸ ਭਾਟੀਆ)**

99 ਸਾਲ ਪੂਰੇ ਕਰਨ ਤੋਂ ਬਾਅਦ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਆਪਣੇ ਸੰਘਰਸ਼ਾਂ ਅਤੇ ਕੁਰਬਾਨੀਆਂ ਦੇ ਸ਼ਾਨਾਮੱਤਾ ਇਤਿਹਾਸ ਨਾਲ 26 ਦਸੰਬਰ 2024 ਨੂੰ 100ਵੇਂ ਸਾਲ ਵਿੱਚ ਦਾਖਲ ਹੋ ਗਈ ਹੈ। ਇਸ ਇਤਿਹਾਸਕ ਸਾਲ ਵਿੱਚ ਪਾਰਟੀ ਦੀ 25ਵੀਂ ਪਾਰਟੀ ਕਾਂਗਰਸ (ਸਿਲਵਰ ਜੁਬਲੀ ਮਹਾਂ ਸੰਮੇਲਨ) 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਹੀ ਹੈ, ਜਿਸ ਵਿੱਚ ਪਹਿਲੇ ਦਿਨ 21 ਸਤੰਬਰ ਨੂੰ ਮੋਹਾਲੀ ਦੀ ਦਾਣਾ ਮੰਡੀ ਵਿਖੇ ਵਿਸ਼ਾਲ ਜਨਤਕ ਰੈਲੀ ਕੀਤੀ ਜਾਣੀ ਹੈ। ਇਸ ਪਾਰਟੀ ਮਹਾਂ ਸੰਮੇਲਨ ਦੇ ਸੰਦਰਭ ਵਿੱਚ ਇਸ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਦੇਸ਼ ਨੂੰ ਦਰਪੇਸ਼ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਮੁੱਦਿਆਂ ਨੂੰ ਲੈ ਕੇ ਲੋਕਾਂ ਤੱਕ ਪਹੁੰਚ ਕਰਨ ਦੇ ਹਿੱਸੇ ਵਜੋਂ ਪੰਜਾਬ ਵਿੱਚ ਤਿੰਨ ਥਾਵਾਂ ਤੋਂ 'ਲੋਕ ਚੇਤਨਾ ਜੱਥਾ ਮਾਰਚ' 21 ਅਗਸਤ ਨੂੰ, ਜਿਨ੍ਹਾਂ ਵਿੱਚੋਂ ਇੱਕ ਸ਼ਹੀਦ ਊਧਮ ਸਿੰਘ ਦੇ ਸੁਨਾਮ ਤੋਂ, ਦੂਸਰਾ ਗਦਰ ਪਾਰਟੀ ਦੇ ਬਾਨੀ ਪ੍ਰਧਾਨ ਬਾਬਾ ਸੋਹਨ ਸਿੰਘ ਭਕਨਾ ਦੇ ਜੱਦੀ ਪਿੰਡ ਭਕਨਾ ਤੋਂ ਅਤੇ ਤੀਸਰਾ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਯਾਦਗਾਰ ਹੁਸੈਨੀਵਾਲਾ ਤੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਲਈ ਚੱਲੇ ਸਨ। ਹੁਸੈਨੀਵਾਲਾ ਤੋਂ 'ਲੋਕ ਚੇਤਨਾ ਜੱਥਾ ਮਾਰਚ' ਨੂੰ ਪਾਰਟੀ ਦੇ ਸੀਨੀਅਰ ਆਗੂ ਅਤੇ ਕੌਮੀ ਕੌਂਸਲ ਦੇ ਮੈਂਬਰ ਸਾਥੀ ਜਗਰੂਪ, ਕਾਮਰੇਡ ਨਰਿੰਦਰ ਸੋਹਲ ਅਤੇ ਸੁਖਜਿੰਦਰ ਮਹੇਸਰੀ ਨੇ ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ ਸਾਹਿਬ ਅਤੇ ਮੋਗਾ ਜ਼ਿਲ੍ਹਾ ਪਾਰਟੀ ਦੇ ਆਗੂਆਂ ਨਾਲ ਮਿਲ ਕੇ ਰਵਾਨਾ ਕੀਤਾ।

ਇਹ ਜੱਥਾ ਜ਼ਿਲ੍ਹਾ ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ ਸਾਹਿਬ, ਫਰੀਦਕੋਟ ਅਤੇ ਮੋਗਾ ਜ਼ਿਲ੍ਹਿਆਂ ਦੇ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਦੇ ਵਿੱਚੋਂ ਹੁੰਦਾ ਹੋਇਆ 26 ਅਗਸਤ ਨੂੰ ਲੁਧਿਆਣਾ ਜ਼ਿਲ੍ਹੇ ਦੇ ਆਗੂ ਸਾਥੀਆਂ ਜਿਹਨਾਂ ਵਿੱਚ ਜ਼ਿਲ੍ਹਾ ਸਕੱਤਰ ਸਾਥੀ ਡੀ ਪੀ ਮੌੜ, ਜ਼ਿਲ੍ਹਾ ਸਹਾਇਕ ਸਕੱਤਰ ਚਮਕੌਰ ਸਿੰਘ, ਜ਼ਿਲ੍ਹੇ ਦੇ ਵਿੱਤ ਸਕੱਤਰ ਐੱਮ ਐੱਸ ਭਾਟੀਆ, ਜਗਰਾਉਂ ਦੇ ਬਲਾਕ ਸਕੱਤਰ ਚਮਕੌਰ ਸਿੰਘ ਦੌਧਰ ਅਤੇ ਅਵਤਾਰ ਸਿੰਘ ਗਗੜਾ, ਸਵਰਨ ਸਿੰਘ ਹਠੂਰ, ਸਾਥੀ ਹੁਕਮ ਰਾਜ, ਮਾਛੀਵਾੜਾ ਦੇ ਬਲਾਕ ਸਕੱਤਰ ਜਗਦੀਸ਼ ਰਾਏ ਬੌਬੀ ਅਤੇ ਦੀਪਕ ਕੁਮਾਰ, ਕੇਵਲ ਸਿੰਘ ਬਨਵੈਤ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਨਰੇਸ਼ ਗੌੜ, ਕਾਮਰੇਡ ਕਰਤਾਰ ਰਾਮ ਤੇ ਹੋਰ ਆਗੂ ਸਾਥੀਆਂ ਨੇ ਮੋਗਾ ਜ਼ਿਲ੍ਹੇ ਦੇ ਆਗੂ ਸਾਥੀਆਂ ਤੋਂ ਨਵਾਂ ਚੂਹੜ ਚੱਕ ਵਿਖੇ ਅਗਾਂਹ ਤੋਰਨ ਲਈ ਜੱਥਾ ਲਿਆ। ਲਗਾਤਾਰ ਵਰ੍ਹ ਰਹੇ ਮੀਂਹ ਕਰਕੇ ਸਕੂਟਰਾਂ ਅਤੇ ਮੋਟਰ ਸਾਈਕਲਾਂ ਦੇ ਇਸ ਜੱਥੇ ਨੂੰ ਕਾਰਾਂ ਦੇ ਕਾਫਲੇ ਵਿੱਚ ਬਦਲਣਾ ਪਿਆ। ਇਸ ਮੌਕੇ ਲੁਧਿਆਣਾ ਜ਼ਿਲ੍ਹੇ ਦੇ ਆਗੂ ਅਤੇ ਸਰਗਰਮ ਕਾਰਕੁਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਉਥੋਂ ਜੱਥੇ ਨੂੰ ਕਾਰਾਂ ਦੇ ਕਾਫਲੇ ਦੀ ਸ਼ਕਲ ਵਿੱਚ ਲੈ ਕੇ ਜਗਰਾਉਂ ਪਹੁੰਚਿਆ ਗਿਆ, ਜਿੱਥੇ ਪਹਿਲਾਂ ਹੀ ਜਗਰਾਓਂ ਦੇ ਪਾਰਟੀ ਆਗੂ ਅਤੇ ਟ੍ਰੇਡ ਯੂਨੀਅਨ ਆਗੂ ਅਤੇ ਕਾਰਕੁਨ ਵੱਡੀ ਗਿਣਤੀ ਵਿੱਚ ਸਵਾਗਤ ਕਰਨ ਲਈ ਮੌਜੂਦ ਸਨ। ਬੱਸ ਅੱਡਾ ਜਗਰਾਓਂ ਵਿਖੇ ਇੱਕ ਰੈਲੀ ਕੀਤੀ ਗਈ, ਜਿਸ ਨੂੰ ਸਾਥੀ ਡੀ ਪੀ ਮੌੜ, ਭਰਪੂਰ ਸਿੰਘ, ਸਾਥੀ ਅਵਤਾਰ ਸਿੰਘ ਗਗੜਾ, ਸਵਰਨ ਸਿੰਘ ਹਠੂਰ, ਚਮਕੌਰ ਸਿੰਘ ਦੌਧਰ, ਚਮਕੌਰ ਸਿੰਘ ਬਰਮੀ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਨਰੇਸ਼ ਗੌੜ, ਹੁਕਮ ਰਾਜ ਅਤੇ ਬਹੁਤ ਸਾਰੇ ਸਾਥੀਆਂ ਨੇ ਸੰਬੋਧਨ ਕੀਤਾ। ਇਸ ਮੌਕੇ ਜਗਰਾਉਂ ਦੇ ਟ੍ਰੇਡ ਯੂਨੀਅਨ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਸੀ ਪੀ ਆਈ ਦੇ ਸਿਰਕੱਢ ਆਗੂ ਮਰਹੂਮ ਐਡਵੋਕੇਟ ਓਮ ਪ੍ਰਕਾਸ਼ ਅਤਰੇ ਦੀ ਬੇਟੀ ਅਤੇ ਸ਼ਹੀਦ ਕਾਮਰੇਡ ਵਰਿਆਮ ਸਿੰਘ ਉਬਰਾਏ ਦੀ ਨੂੰਹ ਸ੍ਰੀਮਤੀ ਕੁਸਮ ਵੱਲੋਂ ਪਾਰਟੀ ਕਾਂਗਰਸ ਲਈ ਫੰਡ ਦੇ ਤੌਰ 'ਤੇ ਜਗਰਾਉਂ ਦੀ ਪਾਰਟੀ ਬਰਾਂਚ ਰਾਹੀਂ ਭੇਜੇ ਗਏ 50000 ਰੁਪਏ ਸਾਥੀ ਡੀ ਪੀ

# ਕੇਂਦਰ ਪੰਜਾਬ ਦੇ ਰੋਕੇ ਫੰਡਾਂ 'ਚੋਂ 60 ਹਜ਼ਾਰ ਕਰੋੜ ਜਾਰੀ ਕਰੇ : ਮਾਨ

### ਮਾਨ ਦਾ ਮੋਦੀ ਨੂੰ ਪੱਤਰ, ਸਰਕਾਰ ਪ੍ਰਤੀ ਏਕੜ 50 ਹਜ਼ਾਰ ਰੁਪਏ ਮੁਆਵਜ਼ਾ ਦੇਣਾ ਚਾਹੁੰਦੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਮਾਨ ਨੇ ਦਹਾਕਿਆਂ ਦੀ ਸਭ ਤੋਂ ਭਿਆਨਕ ਹੜ੍ਹ ਆਫਤ ਕਾਰਨ ਪੰਜਾਬ ਦੀ ਦੁਰਦਸ਼ਾ ਨੂੰ ਉਜਾਗਰ ਕਰਦੇ ਹੋਏ ਐਤਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਉਨ੍ਹਾ ਨੂੰ 'ਰਾਜ ਦੇ ਫੰਡਾਂ' ਵਿੱਚੋਂ 60,000 ਕਰੋੜ ਰੁਪਏ ਜਾਰੀ ਕਰਨ ਦੀ ਅਪੀਲ ਕੀਤੀ ਹੈ। ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਇਹ ਫੰਡ ਕੇਂਦਰ ਕੋਲ ਬਕਾਇਆ ਪਏ ਹਨ। ਮਾਨ ਨੇ ਰਾਜ ਆਫਤ ਰਿਸਪਾਂਸ ਫੰਡ (ਐੱਸ ਡੀ ਆਰ ਐੱਫ) ਵਿੱਚ ਉਪਲੱਬਧ ਫੰਡਾਂ ਲਈ ਨਿਯਮਾਂ ਵਿੱਚ



ਸੋਧ ਦੀ ਵੀ ਮੰਗ ਕੀਤੀ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਹੜ੍ਹਾਂ ਦੀ ਮਾਰ ਝੱਲਣ ਵਾਲੇ ਕਿਸਾਨਾਂ ਨੂੰ ਘੱਟੋ-ਘੱਟ 50,000 ਰੁਪਏ ਪ੍ਰਤੀ ਏਕੜ ਦਾ ਭੁਗਤਾਨ ਕਰਨਾ ਚਾਹੁੰਦੀ ਹੈ।

ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਕੈਚਮੈਂਟ ਖੇਤਰਾਂ ਵਿੱਚ ਭਾਰੀ ਮੀਂਹ ਕਾਰਨ ਸਤਲੁਜ, ਬਿਆਸ ਤੇ ਰਾਵੀ ਦਰਿਆਵਾਂ ਅਤੇ ਮੌਸਮੀ ਨਾਲਿਆਂ ਵਿੱਚ ਪਾਣੀ ਭਰ ਜਾਣ ਕਾਰਨ ਪੰਜਾਬ ਗੰਭੀਰ ਹੜ੍ਹਾਂ ਦੀ ਮਾਰ ਹੇਠ ਹੈ।

ਪ੍ਰਧਾਨ ਮੰਤਰੀ ਮੋਦੀ ਨੂੰ ਲਿਖੇ ਪੱਤਰ ਵਿੱਚ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਪੰਜਾਬ ਇਸ ਸਮੇਂ ਦਹਾਕਿਆਂ ਵਿੱਚ ਸਭ ਤੋਂ ਭਿਆਨਕ ਹੜ੍ਹ ਆਫਤਾਂ ਵਿੱਚੋਂ ਇੱਕ ਨਾਲ ਜੂਝ ਰਿਹਾ ਹੈ, ਜਿਸ ਨਾਲ ਕਰੀਬ 1,000 ਪਿੰਡ ਅਤੇ ਲੱਖਾਂ ਲੋਕ ਅਸਰਅੰਦਾਜ਼ ਹੋਏ ਹਨ। ਮਾਨ ਨੇ ਲਿਖਿਆ ਹੈ, 'ਭਾਰੀ ਮੌਨਸੂਨ ਮੀਂਹ ਅਤੇ ਡੈਮਾਂ ਤੋਂ ਪਾਣੀ ਛੱਡੇ ਜਾਣ ਕਾਰਨ ਸੱਤ ਜ਼ਿਲ੍ਹਿਆਂ ਗੁਰਦਾਸਪੁਰ, ਕਪੂਰਥਲਾ, ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਵਿੱਚ ਭਾਰੀ ਹੜ੍ਹ ਆ ਗਏ ਹਨ। ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ, ਜਿਸ ਦੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਵਿਗੜਨ ਦੇ ਆਸਾਰ ਹਨ।'

### ਸਕੂਲ 3 ਤੱਕ ਬੰਦ

**ਚੰਡੀਗੜ੍ਹ** : ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ ਵਿੱਚ ਕੋਈ ਸੁਧਾਰ ਨਾ ਹੋਣ ਕਾਰਨ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ 3 ਸਤੰਬਰ ਤੱਕ ਰਾਜ ਦੇ ਸਾਰੇ ਸਕੂਲਾਂ ਵਿਚ ਛੁੱਟੀਆਂ ਦਾ ਐਲਾਨ ਕੀਤਾ ਹੈ। ਇਸੇ ਦੌਰਾਨ ਪੰਜਾਬ ਸਰਕਾਰ ਨੇ 'ਖੇਡਾਂ ਵਤਨ ਪੰਜਾਬ ਦੀਆਂ' ਦਾ ਚੌਥਾ ਸੀਜ਼ਨ ਮੁਲਤਵੀ ਕਰ ਦਿੱਤਾ ਹੈ। ਇਸ ਦੇ ਬਲਾਕ ਪੱਧਰੀ ਮੁਕਾਬਲੇ 3 ਸਤੰਬਰ ਤੋਂ ਸ਼ੁਰੂ ਹੋਣੇ ਸਨ।

ਉਨ੍ਹਾ ਕਿਹਾ ਕਿ ਇਸ ਵੇਲੇ ਲਗਭਗ ਤਿੰਨ ਲੱਖ ਏਕੜ ਖੇਤੀਬਾੜੀ ਜ਼ਮੀਨ, ਮੁੱਖ ਤੌਰ 'ਤੇ ਝੋਨੇ ਦੇ ਖੇਤ, ਹੜ੍ਹ ਦੇ ਪਾਣੀ ਵਿੱਚ ਡੁੱਬ ਗਏ ਹਨ, ਜਿਸ ਨਾਲ • ਬਾਕੀ ਸਫਾ 2 'ਤੇ

### ਮਾਸਟਰ ਸੀਤਾ ਰਾਮ ਖੈਰਾ ਵੱਲੋਂ 5100 ਰੁਪਏ ਦਾ ਯੋਗਦਾਨ



**ਸਰਦੂਲਗੜ੍ਹ** : ਸੀ ਪੀ ਆਈ ਦੀ 25ਵੀਂ ਪਾਰਟੀ ਕਾਂਗਰਸ ਲਈ ਟਕਸਾਲੀ ਕਮਿਊਨਿਸਟ ਮਾਸਟਰ ਸੀਤਾ ਰਾਮ ਖੈਰਾ ਨੇ 5100 ਰੁਪਏ ਆਪਣੀ ਪੈਨਸ਼ਨ ਵਿੱਚੋਂ ਸਹਾਇਤਾ ਦਿੱਤੀ। ਇਸ ਮੌਕੇ ਉਨ੍ਹਾਂ ਦਾ ਧੰਨਵਾਦ ਸੀ ਪੀ ਆਈ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਤੇ ਜ਼ਿਲ੍ਹਾ ਆਗੂ ਕਾਮਰੇਡ ਗੁਰਪਿਆਰ ਸਿੰਘ ਫੱਤਾ ਨੇ ਕੀਤਾ। ਖੈਰਾ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਪਾਰਟੀ ਕਾਂਗਰਸ ਪੰਜਾਬ ਵਿੱਚ ਹੋ ਰਹੀ ਹੈ। ਇਹ ਕਾਂਗਰਸ ਪੰਜਾਬ 'ਚ ਖੱਬੇ ਪੱਖੀ ਲਹਿਰ ਨੂੰ ਮਜ਼ਬੂਤੀ ਪ੍ਰਦਾਨ ਕਰੇਗੀ। ਦੱਬੇ-ਕੁਚਲੇ ਲੋਕਾਂ ਦੇ ਹੱਕਾਂ-ਹਿੱਤਾਂ ਦੀ ਰਾਖੀ ਲਈ ਖੱਬੇ ਪੱਖੀ ਲਹਿਰ ਦੀ ਮਜ਼ਬੂਤੀ ਅਤਿ ਜ਼ਰੂਰੀ ਹੈ। ਉਨ੍ਹਾ ਸਫਲ ਕਾਂਗਰਸ ਲਈ ਅਗਾਊਂ ਸੀ ਪੀ ਆਈ ਦੀ ਲੀਡਰਸ਼ਿਪ, ਵਰਕਰਾਂ ਤੇ ਹਮਦਰਦਾਂ ਨੂੰ ਇਨਕਲਾਬੀ ਮੁਬਾਰਕਾਂ ਦਿੱਤੀਆਂ।

# ਸਰਕਾਰ ਨੁਕਸਾਨ ਦੀ ਭਰਪਾਈ ਕਰੇਗੀ : ਅਮਨ ਅਰੋੜਾ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**

ਕੈਬਨਿਟ ਮੰਤਰੀ ਅਮਨ ਅਰੋੜਾ, ਜੋ ਕਿ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਵੀ ਹਨ, ਅਜਨਾਲਾ ਹਲਕੇ ਵਿੱਚ ਹੜ੍ਹ ਪੀੜਤਾਂ ਲਈ ਚੱਲ ਰਹੇ ਰਾਹਤ ਕਾਰਜਾਂ ਦਾ ਜਾਇਜ਼ਾ ਲੈਣ ਲਈ ਐਤਵਾਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾ ਨਾਲ ਇਸ ਮੌਕੇ ਲੋਕ ਨਿਰਮਾਣ ਵਿਭਾਗ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ, ਹਲਕਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਵੀ ਮੌਜੂਦ ਸਨ।

ਕੈਬਨਿਟ ਮੰਤਰੀਆਂ ਨੇ ਰਮਦਾਸ ਤੋਂ ਅੱਗੇ ਘੋਨੇਵਾਲ ਪਿੰਡ, ਜੋ ਕਿ ਸਭ ਤੋਂ ਵੱਧ ਪ੍ਰਭਾਵਤ ਹੈ, ਦਾ ਦੌਰਾ ਕੀਤਾ। ਵਰ੍ਹਦੇ ਮੀਂਹ ਵਿੱਚ ਟਰੈਕਟਰ ਉੱਤੇ ਚੜ੍ਹ ਕੇ ਘੋਨੇਵਾਲ ਪੁੱਜੇ ਕੈਬਨਿਟ ਮੰਤਰੀ ਹਲਕੇ ਵਿੱਚ ਹੜ੍ਹਾਂ ਨਾਲ ਹੋਏ ਨੁਕਸਾਨ ਨੂੰ ਵੇਖ ਕੇ ਭਾਵੁਕ ਹੋ ਗਏ।

ਹਲਕਾ ਵਾਸੀਆਂ ਨਾਲ ਗੱਲਬਾਤ ਕਰਦੇ ਹੋਏ ਅਮਨ ਅਰੋੜਾ ਨੇ ਕਿਹਾ ਕਿ ਕੁਦਰਤ ਨੇ ਜੋ ਨੁਕਸਾਨ ਇਸ ਵਾਰ ਕਰ ਦਿੱਤਾ ਹੈ, ਉਹ ਬਹੁਤ ਵੱਡਾ ਹੈ, ਉਸ



ਨੂੰ ਭਰਨਾ ਔਖਾ ਹੈ, ਪਰ ਉਹ ਪੰਜਾਬ ਸਰਕਾਰ ਦੀ ਤਰਫੋਂ ਭਰੋਸਾ ਦਿਵਾਉਂਦੇ ਹਨ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਾਰੀ ਸਰਕਾਰ ਤੁਹਾਡੇ ਨਾਲ ਖੜੀ ਹੈ। ਹੜ੍ਹਾਂ ਦਾ ਪਾਣੀ ਉਤਰਨ ਤੋਂ ਬਾਅਦ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਹੋਏ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇਗਾ।

ਹਰਭਜਨ ਸਿੰਘ ਈ ਟੀ ਓ ਨੇ ਲੋਕਾਂ ਨਾਲ ਹਮਦਰਦੀ ਜ਼ਾਹਿਰ ਕਰਦੇ ਕਿਹਾ ਕਿ ਕੁਦਰਤ ਅੱਗੇ ਕਿਸੇ ਦਾ ਜ਼ੋਰ ਨਹੀਂ, ਪਰ ਹੁਣ ਸਾਰੇ ਰਲ-ਮਿਲ ਕੇ ਇਸ ਸੰਕਟ ਵਿੱਚੋਂ ਉਭਰ ਸਕਦੇ ਹਾਂ। ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਰੋੜਾ ਅਤੇ ਈ ਟੀ ਓ ਦਾ ਅਜਨਾਲਾ ਵਾਸੀਆਂ ਦੇ ਦੁੱਖ ਵਿੱਚ ਸ਼ਰੀਕ ਹੋਣ ਲਈ ਧੰਨਵਾਦ ਕਰਦੇ ਹੋਏ ਕਿਹਾ, ਅਸੀਂ ਹੜ੍ਹਾਂ ਕਾਰਨ 20 ਸਾਲ ਪਿੱਛੇ ਚਲੇ ਗਏ ਹਾਂ। ਹੁਣ ਸਾਨੂੰ ਤੁਹਾਡੇ ਸਾਥ ਦੀ ਇਹ ਲੋੜ ਹੈ ਕਿ ਹੜ੍ਹਾਂ ਤੋਂ ਬਾਅਦ ਮੁੱਖ ਮੰਤਰੀ ਪੰਜਾਬ ਨਾਲ ਵਿਚਾਰ ਕਰਕੇ ਸਾਨੂੰ ਮੁੜ ਪੈਰਾਂ ਸਿਰ ਕਰਨ ਲਈ ਜ਼ੋਰ ਲਗਾਓ, ਤਾਂ ਜੋ ਅਸੀਂ ਆਪਣੇ ਇਲਾਕੇ ਦਾ ਮੁਢਲਾ ਢਾਂਚਾ, ਜਿਸ ਵਿੱਚ ਸੜਕਾਂ, ਸਕੂਲ, ਹਸਪਤਾਲ, ਪੁਲ ਸ਼ਾਮਲ ਹਨ, ਦਾ ਦੁਬਾਰਾ ਨਿਰਮਾਣ ਕਰਵਾ ਸਕੀਏ। ਇਸ ਮੌਕੇ ਪਾਰਟੀ ਦੇ ਲੋਕ ਸਭਾ ਇੰਚਾਰਜ ਜਸਕਰਨ ਸਿੰਘ ਬਦੇਸ਼ਾ, ਬਲਵਿੰਦਰ ਸਿੰਘ ਕਾਲਾ ਅਤੇ ਹੋਰ ਆਗੂ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਹੁਣ ਤੱਕ 14936 ਬਾਹਰ ਕੱਢੇ : ਮੁੰਡੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਮਾਲ, ਮੁੜ-ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਐਤਵਾਰ ਦੱਸਿਆ ਕਿ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚੋਂ ਹੁਣ ਤੱਕ ਕੁੱਲ 14936 ਲੋਕਾਂ ਨੂੰ ਬਾਹਰ ਕੱਢ ਕੇ ਸੁਰੱਖਿਅਤ ਥਾਵਾਂ ਉਤੇ ਪਹੁੰਚਾਇਆ ਗਿਆ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਦੀ ਪੂਰੀ ਮਸ਼ੀਨਰੀ, ਐੱਨ ਡੀ ਆਰ ਐੱਫ, ਐੱਸ ਡੀ ਆਰ ਐੱਫ, ਫੌਜ ਅਤੇ ਪੰਜਾਬ ਪੁਲਸ ਦੇ ਜਵਾਨ ਹੜ੍ਹਾਂ ਵਿੱਚ ਜਾਨ-ਮਾਲ ਦੀ ਰਾਖੀ ਲਈ ਦਿਨ-ਰਾਤ ਲੱਗੇ ਹੋਏ ਹਨ। ਮੁੰਡੀਆਂ ਨੇ ਦੱਸਿਆ ਕਿ ਹੜ੍ਹਾਂ ਵਿੱਚੋਂ ਕੱਢੇ ਜਾ ਰਹੇ ਵਿਅਕਤੀਆਂ ਦੀ ਗਿਣਤੀ ਵਧਣ ਦੇ ਨਾਲ-ਨਾਲ ਹੀ ਕੈਂਪਾਂ ਦੀ ਗਿਣਤੀ ਵੀ ਵਧਾਈ ਗਈ ਹੈ। ਇਸ ਸਮੇਂ ਸੂਬੇ ਦੇ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ 122 ਰਾਹਤ ਕੈਂਪ ਚੱਲ ਰਹੇ ਹਨ, ਜਿਨ੍ਹਾਂ ਵਿੱਚ 6582 ਵਿਅਕਤੀਆਂ ਨੂੰ ਠਹਿਰਾਇਆ ਗਿਆ ਹੈ। ਮਾਲ ਮੰਤਰੀ ਨੇ ਦੱਸਿਆ ਕਿ ਹੜ੍ਹਾਂ ਕਾਰਨ ਹੁਣ ਤੱਕ ਪੰਜਾਬ ਦੇ ਕੁੱਲ 1312 ਪਿੰਡ ਪ੍ਰਭਾਵਤ ਹੋਏ ਹਨ। ਮੀਂਹ ਤੇ ਹੜ੍ਹਾਂ ਕਾਰਨ ਹੁਣ ਤੱਕ 26 ਲੋਕਾਂ ਦੀ ਮੌਤ ਹੋ ਚੁੱਕੀ ਹੈ। ਰਾਵੀ ਨੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਕਈ ਹੋਰ ਪਿੰਡਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਜਦੋਂ ਪੰਜਾਬ ਦਾ ਪਾਣੀ ਪਾਕਿਸਤਾਨ ਵੱਲ ਵਧੇਗਾ ਤਾਂ ਹੀ ਇੱਥੇ ਹਾਲਾਤ ਸੁਧਰ ਸਕਦੇ ਹਨ। ਘੱਗਰ ਨਦੀ ਵਿੱਚ ਪਾਣੀ ਵਧਣ ਕਰਕੇ ਘਨੌਰ ਨੇੜਲੇ ਕੁਝ ਪਿੰਡਾਂ ਦੇ ਖੇਤਾਂ ਵਿੱਚ ਵੀ ਪਾਣੀ ਦਾਖਲ ਹੋ ਗਿਆ ਹੈ, ਜਦੋਂ ਕਿ ਅੱਗੇ ਸਮਾਣਾ, ਸ਼ੁਤਰਾਣਾ ਅਤੇ ਹੋਰ ਇਲਾਕਿਆਂ ਵਿੱਚ ਅਲਰਟ ਜਾਰੀ ਕਰ ਦਿੱਤਾ ਹੈ। ਘੱਗਰ ਨੇੜੇ ਰਹਿਣ ਵਾਲੇ ਲੋਕਾਂ ਨੇ ਆਪੋ-ਆਪਣਾ ਸਾਮਾਨ ਸਾਂਭਣਾ ਸ਼ੁਰੂ ਕਰ ਦਿੱਤਾ ਹੈ। ਮੌਸਮ ਵਿਗਿਆਨੀਆਂ ਨੇ ਪਹਿਲੀ ਸਤੰਬਰ ਨੂੰ ਵੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ।

## ਕੈਨੇਡਾ 'ਚ ਦੋ ਪੰਜਾਬੀ ਮੁੰਡੇ ਗ੍ਰਿਫਤਾਰ

**ਵੈਨਕੂਵਰ** : ਪੀਲ ਪੁਲਸ ਨੇ ਪਿਛਲੇ ਮਹੀਨੇ ਬਰੈਂਪਟਨ ਵਿੱਚ ਦੋ ਘਰਾਂ 'ਤੇ ਗੋਲੀਆਂ ਚਲਾ ਕੇ ਫਿਰੌਤੀ ਮੰਗਣ ਦੇ ਸੰਬੰਧ 'ਚ ਮਿਸੀਸਾਗਾ ਰਹਿੰਦੇ ਹੁਸਨਦੀਪ ਸਿੰਘ (20) ਤੇ ਬੇਘਰੇ ਗੁਰਪ੍ਰੀਤ ਸਿੰਘ



ਹੁਸਨਦੀਪ ਸਿੰਘ ਤੇ ਗੁਰਪ੍ਰੀਤ ਸਿੰਘ

(23) ਨੂੰ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਵੱਲੋਂ ਬਰੈਂਪਟਨ 'ਚ ਘਰਾਂ ਦੇ ਬਾਹਰ ਕੀਤੀ ਗਈ ਗੋਲੀਬਾਰੀ ਦੀ ਫੁਟੇਜ਼ ਸੀ ਸੀ ਟੀ ਵੀ ਕੈਮਰਿਆਂ ਵਿੱਚ ਰਿਕਾਰਡ ਹੋ ਗਈ ਸੀ। ਪੁਲਸ ਨੇ ਮੁਲਜ਼ਮਾਂ ਦੀ ਪਛਾਣ ਲਈ ਇਹ ਵੀਡੀਓ ਜਨਤਕ ਕੀਤੀ ਸੀ। ਗੁਰਪ੍ਰੀਤ ਸਿੰਘ ਵਾਰਦਾਤ ਵਾਲੀ ਕਾਰ ਲੈ ਕੇ ਵਿਨੀਪੈੱਗ ਚਲਾ ਗਿਆ, ਜਿੱਥੇ ਉੱਥੋਂ ਦੀ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰਕੇ ਪੀਲ ਪੁਲਸ ਦੇ ਹਵਾਲੇ ਕਰ ਦਿੱਤਾ ਹੈ। ਹੁਸਨਦੀਪ ਨੂੰ ਮਿਸੀਸਾਗਾ ਤੋਂ ਕਾਬੂ ਕੀਤਾ ਗਿਆ ਹੈ।

## ਕੁਦਰਤੀ ਆਫਤਾਂ ਦੇਸ਼ ਨੂੰ ਪਰਖ ਰਹੀਆਂ : ਮੋਦੀ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲਗਾਤਾਰ ਪੈ ਰਹੇ ਮੀਂਹ ਕਰ ਕੇ ਜ਼ਮੀਨ ਖਿਸਕਣ ਅਤੇ ਹੜ੍ਹਾਂ ਕਾਰਨ ਹੋਈ ਤਬਾਹੀ 'ਤੇ ਦੁੱਖ ਜਤਾਉਂਦਿਆਂ ਐਤਵਾਰ ਕਿਹਾ ਕਿ ਕੁਦਰਤੀ ਆਫਤਾਂ ਦੇਸ਼ ਨੂੰ ਪਰਖ ਰਹੀਆਂ ਹਨ। 'ਮਨ ਕੀ ਬਾਤ' ਪ੍ਰੋਗਰਾਮ ਦੇ 125ਵੇਂ ਐਪੀਸੋਡ ਵਿੱਚ ਮੋਦੀ ਨੇ ਕਿਹਾ ਕਿ ਵਿਨਾਸ਼ਕਾਰੀ ਕੁਦਰਤੀ ਆਫਤਾਂ ਦਰਮਿਆਨ ਜੰਮੂ-ਕਸ਼ਮੀਰ ਨੇ ਦੋ ਬਹੁਤ ਹੀ ਖਾਸ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਉਨ੍ਹਾ ਕਿਹਾ, "ਇਨ੍ਹਾਂ ਵੱਲ ਬਹੁਤਾ ਧਿਆਨ ਨਹੀਂ ਦਿੱਤਾ ਗਿਆ, ਪਰ ਤੁਹਾਨੂੰ ਇਨ੍ਹਾਂ ਪ੍ਰਾਪਤੀਆਂ ਬਾਰੇ ਜਾਣ ਕੇ ਖੁਸ਼ੀ ਹੋਵੇਗੀ। ਪੁਲਵਾਮਾ ਦੇ ਇੱਕ ਸਟੇਡੀਅਮ ਵਿੱਚ ਰਿਕਾਰਡ ਗਿਣਤੀ ਵਿੱਚ ਲੋਕ ਇਕੱਠੇ ਹੋਏ। ਪੁਲਵਾਮਾ ਦਾ ਪਹਿਲਾ ਡੇਅ-ਨਾਈਟ ਕ੍ਰਿਕਟ ਮੈਚ ਇੱਥੇ ਖੇਡਿਆ ਗਿਆ ਸੀ। ਪਹਿਲਾਂ ਇਹ ਅਸੰਭਵ ਸੀ, ਪਰ ਹੁਣ ਮੇਰਾ ਦੇਸ਼ ਬਦਲ ਰਿਹਾ ਹੈ। ਦੂਜਾ ਸਮਾਗਮ ਜਿਸ ਨੇ ਧਿਆਨ ਖਿੱਚਿਆ ਉਹ ਦੇਸ਼ ਦਾ ਪਹਿਲਾ 'ਖੇਲੋ ਇੰਡੀਆ ਵਾਟਰ ਸਪੋਰਟਸ ਫੈਸਟੀਵਲ' ਸੀ, ਜੋ ਸ੍ਰੀਨਗਰ ਦੀ ਡੱਲ ਝੀਲ 'ਤੇ ਆਯੋਜਿਤ ਕੀਤਾ ਗਿਆ ਸੀ।"

## ਧੌਲੀਗੰਗਾ ਪਾਵਰ ਪ੍ਰੋਜੈਕਟ ਦੇ 19 ਵਰਕਰ ਫਸੇ

**ਦੇਹਰਾਦੂਨ** : ਉਤਰਾਖੰਡ ਦੇ ਪਿਥੌਰਾਗੜ੍ਹ ਦੇ ਈਲਾਗੜ੍ਹ ਖੇਤਰ 'ਚ ਧੌਲੀਗੰਗਾ ਪਾਵਰ ਪ੍ਰਾਜੈਕਟ ਦੇ ਕੰਮ ਦੌਰਾਨ ਜ਼ਮੀਨ ਖਿਸਕਣ ਕਾਰਨ ਆਮ ਅਤੇ ਐਮਰਜੈਂਸੀ ਸੁਰੰਗਾਂ ਬੰਦ ਹੋ ਗਈਆਂ, ਜਿਸ ਕਾਰਨ ਨੈਸ਼ਨਲ ਹਾਈਡਰੋਇਲੈਕਟ੍ਰਿਕ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ 19 ਕਾਮੇ ਇੱਕ ਪਾਵਰ ਹਾਊਸ ਦੇ ਅੰਦਰ ਫਸ ਗਏ।

ਧਾਰਚੁਲਾ ਦੇ ਡੀ ਸੀ ਜਤਿੰਦਰ ਵਰਮਾ ਨੇ ਕਿਹਾ ਕਿ ਮਲਬਾ ਹਟਾਉਣ ਲਈ ਮਸ਼ੀਨਾਂ ਲਗਾਈਆਂ ਗਈਆਂ ਹਨ ਅਤੇ ਸ਼ਾਮ ਤੱਕ ਰਸਤਾ ਸਾਫ ਕਰ ਦਿੱਤਾ ਜਾਵੇਗਾ, ਜਿਸ ਤੋਂ ਬਾਅਦ ਸਾਰੇ ਵਰਕਰ ਬਾਹਰ ਆ ਸਕਣਗੇ। ਉਨ੍ਹਾਂ ਕਿਹਾ ਕਿ ਮਲਬਾ ਲਗਾਤਾਰ ਡਿੱਗਣ ਦੇ ਬਾਵਜੂਦ ਸਰਹੱਦੀ ਸੜਕ ਸੰਗਠਨ ਦੀਆਂ ਜੇ ਸੀ ਬੀ ਮਸ਼ੀਨਾਂ ਦੀ ਮਦਦ ਨਾਲ ਰਾਹ ਸਾਫ ਕਰਨ ਦਾ ਕੰਮ ਜਾਰੀ ਹੈ। ਵਰਮਾ ਨੇ ਕਿਹਾ ਕਿ ਸਾਰੇ ਵਰਕਰ ਸੁਰੱਖਿਅਤ ਹਨ ਅਤੇ ਪਾਵਰ ਹਾਊਸ ਤੱਕ ਜਾਣ ਦਾ ਰਾਹ ਖੁੱਲ੍ਹਣ ਤੋਂ ਬਾਅਦ ਉਹ ਬਾਹਰ ਆ ਜਾਣਗੇ। ਉਨ੍ਹਾ ਕਿਹਾ ਕਿ ਬਿਜਲੀ ਪ੍ਰਾਜੈਕਟ ਤੋਂ ਬਿਜਲੀ ਉਤਪਾਦਨ ਆਮ ਵਾਂਗ ਜਾਰੀ ਹੈ।

## ਭਾਰਤੀ ਕਮਿਊਨਿਸਟ ਪਾਰਟੀ ਦੇ ਮਹਾਂ-ਸੰਮੇਲਨ ਨੂੰ ਸਮਰਪਿਤ ਖੇਤੀ ਸੈਮੀਨਾਰ 7 ਨੂੰ ਲੁਧਿਆਣਾ 'ਚ

### ਡਾ. ਦਵਿੰਦਰ ਸ਼ਰਮਾ ਹੋਣਗੇ ਮੁੱਖ ਵਕਤਾ



**ਲੁਧਿਆਣਾ (ਗਿਆਨ ਸੈਦਪੁਰੀ)**

ਆਮ ਤੌਰ 'ਤੇ ਖੇਤੀਬਾੜੀ ਦੇ ਵਰਤਾਰੇ ਨੂੰ ਸਿਰਫ ਕਿਸਾਨਾਂ ਤੱਕ ਸੀਮਤ ਕਰਕੇ ਵੇਖਿਆ ਜਾਂਦਾ ਹੈ, ਪਰ ਇਸ ਤਰ੍ਹਾਂ ਨਹੀਂ ਹੈ। ਇਸ ਵਿੱਚ ਭੋਜਨ ਅਤੇ ਹੋਰ ਵਸਤਾਂ ਪੈਦਾ ਕਰਨ ਲਈ ਪੌਦਿਆਂ ਅਤੇ ਜਾਨਵਰਾਂ ਦੀ ਪਾਲਣ-ਪੋਸ਼ਣਾ ਵੀ ਸ਼ਾਮਲ ਹੈ। ਖੇਤੀ ਮਨੁੱਖੀ ਜੀਵਨ ਨੂੰ ਕਾਇਮ ਰੱਖਣ ਤੇ ਵਧਾਉਣ ਲਈ ਕੀਤੀ ਜਾਂਦੀ ਹੈ। ਕਿਹਾ ਜਾ ਸਕਦਾ ਹੈ ਕਿ ਸਾਹ ਲੈਂਦਾ ਹਰ ਬੰਦਾ ਖੇਤੀ ਨਾਲ ਸੰਬੰਧਤ ਹੈ। ਇਹ ਮੰਜ਼ਰ ਦਿੱਲੀ ਦੀਆਂ ਬਰੂਹਾਂ 'ਤੇ ਲੜੇ ਅਤੇ ਜਿੱਤੇ ਗਏ ਅੰਦੋਲਨ ਦੌਰਾਨ ਅਸੀਂ ਤੱਕ ਚੁੱਕੇ ਹਾਂ। ਖੇਤੀਬਾੜੀ ਦੇ ਅਧਿਐਨ ਨੂੰ ਖੇਤੀਬਾੜੀ ਵਿਗਿਆਨ ਆਖਿਆ ਜਾਂਦਾ ਹੈ। ਵਿਗਿਆਨਕ ਅਤੇ ਸਮਾਜਿਕ ਨਜ਼ਰੀਏ ਤੋਂ ਇਸ ਖੇਤਰ ਨੂੰ ਸਮਝਣ-ਸਮਝਾਉਣ ਲਈ ਖੇਤੀ ਮਾਹਰਾਂ 'ਤੇ ਅਧਾਰਤ 7 ਸਤੰਬਰ ਨੂੰ ਲੁਧਿਆਣਾ ਵਿੱਚ ਇੱਕ ਸੈਮੀਨਾਰ ਹੋਵੇਗਾ। ਇਹ ਭਾਰਤੀ ਕਮਿਊਨਿਸਟ ਪਾਰਟੀ ਦੇ ਮਹਾਂ-ਸੰਮੇਲਨ ਨੂੰ ਸਮਰਪਿਤ ਹੋਵੇਗਾ, ਜੋ 21 ਸਤੰਬਰ ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿੱਚ ਹੋ ਰਿਹਾ ਹੈ। 'ਖੇਤੀ ਸੰਕਟ, ਖੇਤੀ ਨੀਤੀ ਅਤੇ ਸਰਵਪੱਖੀ ਵਿਕਾਸ' ਇਸ ਸੈਮੀਨਾਰ ਦਾ ਵਿਸ਼ਾ ਹੋਵੇਗਾ। ਸੈਮੀਨਾਰ ਦੇ ਮੁੱਖ ਵਕਤਾ ਖੇਤੀ ਮਾਹਰ ਡਾ. ਦਵਿੰਦਰ ਸ਼ਰਮਾ ਹੋਣਗੇ। ਉਕਤ ਸਾਰ ਤੱਤ ਹੈ, ਕਰਨੈਲ ਸਿੰਘ ਈਸੜੂ ਭਵਨ ਵਿੱਚ ਅੰਤਰ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਦਾ, ਜੋ ਖੇਤੀ 'ਤੇ ਸੈਮੀਨਾਰ ਕਰਵਾ ਰਹੀ ਹੈ। ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰੇਤ ਦੀ ਮੈਂਬਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਦੀ ਪ੍ਰਧਾਨਗੀ ਵਿੱਚ ਹੋਈ ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਕਾਮਰੇਡ ਡੀ.ਪੀ ਮੌੜ, ਸਹਾਇਕ ਜ਼ਿਲ੍ਹਾ ਸਕੱਤਰ ਕਾਮਰੇਡ ਚਮਕੌਰ ਸਿੰਘ, ਜ਼ਿਲ੍ਹਾ ਵਿੱਤ ਸਕੱਤਰ ਕਾਮਰੇਡ ਐੱਮ ਐੱਸ ਭਾਟੀਆ, ਜ਼ਿਲ੍ਹਾ ਕਾਰਜਕਾਰਨੀ ਦੇ ਮੈਂਬਰ ਡਾ. ਰਜਿੰਦਰ ਪਾਲ ਸਿੰਘ ਔਲਖ, ਸੂਬਾ ਕੌਂਸਲ ਮੈਂਬਰ ਕਾਮਰੇਡ ਨਰੇਸ਼ ਗੌੜ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਸੀ ਪੀ ਆਈ ਜਲੰਧਰ ਕਾਮਰੇਡ ਰਸ਼ਪਾਲ ਕੈਲੇ, ਜ਼ਿਲ੍ਹਾ ਸਕੱਤਰ ਸੀ ਪੀ ਆਈ ਨਵਾਂ ਸ਼ਹਿਰ ਕਾਮਰੇਡ ਨਿਰੰਜਨ ਦਾਸ ਮੇਹਲੀ, ਮੀਤ ਸਕੱਤਰ ਕਾਮਰੇਡ ਜਸਵਿੰਦਰ ਸਿੰਘ ਭੰਗਲ ਅਤੇ ਕਾਮਰੇਡ ਵੀਨਾ ਸ਼ਾਮਲ ਹੋਏ। ਮੀਟਿੰਗ ਵਿੱਚ ਹੋਏ ਫੈਸਲਿਆਂ ਅਨੁਸਾਰ ਸੈਮੀਨਾਰ ਸਵੇਰੇ 10:30 ਵਜੇ ਸ਼ੁਰੂ ਹੋਵੇਗਾ। ਸੰਬੰਧਤ ਜ਼ਿਲ੍ਹਿਆਂ ਵਿੱਚੋਂ ਹਰੇਕ ਜ਼ਿਲ੍ਹਾ ਆਗੂ 25 ਸਾਥੀਆਂ ਦੀ ਸੈਮੀਨਾਰ ਵਿੱਚ ਸ਼ਮੂਲੀਅਤ ਯਕੀਨੀ ਬਣਾਏਗਾ। ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਸਮੇਤ ਸੰਬੰਧਤ ਜ਼ਿਲ੍ਹਿਆਂ ਦੇ ਸਕੱਤਰ ਪ੍ਰਧਾਨਗੀ ਮੰਡਲ ਵਿੱਚ ਬੈਠਣਗੇ। ਸੰਸਥਾਵਾਂ ਦੇ ਮਹੱਤਵਪੂਰਨ ਆਗੂ ਵੀ ਸਟੇਜ ਦਾ ਹਿੱਸਾ ਹੋਣਗੇ। ਡਾ. ਰਜਿੰਦਰ ਪਾਲ ਸਿੰਘ ਔਲਖ ਸਟੇਜ ਸਕੱਤਰ ਦੀ ਭੂਮਿਕਾ ਨਿਭਾਉਣਗੇ। ਮੀਟਿੰਗ ਵਿੱਚ ਹੋਏ ਫੈਸਲਿਆਂ ਸੰਬੰਧੀ ਜ਼ਿਲ੍ਹਾ ਕਪੂਰਥਲਾ ਅਤੇ ਹੁਸ਼ਿਆਰਪੁਰ ਦੇ ਜ਼ਿਲ੍ਹਾ ਆਗੂਆਂ ਨੂੰ ਫੋਨ ਰਾਹੀਂ ਸੂਚਿਤ ਕਰ ਦਿੱਤਾ ਗਿਆ ਹੈ।


### ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਸਮਾਉਣ 'ਤੇ ਮੇਲਾ ਜੱਗ ਮੌਕੇ **ਗੋਇੰਦਵਾਲ ਸਾਹਿਬ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਕਾਬਲ ਸਿੰਘ ਮੱਲ੍ਹੀ** ਨਾਲ ਮੋਬਾਇਲ ਨੰਬਰ 99142-36641 'ਤੇ ਸੰਪਰਕ ਕੀਤਾ ਜਾ ਸਕਦਾ ਹੈ। *-ਜਨਰਲ ਮੈਨੇਜਰ*


## ਅੱਜ-ਨਾਮਾ

ਭਾਰਤ-ਚੀਨ ਨੂੰ ਆਉਂਦੇ ਪਏ ਵੇਖ ਨੇੜੇ,
ਚਿੰਤਾ ਕਈਆਂ ਦੀ ਵਧੀ ਕੁਝ ਹੋਰ ਬੇਲੀ।
ਤੋੜ ਸਭ ਸਾਂਝ ਸੀ ਫਾਸਲੇ ਪਾਏ ਪਹਿਲਾਂ,
ਬਦਲ'ਤੀ ਵਕਤ ਨੇ ਓਹੀ ਸੀ ਤੋਰ ਬੇਲੀ।
ਰਹਿ ਗਏ ਵੇਖਦੇ ਦੂਰੀਆਂ ਪਾਉਣ ਵਾਲੇ,
ਲਾਉਂਦੇ ਰਹੇ ਜੋ ਤੋੜਨ ਲਈ ਜ਼ੋਰ ਬੇਲੀ।
ਏਧਰ ਭਾਰਤ ਦੇ ਵਿੱਚ ਕੁਝ ਚਿੜਨ ਲੱਗੇ,
ਜਿਨ੍ਹਾਂ ਦੀ ਬੁੱਕਲ ਦੇ ਵਿੱਚ ਹੈ ਚੋਰ ਬੇਲੀ।
ਸਾਂਝ ਹਮਸਾਏ ਨਾਲ ਰੱਖੀ ਤਾਂ ਹੋਏ ਚੰਗੀ,
ਭਾਵੇਂ ਉਹ ਕੱਖ ਨਾ ਦੇਵੇ, ਨਾ ਲਏ ਬੇਲੀ।
ਜਦ ਵੀ ਨਾਲ ਗਵਾਂਢ ਦੇ ਵਿਗੜ ਜਾਈਏ,
ਪਿੱਛੋਂ ਉਹ ਦੋਵਾਂ ਨੂੰ ਭੁਗਤਣਾ ਪਏ ਬੇਲੀ।

-ਤੀਸ ਮਾਰ ਖਾਂ

# ਹੜ੍ਹਾਂ ਨਾਲ ਹੋਈ ਤਬਾਹੀ ਦਾ ਪੂਰਾ ਮੁਆਵਜ਼ਾ ਦਿੱਤਾ ਜਾਵੇ : ਅਰਸ਼ੀ, ਚੌਹਾਨ, ਉੱਡਤ

**ਮਾਨਸਾ (ਆਤਮਾ ਸਿੰਘ ਪਮਾਰ)**

ਇਸ ਸਾਲ ਵੀ 2023 ਦੀ ਤਰ੍ਹਾਂ ਭਾਰੀ ਮੀਂਹ ਕਾਰਨ ਹੜ੍ਹਾਂ ਨੇ ਕਿਸਾਨਾਂ ਦੀਆਂ ਫਸਲਾਂ, ਦੁਧਾਰੂ ਤੇ ਹੋਰ ਪਸ਼ੂਆਂ ਸਮੇਤ ਗ਼ਰੀਬਾਂ ਦੇ ਘਰ ਢਹਿ-ਢੇਰੀ ਹੋਣ ਕਾਰਨ ਬਹੁਤ ਵੱਡਾ ਨੁਕਸਾਨ ਕੀਤਾ ਹੈ। ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ, ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਤੇ ਸੀ ਪੀ ਆਈ ਦੇ ਸੀਨੀਅਰ ਆਗੂ ਅਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਨੇ ਪੰਜਾਬ ਸਰਕਾਰ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਸਰਕਾਰ ਨੇ ਬਰਸਾਤ ਦੇ ਦਿਨਾਂ 'ਚ ਹੜ੍ਹਾਂ ਵਰਗੇ ਹਾਲਾਤ ਨਾਲ ਨਜਿੱਠਣ ਲਈ ਕੋਈ ਅਗਾਊਂ ਪ੍ਰਬੰਧ ਨਹੀਂ ਕੀਤੇ। ਨਹਿਰਾਂ, ਨਦੀਆਂ, ਨਾਲਿਆਂ ਦੀ ਸਫਾਈ ਵੀ ਨਹੀਂ ਕਰਵਾਈ ਗਈ, ਜਿਸ ਕਾਰਨ ਵੱਡੀ ਪੱਧਰ 'ਤੇ ਨਹਿਰਾਂ, ਰਜਵਾਹੇ ਟੁੱਟ ਗਏ ਹਨ ਅਤੇ ਕਿਸਾਨਾਂ ਦੀਆਂ ਪੱਕਣ 'ਤੇ ਆਈਆਂ ਧੀਆਂ-ਪੁੱਤਾਂ ਵਾਂਗੂ ਪਾਲੀਆਂ ਹੋਈਆਂ ਹਜ਼ਾਰਾਂ ਏਕੜ ਫ਼ਸਲਾਂ ਬਰਬਾਦ ਹੋ ਗਈਆਂ ਹਨ। ਜ਼ਿਆਦਾ ਮੀਂਹ ਪੈਣ ਕਾਰਨ ਕੁਦਰਤੀ ਕਰੋਪੀ ਨੇ ਦੁਧਾਰੂ ਪਸ਼ੂਆਂ ਤੇ ਭੇਡਾਂ-ਬੱਕਰੀਆਂ ਬਗੈਰਾ ਦਾ ਵੀ ਕਾਫ਼ੀ ਨੁਕਸਾਨ ਕਰ ਦਿੱਤਾ, ਗਰੀਬ ਲੋਕਾਂ ਦੇ ਮਕਾਨ ਡਿੱਗ ਗਏ ਅਤੇ ਬਹੁਤ ਸਾਰੇ ਡਿੱਗਣ ਕਿਨਾਰੇ ਹਨ। ਕਿਸਾਨ ਆਗੂਆਂ ਨੇ ਵਿਰੋਧੀ ਰਾਜਨੀਤਕ



ਪਾਰਟੀਆਂ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਉਹਨਾਂ ਦੀਆਂ ਸਰਕਾਰਾਂ ਦੌਰਾਨ ਵੀ ਇਹੀ ਕੁੱਝ ਵਾਪਰਦਾ ਰਿਹਾ ਹੈ, ਪਰ ਹੁਣ ਉਹ ਸਿਆਸੀ ਰੋਟੀਆਂ ਸੇਕ ਰਹੇ ਹਨ। ਮੁੱਖ ਮੰਤਰੀ ਭਗਵੰਤ ਮਾਨ ਵੀ ਉਨ੍ਹਾਂ ਦੀਆਂ ਸਰਕਾਰਾਂ ਵੇਲੇ ਇਸ ਕਰੋਪੀ ਨੂੰ ਕੁਦਰਤ ਦਾ ਕਹਿਰ ਕਹਿਣ ਦੀ ਬਜਾਏ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਉਂਦਾ ਰਿਹਾ ਹੈ, ਪਰ ਖ਼ੁਦ ਉਨ੍ਹਾਂ ਤੋਂ ਵੀ ਨਖਿੱਧ ਮੁੱਖ ਮੰਤਰੀ ਸਾਬਤ ਹੋਇਆ ਹੈ।

ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹੜ੍ਹ ਪ੍ਰਭਾਵਿਤ ਘਰੋਂ ਬੇਘਰ ਹੋਏ ਲੋਕਾਂ ਦੇ ਰਹਿਣ ਅਤੇ ਖਾਣ-ਪੀਣ ਦਾ ਫੌਰੀ ਪ੍ਰਬੰਧ ਕੀਤਾ ਜਾਵੇ, ਬਿਮਾਰੀਆਂ ਫੈਲਣ ਤੋਂ ਰੋਕਣ ਲਈ ਦਵਾਈਆਂ ਤੇ ਬਿਮਾਰੀ ਫੈਲਾਉਣ ਵਾਲੇ ਕੀਟਾਂ ਨੂੰ ਮਾਰਨ ਦਾ ਪ੍ਰਬੰਧ ਕੀਤਾ ਜਾਵੇ, ਫਸਲਾਂ ਦੀ ਬਰਬਾਦੀ ਅਤੇ ਮਜ਼ਦੂਰਾਂ ਦੇ ਰੁਜ਼ਗਾਰ ਉਜਾੜੇ ਦੇ ਨੁਕਸਾਨ ਦਾ 100 ਫੀਸਦੀ ਭਰਪਾਈ ਕਰਦਾ ਮੁਆਵਜ਼ਾ ਦਿੱਤਾ ਜਾਵੇ, ਪਸ਼ੂਆਂ ਤੇ ਘਰਾਂ ਦੇ ਹੋਏ ਨੁਕਸਾਨ ਦਾ ਵੀ ਪੂਰਾ-ਪੂਰਾ ਮੁਆਵਜ਼ਾ ਦਿੱਤਾ ਜਾਵੇ, ਇਸ ਕੁਦਰਤੀ ਆਫ਼ਤ ਨੂੰ ਰੋਕਣ ਲਈ ਨਦੀਆਂ-ਨਾਲਿਆਂ ਦੀ ਸਫਾਈ ਦੇ ਪ੍ਰਬੰਧ ਕੀਤੇ ਜਾਣ ਅਤੇ ਉਸ ਲਈ ਬੱਜਟ ਜੁਟਾਇਆ ਜਾਵੇ, ਨਵੇਂ ਡੈਮ ਬਣਵਾ ਕੇ ਵਾਧੂ ਦਰਿਆਈ ਪਾਣੀ ਨੂੰ ਇਕੱਠਾ ਕਰਕੇ ਦੁਬਾਰਾ ਲੋੜ ਪੈਣ 'ਤੇ ਫਸਲਾਂ ਦੀ ਸਿੰਚਾਈ ਅਤੇ ਪਣ ਬਿਜਲੀ ਪੈਦਾ ਕਰਨ ਲਈ ਵਰਤੋਂ ਦਾ ਪ੍ਰਬੰਧ ਕੀਤਾ ਜਾਵੇ, ਪਹਿਲਾਂ ਵਾਲੇ ਡੈਮਾਂ ਦੀ ਸਫਾਈ ਕਰਾ ਕੇ ਉਸ ਨੂੰ ਪੂਰੀ ਸਮਰੱਥਾ 'ਚ ਪਾਣੀ ਜਮ੍ਹਾਂ ਕਰਨ ਦਾ ਪ੍ਰਬੰਧ ਕੀਤਾ ਜਾਵੇ ਅਤੇ ਧਰਤੀ ਵਿੱਚ ਰੀਚਾਰਜਿੰਗ ਲਈ ਦਰਿਆਵਾਂ ਦੇ ਕਿਨਾਰਿਆਂ ਅਤੇ ਖੇਤਾਂ ਦੇ ਨੀਵੇਂ ਖੇਤਰਾਂ ਵਿੱਚ ਵਿਆਪਕ ਪ੍ਰਬੰਧ ਕੀਤੇ ਜਾਣ। ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਮੰਗਾਂ ਪੂਰੀਆਂ ਨਾ ਹੋਣ ਦੀ ਸੂਰਤ 'ਚ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

ਉਹਨਾਂ ਸਮੂਹ ਲੋਕਾਂ ਨੂੰ ਇਸ ਅਨੋਖੀ ਘੜੀ ਦੌਰਾਨ ਆਪਣਾ ਫਰਜ਼ ਸਮਝਦਿਆਂ ਹਰ ਸੰਭਵ ਸਹਿਯੋਗ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਰੂਪ ਸਿੰਘ ਢਿੱਲੋਂ, ਕੇਵਲ ਸਿੰਘ ਸਮਾਓਂ ਜ਼ਿਲ੍ਹਾ ਪ੍ਰਧਾਨ ਪੰਜਾਬ ਖੇਤ ਮਜ਼ਦੂਰ ਸਭਾ, ਮਲਕੀਤ ਸਿੰਘ ਮੰਦਰਾਂ, ਕਰਨੈਲ ਸਿੰਘ ਭੀਖੀ, ਸੀਤਾਰਾਮ ਗੋਬਿੰਦਪੁਰਾ ਆਦਿ ਆਗੂ ਵੀ ਹਾਜ਼ਰ ਸਨ।

1-SEP-PAGE-1.qxd 8/31/2025 9:24 PM Page 2



# ਹੜ੍ਹਾਂ ਦੌਰਾਨ ਹੋਏ ਨੁਕਸਾਨ ਦਾ ਪੀੜਤਾਂ ਨੂੰ ਪੂਰਾ ਮੁਆਵਜ਼ਾ ਮਿਲੇ : ਕੁਲਦੀਪ ਭੋਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਦੀ ਅਗਵਾਈ ਵਿੱਚ ਪਾਰਟੀ ਦੇ ਇੱਕ ਵਫ਼ਦ ਨੇ ਮੋਗਾ ਜ਼ਿਲ੍ਹਾ ਦੇ ਹੜ੍ਹ ਪ੍ਰਭਾਵਿਤ ਏਰੀਏ ਦਾ ਦੌਰਾ ਕੀਤਾ।ਇਸ ਇਸ ਮੌਕੇ ਉਨ੍ਹਾਂ ਨਾਲ ਡਾਕਟਰ ਇੰਦਰਵੀਰ ਗਿੱਲ, ਜਗਸੀਰ ਸਿੰਘ ਖੋਸਾ ਤੇ ਇੰਜੀਨੀਅਰ ਸਵਰਨ ਸਿੰਘ ਖੋਸਾ ਸ਼ਾਮਲ ਸਨ।ਦੌਰੇ ਉਪਰੰਤ ਉਨ੍ਹਾਂ ਮੋਗਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹੜ੍ਹ ਮਾਰੇ ਲੋਕਾਂ ਦੀ ਹਾਲਤ ਸੱਚਮੁੱਚ ਤਰਸਯੋਗ ਹੈ ਤੇ ਸਰਕਾਰ ਦੇ ਨਾਲ ਨਾਲ ਸਮੂਹ ਰਾਜਨੀਤਕ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਨੂੰ ਉਨ੍ਹਾਂ ਦੀ ਖੁੱਲ੍ਹ ਕੇ ਮਦਦ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਅਸੀਂ ਮਹਿਸੂਸ ਕਰਦੇ ਹਾਂ ਕਿ ਜੇਕਰ ਸਰਕਾਰਾਂ ਆਪਣੇ ਪੱਧਰ 'ਤੇ ਹੜ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧ ਕਰ ਲੈਣ ਤਾਂ ਸਥਿਤੀ ਇੰਨੀ ਨਾ ਵਿਗੜੇ।ਉਨ੍ਹਾਂ ਦੱਸਿਆ ਕਿ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੇ ਕਿਹਾ ਕਿ ਸਾਡੀ ਝੋਨੇ ਦੀ ਫਸਲ ਤਾਂ ਤਬਾਹ ਹੋਈ ਹੀ ਹੋਈ ਹੈ, ਇਸ ਏਰੀਏ ਵਿੱਚ ਹਾੜ੍ਹੀ ਦੀ ਫਸਲ ਵੀ ਨਹੀਂ ਹੋਏਗੀ।ਇਸ ਤਰਾਂ ਸਾਡਾ ਦੋ ਫਸਲਾਂ ਦਾ ਨੁਕਸਾਨ ਹੈ।ਪਿਛਲੇ ਸਮੇਂ ਵਿੱਚ ਆਏ ਹੜ੍ਹਾਂ ਦੇ ਮੁਆਵਜ਼ੇ ਬਾਰੇ ਪੁੱਛਣ ਤੇ ਉਨ੍ਹਾਂ ਕਾਮਰੇਡ ਆਗੂਆਂ ਨੂੰ ਦੱਸਿਆ ਕਿ ਕਦੇ ਵੀ ਕਿਸੇ ਸਰਕਾਰ ਨੇ ਪੂਰਾ ਮੁਆਵਜ਼ਾ ਦੇਣ ਦੀ ਲੋੜ ਨਹੀਂ ਸਮਝੀ।ਸਰਕਾਰੀ ਪੱਧਰ 'ਤੇ ਦਿੱਤਾ ਮੁਆਵਜ਼ਾ ਊਠ ਦੇ ਮੂੰਹ ਵਿੱਚ ਜ਼ੀਰਾ ਦੇ ਬਰਾਬਰ ਹੀ ਹੁੰਦਾ ਹੈ।ਲੋਕਾਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਜੇਕਰ ਸਰਕਾਰਾਂ ਆਪਣੀ ਜ਼ਿੰਮੇਵਾਰੀ ਸਮਝਣ ਤਾਂ ਹੜ੍ਹਾਂ ਵਰਗੀਆਂ ਮੁਸੀਬਤਾਂ ਤੋਂ ਕਾਫ਼ੀ ਹੱਦ ਤੱਕ ਛੁਟਕਾਰਾ ਪਾਇਆ ਜਾ ਸਕਦਾ ਹੈ।ਸਰਕਾਰ ਤਾਂ ਹੜ੍ਹਾਂ ਵਰਗੀਆਂ ਕੁਦਰਤੀ ਆਫ਼ਤਾਂ ਨੂੰ ਵੀ ਆਪਣੇ ਰਾਜਸੀ ਲਾਹੇ ਲਈ ਵਰਤਣ ਦੀ ਕੋਸ਼ਿਸ਼ ਕਰਦੀਆਂ ਹਨ।ਕਾਮਰੇਡ ਆਗੂਆਂ ਨੇ ਕਿਹਾ ਕਿ ਦੇਵਗੌੜਾ ਸਰਕਾਰ ਦੇ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਖੇਤੀਬਾੜੀ ਮੰਤਰੀ ਰਹੇ ਕਾਮਰੇਡ ਚਤੁਰੰਜਨ ਦਾਸ ਮਿਸ਼ਰਾ ਵੱਲੋਂ ਪੇਸ਼ ਤਜਵੀਜ਼ ਅਨੁਸਾਰ, ਫਸਲ ਬੀਮਾ ਯੋਜਨਾ ਨੂੰ ਲਾਗੂ ਕਰਨਾ ਚਾਹੀਦਾ ਹੈ, ਜਿਸ ਵਿੱਚ ਏਕੜ ਨੂੰ ਇਕਾਈ ਮੰਨ ਕੇ ਬੀਮਾ ਦੇਣ ਦੀ ਪ੍ਰਪੋਜ਼ਲ ਵੀ ਸ਼ਾਮਲ ਸੀ।ਕਿਸਾਨਾਂ ਦੇ ਹੋਏ ਪੂਰੇ ਨੁਕਸਾਨ ਦਾ ਪੂਰਾ ਮੁਆਵਜ਼ਾ ਮਿਲੇ ਤਾਂ ਉਸ ਨੂੰ ਹੋਰ ਕਰਜ਼ੇ ਚੁੱਕ ਕੇ ਅਗਲੀਆਂ ਫਸਲਾਂ ਬੀਜਣ ਦੀ ਲੋੜ ਨਾ ਪਏ ਤੇ ਨਾ ਹੀ ਉਸ ਦਾ ਜੀਵਨ ਪੱਧਰ ਤਰਸਯੋਗ ਹੋਵੇ।ਉਹ ਵੀ ਮਾਣ ਸਨਮਾਨ ਵਾਲੀ ਜ਼ਿੰਦਗੀ ਜਿਉਂ ਸਕਦਾ ਹੈ।ਹੜ੍ਹਾਂ ਕਾਰਨ ਖੇਤ ਮਜ਼ਦੂਰਾਂ ਨੂੰ ਹੋਏ ਆਰਥਿਕ ਨੁਕਸਾਨ ਦੀ ਭਰਪਾਈ ਵੀ ਕੀਤੀ ਜਾਵੇ।ਪੱਤਰਕਾਰਾਂ ਨਾਲ ਅੱਗੇ ਗੱਲ ਕਰਦਿਆਂ ਸਾਥੀ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਅਸੀਂ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਮੰਗ ਕਰਦੇ ਹਾਂ ਕਿ ਹੜ੍ਹਾਂ ਦੌਰਾਨ ਨੁਕਸਾਨੀਆਂ ਬਿਲਡਿੰਗਾਂ, ਘਰਾਂ ਆਦਿ ਦੇ ਹੋਏ ਨੁਕਸਾਨ ਦੀ ਭਰਪਾਈ ਵੀ ਸਰਕਾਰ ਨੂੰ ਕਰਨੀ ਚਾਹੀਦੀ ਹੈ।

# ਡੀ ਸੀ ਤੇ ਐੱਸ ਡੀ ਐੱਮ ਵੱਲੋਂ ਘੱਗਰ ਤੇ ਟਾਂਗਰੀ ਨਦੀ ਦਾ ਦੌਰਾ

**ਪਾਣੀ ਵਧਣ ਕਾਰਨ ਲੋਕਾਂ ਨੂੰ ਨਦੀਆਂ ਨੇੜੇ ਨਾ ਜਾਣ ਦੀ ਸਲਾਹ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਘਨੌਰ ਤੇ ਦੂਧਨ ਸਾਧਾਂ ਇਲਾਕਿਆਂ ਵਿੱਚ ਘੱਗਰ ਤੇ ਟਾਂਗਰੀ ਨਦੀਆਂ 'ਚ ਪਾਣੀ ਦਾ ਪੱਧਰ ਵਧਣ ਕਾਰਨ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਨਦੀਆਂ ਦੇ ਨੇੜੇ ਨਾ ਜਾਣ ਅਤੇ ਆਪਣੇ ਬੱਚਿਆਂ ਤੇ ਮਵੇਸ਼ੀਆਂ ਨੂੰ ਵੀ ਪਾਣੀ ਦੇ ਵਹਾਅ ਨੇੜੇ ਨਾ ਜਾਣ ਦੇਣ।

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਦੂਧਨ ਸਾਧਾਂ ਤਹਿਸੀਲ ਦੇ ਐੱਸ ਡੀ ਐੱਮ ਗੁਰ ਕ੍ਰਿਪਾਲ ਸਿੰਘ ਨੇ ਦੇਵੀਗੜ੍ਹ ਵਿਖੇ ਘੱਗਰ ਦਰਿਆ ਤੇ ਪਿੰਡ ਖਤੌਲੀ ਵਿਖੇ ਟਾਂਗਰੀ ਦਰਿਆ 'ਚ ਆਏ ਹੜ੍ਹਾਂ ਦੇ ਪਾਣੀ ਦਾ ਜਾਇਜ਼ਾ ਲੈਂਦੇ ਹੋਏ ਦੱਸਿਆ ਕਿ ਘਨੌਰ ਦੇ ਪਿੰਡਾਂ ਊਂਟਸਰ, ਕਾਮੀ ਖੁਰਦ, ਚਮਾਰੂ, ਸਰਾਲਾ, ਵਿਖੇ ਖਾਸ ਨਜ਼ਰ ਰੱਖੀ ਜਾ ਰਹੀ ਹੈ, ਜਦਕਿ ਮਾੜੂ ਵਿਖੇ ਘੱਗਰ ਦੇ ਪਾਣੀ ਨਾਲ ਖੁਰਨ ਵਾਲੇ ਬੰਨ੍ਹ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸੇ ਤਰ੍ਹਾਂ ਘੱਗਰ ਨੇੜੇ ਲੱਗਦੇ ਸਬ ਡਵੀਜ਼ਨ ਦੂਧਨ ਸਾਧਾਂ ਦੇ ਪਿੰਡ ਭਸਮੜਾ, ਜਲਾਹ ਖੇੜੀ, ਖੇੜੀ ਰਾਜੂ ਸਿੰਘ ਵਿਖੇ ਵੀ ਘੱਗਰ ਦਾ ਪਾਣੀ ਵਧਿਆ ਹੋਇਆ ਹੈ, ਉਥੇ ਵੀ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ।ਇਸ ਤੋਂ ਇਲਾਵਾ ਟਾਂਗਰੀ ਨਦੀ ਦੇ ਕੰਢੇ ਲੱਗਦੇ ਪਿੰਡਾਂ ਮਹਿਮਦਪੁਰ ਰੁੜਕੀ, ਦੇਵੀ ਨਗਰ, ਹਰੀਗੜ੍ਹ, ਰੋਹੜ ਜਗੀਰ, ਲੇਹਲ ਜਾਗੀਰ, ਦੁੱਧਨ ਗੁਜਰਾਂ, ਅਦਾਲਤੀਵਾਲਾ, ਮੱਘਰ ਸਾਹਿਬ, ਮੋਹਲਗੜ੍ਹ ਦੇ ਨੀਵੇਂ ਪਾਸੇ, ਖਾਂਸਾ, ਰੱਤਾਖੇੜਾ, ਔਜਾਂ, ਖਤੌਲੀ, ਗਣੇਸ਼ਪੁਰ, ਖਰਾਬਗੜ੍ਹ, ਬੀਬੀਪੁਰ, ਜੋਧਪੁਰ, ਬੁਧਮੋਰ, ਸਾਦਿਕਪੁਰ ਬੀੜਾਂ ਦੇ ਵਸਨੀਕਾਂ ਨੂੰ ਸਾਵਧਾਨੀ ਵਰਤਣ ਸਮੇਤ ਦਰਿਆਈ ਖੇਤਰ ਦੇ ਨੇੜੇ ਨਾ ਜਾਣ ਲਈ ਕਿਹਾ ਗਿਆ ਹੈ।ਜਦਕਿ ਪਟਿਆਲਾ ਸਬ ਡਵੀਜ਼ਨ ਦੇ ਪਿੰਡ ਹਡਾਣਾ ਪੁਰ ਅਤੇ ਸਿਰਕੱਪੜਾ ਵਿਖੇ ਵੀ ਨਜ਼ਰ ਰੱਖੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੜ੍ਹਾਂ ਬਾਬਤ ਕਿਸੇ ਵੀ ਕਿਸਮ ਦੀ ਕੋਈ ਅਫ਼ਵਾਹ 'ਤੇ ਯਕੀਨ ਨਾ ਕਰਨ ਸਗੋਂ ਸਰਕਾਰੀ ਪੱਧਰ 'ਤੇ ਅਧਿਕਾਰਤ ਸਰੋਤਾਂ ਰਾਹੀਂ ਦਿੱਤੀ ਜਾਣ ਵਾਲੀ ਸੂਚਨਾ ਉੱਪਰ ਹੀ ਧਿਆਨ ਦੇਣ ਜਾਂ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਦੇ ਹੜ੍ਹ ਕੰਟਰੋਲ ਰੂਮ ਨੰਬਰਾਂ 0175-2350550 ਤੇ 2358550 'ਤੇ ਸੰਪਰਕ ਕਰ ਸਕਦੇ ਹਨ।

# ਕਾਮਰੇਡ ਮਹਿੰਦਰ ਬਾਗ਼ੀ ਨੂੰ ਨਾਅਰਿਆਂ ਦੀ ਗੂੰਜ ਨਾਲ ਅੰਤਿਮ ਵਿਦਾਇਗੀ



**ਲਹਿਰਾਗਾਗਾ (ਪਵਨ ਸ਼ਰਮਾ)**- ਸਾਰੀ ਉਮਰ ਮਜ਼ਦੂਰਾਂ ਕਿਸਾਨਾਂ ਦੇ ਹੱਕਾਂ ਹਿੱਤਾਂ ਲਈ ਲੜਨ ਵਾਲੇ ਕਾਮਰੇਡ ਮਹਿੰਦਰ ਬਾਗ਼ੀ ਨੂੰ ਅੱਜ ਇੱਥੇ ਉਸ ਦੇ ਸੰਗੀਆਂ ਸਾਥੀਆਂ ਨੇ ਨਾਅਰਿਆਂ ਦੀ ਗੂੰਜ ਨਾਲ ਅੰਤਿਮ ਵਿਦਾਇਗੀ ਦਿੱਤੀ।ਕਾਮਰੇਡ ਬਾਗ਼ੀ ਦਾ ਅੱਜ ਸਵੇਰੇ ਦਿਹਾਂਤ ਹੋ ਗਿਆ ਸੀ।ਇਸ ਮੌਕੇ ਸੀ ਪੀ ਆਈ ਤੇ ਏਟਕ ਦੇ ਆਗੂਆਂ ਸਮੇਤ ਲੋਕ ਚੇਤਨਾ ਮੰਚ, ਸਫ਼ਾਈ ਸੇਵਕ ਯੂਨੀਅਨ, ਫ਼ੀਲਡ ਵਰਕਰ ਯੂਨੀਅਨ ਤੇ ਹੋਰ ਜਥੇਬੰਦੀਆਂ ਦੇ ਆਗੂਆਂ ਵੱਲੋਂ ਕਾਮਰੇਡ ਬਾਗ਼ੀ ਦੀ ਦੇਹ 'ਤੇ ਲਾਲ ਝੰਡੇ ਪਾ ਕੇ ਉਸ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਅੰਤਿਮ ਵਿਦਾਇਗੀ ਦਿੱਤੀ ਗਈ।ਉਹ ਪਿਛਲੇ ਦੋ-ਤਿੰਨ ਮਹੀਨੇ ਤੋਂ ਸਾਈਕਲ ਤੋਂ ਡਿੱਗਣ ਕਾਰਨ ਟੁੱਟੇ ਚੂਲੇ ਕਰਕੇ ਬੀਮਾਰ ਸਨ ਤੇ ਉਹ ਸ਼ਨੀਵਾਰ ਸਵੇਰੇ ਚਲਾਣਾ ਕਰ ਗਏ ਸਨ।ਉਹ ਸਾਰੀ ਉਮਰ ਲਾਲ ਝੰਡੇ ਦਾ ਸਿਪਾਹੀ ਰਿਹਾ।ਆਪਣੇ ਇਲਾਕੇ ਦੇ ਸੰਘਰਸ਼ਾਂ ਤੇ ਸਰਗਰਮੀਆਂ ਵਿੱਚ ਉਹ ਹਮੇਸ਼ਾ ਸ਼ਾਮਲ ਰਿਹਾ।ਕਾਮਰੇਡ ਮਹਿੰਦਰ ਬਾਗ਼ੀ ਪੰਦਰਾਂ ਸਾਲ ਦੀ ਉਮਰ ਵਿੱਚ ਕਮਿਊਨਿਸਟ ਪਾਰਟੀ ਦੇ ਸੰਪਰਕ ਵਿੱਚ ਆਇਆ।ਉਹ ਮੁਜ਼ਾਰਾ ਲਹਿਰ ਵੇਲੇ ਜਾਂ ਸ਼ਾਇਦ ਉਸ ਤੋਂ ਬਾਅਦ ਕਾਮਰੇਡ ਹਰਦੇਵ ਅਰਸ਼ੀ ਹੁਰਾਂ ਨਾਲ਼ ਪਾਰਟੀ ਦੀ ਡਰਾਮਾ ਟੀਮ ਨਾਲ਼ ਰਿਹਾ।ਪੰਜਾਬ ਦੀ ਸੀ ਪੀ ਆਈ ਤੇ ਏਟਕ ਦਾ ਕਿਹੜਾ ਆਗੂ ਹੈ, ਜਿਸ ਦਾ ਉਸ ਨਾਲ਼ ਰਾਬਤਾ ਨਹੀਂ ਰਿਹਾ।ਉਹ ਆਪਣੇ ਪਿੱਛੇ ਪਤਨੀ ਤੇ ਤਿੰਨ ਬੇਟੀਆਂ ਛੱਡ ਗਿਆ ਹੈ।ਇਸ ਮੌਕੇ ਸੀ ਪੀ ਆਈ ਤੇ ਏਟਕ ਦੇ ਆਗੂ ਖਲੀਲ ਮਹੰਮਦ, ਜੀਤ ਬੰਗਾ, ਸੀਤਾ ਰਾਮ, ਲੋਕ ਚੇਤਨਾ ਮੰਚ ਦੇ ਆਗੂ ਹਰਭਗਵਾਨ ਗੁਰਨੇ, ਜਗਜੀਤ ਭੁੱਟਾਲ, ਗੁਰਚਰਨ ਸਿੰਘ, ਮਾਸਟਰ ਰਘਬੀਰ ਭੁੱਟਾਲ, ਲਛਮਣ ਅਲੀਸ਼ੇਰ, ਫੀਲਡ ਵਰਕਰ ਯੂਨੀਅਨ ਦੇ ਸੁਖਦੇਵ ਚੰਗਾਲੀਵਾਲਾ, ਮੇਜਰ ਸਿੰਘ ਲਹਿਰਾ, ਸਫ਼ਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੁਖਵਿੰਦਰ ਮੰਗੂ, ਰਿਸ਼ੀਪਾਲ, ਸੁਖਵਿੰਦਰ ਭੁੱਟਾਲ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

# ਦੁਕਾਨ, ਮਕਾਨ ਬਚਾਓ ਸੰਘਰਸ਼ ਕਮੇਟੀ ਤੇ ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਦੁਕਾਨ ਮਕਾਨ ਬਚਾਓ ਸੰਘਰਸ਼ ਕਮੇਟੀ ਦੁੱਨੇਕੇ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਮੋਗਾ ਤੋਂ ਭਾਰਤੀ ਜਥੇਬੰਦੀਆਂ ਵੱਲੋਂ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ ਦੀ ਪ੍ਰਧਾਨਗੀ ਹੇਠ ਡੀ ਸੀ ਦਫਤਰ ਮੋਗਾ ਅੱਗੇ ਧਰਨਾ ਲਗਾਇਆ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਆਗੂਆਂ ਨੇ ਕਿਹਾ ਕਿ ਭਾਰਤ ਮਾਲਾ ਪ੍ਰੋਜੈਕਟ ਅਧੀਨ ਪਿੰਡ ਦੁੱਨੇਕੇ ਕੇ ਦੇ ਮਕਾਨ ਤੇ ਦੁਕਾਨ ਬਿਨਾਂ ਯੋਗ ਮੁਆਵਜ਼ਾ ਦਿੱਤੇ ਢਾਹਿਆ ਜਾ ਰਿਹਾ ਹੈ ਤੇ ਜੋ ਮਕਾਨ ਦੁਕਾਨਾਂ ਬਚਦੇ ਹਨ, ਉਨ੍ਹਾਂ ਨੂੰ ਵੀ ਇਸੇ ਤਰ੍ਹਾਂ ਹੀ ਢਾਹੁਣ ਦੀ ਤਿਆਰੀ ਕੀਤੀ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਇਹ ਮਕਾਨ ਤੇ ਦੁਕਾਨਾਂ 15-20 ਸਾਲ ਪੁਰਾਣੇ ਹਨ, ਪਰ ਸਰਕਾਰ ਦੀ ਧੱਕੇਸ਼ਾਹੀ ਦਾ ਆਲਮ ਇਹ ਹੈ ਕਿ ਇਨ੍ਹਾਂ ਪਲਾਟਾਂ ਨੂੰ ਖੇਤੀਬਾੜੀ ਵਾਲੀ ਜ਼ਮੀਨ ਦਿਖਾ ਨਿਗੂਣਾ ਮੁਆਵਜ਼ਾ ਮਾਲਕਾਂ ਨੂੰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਥੇ ਪਲਾਟ ਦੀ ਕੀਮਤ ਪ੍ਰਤੀ ਮਰਲਾ ਅੱਠ ਤੋਂ 10 ਲੱਖ ਰੁਪਏ ਹੈ, ਪਰ ਇਨ੍ਹਾਂ ਪਲਾਟ ਮਾਲਕਾਂ ਨੇ 50 ਹਜ਼ਾਰ ਪ੍ਰਤੀ ਮਰਲਾ ਦੇ ਕੇ ਇਨ੍ਹਾਂ ਪਲਾਟਾਂ 'ਤੇ ਡਾਕਾ ਮਾਰਨ ਦੀਆਂ ਸਕੀਮਾਂ ਹਨ। ਆਗੂਆਂ ਨੇ ਕਿਹਾ ਕਿ ਜੁਝਾਰੂ ਲੋਕ ਇਹ ਸਰਕਾਰ ਦੀਆਂ ਚਾਲਾਂ ਕਿਸੇ ਕੀਮਤ 'ਤੇ ਕਾਮਯਾਬ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਜੋ ਸਾਡੇ ਕਿਸਾਨ ਆਗੂ 29 ਅਗਸਤ ਨੂੰ ਪ੍ਰਸ਼ਾਸਨ ਵੱਲੋਂ ਗਿਰਫਤਾਰ ਕੀਤੇ ਗਏ ਸਨ, ਅੱਜ ਚਲਦੇ ਰੋਸ ਪ੍ਰਦਰਸ਼ਨ ਦੌਰਾਨ ਰਿਹਾਅ ਕਰ ਦਿੱਤੇ ਗਏ ਹਨ। ਆਗੂਆਂ ਨੇ ਕਿਹਾ ਕਿ ਅਗਲਾ ਪ੍ਰੋਗਰਾਮ ਡਿਪਟੀ ਕਮਿਸ਼ਨਰ ਨਾਲ ਮੀਟਿੰਗ ਤੋਂ ਬਾਅਦ ਦਿੱਤਾ ਜਾਵੇਗਾ। ਇਸ ਮੌਕੇ ਬਲੌਰ ਸਿੰਘ ਘੱਲ ਕਲਾਂ, ਇਕਬਾਲ ਸਿੰਘ ਸਿੰਘਾਂਵਾਲਾ, ਜਸਵਿੰਦਰ ਸਿੰਘ ਘੱਲ ਕਲਾਂ, ਜਗਜੀਤ ਸਿੰਘ ਮੱਦੋਕੇ, ਸੁਖਵਿੰਦਰ ਸਿੰਘ, ਬੂਟਾ ਸਿੰਘ, ਮਹਿਲਾ ਕਿਸਾਨ ਆਗੂ ਬਚਿੱਤਰ ਸਿੰਘ ਤਲਵੰਡੀ ਮੱਲੀਆਂ, ਮੇਜਰ ਸਿੰਘ ਕਾਲੇਕੇ, ਬਚਿੱਤਰ ਕੌਰ, ਲਖਬੀਰ ਸਿੰਘ ਸੁਖਾਨੰਦ, ਸੁਖਜੀਤ ਸਿੰਘ ਲੰਢੇਕੇ, ਲਖਬੀਰ ਸਿੰਘ ਚੱੜਿਕ, ਕਰਮਜੀਤ ਕੌਰ ਅਹਿਮਦਪੁਰਾ, ਜਗਜੀਤ ਸਿੰਘ ਕੋਕਰੀ, ਗੁਰਮੀਤ ਕੌਰ ਬੀ.ਕੇ.ਯੂ. ਡਕੌਂਦਾ, ਪਰਮਿੰਦਰ ਕੁਮਾਰ, ਜਗਦੀਪ ਸਿੰਘ ਪਿੰਡ ਦੁੱਨੇਕੇ ਕਮੇਟੀ ਮੈਂਬਰ, ਏਕਤਾ ਚੌਧਰੀ, ਹਰਮੇਲ ਸਿੰਘ ਘਾਲੀ ਆਦਿ ਹਾਜ਼ਰ ਸਨ।

# ਗੇਟਾਂ ਦੀ ਹਾਲਤ ਸੁਧਾਰਨ ਲਈ ਮਿਸ਼ਨ ਨੇ ਮਾਰਕਫੈੱਡ ਮੈਨੇਜਰ ਨੂੰ ਪੱਤਰ ਲਿਖਿਆ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**- ਦਸਵੀਂ ਪਾਤਿਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ ਸ੍ਰੀ ਮੁਕਤਸਰ ਸਾਹਿਬ ਦੀ ਐਂਟਰੀ ਵਾਲੀਆਂ ਸਾਰੀਆਂ ਸੜਕਾਂ ਉੱਪਰ ਸਿੱਖ ਇਤਿਹਾਸ ਨਾਲ ਸਬੰਧਤ ਯਾਦਗਾਰੀ ਗੇਟ ਬਣਾਏ ਗਏ ਹਨ।ਇਨ੍ਹਾਂ ਵਿੱਚੋਂ ਚਿੱਟੇ ਰੰਗ ਵਾਲੇ ਗੇਟਾਂ ਦੀ ਉਸਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਗਈ ਹੈ ਅਤੇ ਬਾਕੀ ਲਾਲ ਰੰਗ ਵਾਲੇ ਗੇਟਾਂ ਦੀ ਉਸਾਰੀ ਸਰਕਾਰ ਵੱਲੋਂ ਕਰਵਾਈ ਗਈ ਹੈ।ਇੱਕ ਪਾਸੇ ਚਿੱਟੇ ਰੰਗ ਵਾਲੇ ਗੇਟਾਂ ਦੀ ਹਾਲਤ ਵਧੀਆ ਹੈ, ਦੂਜੇ ਪਾਸੇ ਸਰਕਾਰ ਵੱਲੋਂ ਬਣਵਾਏ ਗਏ ਲਾਲ ਰੰਗ ਦੇ ਗੇਟਾਂ ਦੀ ਹਾਲਤ ਬੇਹੱਦ ਖਸਤਾ ਹੋਈ ਪਈ ਹੈ।ਇਹ ਖਸਤਾ ਹਾਲਤ ਦੇਖ ਕੇ ਹਰ ਸੂਝਵਾਨ ਵਿਅਕਤੀ ਦੇ ਮਨ ਨੂੰ ਭਾਰੀ ਠੇਸ ਪਹੁੰਚਦੀ ਹੈ।ਏਨਾ ਹੀ ਨਹੀਂ, ਇਹ ਗੇਟ ਕਿਸੇ ਵੇਲੇ ਵੀ ਵੱਡੇ ਹਾਦਸੇ ਦਾ ਕਾਰਨ ਬਣ ਸਕਦੇ ਹਨ।ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫਦ ਵੱਲੋਂ ਆਪਣੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਗੇਟਾਂ ਦੀ ਦੁਰਦਸ਼ਾ ਤੇ ਇਨ੍ਹਾਂ ਨੂੰ ਸੁਧਾਰਨ ਦਾ ਮਾਮਲਾ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਫੌਰੀ ਕਾਰਵਾਈ ਕੀਤੀ ਗਈ ਤੇ ਸਥਾਨਕ ਉਪ ਮੰਡਲ ਮੈਜਿਸਟ੍ਰੇਟ ਦੀ ਫੁਟਕਲ ਸ਼ਾਖਾ ਵੱਲੋਂ ਮਾਰਕਫੈੱਡ ਦੇ ਸਥਾਨਕ ਜ਼ਿਲ੍ਹਾ ਮੈਨੇਜਰ ਨੂੰ ਪੱਤਰ ਨੰਬਰ 1402/ਐਮ.ਏ. ਮਿਤੀ 07 ਅਗਸਤ 2025 ਭੇਜ ਕੇ ਬਣਦੀ ਲੋੜੀਂਦੀ ਕਾਰਵਾਈ ਕਰਨ ਸਬੰਧੀ ਲਿਖਿਆ ਗਿਆ ਸੀ, ਪ੍ਰੰਤੂ ਕਰੀਬ ਤਿੰਨ ਹਫਤੇ ਬੀਤਣ ਤੋਂ ਬਾਅਦ ਵੀ ਮਾਰਕਫੈੱਡ ਵੱਲੋਂ ਇਨ੍ਹਾਂ ਗੇਟਾਂ ਨੂੰ ਅਜੇ ਤੱਕ ਨਹੀਂ ਸੁਧਾਰਿਆ ਗਿਆ।ਵਿਕਾਸ ਮਿਸ਼ਨ ਨੇ ਆਪਣੀ ਸੰਸਥਾ ਵੱਲੋਂ ਮਾਰਕਫੈੱਡ ਦੇ ਸਥਾਨਕ ਜ਼ਿਲ੍ਹਾ ਮੈਨੇਜਰ ਨੂੰ ਪੱਤਰ ਲਿਖ ਕੇ ਉਕਤ ਯਾਦਗਾਰੀ ਗੇਟਾਂ ਦੀ ਹਾਲਤ ਤੁਰੰਤ ਦਰੁਸਤ ਕਰਨ ਬਾਰੇ ਅਪੀਲ ਕੀਤੀ ਹੈ। ਉਕਤ ਜਾਣਕਾਰੀ ਦਿੰਦੇ ਹੋਏ ਮਿਸ਼ਨ ਪ੍ਰਧਾਨ ਸ੍ਰੀ ਢੋਸੀਵਾਲ ਨੇ ਦੱਸਿਆ ਕਿ ਇਹ ਪੱਤਰ ਰਜਿਸਟਰਡ ਡਾਕ ਤੇ ਈ-ਮੇਲ ਰਾਹੀਂ ਭੇਜਿਆ ਗਿਆ ਹੈ।ਪੱਤਰ ਦੀ ਇਕ ਕਾਪੀ ਜ਼ਿਲ੍ਹਾ ਮੈਨੇਜਰ ਨੂੰ ਉਨ੍ਹਾਂ ਦੇ ਵਟਸਐਪ ਨੰਬਰ 87270-38555 'ਤੇ ਵੀ ਭੇਜੀ ਗਈ ਹੈ।ਪੱਤਰ ਦੀ ਇੱਕ ਕਾਪੀ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਮੁਕਤਸਰ ਸਾਹਿਬ ਨੂੰ ਵੀ ਭੇਜੀ ਗਈ ਹੈ।

# ਧੂਰੀ ਵਿਕਾਸ ਮੰਚ ਨੇ ਮੈਗਾ ਮੈਡੀਕਲ ਜਾਂਚ ਕੈਂਪ ਲਗਾਇਆ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਧੂਰੀ ਵਿਕਾਸ ਮੰਚ ਵੱਲੋਂ ਮੰਚ ਦੇ ਪ੍ਰਧਾਨ ਅਮਨ ਗਰਗ ਤੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਹੇਠ ਸਥਾਨਕ ਸ੍ਰੀ ਸਨਾਤਨ ਧਰਮ ਚੈਰੀਟੇਬਲ ਹਸਪਤਾਲ ਵਿਖੇ ਗਰੀਨ ਵਾਟਿਕਾ ਹੈਲਥ ਕੇਅਰ ਦੇ ਸਹਿਯੋਗ ਨਾਲ ਮੈਗਾ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ।ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਓ ਐੱਸ ਡੀ ਸੁਖਵੀਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਕੈਂਪ ਦਾ ਉਦਘਾਟਨ ਕਰਨ ਉਪਰੰਤ ਓ ਐੱਸ ਡੀ ਸੁਖਵੀਰ ਸਿੰਘ ਨੇ ਮੰਚ ਦੇ ਮਨੁੱਖਤਾਵਾਦੀ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬੇ ਦੇ ਵਿਕਾਸ ਲਈ ਸਮਾਜ ਦਾ ਤੰਦਰੁਸਤ ਤੇ ਸਿਹਤਮੰਦ ਹੋਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜਿੱਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ 'ਚ ਸਿਹਤ ਸੇਵਾਵਾਂ ਨੂੰ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਚੁਸਤ ਤੇ ਦਰੁੱਸਤ ਕੀਤਾ ਗਿਆ ਹੈ, ਉਥੇ ਪੰਜਾਬ ਨੂੰ ਰੰਗਲਾ ਬਣਾਉਣ ਲਈ ਲੋਕਾਂ ਦਾ ਸਹਿਯੋਗ ਵੀ ਜ਼ਰੂਰੀ ਹੈ।ਉਨ੍ਹਾਂ ਮੰਚ ਵੱਲੋਂ ਚੈਰੀਟੇਬਲ ਡਿਸਪੈਂਸਰੀ ਖੋਲਣ ਲਈ ਜਗ੍ਹਾ ਦੀ ਕੀਤੀ ਗਈ ਮੰਗ ਨਾਲ ਸਹਿਮਤ ਹੁੰਦਿਆਂ ਭਰੋਸਾ ਦਿੱਤਾ ਕਿ ਜਲਦ ਹੀ ਮੰਚ ਨੂੰ ਲੋੜੀਂਦੀ ਜਗ੍ਹਾ ਅਲਾਟ ਕਰ ਦਿੱਤੀ ਜਾਵੇਗੀ।ਇਸ ਮੌਕੇ ਮੰਚ ਵੱਲੋਂ ਆਏ ਮਹਿਮਾਨਾਂ ਤੇ ਡਾਕਟਰਾਂ ਦੀ ਟੀਮ ਦਾ ਸਨਮਾਨ ਕੀਤਾ ਗਿਆ।ਕੈਂਪ ਦੌਰਾਨ ਵੱਖ ਵੱਖ ਬਿਮਾਰੀਆਂ ਦੇ ਮਾਹਰ ਡਾਕਟਰਾਂ ਵੱਲੋਂ ਆਪਣੀ ਟੀਮ ਸਹਿਤ ਕਰੀਬ 400 ਮਰੀਜ਼ਾਂ ਦੀ ਸਿਹਤ ਜਾਂਚ ਕੀਤੀ ਗਈ ਤੇ ਦਵਾਈਆਂ ਮੰਚ ਵੱਲੋਂ ਮੁਫਤ ਮੁਹੱਈਆ ਕਰਵਾਈਆਂ ਗਈਆਂ।ਇਸ ਮੌਕੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ: ਅਨਵਰ ਭਸੌੜ, ਪੰਜਾਬ ਲਘੂ ਉਦਯੋਗ ਨਿਗਮ ਦੇ ਡਾਇਰੈਕਟਰ ਅਨਿਲ ਮਿੱਤਲ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਮੈਂਬਰ ਨਰੇਸ਼ ਸਿੰਗਲਾ, ਐੱਸ ਐੱਚ ਓ ਸਦਰ ਕਰਨਵੀਰ ਸਿੰਘ ਸੰਧੂ, ਐੱਸ ਐੱਚ ਓ ਸਿਟੀ ਜਸਵੀਰ ਸਿੰਘ ਤੂਰ, ਉੱਪ-ਚੇਅਰਮੈਨ ਅਭਿਨਵ ਗੋਇਲ, ਐਡਵੋਕੇਟ ਰਾਜੇਸ਼ਵਰ ਚੌਧਰੀ, ਸਕੱਤਰ ਜਨਰਲ ਹੰਸ ਰਾਜ ਬਜਾਜ, ਸੰਦੀਪ ਬਾਂਸਲ, ਐਡਵੋਕੇਟ ਮਨਿੰਦਰ ਸਿੰਘ ਢੀਂਡਸਾ, ਸੰਜੀਵ ਗਰਗ ਜੋਨੀ, ਸੁਰਿੰਦਰਪਾਲ ਸਿੰਘ ਨੀਟਾ, ਮੋਹਿਤ ਜਿੰਦਲ ਆਦਿ ਮੌਜੂਦ ਸਨ।

# ਔਰਤ ਦੀ ਮਕਾਨ ਡਿੱਗਣ ਕਾਰਨ ਮੌਤ



**ਲਹਿਰਾਗਾਗਾ (ਰੀਤਵਾਲ)**-ਨੇੜਲੇ ਪਿੰਡ ਸੱਗਤਪੁਰਾ ਵਿਖੇ ਤੜਕਸਾਰ ਭਾਰੀ ਬਾਰਿਸ਼ ਦੇ ਚੱਲਦਿਆਂ ਇੱਕ ਦੁਖਦਾਈ ਹਾਦਸਾ ਵਾਪਰਿਆ, ਜਿਸ ਦੌਰਾਨ ਰਾਜ ਮਿਸਤਰੀ ਸੁਖਪਾਲ ਸਿੰਘ ਮੱਲ, ਪੁੱਤਰ ਸੌਣ ਸਿੰਘ ਦਾ ਮਕਾਨ ਢਹਿ-ਢੇਰੀ ਹੋ ਗਿਆ।ਇਸ ਹਾਦਸੇ ਵਿੱਚ ਸੁਖਪਾਲ ਸਿੰਘ ਦੀ ਸੱਸ ਦੀ ਮੌਤ ਹੋ ਗਈ ਤੇ ਪਤਨੀ ਮਨਦੀਪ ਕੌਰ ਗੰਭੀਰ ਜ਼ਖਮੀ ਹੋ ਗਈ।ਮ੍ਰਿਤਕ ਦੀ ਪਛਾਣ ਕਰਮਜੀਤ ਕੌਰ (60) ਜਖੇਪਲ ਵਜੋਂ ਹੋਈ ਹੈ, ਜੋ ਆਪਣੀ ਪੁੱਤਰੀ ਨੂੰ ਮਿਲਣ ਲਈ ਸੰਗਤਪੁਰਾ ਆਈ ਹੋਈ ਸੀ।ਮਕਾਨ ਦੇ ਅਚਾਨਕ ਡਿੱਗਣ ਕਾਰਨ ਕਰਮਜੀਤ ਕੌਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਕਰਮਜੀਤ ਕੌਰ ਦੀ ਧੀ ਮਨਜੀਤ ਕੌਰ ਨੂੰ ਗੰਭੀਰ ਸੱਟਾਂ ਲੱਗੀਆਂ।ਜ਼ਖ਼ਮੀ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਹੈ।ਇਸ ਘਟਨਾ ਨਾਲ ਪਿੰਡ ਸੰਗਤਪੁਰਾ ਵਿੱਚ ਸੋਗ ਦੀ ਲਹਿਰ ਪੈਦਾ ਹੋ ਗਈ ਹੈ।ਸਥਾਨਕ ਨੌਜਵਾਨ ਰਣਦੀਪ ਸਿੰਘ ਤੋਂ ਇਲਾਵਾ ਪਿੰਡ ਦੀ ਪੰਚਾਇਤ ਤੇ ਮੋਹਤਵਰ ਵਿਅਕਤੀਆਂ ਨੇ ਪੀੜਤ ਪਰਵਾਰ ਨਾਲ ਹਮਦਰਦੀ ਜਤਾਉਂਦਿਆਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਸੁਖਪਾਲ ਸਿੰਘ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਅਤੇ ਐਕਸਗ੍ਰੇਸ਼ੀਆ ਗ੍ਰਾਂਟ ਪ੍ਰਦਾਨ ਕੀਤੀ ਜਾਵੇ।

# ਕਾਂਗਰਸ ਪਾਰਟੀ ਦੀ ਸੰਗਠਨ ਸਿਰਜਣਾ ਮੀਟਿੰਗ 'ਚ ਜ਼ਿਲ੍ਹਾ ਪ੍ਰਧਾਨ ਚੋਣ ਬਾਰੇ ਚਰਚਾ

**ਚੋਣ ਅਬਜ਼ਰਵਰ ਡਾ: ਬਾਂਸਲ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਕਰਨ ਦੀ ਅਪੀਲ**



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਪਾਰਟੀ ਵੱਲੋਂ ਨਵੇਂ ਬਣਾਏ ਬਲਾਕ ਮਮਦੋਟ ਦੇ ਪ੍ਰਧਾਨ ਗੁਰਬਚਨ ਸਿੰਘ ਕਾਲਾ ਟਿੱਬਾ ਦੇ ਅਗਵਾਈ ਵਿੱਚ ਇੱਕ ਵਿਸ਼ੇਸ਼ ਮੀਟਿੰਗ ਮਮਦੋਟ ਵਿਖੇ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਦੀ ਚੋਣ ਸਬੰਧੀ ਮਮਦੋਟ ਬਲਾਕ ਨਾਲ ਸੰਬੰਧਤ ਆਗੂਆਂ ਤੇ ਵਰਕਰਾਂ ਨਾਲ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਸ਼ੇਰ ਸਿੰਘ ਘੁਬਾਇਆ ਮੈਂਬਰ ਪਾਰਲੀਮੈਂਟ, ਅਮਰਦੀਪ ਸਿੰਘ ਆਸ਼ੂ ਬੰਗੜ ਇੰਚਾਰਜ ਹਲਕਾ ਫਿਰੋਜ਼ਪੁਰ ਦਿਹਾਤੀ, ਕੁਲਬੀਰ ਸਿੰਘ ਜ਼ੀਰਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ, ਗੁਰਬਚਨ ਸਿੰਘ ਕਾਲਾ ਟਿੱਬਾ ਪ੍ਰਧਾਨ ਬਲਾਕ ਮਮਦੋਟ, ਗੁਰਭੇਜ ਸਿੰਘ ਟਿੱਬੀ ਚੇਅਰਮੈਨ ਵੇਰਕਾ ਡੇਅਰੀ, ਹਰਪਾਲ ਸੋਢੀ, ਰੇਸ਼ਮ ਸਿੰਘ ਤੇ ਜਾਗੀਰ ਸਿੰਘ ਸਾਬਕਾ ਸਰਪੰਚ ਹਜਾਰਾ ਸਿੰਘ ਵਾਲਾ ਨੇ ਮੀਟਿੰਗ ਸਬੰਧੀ ਆਪਣੇ ਵਿਚਾਰ ਦੱਸੇ।

ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਬਤੌਰ ਅਬਜ਼ਰਵਰ ਪੁੱਜੇ ਡਾ: ਵਿਵੇਕ ਬਾਂਸਲ ਨੇ ਸਮੂਹ ਸਮੂਹ ਬੁਲਾਰਿਆਂ ਦੇ ਵਿਚਾਰ ਸੁਣਨ ਉਪਰੰਤ ਜ਼ਿਲ੍ਹਾ ਪ੍ਰਧਾਨ ਦੀ ਚੋਣ ਸਬੰਧੀ ਆਪਣੀ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਜ਼ਿਲ੍ਹੇ ਦੀ ਚੋਣ ਸਬੰਧੀ ਇਸ ਖੁੱਲ੍ਹੇ ਮੰਚ ਤੋਂ ਇਲਾਵਾ ਨਿੱਜੀ ਤੌਰ 'ਤੇ ਹੋਰ ਵੀ ਕਿਸੇ ਨੇ ਆਪਣੇ ਵਿਚਾਰ ਸਾਂਝੇ ਕਰਨੇ ਹੋਣ ਤੇ ਉਹ ਉਨ੍ਹਾ ਨਾਲ ਬੰਦ ਕਮਰੇ ਵਿੱਚ ਕਰ ਸਕਦਾ ਹੈ ਤੇ ਜੇਕਰ ਕੋਈ ਵੀ ਵਿਅਕਤੀ ਜ਼ਿਲ੍ਹਾ ਪ੍ਰਧਾਨ ਦੀ ਸੀਟ ਸਬੰਧੀ ਆਪਣਾ ਨਾਮ ਪੇਸ਼ ਕਰਨਾ ਚਾਹੁੰਦਾ ਹੈ ਤੇ ਉਹ ਫਾਰਮ ਭਰ ਕੇ ਦੇ ਸਕਦਾ ਹੈ। ਇਸ ਮੌਕੇ ਉਨ੍ਹਾ ਸਮੂਹ ਆਗੂਆਂ ਤੇ ਵਰਕਰਾਂ ਨੂੰ ਹੜ੍ਹ ਪੀੜਤ ਲੋਕਾਂ ਦੀ ਹਰ ਸੰਭਵ ਮਦਦ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸਰਬਜੀਤ ਕੌਰ ਪ੍ਰਧਾਨ ਮਹਿਲਾ ਵਿੰਗ, ਸੀਨੀਅਰ ਆਗੂ ਸਤਨਾਮ ਸਿੰਘ, ਪੁਸ਼ਪਿੰਦਰ ਸਿੰਘ ਮਮਦੋਟ, ਜੰਡ ਸਿੰਘ ਟਿੱਬੀ, ਆਸਾ ਸਿੰਘ, ਗੁਰਭੇਜ ਸਿੰਘ ਖਾਰਾ ਸਾਬਕਾ ਸਰਪੰਚ ਕਾਲਾ ਟਿੱਬਾ, ਸੁਖਵਿੰਦਰ ਸਿੰਘ ਸੁੱਖਾ ਜੋਧਪੁਰ, ਜਗਜੀਤ ਸਿੰਘ, ਕਿੱਕਰ ਸਿੰਘ, ਗੁਰਦੇਵ ਸਿੰਘ ਤਰਾਂ ਵਾਲੀ ਸਾਬਕਾ ਸਰਪੰਚ, ਕਾਲੀ ਮਨਚੰਦਾ ਮਮਦੋਟ ਤੇ ਮਹਿੰਦਰ ਸਿੰਘ ਮਮਦੋਟ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

# 20 ਗ੍ਰਾਮ ਹੈਰੋਇਨ ਸਮੇਤ 5 ਕਾਬੂ, 1 ਫ਼ਰਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 20 ਗ੍ਰਾਮ ਹੈਰੋਇਨ ਸਮੇਤ 5 ਕਾਰ ਸਵਾਰ ਵਿਅਕਤੀਆਂ ਰਾਹੁਲ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ ਤੇ ਬੰਟੀ ਵਾਸੀਆਨ ਮਾਛੀਵਾੜਾ, ਸਤਨਾਮ ਸਿੰਘ ਵਾਸੀ ਜੱਸੋਵਾਲ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਹੈ, ਜਦਕਿ ਇੱਕ ਮਨਦੀਪ ਸਿੰਘ ਵਾਸੀ ਬੁੱਲੇਵਾਲ ਫ਼ਰਾਰ ਹੈ। ਐੱਸ.ਐੱਚ.ਓ. ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਜਗਤਾਰ ਸਿੰਘ ਗਸ਼ਤ ਕਰ ਰਿਹਾ ਸੀ ਕਿ ਮੁਖ਼ਬਰ ਨੇ ਸੂਚਨਾ ਦਿੱਤੀ ਕਿ ਉਕਤ ਨੌਜਵਾਨ ਇੱਕ ਸਵਿਫਟ ਕਾਰ ਵਿਚ ਸਵਾਰ ਹੋ ਕੇ ਪਿੰਡ ਬੁੱਲੇਵਾਲ ਤੋਂ ਮਾਛੀਵਾੜਾ ਵੱਲ ਨਸ਼ਾ ਵੇਚਣ ਲਈ ਆ ਰਹੇ ਹਨ। ਜੇਕਰ ਤੁਰੰਤ ਛਾਪੇਮਾਰੀ ਕੀਤੀ ਜਾਵੇ ਤਾਂ ਇਹ ਨਸ਼ੇ ਸਮੇਤ ਕਾਬੂ ਆ ਸਕਦੇ ਹਨ। ਪੁਲਸ ਪਾਰਟੀ ਵੱਲੋਂ ਤੁਰੰਤ ਛਾਪੇਮਾਰੀ ਕਰਦਿਆਂ ਸਤਨਾਮ ਸਿੰਘ, ਰਾਹੁਲ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ ਤੇ ਬੰਟੀ ਨੂੰ ਕਾਬੂ ਕਰ ਲਿਆ, ਜਿਨ੍ਹਾਂ ਪਾਸੋਂ 20 ਗ੍ਰਾਮ ਹੈਰੋਇਨ ਬਰਾਮਦ ਹੋਈ, ਜਦਕਿ ਇਨ੍ਹਾਂ ਦਾ ਇੱਕ ਸਾਥੀ ਮਨਦੀਪ ਸਿੰਘ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲਸ ਵੱਲੋਂ ਸਵਿਫਟ ਕਾਰ ਜ਼ਬਤ ਕਰ ਲਈ ਹੈ ਤੇ ਇਨ੍ਹਾਂ ਸਾਰਿਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ...ਸ.ਫ਼ਾ 1 ਦੇ ਬਾਕੀ

### ਹੁਸੈਨੀਵਾਲਾ ਤੋਂ ਚੱਲਿਆ 'ਲੋਕ ਚੇਤਨਾ ਜੱਥਾ ਮਾਰਚ' ...





ਚੇਤਨਾ ਮਾਰਚ ਦੇ ਸਰਾਭਾ ਵਿਖੇ ਮੰਜ਼ਲ 'ਤੇ ਪਹੁੰਚਣ ਦੇ ਦ੍ਰਿਸ਼।





ਮਲੌਦ ਵਿਖੇ ਜਨਤਕ ਸਮਾਗਮ, ਜਿਸ ਨੂੰ ਕਾਮਰੇਡ ਅਮਰਜੀਤ ਕੌਰ ਨੇ ਸੰਬੋਧਨ ਕੀਤਾ।





ਪਿੰਡ ਚੂਹੜ ਚੱਕ ਵਿਖੇ ਜਥੇ ਦਾ ਨਿੱਘਾ ਸਵਾਗਤ ਕੀਤਾ ਗਿਆ।

ਮੌੜ ਨੂੰ ਭੇਂਟ ਕੀਤੇ ਗਏ। ਇਸੇ ਤਰ੍ਹਾਂ ਪਾਰਟੀ ਦੇ ਸੀਨੀਅਰ ਆਗੂ ਅਤੇ ਆਲ ਇੰਡੀਆ ਕਿਸਾਨ ਸਭਾ ਦੇ ਆਗੂ ਕਾਮਰੇਡ ਭਰਪੂਰ ਸਿੰਘ ਨੇ ਵੀ 50000 ਰੁਪਏ ਦਾ ਚੈੱਕ ਪਾਰਟੀ ਕਾਂਗਰਸ ਲਈ ਫੰਡ ਦੇ ਤੌਰ 'ਤੇ ਦਿੱਤਾ। ਦੁਪਹਿਰ ਸਵਾ ਦੋ ਵਜੇ ਚਾਹ-ਪਾਣੀ ਦੀ ਸੇਵਾ ਕਰਨ ਤੋਂ ਬਾਅਦ ਜਗਰਾਉਂ ਦੇ ਸਾਥੀਆਂ ਨੇ ਇਸ ਜੱਥੇ ਨੂੰ ਲੁਧਿਆਣਾ ਲਈ ਬੜੇ ਜੋਸ਼ੀਲੇ ਢੰਗ ਨਾਲ ਵਿਦਾਇਗੀ ਦਿੱਤੀ ਅਤੇ ਇਹ ਜੱਥਾ ਮੁੱਲਾਂਪੁਰ ਨਗਰ ਦੇ ਵਿੱਚੋਂ ਵਿੱਚ ਜੀ ਟੀ ਰੋਡ ਦੇ ਨਾਲ ਨਾਲ ਹੁੰਦਾ ਹੋਇਆ ਲੁਧਿਆਣੇ ਵੱਲ ਚੱਲ ਪਿਆ। ਭਾਰੀ ਬਾਰਿਸ਼ ਅਤੇ ਟੁੱਟੀਆਂ ਸੜਕਾਂ ਦੇ ਬਾਵਜੂਦ ਸਾਥੀਆਂ ਦੇ ਹੌਸਲੇ ਬੁਲੰਦ ਸਨ।

ਲੁਧਿਆਣਾ ਸ਼ਹਿਰ ਵਿੱਚ ਦਾਖਲ ਹੋਣ 'ਤੇ ਸ਼ਹਿਰੀ ਸਕੱਤਰ ਕਾਮਰੇਡ ਐੱਮ ਐੱਸ ਭਾਟੀਆ ਅਤੇ ਕੌਮੀ ਕੌਂਸਲ ਮੈਂਬਰ ਡਾਕਟਰ ਅਰੁਣ ਮਿੱਤਰਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਇਸ ਜੱਥੇ ਦਾ ਸਵਾਗਤ ਕੀਤਾ ।ਜੱਥੇ ਦੇ ਆਗੂ ਸਾਥੀਆਂ ਨੂੰ ਹਾਰ ਪਹਿਨਾਏ ਗਏ। ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਪ੍ਰਧਾਨ ਕਾਮਰੇਡ ਸੁਖਜਿੰਦਰ ਮਹੇਸ਼ਰੀ ਨੇ ਉੱਥੇ ਇਕੱਠੇ ਹੋਏ ਸਾਥੀਆਂ ਨੂੰ ਸੰਬੋਧਨ ਕੀਤਾ ।ਡਾਕਟਰ ਅਰੁਣ ਮਿੱਤਰਾ ਨੇ ਦੇਸ਼ ਅਤੇ ਦੁਨੀਆ ਵਿੱਚ ਅਨੇਕਾਂ ਥਾਵਾਂ 'ਤੇ ਚੱਲਦੀਆਂ ਜੰਗਾਂ ਦੇ ਕਾਰਨ ਪਰਮਾਣੂ ਹਥਿਆਰਾਂ ਦੀ ਵਰਤੋਂ ਦੇ ਵਧ ਰਹੇ ਖਤਰੇ ਬਾਰੇ ਚੇਤਾਵਨੀ ਦਿੱਤੀ। ਉਹਨਾਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਟਰੰਪ ਦੁਆਰਾ ਭਾਰਤ ਉੱਪਰ ਵਿਸ਼ੇਸ਼ ਕਰ ਵਧੇਰੇ ਟੈਰਿਫ ਲਗਾਉਣ ਦੀ ਨੀਤੀ ਦਾ ਵਿਰੋਧ ਕੀਤਾ ਅਤੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਉਹ ਇਸ ਦਾ ਡਟਵਾਂ ਜਵਾਬ ਦੇਣ।

ਇਸ ਤੋਂ ਬਾਅਦ ਸਕੂਟਰਾਂ, ਮੋਟਰਸਾਈਕਲਾਂ ਅਤੇ ਕਾਰਾਂ ਦੀ ਸ਼ਕਲ ਵਿੱਚ ਇਹ ਜੱਥਾ ਸ਼ਹਿਰ ਦੇ ਰੁਝੇਵੇਂ ਵਾਲੇ ਬਾਜ਼ਾਰ ਘੁਮਾਰ ਮੰਡੀ ਤੋਂ ਫੁਹਾਰਾ ਚੌਂਕ ਅਤੇ ਗੁਰੂ ਨਾਨਕ ਸਟੇਡੀਅਮ ਵੱਲੋਂ ਹੁੰਦਾ ਹੋਇਆ ਜਗਰਾਉਂ ਪੁਲ ਸਥਿਤ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਯਾਦਗਾਰ 'ਤੇ ਪਹੁੰਚਿਆ, ਜਿੱਥੇ ਸਾਥੀਆਂ ਨੇ ਇਸ ਜੱਥੇ ਦੇ ਮਕਸਦ ਬਾਰੇ ਲੋਕਾਂ ਵਿੱਚ ਆਪਣੇ ਵਿਚਾਰ ਰੱਖੇ । ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਇਹ ਚੌਂਕ ਜਿਸ ਨੂੰ ਜਗਰਾਉਂ ਪੁਲ ਵਾਲਾ ਚੌਂਕ ਵੀ ਕਹਿੰਦੇ ਹਨ, ਟਰੈਫਿਕ ਬੱਤੀਆਂ ਕਰਕੇ ਅਕਸਰ ਲੋਕ ਕਈ-ਕਈ ਚਿਰ ਖਲੋ ਕੇ ਆਗੂਆਂ ਨੂੰ ਸੁਣਦੇ ਰਹੇ। ਅੰਤ ਵਿੱਚ ਲੁਧਿਆਣਾ ਸ਼ਹਿਰੀ ਦੇ ਸਹਾਇਕ ਸਕੱਤਰ ਅਤੇ ਏਟਕ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਵਿਜੇ ਕੁਮਾਰ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਉਸ ਦਿਨ ਲਈ ਜੱਥੇ ਦੀ ਸਮਾਪਤੀ ਕੀਤੀ। ਅਗਲੇ ਦਿਨ ਯਾਨੀ 27 ਅਗਸਤ ਨੂੰ ਇਹ ਜੱਥਾ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ, ਜੋ ਜ਼ਿਲ੍ਹਾ ਸੀ ਪੀ ਆਈ ਦਾ ਦਫਤਰ ਹੈ, ਤੋਂ ਜੱਥਾ ਕਾਫਲੇ ਦੀ ਸ਼ਕਲ ਵਿੱਚ ਦੋਰਾਹੇ ਲਈ ਰਵਾਨਾ ਹੋਇਆ। ਜੱਥੇ ਦੇ ਅੱਗੇ ਚੱਲ ਰਹੀ ਗੱਡੀ, ਜੋ ਪਾਰਟੀ ਦੀ ਸ਼ਾਨ ਨੂੰ ਵਧਾ ਰਹੀ ਸੀ ਅਤੇ ਇਸ ਮੌਕੇ ਲਈ ਉਚੇਚੇ ਤੌਰ 'ਤੇ ਪੂਰੀ ਤਰ੍ਹਾਂ ਸਜਾਈ ਹੋਈ ਸੀ, ਦੇਸ਼ ਭਗਤੀ ਦੇ ਗੀਤ ਸੁਣਾਉਂਦੀ ਹੋਈ ਅੱਗੇ-ਅੱਗੇ ਚੱਲ ਰਹੀ ਸੀ।

ਦੋਰਾਹੇ ਪਹੁੰਚਣ 'ਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਸ਼ਹੀਦ ਬੇਅੰਤ ਸਿੰਘ ਦੇ ਬੁੱਤ 'ਤੇ ਦੋਰਾਹਾ ਦੇ ਬਲਾਕ ਸਕੱਤਰ ਸਾਥੀ ਨਿਰੰਜਨ ਸਿੰਘ, ਸਾਥੀ ਹਰਮਿੰਦਰ ਸੇਠ ਅਤੇ ਕਰਮ ਸਿੰਘ ਜਟਾਣਾ ਬਾਕੀ ਆਗੂ ਸਾਥੀਆਂ ਅਤੇ ਕਾਰਕੁਨਾਂ ਦੇ ਨਾਲ ਜੱਥੇ ਦਾ ਸਵਾਗਤ ਕਰਨ ਲਈ ਖੜੇ ਸਨ। ਉਥੋਂ ਇਕੱਠੇ ਹੋ ਕੇ, ਝੰਡੇ ਲੈ ਕੇ ਅਤੇ ਇਨਕਲਾਬ ਜ਼ਿੰਦਾਬਾਦ, 25ਵਾਂ ਮਹਾਂ ਸੰਮੇਲਨ ਜ਼ਿੰਦਾਬਾਦ ਦੇ ਨਾਅਰੇ ਲਾਉਂਦੇ ਹੋਏ ਇਹ ਜੱਥਾ ਦੋਰਾਹੇ ਦੇ ਮੇਨ ਬਾਜ਼ਾਰ ਵਿੱਚੋਂ ਦੀ ਹੁੰਦਾ ਹੋਇਆ ਰੇਲਵੇ ਸਟੇਸ਼ਨ ਤੱਕ ਪਹੁੰਚਿਆ ਅਤੇ ਉਥੋਂ ਫਿਰ ਵਾਪਸੀ ਕਰਦਾ ਹੋਇਆ ਬਾਜ਼ਾਰ ਦੇ ਵਿੱਚੋਂ ਵਿੱਚ ਹੋ ਕੇ ਜੀ ਟੀ ਰੋਡ 'ਤੇ ਪਹੁੰਚਿਆ, ਜਿੱਥੇ ਪਾਰਟੀ ਦੇ ਸੂਬਾਈ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਸਾਥੀ ਰਮੇਸ਼ ਰਤਨ ਨੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕੀਤਾ ਅਤੇ ਪਾਰਟੀ ਦੇ 25ਵੇਂ ਮਹਾਂ ਸੰਮੇਲਨ ਦੀ ਅਹਿਮੀਅਤ ਬਾਰੇ ਵੀ ਜਾਣਕਾਰੀ ਦਿੱਤੀ। ਸਾਥੀਆਂ ਨੇ ਝੰਡਿਆਂ ਅਤੇ ਫਲੈਕਸ ਬੋਰਡਾਂ ਦੇ ਨਾਲ ਨਗਰ ਨੂੰ ਸਜਾਇਆ ਹੋਇਆ ਸੀ । ਇੱਥੇ ਹਾਜ਼ਰ ਸਾਥੀਆਂ ਵਿੱਚ ਦਰਬਾਰਾ ਸਿੰਘ, ਸਵਰਨ ਸਿੰਘ ਮਣਕੂ, ਕਿਸਾਨ ਆਗੂ ਜਸਵੀਰ ਝੱਜ, ਆਸ਼ਾ ਵਰਕਰ ਯੂਨੀਅਨ ਦੀਆਂ ਆਗੂ ਬੀਬੀਆਂ ਅਤੇ ਵੱਡੀ ਗਿਣਤੀ ਵਿੱਚ ਏਟਕ ਦੇ ਸਾਥੀ ਵੀ ਹਾਜ਼ਰ ਸਨ। ਦੁਪਹਿਰ ਪੌਣੇ 12 ਵਜੇ ਇਹ ਜੱਥਾ ਪਾਇਲ ਦੇ ਰਸਤੇ ਪਿੰਡਾਂ ਵਿੱਚੋਂ ਹੁੰਦਾ ਹੋਇਆ ਮਲੌਦ ਪਹੁੰਚਿਆ, ਜਿੱਥੇ ਬਲਾਕ ਸਕੱਤਰ ਕਾਮਰੇਡ ਭਗਵਾਨ ਸਿੰਘ ਸੋਮਲ ਖੇੜੀ ਅਤੇ ਗੁਰਮੇਲ ਸਿੰਘ ਮੇਲੀ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਆਗੂ ਅਤੇ ਕਾਰਕੁੰਨ ਸਵਾਗਤ ਕਰਨ ਲਈ ਖੜੇ ਸਨ। ਮਲੌਦ ਵਿਖੇ ਇੱਕ ਵਿਸ਼ਾਲ ਜਨਤਕ ਸਮਾਗਮ ਕੀਤਾ ਗਿਆ, ਜਿਸ ਨੂੰ ਪ੍ਰਮੁੱਖ ਤੌਰ 'ਤੇ ਸੀ ਪੀ ਆਈ ਦੇ ਕੌਮੀ ਸਕੱਤਰੇਤ ਦੇ ਮੈਂਬਰ ਕਾਮਰੇਡ ਅਮਰਜੀਤ ਕੌਰ ਨੇ ਸੰਬੋਧਨ ਕੀਤਾ। ਉਹਨਾਂ ਦੱਸਿਆ ਕਿ ਅੱਜ ਦੇਸ਼ ਦੇ ਮਿਹਨਤਕਸ਼ ਅਵਾਮ ਦੇ ਸਾਹਮਣੇ ਬਹੁਤ ਵੱਡੀਆਂ-ਵੱਡੀਆਂ ਚੁਣੌਤੀਆਂ ਖੜ੍ਹੀਆਂ ਹਨ, ਜਿਨ੍ਹਾਂ ਵਿੱਚੋਂ ਕੁਝ ਸਿਹਤ, ਸਿੱਖਿਆ ਰੁਜ਼ਗਾਰ ਅਤੇ ਮਹਿੰਗਾਈ ਦੀਆਂ ਸਮੱਸਿਆਵਾਂ ਹਨ। ਦੇਸ਼ ਦਾ ਜੋ ਧਰਮ ਨਿਰਪੱਖ ਤੇ ਜਮਹੂਰੀ ਢਾਂਚਾ ਹੈ, ਉਸ ਨੂੰ ਤਹਿਸ-ਨਹਿਸ ਕਰਨ ਦੀ ਮੋਦੀ ਸਰਕਾਰ ਵੱਲੋਂ ਪੂਰੀਆਂ ਕੁਚਾਲਾਂ ਚੱਲੀਆਂ ਜਾ ਰਹੀਆਂ ਹਨ। ਘੱਟ ਗਿਣਤੀਆਂ ਤੇ ਕੋਈ ਨਾ ਕੋਈ ਫਰਜ਼ੀ ਕਾਰਨ ਬਣਾ ਕੇ ਹਮਲੇ ਕੀਤੇ ਜਾ ਰਹੇ ਹਨ, ਔਰਤਾਂ ਦੇ ਅਧਿਕਾਰਾਂ ਦਾ ਘਾਣ ਕੀਤਾ ਜਾ ਰਿਹਾ ਹੈ, ਦਲਿਤਾਂ ਦੇ ਉੱਪਰ ਵੀ ਅਖੌਤੀ ਉੱਚ ਜਾਤੀਆਂ ਵੱਲੋਂ ਹਮਲੇ ਵਧ ਗਏ ਹਨ। ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਸਾਰੀਆਂ ਸੰਵਿਧਾਨਕ ਸੰਸਥਾਵਾਂ, ਇੱਥੋਂ ਤੱਕ ਕਿ ਨਿਆਂ ਪਾਲਿਕਾ ਅਤੇ ਚੋਣ ਕਮਿਸ਼ਨ ਵੀ ਇਸ ਸਰਕਾਰੀ ਦਬਾਅ ਤੋਂ ਬਾਹਰ ਨਹੀਂ ਰਹੇ। ਇਸ ਲਈ ਕਮਿਊਨਿਸਟ ਪਾਰਟੀ ਦੇ ਸਾਹਮਣੇ ਸੰਵਿਧਾਨ ਦੀ ਰਾਖੀ ਅਤੇ ਲੋਕਾਂ ਦੇ ਹੱਕਾਂ ਦੀ ਰਾਖੀ ਕਰਨ ਲਈ ਬਹੁਤ ਵੱਡਾ ਕੰਮ ਸਾਹਮਣੇ ਖੜਾ ਹੈ। ਆਉਣ ਵਾਲੇ ਮਹਾਂ ਸੰਮੇਲਨ ਵਿੱਚ ਇਹਨਾਂ ਬਾਰੇ ਚਰਚਾ ਵੀ ਹੋਏਗੀ ਤੇ ਇਹਨਾਂ ਦੇ ਹੱਲ ਕਰਨ ਦੇ ਲਈ ਦਿਸ਼ਾ ਵੀ ਨਿਰਧਾਰਿਤ ਕੀਤੀ ਜਾਏਗੀ। ਸਿਹਤ ਠੀਕ ਨਾ ਹੋਣ ਦੇ ਬਾਵਜੂਦ ਰਾਮਗੜ੍ਹ ਸਰਦਾਰਾਂ ਤੋਂ ਪਾਰਟੀ ਦੇ ਆਗੂ ਅਤੇ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਪ੍ਰਿੰਸੀਪਲ ਜਗਜੀਤ ਸਿੰਘ ਨੇ ਇਸ ਸਮਾਗਮ ਨੂੰ ਕਾਮਯਾਬ ਕਰਨ ਲਈ ਆਪਣਾ ਪੂਰਾ ਯੋਗਦਾਨ ਪਾਇਆ। ਇਸ ਮੌਕੇ ਸਿਆੜ ਤੋਂ ਸਾਬਕਾ ਸਰਪੰਚ ਸਾਧੂ ਸਿੰਘ, ਸੌਦਾਗਰ ਸਿੰਘ ਸਹਾਰਨ ਮਾਜਰਾ, ਲਾਭ ਸਿੰਘ ਬੇਰ ਕਲਾਂ, ਹਰਬੰਸ ਸਿੰਘ ਰਬੋਂ ਉੱਚੀ, ਕੁਲਵੰਤ ਸਿੰਘ ਪੰਧੇਰ ਖੇੜੀ, ਨਛੱਤਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਔਰਤਾਂ ਅਤੇ ਨੌਜਵਾਨ ਇਸ ਵਿੱਚ ਸ਼ਾਮਲ ਸਨ। ਮਲੌਦ ਕਸਬੇ ਨੂੰ ਫਲੈਕਸ ਬੋਰਡ ਅਤੇ ਝੰਡਿਆਂ ਨਾਲ ਸਜਾਇਆ ਹੋਇਆ ਸੀ ।ਇੱਥੇ ਕਾਮਯਾਬ ਜਨਤਕ ਸਮਾਗਮ ਕਰਨ ਤੋਂ ਬਾਅਦ ਇਹ ਜੱਥਾ ਡੇਹਲੋਂ ਦੇ ਰਾਹੀਂ ਪਿੰਡਾਂ ਵਿੱਚੋਂ ਹੁੰਦਾ ਹੋਇਆ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੱਦੀ ਪਿੰਡ ਸਰਾਭਾ ਪਹੁੰਚਿਆ ਅਤੇ ਉਥੇ ਸ਼ਹੀਦ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਅਰਪਣ ਕਰਨ ਤੋਂ ਬਾਅਦ ਸਮਾਪਤੀ ਰੈਲੀ ਕੀਤੀ ਗਈ। ਮੋਗਾ ਜ਼ਿਲ੍ਹੇ ਦੇ ਸਕੱਤਰ ਸੂਬਾ ਪਾਰਟੀ ਦੇ ਕਾਰਜਕਾਰਨੀ ਮੈਂਬਰ ਸਾਥੀ ਕੁਲਦੀਪ ਭੋਲਾ ਨੇ ਹਾਜ਼ਰ ਸਾਥੀਆਂ ਨੂੰ ਸੰਬੋਧਨ ਕੀਤਾ। ਪਾਰਟੀ ਦੇ ਜ਼ਿਲ੍ਹਾ ਸਹਾਇਕ ਸਕੱਤਰ ਅਤੇ ਕੁਲ ਹਿੰਦ ਕਿਸਾਨ ਸਭਾ 1936 ਦੇ ਜ਼ਿਲ੍ਹੇ ਦੇ ਜਨਰਲ ਸਕੱਤਰ ਚਮਕੌਰ ਸਿੰਘ ਬਰਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਕਿਸਾਨ ਮਾਰੂ ਲੈਂਡ ਪੂਲਿੰਗ ਨੀਤੀ ਨੂੰ ਵਾਪਸ ਕਰਾਉਣ ਲਈ ਜਿੱਤ ਪ੍ਰਾਪਤ ਕਰਨ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦਾ ਬਹੁਤ ਸਹਿਯੋਗ ਰਿਹਾ ਹੈ। ਪਾਰਟੀ ਦੇ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਅਤੇ ਸਾਬਕਾ ਖੇਤੀਬਾੜੀ ਅਫਸਰ ਡਾਕਟਰ ਰਜਿੰਦਰ ਪਾਲ ਸਿੰਘ ਔਲਖ ਨੇ ਕਿਹਾ ਹੈ ਕਿ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਖੇਤੀਬਾੜੀ ਨਾਲ ਸੰਬੰਧਤ ਇੱਕ ਸੈਮੀਨਾਰ ਆਉਣ ਵਾਲੀ 7 ਸਤੰਬਰ ਨੂੰ ਮੁੱਲਾਂਪੁਰ ਵਿੱਚ ਕੀਤਾ ਜਾ ਰਿਹਾ ਹੈ, ਜਿਸ ਵਿੱਚ ਉੱਘੇ ਖੇਤੀਬਾੜੀ ਮਾਹਿਰ ਸ੍ਰੀ ਦਵਿੰਦਰ ਸ਼ਰਮਾ ਕਿਸਾਨੀ ਨੂੰ ਦਰਪੇਸ਼ ਮਸਲਿਆਂ ਅਤੇ ਇਸ ਦੇ ਸਰਬਪੱਖੀ ਵਿਕਾਸ ਬਾਰੇ ਵਿਚਾਰ ਚਰਚਾ ਕਰਨਗੇ। ਉਹਨਾਂ ਤੋਂ ਇਲਾਵਾ ਡਾਕਟਰ ਅਰੁਣ ਮਿੱਤਰਾ, ਐੱਮ ਐੱਸ ਭਾਟੀਆ, ਨਰੇਸ਼ ਗੌੜ, ਕੇਵਲ ਸਿੰਘ ਬਨਵੈਤ, ਬਲਬੀਰ ਸਿੰਘ ਮਾਨ, ਭਗਵਾਨ ਸਿੰਘ ਸੋਮਲਖੇੜੀ, ਗੁਰਮੇਲ ਸਿੰਘ ਮੇਲੀ ਅਤੇ ਹੋਰ ਆਗੂ ਸਾਥੀਆਂ ਨੇ ਸੰਬੋਧਨ ਕੀਤਾ।ਜੱਥੇ ਦੀ ਸਮਾਪਤੀ ਦਾ ਐਲਾਨ ਕਰਦੇ ਹੋਏ ਜ਼ਿਲ੍ਹਾ ਸਕੱਤਰ ਸਾਥੀ ਡੀ ਪੀ ਮੌੜ ਨੇ ਕਿਹਾ ਕਿ 21 ਸਤੰਬਰ ਦੀ ਮੋਹਾਲੀ ਰੈਲੀ ਵਿੱਚ ਲੁਧਿਆਣਾ ਜ਼ਿਲ੍ਹੇ ਵਿੱਚੋਂ 20 ਬੱਸਾਂ ਦਾ ਇੱਕ ਵੱਡਾ ਕਾਫਲਾ ਸ਼ਾਮਲ ਹੋਵੇਗਾ।

### ਕੇਂਦਰ ਪੰਜਾਬ ਦੇ ਰੋਕੇ ...

ਵਾਢੀ ਤੋਂ ਕੁਝ ਹਫਤੇ ਪਹਿਲਾਂ ਫਸਲਾਂ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਉਨ੍ਹਾ ਕਿਹਾ, 'ਇਸ ਤੋਂ ਇਲਾਵਾ ਪਸ਼ੂਆਂ ਦਾ ਵੀ ਵਿਆਪਕ ਨੁਕਸਾਨ ਹੋਇਆ ਹੈ, ਜਿਸ ਦਾ ਪੇਂਡੂ ਪਰਵਾਰਾਂ 'ਤੇ ਗੰਭੀਰ ਅਸਰ ਪੈ ਰਿਹਾ ਹੈ, ਜਿਨ੍ਹਾਂ ਦੀ ਰੋਜ਼ੀ-ਰੋਟੀ ਡੇਅਰੀ ਤੇ ਪਸ਼ੂ ਪਾਲਣ 'ਤੇ ਬਹੁਤ ਜ਼ਿਆਦਾ ਨਿਰਭਰ ਹੈ।'

ਮਾਨ ਨੇ ਕਿਹਾ ਕਿ ਵਸਤਾਂ ਅਤੇ ਸੇਵਾਵਾਂ ਟੈਕਸ (ਜੀ ਐੱਸ ਟੀ) ਲਾਗੂ ਕਰਨ ਅਤੇ ਵੈਟ ਪ੍ਰਣਾਲੀ ਤੋਂ ਤਬਦੀਲੀ ਕਾਰਨ ਮਾਲੀਏ ਦਾ ਅਨੁਮਾਨਤ ਸਥਾਈ ਨੁਕਸਾਨ 49,727 ਕਰੋੜ ਰੁਪਏ ਹੈ, ਜਿਸ ਲਈ ਭਾਰਤ ਸਰਕਾਰ ਵੱਲੋਂ ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ। ਉਨ੍ਹਾ ਲਿਖਿਆ ਹੈ, 'ਪਿਛਲੇ ਕੁਝ ਸਾਲਾਂ ਵਿੱਚ ਆਰ ਡੀ ਐੱਫ (ਪੇਂਡੂ ਵਿਕਾਸ ਫੰਡ) ਅਤੇ ਐੱਮ ਡੀ ਐੱਫ (ਮੰਡੀ ਵਿਕਾਸ ਫੰਡ) ਵਿੱਚ ਕਟੌਤੀ ਕਾਰਨ ਘਾਟਾ 8,000 ਕਰੋੜ ਰੁਪਏ ਤੋਂ ਵੱਧ ਹੋ ਗਿਆ ਹੈ।' ਮਾਨ ਨੇ ਇਹ ਵੀ ਦੱਸਿਆ ਕਿ ਕੇਂਦਰ ਨੇ ਹਾਲ ਹੀ ਵਿੱਚ ਪੰਜਾਬ ਵਿੱਚ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਪ੍ਰੋਜੈਕਟਾਂ ਨੂੰ ਰੱਦ ਕਰ ਦਿੱਤਾ ਹੈ, ਜਿਸ ਦੀ ਰਕਮ 828 ਕਰੋੜ ਰੁਪਏ ਹੈ। ਇਸ ਨਾਲ ਰਾਜ ਦੇ ਪੇਂਡੂ ਸੰਪਰਕ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ, 'ਪੰਜਾਬ ਹੜ੍ਹਾਂ ਕਾਰਨ ਮੁਸ਼ਕਲ ਸਮੇਂ ਦਾ ਸਾਹਮਣਾ ਕਰ ਰਿਹਾ ਹੈ। ਤੁਹਾਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤ ਸਰਕਾਰ ਕੋਲ ਫਸੇ ਪੰਜਾਬ ਦੇ 60,000 ਕਰੋੜ ਰੁਪਏ ਦੇ ਸਾਰੇ ਫੰਡ ਜਾਰੀ ਕੀਤੇ ਜਾਣ।' ਮਾਨ ਨੇ ਕਿਹਾ ਕਿ ਸਟੇਟ ਡਿਜ਼ਾਸਟਰ ਰਿਸਪਾਂਸ ਫੰਡ ਵਿੱਚ ਲੋੜੀਂਦੇ ਫੰਡ ਉਪਲੱਬਧ ਹੋਣ ਦੇ ਬਾਵਜੂਦ ਗ੍ਰਹਿ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਨਿਰਧਾਰਤ ਮੌਜੂਦਾ ਨਿਯਮ ਕਿਸਾਨਾਂ, ਪਸ਼ੂ ਪਾਲਕਾਂ ਅਤੇ ਕਮਜ਼ੋਰ ਭਾਈਚਾਰਿਆਂ ਨੂੰ ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਕਰਨ ਲਈ ਪੂਰੀ ਤਰ੍ਹਾਂ ਨਾਕਾਫੀ ਹਨ। ਉਨ੍ਹਾ ਕਿਹਾ ਕਿ ਕਿਸਾਨਾਂ ਨੂੰ ਹੋਏ ਅਸਲ ਨੁਕਸਾਨ ਦੇ ਮੁਕਾਬਲੇ ਸੂਚਿਤ ਮਾਪਦੰਡ ਅਸਲੀਅਤ ਤੋਂ ਕੋਹਾਂ ਦੂਰ ਹਨ।' ਮਾਨ ਨੇ ਇਕ ਮਿਸਾਲ ਦਿੰਦਿਆਂ ਕਿਹਾ ਕਿ ਲਾਗਤ ਸਬਸਿਡੀ, ਜਿੱਥੇ ਫਸਲ ਦਾ ਨੁਕਸਾਨ 33 ਫੀਸਦੀ ਅਤੇ ਇਸ ਤੋਂ ਵੱਧ ਹੈ, ਪ੍ਰਤੀ ਹੈਕਟੇਅਰ 17,000 ਰੁਪਏ ਨਿਰਧਾਰਤ ਕੀਤੀ ਗਈ ਹੈ, ਜਿਸ ਦਾ ਮਤਲਬ ਹੈ 6800 ਰੁਪਏ ਪ੍ਰਤੀ ਏਕੜ। ਉਨ੍ਹਾ ਕਿਹਾ ਕਿ ਏਨੀ ਛੋਟੀ ਰਕਮ ਦਾ ਭੁਗਤਾਨ ਕਿਸਾਨਾਂ ਨਾਲ ਕੋਝਾ ਮਜ਼ਾਕ ਹੋਵੇਗਾ। ਇਸ ਲਈ ਰਾਜ ਸਰਕਾਰ ਪ੍ਰਤੀ ਏਕੜ 8200 ਰੁਪਏ ਵਾਧੂ ਯੋਗਦਾਨ ਪਾਉਂਦੀ ਹੈ ਅਤੇ ਕਿਸਾਨਾਂ ਨੂੰ ਪ੍ਰਤੀ ਏਕੜ 15,000 ਰੁਪਏ ਅਦਾ ਕਰਦੀ ਹੈ।

ਮਾਨ ਨੇ ਲਿਖਿਆ ਹੈ, 'ਕਿਉਂਕਿ ਫਸਲਾਂ ਲਗਭਗ ਵਾਢੀ ਦੇ ਪੜਾਅ 'ਤੇ ਸਨ, ਮੈਨੂੰ ਲੱਗਦਾ ਹੈ ਕਿ ਕਿਸਾਨਾਂ ਨੂੰ ਘੱਟੋ-ਘੱਟ 50,000 ਰੁਪਏ ਪ੍ਰਤੀ ਏਕੜ ਦਾ ਭੁਗਤਾਨ ਕੀਤਾ ਜਾਣਾ ਚਾਹੀਦਾ ਹੈ। ਇਸ ਲਈ ਮੈਂ ਤੁਹਾਨੂੰ ਐੱਸ ਡੀ ਆਰ ਐੱਫ ਦੇ ਮੁਆਵਜ਼ੇ ਦੇ ਨਿਯਮਾਂ ਨੂੰ ਸੋਧਣ ਦੀ ਬੇਨਤੀ ਕਰਦਾ ਹਾਂ। ਇਹ ਕਹਿਣ ਦੀ ਲੋੜ ਨਹੀਂ ਕਿ ਰਾਜ ਸਰਕਾਰ ਐੱਸ ਡੀ ਆਰ ਐੱਫ ਦੀ ਯੋਜਨਾ ਅਨੁਸਾਰ 25 ਪ੍ਰਤੀਸ਼ਤ ਦਾ ਯੋਗਦਾਨ ਪਾਉਂਦੀ ਰਹੇਗੀ।'

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

1 Sep Page 3.qxd 8/31/2025 10:09 PM Page 1



## ਕਟਾਰੂਚੱਕ ਤੇ ਪ੍ਰਸ਼ਾਸਨ ਦੀਆਂ ਟੀਮਾਂ ਨੇ ਦਰਜਨਾਂ ਹੜ੍ਹ ਪ੍ਰਭਾਵਿਤ ਪਿੰਡਾਂ 'ਚ ਰਾਹਤ ਸਮੱਗਰੀ ਵੰਡੀ

**ਪਠਾਨਕੋਟ (ਦਵਿੰਦਰ ਸਿੰਘ)**- ਜ਼ਿਲ੍ਹਾ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਦੇ ਜੋ ਵੀ ਖੇਤਰ ਹੜ੍ਹ ਪ੍ਰਭਾਵਿਤ ਹਨ ਉਨ੍ਹਾਂ ਖੇਤਰਾਂ ਅੰਦਰ ਰਾਹਤ ਸਮੱਗਰੀ ਦਾ ਕਾਰਜ ਲਗਾਤਾਰ ਜਾਰੀ ਹੈ ਅਤੇ ਆਮ ਆਦਮੀ ਪਾਰਟੀ ਦੇ ਕਾਰਜਕਰਤਾਵਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਪਿੰਡ ਪਿੰਡ ਪਹੁੰਚ ਕਰਕੇ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾ ਰਹੀ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਬਮਿਆਲ ਖੇਤਰ ਦੇ ਪਿੰਡ ਜੈਦਪੁਰ ਖੁਦਾਈਪੁਰ ਵਿਖੇ ਰਾਹਤ ਸਮੱਗਰੀ ਵੰਡਣ ਮਗਰੋਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਕਟਾਰੂਚੱਕ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਮੁਨੀਸ਼ ਗੁਪਤਾ ਸਰਪੰਚ ਬਮਿਆਲ, ਮੁਨੀਸ਼ ਕੁਮਾਰ ਸਰਪੰਚ ਜੈਦਪੁਰ ਖੁਦਾਈਪੁਰ, ਕਮਲਜੀਤ ਮਾਨ, ਸਿਮਰਨਜੀਤ ਸਿੰਘ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਜਾਣਕਾਰੀ ਦਿੰਦਿਆਂ ਕਟਾਰੂਚੱਕ ਨੇ ਕਿਹਾ ਕਿ ਪਿਛਲੇ ਦਿਨ੍ਹਾਂ ਦੌਰਾਨ ਵਿਧਾਨ ਸਭਾ ਹਲਕਾ ਭੋਆ ਦੇ ਜ਼ਿਆਦਾਤਰ ਖੇਤਰ ਹੜ੍ਹਾਂ ਦੀ ਮਾਰ ਹੇਠ ਆਏ ਹਨ ਅਤੇ ਇੱਕ ਸੰਘਰਸ਼ ਕਰਨ ਮਗਰੋਂ ਅਸੀਂ ਲੋਕਾਂ ਨੂੰ ਸੁਰੱਖਿਅਤ ਸਥਾਨਾਂ ਤੇ ਕੱਢ ਸਕੇ।ਹੁਣ ਦੂਸਰੇ ਪੜਾਓ ਵਿੱਚ ਖੇਤਰ ਦੇ ਜੋ ਵੀ ਇਲਾਕੇ ਹੜ੍ਹਾਂ ਨਾਲ ਪ੍ਰਭਾਵਿੱਤ ਹੋਏ ਹਨ ਉਨ੍ਹਾਂ ਪਿੰਡਾਂ ਵਿੱਚ ਪਹੁੰਚ ਕਰਕੇ ਰਾਹਤ ਸਮੱਗਰੀ ਵੰਡੀ ਜਾ ਰਹੀ ਹੈ ਪਸ਼ੂਆਂ ਦੇ ਲਈ ਚਾਰੇ ਦੀ ਵੰਡ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਚੱਟਾਨ ਵਾਂਗ ਖੜੀ ਹੈ।



## 'ਸਰਵਾਈਵਲ ਆਫ਼ ਦਿ ਸਮਾਰਟੈਸਟ' ਵਿਸ਼ੇ 'ਤੇ ਪ੍ਰਭਾਵਸ਼ਾਲੀ ਲੈਕਚਰ ਕਰਵਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਫ਼ਾਰ ਵੂਮੈਨ ਵਿਖੇ 'ਸਰਵਾਈਵਲ ਆਫ਼ ਦ ਸਮਾਰਟੈਸਟ-ਦਿ ਡਿਜੀਟਲ ਡਾਈਟੀਸ਼ਨ ਰਿਵੋਲੂਸ਼ਨ' ਵਿਸ਼ੇ 'ਤੇ ਲੈਕਚਰ ਕਰਵਾਇਆ ਗਿਆ।ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਦੁਆਰਾ ਜਾਰੀ ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਭਾਸ਼ਣ ਮੌਕੇ ਨਾਮਵਰ ਡਾਈਟੀਸ਼ਨ ਨਜ਼ਨੀਨ ਹੁਸੈਨ (ਫਾਊਂਡਰ-ਡਾਇਰੈਕਟਰ, ਫ੍ਰੀਡਮ ਵੈੱਲਨੈੱਸ ਮੈਨੇਜਮੈਂਟ ਐੱਫ. ਐੱਸ. ਐੱਸ. ਏ. ਆਈ. ਨੈਟਪ੍ਰੋਫੈਨ- ਮਹਾਰਾਸ਼ਟਰ) ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਇਸ ਸਬੰਧੀ ਡਾ. ਸੁਰਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਲੈਕਚਰ ਦਾ ਉਦੇਸ਼ ਆਧੁਨਿਕ ਡਾਈਟੈਟਿਕਸ 'ਚ ਤਕਨੀਕ ਦੀ ਭੂਮਿਕਾ ਦੀ ਵਿਆਖਿਆ ਕਰਨਾ ਸੀ ਅਤੇ ਇਸ ਸਮਾਰੋਹ ਨੂੰ ਨਿਊਟ੍ਰਿਸ਼ਨ ਅਤੇ ਡਾਈਟੈਟਿਕਸ ਵਿਭਾਗ ਅਤੇ ਸਾਇੰਸ ਵਿਭਾਗ ਵੱਲੋਂ ਮੁੱਖੀ ਡਾ. ਮਨਬੀਰ ਕੌਰ ਦੀ ਨਿਗਰਾਨੀ ਹੇਠ ਕਰਵਾਇਆ ਗਿਆ।ਇਸ ਮੌਕੇ ਹੁਸੈਨ ਨੇ ਆਧੁਨਿਕ ਪੋਸ਼ਣ ਯੋਜਨਾਬੰਦੀ ਅਤੇ ਮਰੀਜ਼ ਕੇਂਦਰਿਤ ਸੇਵਾਵਾਂ 'ਚ ਡਿਜੀਟਲ ਉਪਕਰਨਾਂ ਦੀ ਵੱਧ ਰਹੀ ਭੂਮਿਕਾ ਬਾਰੇ ਵਿਚਾਰ ਸਾਂਝੇ ਕੀਤੇ।ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਕਰਵਾਏ ਗਏ ਉਕਤ ਲੈਕਚਰ ਸਬੰਧੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪੋਸ਼ਣ, ਸਿਹਤ ਸੇਵਾਵਾਂ ਅਤੇ ਡਿਜੀਟਲ ਨਵੀਨਤਾ ਦੇ ਮਿਲਾਪ ਬਾਰੇ ਮਹੱਤਵਪੂਰਨ ਪਹਿਲੂਆਂ 'ਤੇ ਚਾਨਣਾ ਪਾਇਆ ਗਿਆ।

## ਰਾਜ ਸਭਾ ਮੈਂਬਰ ਰਾਘਵ ਚੱਢਾ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ

**ਗੁਰਦਾਸਪੁਰ (ਜਨਕ ਮਹਾਜਨ)**- ਰਾਜ ਸਭਾ ਮੈਂਬਰ ਰਾਘਵ ਚੱਢਾ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਦੀਨਾਨਗਰ ਤੇ ਗੁਰਦਾਸਪੁਰ ਵਿਧਾਨ ਸਭਾ ਹਲਕਿਆਂ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਰਾਹਤ ਤੇ ਬਚਾਅ ਕਾਰਜਾਂ ਦਾ ਜਾਇਜ਼ਾ ਲੈਣ ਦੇ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਰਾਹਤ ਸਮੱਗਰੀ ਤੇ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਅਤੇ ਉਨ੍ਹਾਂ ਦਾ ਹਾਲ ਜਾਣਿਆ। ਉਨ੍ਹਾਂ ਕਿਹਾ ਕਿ ਮੈਂ ਸਥਿਤੀ ਦਾ ਜਾਇਜ਼ਾ ਲੈਣ ਅਤੇ ਪੰਜਾਬ ਦੇ ਲੋਕਾਂ ਨੂੰ ਜੋ ਵੀ ਸਹਾਇਤਾ ਮਿਲ ਸਕਦੀ ਹੈ, ਦੇਣ ਲਈ ਗੁਰਦਾਸਪੁਰ ਅਤੇ ਦੀਨਾਨਗਰ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸੰਕਟ ਦੀ ਇਸ ਘੜੀ ਵਿਚ ਪੰਜਾਬ ਸਰਕਾਰ ਸਮੇਤ ਉਹ ਪ੍ਰਭਾਵਿਤ ਲੋਕਾਂ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਹੜ੍ਹਾਂ ਦੀ ਮਾਰ ਦੇ ਮਾਰੇ ਲੋਕਾਂ ਨੂੰ ਮੁੜ ਪੈਰਾਂ ਸਿਰ ਕਰਨ ਲਈ ਉਨ੍ਹਾਂ ਦਾ ਪੁਨਰਵਾਸ ਕੀਤਾ ਜਾਵੇਗਾ ਅਤੇ ਕਮਜ਼ੋਰ ਖੇਤਰਾਂ ਵਿੱਚ ਹੜ੍ਹ ਸੁਰੱਖਿਆ ਉਪਾਵਾਂ ਦੀ ਤਿਆਰੀ ਅਤੇ ਪ੍ਰਭਾਵਿਤ ਪਿੰਡਾਂ ਵਿੱਚ ਰਾਹਤ ਕਾਰਜਾਂ ਲਈ ਉਹ ਆਪਣੇ ਐੱਮਪੀਲੈਡ ਫੰਡ ਵਿੱਚੋਂ ਵੀ ਵੱਧ ਤੋਂ ਵੱਧ ਯੋਗਦਾਨ ਪਾਉਣਗੇ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਦੀਨਾਨਗਰ ਤੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸਡੀਐੱਮ ਦੀਨਾਨਗਰ ਜਸਪਿੰਦਰ ਸਿੰਘ ਭੁੱਲਰ ਤੋਂ ਇਲਾਵਾ ਹੋਰ ਅਧਿਕਾਰੀ ਤੇ ਆਗੂ ਹਾਜ਼ਰ ਸਨ।



## ਚੀਫ਼ ਖ਼ਾਲਸਾ ਦੀਵਾਨ ਦੇ ਸਕੂਲ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਮਦਦ ਲਈ ਡਟੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਅਧੀਨ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਨਾਲ ਲੱਗਦੇ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਆਪਣੀ ਹਿੰਮਤ, ਸੇਵਾ ਅਤੇ ਸਾਂਝ ਸਮਰਪਿਤ ਕਰਕੇ ਹੜ੍ਹ ਪੀੜਤਾਂ ਦੀ ਮਦਦ ਲਈ ਮੈਦਾਨ ਵਿਚ ਉਤਰੇ ਅਤੇ ਇਸਨੂੰ ਆਪਣੀ ਨਿੱਜੀ ਜ਼ਿੰਮੇਵਾਰੀ ਮੰਨਦਿਆਂ ਲੋਕਾਂ ਨੂੰ ਖਾਣੇ ਦੇ ਪੈਕੇਟ, ਦਵਾਈਆਂ, ਕੱਪੜੇ, ਪਸ਼ੂਆਂ ਲਈ ਚਾਰਾ ਅਤੇ ਹੋਰ ਬੁਨਿਆਦੀ ਲੋੜਾਂ ਦੀਆਂ ਵਸਤਾਂ ਵੰਡੀਆਂ ਗਈਆਂ ਅਤੇ ਬਚਾਅ ਕਾਰਜਾਂ ਵਿਚ ਵੀ ਸਹਿਯੋਗ ਦਿੱਤਾ ਗਿਆ। ਇਸ ਮੌਕੇ ਸਕੂਲਾਂ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਪਰਿਵਾਰਾਂ ਨੂੰ ਤੁਰੰਤ ਮਦਦ ਲਈ ਆਪਣੀਆਂ ਲੋੜਾਂ ਸੰਬੰਧੀ ਨੇੜਲੇ ਸੀ.ਕੇ.ਡੀ ਸਕੂਲ ਨੰਬਰਾਂ ਤੇ ਸੰਪਰਕ ਕਰਨ ਲਈ ਕਿਹਾ ਗਿਆ।ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਹੜ੍ਹਾਂ ਕਾਰਨ ਘਰ ਬੇਘਰ ਹੋਏ ਪਰਿਵਾਰਾਂ ਦੀ ਅੱਖਾਂ ਵਿਚ ਮਜਬੂਰੀਆਂ ਅਤੇ ਦਰਦ ਦੇਖਣਾ ਬਹੁਤ ਦੁੱਖਦਾਈ ਹੈ।ਇਹ ਸਮਾਂ ਮਨੁੱਖਤਾ ਦੀ ਸੇਵਾ ਕਰਨ ਦਾ ਹੈ।ਉਨ੍ਹਾਂ ਦਾਨੀ ਸੱਜਣਾਂ ਅਤੇ ਸਹਿਯੋਗੀ ਸੰਸਥਾਵਾਂ ਨੂੰ ਇਸ ਸੰਕਟ ਸਮੇਂ ਮਨੁੱਖਤਾ ਭਰੀ ਸੇਵਾ ਵਿਚ ਵੱਧ-ਚੜ੍ਹ ਕੇ ਹਿੱਸਾ ਪਾਉਣ ਦੀ ਅਪੀਲ ਕੀਤੀ।ਉਨ੍ਹਾਂ ਨੇ ਐਲਾਨ ਕੀਤਾ ਕਿ ਦੀਵਾਨ ਵੱਲੋਂ ਰਾਹਤ ਸਮਗਰੀ ਮੁਹਿੰਮ ਅੱਗੋਂ ਵੀ ਇਸੇ ਤਰ੍ਹਾਂ ਜਾਰੀ ਰਹੇਗੀ ।

## ਸੱਤ ਦਿਨਾਂ ਤੋਂ ਧਰਨੇ 'ਤੇ ਬੈਠੀਆਂ ਹਾਂ ਪਰ ਸਰਕਾਰ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕੀ : ਰਜਿੰਦਰ ਪਾਲ ਕੌਰ, ਮਾੜੀਮੇਘਾ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਆਸ਼ਾ ਵਰਕਰਜ਼ ਯੂਨੀਅਨ ਦੀ ਆਗੂ ਬਲਵਿੰਦਰ ਕੌਰ ਨੇ ਦੱਸਿਆ ਕਿ ਆਸ਼ਾ ਵਰਕਰ ਅਤੇ ਫੈਸਿਲੀਟੇਟਰ 25 ਅਗਸਤ ਤੋਂ ਧਰਨੇ 'ਤੇ ਬੈਠੀਆਂ ਹਨ ਪ੍ਰੰਤੂ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕੀ। ਪੰਜਾਬ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਅਤੇ ਪੰਜਾਬ ਇਸਤਰੀ ਸਭਾ ਤਰਨ ਤਾਰਨ ਦੀ ਜਨਰਲ ਸਕੱਤਰ ਰੁਪਿੰਦਰ ਮਾੜੀਮੇਘਾ ਆਸ਼ਾ ਵਰਕਰਾਂ ਦੇ ਧਰਨੇ ਵਿੱਚ ਪਹੁੰਚੀਆਂ ਅਤੇ ਹੱਕੀ ਮੰਗਾਂ ਦੀ ਹਮਾਇਤ ਕੀਤੀ।ਉਨ੍ਹਾਂ ਨੇ ਦੱਸਿਆ ਕਿ ਕਿਵੇਂ ਸਰਕਾਰਾਂ ਸਾਡੇ ਸੰਵਿਧਾਨਕ ਹੱਕਾਂ ਉਤੇ ਡਾਕੇ ਮਾਰ ਰਹੀਆਂ ਹਨ, ਸਾਡਾ ਰੁਜ਼ਗਾਰ ਖੋਹਿਆ ਜਾ ਰਿਹਾ ਹੈ।ਆਗੂਆਂ ਨੇ ਅਸਾਮ ਵਿੱਚ ਹਜ਼ਾਰਾਂ ਏਕੜ ਜ਼ਮੀਨ ਅਡਾਨੀ ਨੂੰ ਦੇ ਕੇ ਜੰਗਲੀ ਲੋਕਾਂ ਨੂੰ ਬੇਘਰ ਕਰਕੇ ਡਿਟੈਂਸ਼ਨ ਸੈਂਟਰਾਂ ਵਿੱਚ ਭੇਜਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਵਰਨਣਯੋਗ ਹੈ ਕਿ ਆਸਾਮ ਕਾਂਡ ਦੇ ਵਿਰੁੱਧ ਵਿਚਾਰ ਚਰਚਾ ਕਰਨ ਲਈ ਦਿੱਲੀ ਦੇ ਪਟੇਲ ਹਾਊਸ ਦੇ ਕੰਸਟੀਚਿਊਸ਼ਨ ਕਲੱਬ ਵਿੱਚ ਇੱਕ ਸਭਾ ਬੁਲਾਈ ਗਈ ਜਿਸ ਵਿੱਚ ਦੇਸ਼ ਦੇ ਬੁੱਧੀਜੀਵੀ ਸ਼ਾਮਿਲ ਹੋਏ।ਇਸ ਵਿੱਚ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੂਮੈਨ ਦੀ ਪ੍ਰਧਾਨ ਡਾਕਟਰ ਸਈਦਾ ਹਮੀਦ ਵੀ ਸ਼ਾਮਿਲ ਸੀ।ਅਚਾਨਕ ਸੈਂਕੜਿਆਂ ਦੀ ਗਿਣਤੀ ਵਿੱਚ ਭਗਵਾਂਧਾਰੀ ਲੋਕ ਉਥੇ ਪਹੁੰਚ ਗਏ ਅਤੇ ਪ੍ਰੋਗਰਾਮ ਨੂੰ ਸਾਬੋਤਜ ਕਰ ਦਿੱਤਾ ।ਸਈਦਾ ਹਮੀਦ ਨਾਲ ਧੱਕਾ ਮੁੱਕੀ ਵੀ ਕੀਤੀ ਗਈ ।ਨਵੀਂ ਜਾਣਕਾਰੀ ਮੁਤਾਬਕ ਡਾ. ਸਈਦਾ ਹਮੀਦ ਉਤੇ ਛੇ ਕੇਸ ਦਰਜ ਕਰ ਦਿੱਤੇ ਗਏ ਹਨ ਜੋ ਕਿ ਅਤੀ ਨਿੰਦਣਯੋਗ ਹੈ।ਸਰਕਾਰ ਸਾਡੇ ਬੋਲਣ ਅਤੇ ਲਿਖਣ ਦੇ ਸੰਵਿਧਾਨਕ ਹੱਕਾਂ ਨੂੰ ਖੋਹ ਰਹੀ ਹੈ।ਕਾਰਪੋਰੇਟਾਂ ਨੂੰ ਫਾਇਦਾ ਪਹੁੰਚਾਉਣ ਲਈ ਆਮ ਲੋਕਾਂ 'ਤੇ ਜ਼ੁਲਮ ਕਰ ਰਹੀ ਹੈ।ਸਰਕਾਰ ਕੋਲੋਂ ਮੰਗ ਕੀਤੀ ਕਿ ਇਸ ਘਟਨਾ ਦੀ ਜਾਂਚ ਕਰਾਵੇ ਅਤੇ ਬੁੱਧੀਜੀਵੀਆਂ ਨੂੰ ਇਨਸਾਫ ਦਿੱਤਾ ਜਾਵੇ।ਧਰਨੇ ਦੀ ਅਗਵਾਈ ਅਮਰਜੀਤ ਮੰਨਣ, ਮਨਦੀਪ ਕੌਰ ਝਬਾਲ, ਰਾਜ ਸ਼ਰਮਾ, ਨੀਲੂ, ਦਵਿੰਦਰ ਕੌਰ, ਪ੍ਰਸੰਨ ਕੌਰ, ਲਖਵਿੰਦਰ ਕੌਰ ਕਰ ਰਹੀਆਂ ਸਨ।



## ਪ੍ਰਤਾਪ ਵਰਲਡ ਸਕੂਲ ਕਰੇਗਾ ਸੀਬੀਐੱਸਈ ਕਲੱਸਟਰ 18ਵੀਂ ਐਥਲੈਟਿਕ ਮੀਟ ਦੀ ਮੇਜ਼ਬਾਨੀ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ 3 ਤੋਂ 5 ਸਤੰਬਰ ਤੱਕ ਸੀਬੀਐੱਸਈ ਕਲੱਸਟਰ 18ਵੀਂ ਐਥਲੈਟਿਕ ਮੀਟ 2025 ਦੀ ਮੇਜ਼ਬਾਨੀ ਕਰਨ ਜਾ ਰਿਹਾ ਹੈ।ਤਿੰਨ ਦਿਨਾਂ ਤੱਕ ਚੱਲਣ ਵਾਲੇ ਇਸ ਆਯੋਜਨ ਵਿੱਚ ਅੰਡਰ-14, ਅੰਡਰ-17 ਅਤੇ ਅੰਡਰ-19 ਵਰਗਾਂ ਵਿੱਚ 20 ਤੋਂ ਵੱਧ ਪ੍ਰਤੀਯੋਗਤਾਵਾਂ ਦਾ ਆਯੋਜਨ ਕੀਤਾ ਜਾਵੇਗਾ।ਵੱਖ-ਵੱਖ ਦੌੜਾਂ, ਰਿਲੇ, ਲੰਬੀ ਛਾਲ, ਉੱਚੀ ਛਾਲ, ਟ੍ਰਿਪਲ ਜੰਪ, ਸ਼ਾਟ ਪੁੱਟ, ਡਿਸਕਸ ਥਰੋ ਅਤੇ ਜੈਵਲਿਨ ਥਰੋ ਵਰਗੀਆਂ ਰੋਮਾਂਚਕ ਅਤੇ ਚੁਣੌਤੀਪੂਰਨ ਪ੍ਰਤੀਯੋਗਤਾਵਾਂ ਕਰਵਾਈਆਂ ਜਾਣਗੀਆਂ।ਇਸ ਮੀਟ ਦਾ ਉਦੇਸ਼ ਸਿਰਫ ਖੇਡ-ਕੁਸ਼ਲਤਾ ਨੂੰ ਪ੍ਰਦਰਸ਼ਿਤ ਕਰਨਾ ਨਹੀਂ, ਬਲਕਿ ਨੌਜਵਾਨਾਂ ਵਿੱਚ ਖੇਡ ਭਾਵਨਾ, ਅਨੁਸ਼ਾਸਨ ਅਤੇ ਵਧੀਆ ਮੁਕਾਬਲੇਬਾਜ਼ੀ ਨੂੰ ਵਧਾਉਣਾ ਹੈ।ਸੰਨੀ ਮਹਾਜਨ ਨਿਰਦੇਸ਼ਕ ਪ੍ਰਤਾਪ ਵਰਲਡ ਸਕੂਲ ਨੇ ਕਿਹਾ ਕਿ ਸਾਡੇ ਲਈ ਇਹ ਬਹੁਤ ਹੀ ਮਾਣ ਦੀ ਗੱਲ ਹੈ ਕਿ ਸਾਨੂੰ ਇੰਨੇ ਵੱਕਾਰੀ ਆਯੋਜਨ ਦੀ ਮੇਜ਼ਬਾਨੀ ਕਰਨ ਦਾ ਮੌਕਾ ਮਿਲ ਰਿਹਾ ਹੈ।ਓਸ਼ਿਨ ਮਹਾਜਨ ਨਿਰਦੇਸ਼ਕ ਪ੍ਰਤਾਪ ਵਰਲਡ ਸਕੂਲ ਨੇ ਕਿਹਾ ਕਿ ਇਹ ਐਥਲੈਟਿਕ ਮੀਟ ਸਿਰਫ ਇੱਕ ਪ੍ਰਤੀਯੋਗਤਾ ਨਹੀਂ, ਬਲਕਿ ਸਮਰਪਣ, ਟੀਮ ਵਰਕ ਅਤੇ ਦ੍ਰਿੜ੍ਹਤਾ ਦਾ ਤਿਉਹਾਰ ਹੈ।ਅਸੀਂ ਨੌਜਵਾਨ ਐਥਲੀਟਾਂ ਦਾ ਸਵਾਗਤ ਕਰਨ ਅਤੇ ਉਨ੍ਹਾਂ ਨੂੰ ਜੀਵਨ ਭਰ ਪ੍ਰੇਰਣਾ ਦੇਣ ਵਾਲਾ ਅਨੁਭਵ ਪ੍ਰਦਾਨ ਕਰਨ ਲਈ ਉਤਸੁਕ ਹਾਂ।ਸ਼ੁਭਰਾ ਰਾਣੀ ਪ੍ਰਿੰਸੀਪਲ ਪ੍ਰਤਾਪ ਵਰਲਡ ਸਕੂਲ ਨੇ ਕਿਹਾ ਕਿ ਸਾਡਾ ਸਕੂਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ 'ਚ ਵਿਸ਼ਵਾਸ ਰੱਖਦਾ ਹੈ।ਸੀਬੀਐੱਸਈ ਕਲੱਸਟਰ ਮੀਟ ਦੀ ਮੇਜ਼ਬਾਨੀ ਕਰਨਾ ਸਾਡੇ ਇਸ ਸੰਕਲਪ ਦਾ ਪ੍ਰਮਾਣ ਹੈ ਕਿ ਅਸੀਂ ਸਰੀਰਕ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਵਿਸ਼ਵ ਪੱਧਰੀ ਮੌਕੇ ਪ੍ਰਦਾਨ ਕਰਨ ਲਈ ਪ੍ਰਤੀਬੱਧ ਹਾਂ।



## ਪਿੰਗਲਵਾੜਾ ਨੇ ਲਾਵਾਰਸ ਔਰਤ ਦਾ ਇਲਾਜ ਕਰਵਾ ਕੇ ਉਸਦੇ ਪਤੀ ਨੂੰ ਸੌਂਪਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਬਾਹਰ ਕੁੱਝ ਦਿਨਾਂ ਤੋਂ ਲਾਵਾਰਸ ਹਾਲਤ 'ਚ ਇਕ ਔਰਤ ਘੁੰਮ ਰਹੀ ਸੀ। ਦਾਨੀ ਸੱਜਣਾਂ ਵੱਲੋਂ ਪਿੰਗਲਵਾੜਾ ਸੰਸਥਾ ਨੂੰ ਇਤਲਾਹ ਦਿੱਤੀ ਗਈ। ਪਿੰਗਲਵਾੜਾ ਦੇ ਸੇਵਾਦਾਰ ਇਸ ਨੂੰ ਸੰਸਥਾ ਵਿੱਚ ਲੈ ਕੇ ਆਏ। ਜਦੋਂ ਇਹ ਮਰੀਜ਼ ਸੰਸਥਾ ਵਿੱਚ ਦਾਖਲ ਹੋਈ ਤਾਂ ਇਸ ਨੂੰ ਪਰਿਵਾਰ ਬਾਰੇ ਪੁੱਛ-ਗਿੱਛ ਕੀਤੀ ਗਈ ਪਰ ਇਹ ਹਰ ਗੱਲ ਦਾ ਇਕ ਹੀ ਜਵਾਬ ਰਾਧੇ-ਰਾਧੇ ਬੋਲਦੀ ਸੀ। ਇਸਦਾ ਇਲਾਜ ਅੰਮ੍ਰਿਤਸਰ ਮੈਂਟਲ ਹਸਪਤਾਲ ਵਿੱਚ ਕਰਵਾਇਆ ਗਿਆ। ਇਲਾਜ ਚੱਲਣ ਦੇ 15 ਦਿਨਾਂ ਬਾਅਦ ਇਸਨੇ ਆਪਣੇ ਪਰਿਵਾਰ ਦੇ ਬਾਰੇ ਜਾਣਕਾਰੀ ਦਿੱਤੀ ਜਿਸਦੇ ਬਾਅਦ ਸੰਸਥਾ ਵੱਲੋਂ ਟੈਲੀਫ਼ੋਨ ਰਾਹੀਂ ਇਸਦੇ ਪਰਿਵਾਰ ਨਾਲ ਸੰਪਰਕ ਕੀਤਾ ਗਿਆ। ਇਸ ਦੇ ਪਤੀ ਸੰਜੇ ਸਿੰਘ ਨੇ ਦੱਸਿਆ ਕਿ ਅਸੀਂ ਜਸੀਮਪੁਰ, ਮਥੁਰਾ, ਯੂਪੀ ਦੇ ਰਹਿਣ ਵਾਲੇ ਹਾਂ। ਮੇਰੀ ਪਤਨੀ ਲਲਿਤਾ ਪਿਛਲੇ ਢਾਈ ਮਹੀਨਿਆਂ ਤੋਂ ਘਰ ਤੋਂ ਲਾਪਤਾ ਸੀ। ਸੰਸਥਾ ਵੱਲੋਂ ਤਿੰਨ ਮਹੀਨੇ ਦੀ ਦਵਾਈ ਅਤੇ ਕੁੱਝ ਨਕਦੀ ਦੇ ਕੇ ਮਰੀਜ਼ ਨੂੰ ਸੰਸਥਾ ਵੱਲੋਂ ਇਸਦੇ ਪਤੀ ਨਾਲ ਘਰ ਭੇਜ ਦਿੱਤਾ ਗਿਆ। ਡਾ. ਇੰਦਰਜੀਤ ਕੌਰ ਨੇ ਦੱਸਿਆ ਕਿ ਪਿੰਗਲਵਾੜਾ ਸੰਸਥਾ ਵੱਲੋਂ ਹਰ ਸਾਲ ਤਕਰੀਬਨ 200 ਮਰੀਜ਼ ਠੀਕ ਹੋ ਕੇ ਘਰਾਂ ਨੂੰ ਜਾਂਦੇ ਹਨ। ਇਸ ਮੌਕੇ ਡਾ. ਜਗਦੀਪਕ ਸਿੰਘ ਮੀਤ-ਪ੍ਰਧਾਨ, ਯੋਗੇਸ਼ ਸੂਰੀ ਮੁੱਖ ਪ੍ਰਸ਼ਾਸਕ, ਗੁਲਸ਼ਨ ਰੰਜਨ ਮੈਡੀਕਲ ਸੋਸ਼ਲ ਵਰਕਰ, ਪਰਮਿੰਦਰਜੀਤ ਸਿੰਘ ਭੱਟੀ, ਬੀਬੀ ਸੁਰਿੰਦਰ ਕੌਰ ਭੱਟੀ ਅਤੇ ਬੀਬੀ ਸੁਰਜੀਤ ਕੌਰ ਆਦਿ ਹਾਜ਼ਰ ਸਨ।



## ਪਿੰਡ ਮੁੱਛਲ ਵਿਖੇ ਬਾਬਾ ਸ਼੍ਰੀ ਚੰਦ ਦਾ ਸਾਲਾਨਾ ਜੋੜ ਮੇਲਾ ਅੱਜ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**: ਧੰਨ-ਧੰਨ ਬਾਬਾ ਸ੍ਰੀ ਚੰਦ ਜੀ ਦਾ ਸਾਲਾਨਾ ਜੋੜ ਮੇਲਾ 1 ਸਤੰਬਰ ਨੂੰ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਪਿੰਡ ਮੁੱਛਲ ਵਿਖੇ ਮਨਾਇਆ ਜਾ ਰਿਹਾ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਬਲਦੇਵ ਸਿੰਘ ਮੁੱਛਲ ਨੇ ਦੱਸਿਆ ਕਿ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜਥਾ ਸੁਖਵਿੰਦਰ ਸਿੰਘ ਸਠਿਆਲੇ ਵਾਲੇ ਤੇ ਭਾਈ ਬਲਦੇਵ ਸਿੰਘ ਨਿੱਬਰਵਿੰਡ ਗੁਰੂ ਰੂਹਾਨੀ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਇਸ ਮੌਕੇ ਭਾਈ ਬਲਦੇਵ ਸਿੰਘ, ਹਰਵਿੰਦਰ ਸਿੰਘ, ਬਲਵਿੰਦਰ ਸਿੰਘ, ਜੋਗਿੰਦਰ ਸਿੰਘ, ਬਾਬਾ ਗੁਰਦੇਵ ਸਿੰਘ, ਸੁਖਦੇਵ ਸਿੰਘ, ਜੈਮਲ ਸਿੰਘ, ਅਭੈਜੀਤ ਸਿੰਘ ਅਮਰੀਕਾ, ਵਰਿੰਦਰ ਸਿੰਘ ਯੂ ਕੇ, ਰਾਜਿੰਦਰ ਸਿੰਘ ਨੰਬਰਦਾਰ, ਬਘੇਲ ਸਿੰਘ ਅਤੇ ਕਈ ਹੋਰ ਸੱਜਣ ਹਾਜ਼ਰ ਸਨ।

## ਹੜ੍ਹਾਂ 'ਚ ਫਸੇ ਲੋਕਾਂ ਲਈ ਵਰਦਾਨ ਸਾਬਤ ਹੋਇਆ ਪੰਜਾਬ ਸਰਕਾਰ ਦਾ ਹੈਲੀਕਾਪਟਰ : ਰਜੀਵ ਸ਼ਰਮਾ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਨਵਤਾ ਪੱਖੀ ਪਹੁੰਚ ਅਪਣਾਉਂਦੇ ਹੋਏ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਪਰਿਵਾਰਾਂ ਨੂੰ ਰਾਹਤ ਸਮੱਗਰੀ ਪਹੁੰਚਾਉਣ ਲਈ ਸੂਬਾ ਸਰਕਾਰ ਦੇ ਹੈਲੀਕਾਪਟਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਲਗਾਤਾਰ ਰਾਹਤ ਕਾਰਜ ਚਲਾਏ ਜਾ ਰਹੇ ਹਨ। ਹੜ੍ਹ ਪ੍ਰਭਾਵਿਤ ਖੇਤਰ ਵਿਚ ਹੈਲੀਕਾਪਟਰ ਰਾਹੀਂ ਰਾਹਤ ਸਮੱਗਰੀ ਪਹੁੰਚਾਉਣ ਮੌਕੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਹੈਲੀਕਾਪਟਰ ਹੜ੍ਹਾਂ ਵਿਚ ਫਸੇ ਲੋਕਾਂ ਲਈ ਵੱਡੀ ਰਾਹਤ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਕਈ ਪਿੰਡ ਰਾਵੀ ਤੋਂ ਵੀ ਪਾਰ ਹਨ ਜਿਨ੍ਹਾਂ ਦਾ ਸੰਪਰਕ ਪੂਰੀ ਤਰ੍ਹਾਂ ਨਾਲ ਟੁੱਟ ਚੁੱਕਾ ਹੈ ਅਤੇ ਓਥੇ ਤੱਕ ਕੇਵਲ ਹੈਲੀਕਾਪਟਰ ਰਾਹੀਂ ਹੀ ਪਹੁੰਚ ਹੋ ਸਕਦੀ ਸੀ। ਉਨ੍ਹਾਂ ਕਿਹਾ ਕਿ ਕਈ ਘਰ ਖੇਤਾਂ ਵਿਚ ਵੀ ਹਨ ਜੋ ਕਿ ਪਾਣੀ 'ਚ ਡੁੱਬੇ ਹੋਏ ਹਨ ਅਤੇ ਅਜਿਹੇ ਲੋਕਾਂ ਤੱਕ ਰਾਹਤ ਪਹੁੰਚਾਉਣ ਵਿਚ ਪੰਜਾਬ ਸਰਕਾਰ ਦਾ ਹੈਲੀਕਾਪਟਰ ਵਰਦਾਨ ਸਾਬਤ ਹੋਇਆ ਹੈ। ਉਨ੍ਹਾਂ ਇਨਸਾਨੀਅਤ ਪੱਖੀ ਇਸ ਫੈਸਲੇ ਲਈ ਭਗਵੰਤ ਸਿੰਘ ਮਾਨ ਦੀ ਸ਼ਲਾਘਾ ਕੀਤੀ।




## ਤੀਜੀ ਸਟੇਜ ਦੇ ਓਵਰੀਅਨ ਕੈਂਸਰ ਤੋਂ ਪੀੜਤ 67 ਸਾਲਾ ਔਰਤ ਦਾ ਕੀਤਾ ਸਫਲ ਇਲਾਜ

**ਅੰਮ੍ਰਿਤਸਰ**: ਫੋਰਟਿਸ ਐਸਕਾਰਟਸ ਹਸਪਤਾਲ ਅੰਮ੍ਰਿਤਸਰ ਨੇ ਸ਼ਹਿਰ ਦੀ ਪਹਿਲੀ ਸਾਈਟੋਰੇਡਕਟਿਵ ਸਰਜਰੀ (ਸੀਆਰਐੱਸ) ਅਤੇ ਐੱਚਆਈਪੀਈਸੀ (ਹਾਈਪਰਥਰਮਿਕ ਇੰਟਰਾਪੇਰੀਟੋਨੀਅਲ ਕੀਮੋਥੈਰੇਪੀ) ਸਫਲਤਾਪੂਰਵਕ ਕੀਤੀ ਹੈ।ਇਹ ਸਰਜਰੀ ਪੂਰੇ ਖੇਤਰ ਵਿੱਚ ਕੈਂਸਰ ਦੀ ਦੇਖਭਾਲ ਲਈ ਇੱਕ ਮਹੱਤਵਪੂਰਨ ਮੀਲ ਦਾ ਪੱਥਰ ਹੈ। ਮਰੀਜ਼ ਜੋ ਪਹਿਲਾਂ ਰਵਾਇਤੀ ਕੀਮੋਥੈਰੇਪੀ ਕਰਵਾ ਰਿਹਾ ਸੀ, ਇਸ ਐਡਵਾਂਸਡ ਜੀਵਨ-ਰੱਖਿਅਕ ਸਰਜਰੀ ਤੋਂ ਇੱਕ ਹਫ਼ਤੇ ਦੇ ਅੰਦਰ-ਅੰਦਰ ਚੰਗੀ ਤਰ੍ਹਾਂ ਠੀਕ ਹੋ ਗਿਆ ਹੈ।ਫੋਰਟਿਸ ਐਸਕਾਰਟਸ ਅੰਮ੍ਰਿਤਸਰ ਦੇ ਡਾ. ਅਨੀਸ਼ ਭਾਟੀਆ (ਕੰਸਲਟੈਂਟ, ਸਰਜੀਕਲ ਓਨਕੋਲੋਜੀ) ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਇਹ ਪਹਿਲੀ ਵਾਰ ਹੈ ਜਦੋਂ ਅਸੀਂ ਇੰਨੋਵੇਟਿਵ ਐਡਵਾਂਸਡ ਮੈਡੀਕਲ ਤਕਨਾਲੋਜੀ ਦੀ ਵਰਤੋਂ ਕਰਕੇ ਐੱਚਆਈਪੀਈਸੀ ਨਾਲ ਸੀਆਰਐੱਸ ਕੀਤਾ ਹੈ, ਜੋ ਕਿ ਇਸ ਖੇਤਰ ਵਿੱਚ ਕੈਂਸਰ ਦੇ ਮਰੀਜ਼ਾਂ ਦੀ ਦੇਖਭਾਲ ਵਿੱਚ ਇੱਕ ਵੱਡਾ ਕਦਮ ਹੈ।ਇਸ ਤਕਨਾਲੋਜੀ ਨੇ ਸਾਨੂੰ ਸਰਜੀਕਲ ਪ੍ਰਕਿਰਿਆ ਰਾਹੀਂ ਟਿਊਮਰ ਨੂੰ ਹਟਾਉਣ ਅਤੇ ਨਾਲ ਹੀ ਪੇਟ ਵਿੱਚ ਗਰਮ ਕੀਮੋਥੈਰੇਪੀ ਪਹੁੰਚਾਉਣ ਦੇ ਯੋਗ ਬਣਾਇਆ।

## ਹਿਊਮੈਨਿਟੀ ਫਸਟ ਇੰਡੀਆ ਦੀਆਂ ਟੀਮਾਂ ਪਿੰਡ-ਪਿੰਡ ਪਹੁੰਚ ਕੇ ਕਰ ਰਹੀਆਂ ਹੜ੍ਹ ਪੀੜਤਾਂ ਦੀ ਮਦਦ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਸਰਹੱਦੀ ਜ਼ਿਲਾ ਗੁਰਦਾਸਪੁਰ ਦੇ ਬਲਾਕ ਦੀਨਾਨਗਰ ਗੁਰਦਾਸਪੁਰ ਦੇ ਪਿੰਡਾਂ ਵਿੱਚ ਰਾਵੀ ਦੇ ਪ੍ਰਕੋਪ ਕਾਰਨ ਆਏ ਭਿਆਨਕ ਹੜ੍ਹਾਂ ਕਾਰਨ 100 ਤੋਂ ਵੱਧ ਪਿੰਡਾਂ ਵਿੱਚ ਅੱਜ ਪੰਜਵੇਂ ਦਿਨ ਵੀ ਜਨਜੀਵਨ ਬੁਰੀ ਤਰ੍ਹਾਂ ਦਿੱਕਤਾਂ ਨਾਲ ਭਰਿਆ ਰਿਹਾ। ਇਸ ਕੁਦਰਤੀ ਕਰੋਪੀ ਨਾਲ ਜਿੱਥੇ ਇਲਾਕੇ ਭਰ ਦੇ ਲੋਕ ਗੁਰਦਾਸਪੁਰ ਜ਼ਿਲ੍ਹੇ ਅਤੇ ਡੇਰਾ ਬਾਬਾ ਨਾਨਕ ਅਤੇ ਕਲਾਨੌਰ ਖੇਤਰ ਵਿੱਚ ਪਿੰਡ ਹੜ੍ਹ ਦੀ ਚਪੇਟ ਵਿੱਚ ਆਏ ਹਨ। ਇਸ ਮੌਕੇ ਪ੍ਰਸ਼ਾਸਨ ਅਤੇ ਲੋਕਾਂ ਵੱਲੋਂ ਆਪਣੇ ਪੱਧਰ 'ਤੇ ਅਤੇ ਐੱਨਜੀਓਜ਼ ਵੱਲੋਂ ਰਾਹਤ ਕਾਰਜ ਜਾਰੀ ਹਨ। ਹੜ੍ਹ ਪੀੜਤਾਂ ਲਈ ਅੰਤਰਰਾਸ਼ਟਰੀ ਐੱਨਜੀਓ ਹਿਊਮੈਨਿਟੀ ਫਸਟ ਵੱਲੋਂ ਵੀ ਲਗਾਤਾਰ ਰਾਹਤ ਕਾਰਜ ਜਾਰੀ ਹਨ। ਇਸ ਚੇਅਰਮੈਨ ਸਈਅਦ ਅਜ਼ੀਜ਼ ਅਹਿਮਦ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਦੇ ਇੰਚਾਰਜ ਅਤੇ ਜਨਰਲ ਸਕੱਤਰ ਭਾਰਤ ਨਵੀਦ ਅਹਿਮਦ ਫਜ਼ਲ ਦੀ ਅਗਵਾਈ ਹੇਠ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਰਾਹਤ ਕਾਰਜ ਜਾਰੀ ਹਨ। ਇਸ ਮੌਕੇ ਨਵੀਦ ਅਹਿਮਦ ਫਜ਼ਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਗਾਤਾਰ ਟੀਮਾਂ ਬਣਾ ਕੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਲੋਕਾਂ ਵਿੱਚ ਰਾਹਤ ਸਮੱਗਰੀ ਵੰਡੀ ਜਾ ਰਹੀ ਹੈ ਜਿਸ ਵਿੱਚ ਖਾਣਾ, ਪਾਣੀ, ਤਰਪਾਲਾਂ, ਦਵਾਈਆਂ ਅਤੇ ਜ਼ਰੂਰੀ ਸਾਮਾਨ ਵੰਡਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨੀਵੇਂ ਪਿੰਡਾਂ ਅਤੇ ਸ਼ੈਲਟਰਾਂ ਸਰਕਾਰੀ ਸਕੂਲ ਜ਼ਿਲ੍ਹਾ ਗੁਰਦਾਸਪੁਰ, ਡੇਰਾ ਬਾਬਾ ਨਾਨਕ, ਫਤਿਹਗੜ੍ਹ ਚੂੜੀਆਂ ਅਤੇ ਕਰਤਾਰਪੁਰ ਕੋਰੀਡੋਰ ਦੇ ਨਜ਼ਦੀਕ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਹਿਊਮੈਨਿਟੀ ਫਸਟ ਦੀਆਂ ਟੀਮਾਂ ਪਹੁੰਚ ਕੇ ਰਾਹਤ ਪਹੁੰਚਾ ਰਹੀਆਂ ਹਨ। ਟੀਮਾਂ ਵਿੱਚ ਵਿਸ਼ੇਸ਼ ਤੌਰ 'ਤੇ ਮੁਬਾਹਿਲ ਅਹਿਮਦ ਬਸ਼ੀਰ ਦੇਹਲਵੀ, ਵਲੀਦ ਕੁਰੈਸ਼ੀ, ਸਮਰ ਅਹਿਮਦ, ਇਰਸ਼ਾਦ ਅਹਿਮਦ, ਫਜ਼ਲ ਅਹਿਮਦ ਅਤੇ ਨੌਜਵਾਨ ਵੱਡੀ ਗਿਣਤੀ ਵਿੱਚ ਸੇਵਾ ਨਿਭਾ ਰਹੇ ਹਨ।



## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਹੜ੍ਹ ਪੀੜਤਾਂ ਨੂੰ ਦੇ ਰਹੀ ਹੈ ਮੁਫ਼ਤ ਡਾਕਟਰੀ ਸਹਾਇਤਾ

**ਪੱਟੀ (ਬਲਦੇਵ ਸਿੰਘ ਸੰਧੂ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਪੱਟੀ ਵੱਲੋਂ ਸਤਲੁਜ ਦਰਿਆ ਦੇ ਬੰਨ੍ਹ ਤੇ ਬਾਬਾ ਸੁੱਖਾ ਸਿੰਘ ਸਰਹਾਲੀ ਵਾਲਿਆਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਜਿੱਥੇ ਬੰਨ੍ਹ ਨੂੰ ਮਜ਼ਬੂਤ ਕਰਨ ਦੀ ਸੇਵਾ ਨਿਭਾਈ ਜਾ ਰਹੀ ਹੈ ਉਥੇ ਹੀ ਸੂਬਾ ਆਗੂ ਡਾ. ਸੁਖਚੈਨ ਸਿੰਘ ਬੋਪਾਰਾਏ ਅਤੇ ਡਾ. ਗੁਰਜੀਤ ਸਿੰਘ ਦੁੱਬਲੀ ਦੀ ਰਹਿਨੁਮਾਈ ਹੇਠ ਫ੍ਰੀ ਮੈਡੀਕਲ ਕੈਂਪ ਨਿਰੰਤਰ ਚੱਲ ਰਿਹਾ ਹੈ, ਜਿਸ ਵਿੱਚ ਬੰਨ੍ਹ 'ਤੇ ਸੇਵਾ ਕਰ ਰਹੀਆਂ ਸੰਗਤਾਂ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਦਵਾਈਆਂ ਦੇ ਕੇ ਜਥੇਬੰਦੀ ਵੱਲੋਂ ਆਪਣਾ ਬਣਦਾ ਯੋਗਦਾਨ ਪਾਇਆ ਜਾ ਰਿਹਾ ਹੈ।ਇਸ ਮੌਕੇ ਡਾ. ਸੁਖਚੈਨ ਸਿੰਘ ਬੋਪਾਰਾਏ ਵੱਲੋਂ ਹੜ੍ਹ ਪੀੜਤਾਂ ਨੂੰ ਹੌਸਲਾ ਦਿੰਦਿਆਂ ਕਿਹਾ ਗਿਆ ਕਿ ਜਦੋਂ ਤੱਕ ਇਹ ਕੁਦਰਤੀ ਆਫ਼ਤ ਖ਼ਤਮ ਨਹੀਂ ਹੁੰਦੀ ਉਦੋਂ ਤੱਕ ਅਸੀਂ ਮੈਡੀਕਲ ਕੈਂਪ ਲਗਾ ਕੇ ਤੁਹਾਡੀ ਮਦਦ ਕਰਦੇ ਰਹਾਂਗੇ ।ਇਸ ਮੌਕੇ ਡਾ. ਗੁਰਜੀਤ ਸਿੰਘ ਦੁੱਬਲੀ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀ ਮਦਦ ਕਰੇ ਅਤੇ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਉਹ ਘਰਾਂ ਤੋਂ ਬੇਘਰ ਹੋਏ ਲੋਕਾਂ ਅਤੇ ਉਨ੍ਹਾਂ ਦੇ ਪਸ਼ੂਆਂ ਵਾਸਤੇ ਕਿਸੇ ਸੁਰੱਖਿਅਤ ਜਗ੍ਹਾ ਤੇ ਆਰਜ਼ੀ ਤੌਰ 'ਤੇ ਕੈਂਪ ਬਣਾਏ ਜਾਣ। ਇਸ ਮੌਕੇ ਡਾ. ਪ੍ਰਭਜੀਤ ਸਿੰਘ ਬਰਵਾਲਾ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਤੋਂ ਬਾਹਰ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮੁਸੀਬਤ ਦੇ ਸਮੇਂ ਬੰਨ੍ਹ ਨੂੰ ਮਜ਼ਬੂਤ ਕਰਨ ਅਤੇ ਪਸ਼ੂਆਂ ਵਾਸਤੇ ਤੂੜੀ, ਆਚਾਰ ਲਿਆ ਕੇ ਆਪਣਾ ਯੋਗਦਾਨ ਪਾਉਣ। ਤਾਂ ਇਸ ਮੌਕੇ ਮੈਡੀਕਲ ਕੈਂਪ ਵਿੱਚ ਡਾ. ਗੁਰਜੰਟ ਸਿੰਘ ਸਭਰਾਂ ਲਗਾਤਾਰ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ ।




## ਕੇਂਦਰ ਸਰਕਾਰ ਹੜ੍ਹ ਪੀੜਤਾਂ ਲਈ ਪੰਜਾਬ ਨੂੰ ਸਪੈਸ਼ਲ ਗਰਾਂਟ ਦੇਵੇ : ਪੰਜਾਬ ਕਿਸਾਨ ਯੂਨੀਅਨ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੰਜਾਬ ਕਿਸਾਨ ਯੂਨੀਅਨ ਦੇ ਸੀਨੀਅਰ ਆਗੂਆਂ ਦੀ ਮੀਟਿੰਗ ਪਿੰਡ ਲੱਖਣ ਕਲਾਂ ਵਿਖੇ ਜਗਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਦੀਪ ਸਿੰਘ ਕਾਮਲਪੁਰ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਪੰਜਾਬ ਵਿੱਚ ਆਏ ਹੜ੍ਹਾਂ ਦੀ ਸਮੀਖਿਆ ਕੀਤੀ ਅਤੇ ਏਨੇ ਵੱਡੇ ਪੱਧਰ 'ਤੇ ਹੜ੍ਹਾਂ ਦੇ ਕਾਰਨਾਂ ਬਾਰੇ ਜਾਂਚ ਕਰਨ ਅਤੇ ਜ਼ਿੰਮੇਵਾਰ ਅਧਿਕਾਰੀਆਂ ਨੂੰ ਬਣਦੀ ਸਜ਼ਾ ਦੇਣ ਦੀ ਮੰਗ ਕੀਤੀ। ਆਗੂਆਂ ਨੇ ਕਿਹਾ ਪੰਜਾਬ ਵਿੱਚ ਕਿਤੇ ਵੀ ਪਾਣੀ ਨਾਲ ਸਬੰਧਿਤ ਦਰਿਆਵਾਂ, ਨਦੀਆਂ, ਨਾਲਿਆਂ ਦੀ ਸਫਾਈ ਸਮੇਂ ਸਿਰ ਨਹੀਂ ਕੀਤੀ ਗਈ। ਸਿਤਮਜ਼ਰੀਫੀ ਇਹ ਹੈ ਕਿ ਸਰਕਾਰ ਨੇ ਅਜੇ ਤੱਕ ਹੜ੍ਹਾਂ ਨਾਲ ਹੋਏ ਨੁਕਸਾਨ ਦੇ ਮੁਆਵਜ਼ੇ ਦੀ ਕੋਈ ਗੱਲ ਨਹੀਂ ਕੀਤੀ ਅਤੇ ਕਈ ਥਾਵਾਂ ਤੇ ਰਾਹਤ ਸਮੱਗਰੀ ਵੀ ਨਹੀਂ ਮਿਲੀ। ਹੜ੍ਹ ਪੀੜਤ ਲੋਕਾਂ ਦੇ ਪਸ਼ੂ ਚਾਰੇ ਖੁਣੋ ਭੁੱਖੇ ਮਰ ਰਹੇ ਹਨ। ਪੰਜਾਬ ਦੇ ਬਹੁਤ ਸਾਰੇ ਇਲਾਕੇ ਪਾਣੀ ਵਿੱਚ ਡੁੱਬੇ ਹੋਏ ਹਨ। ਉਨ੍ਹਾਂ ਕਿਹਾ ਹਰ ਵੇਲੇ ਪਾਣੀ ਪਾਣੀ ਦੀਆਂ ਟਾਹਰਾਂ ਮਾਰਨ ਵਾਲੇ ਸੂਬੇ ਹਰਿਆਣਾ ਅਤੇ ਰਾਜਸਥਾਨ ਨੇ ਇਸ ਸੰਕਟ ਵਿੱਚ ਪੰਜਾਬ ਦੀ ਸਹਾਇਤਾ ਤਾਂ ਕੀ ਕਰਨੀ ਸੀ, ਪੰਜਾਬ ਲਈ ਹਾਅ ਦਾ ਨਾਅਰਾ ਵੀ ਨਹੀਂ ਮਾਰਿਆ। ਅਧਿਕਾਰੀਆਂ ਵੱਲੋਂ ਸਮਾਂ ਰਹਿੰਦੇ ਠੀਕ ਪਲਾਨਿੰਗ ਨਾ ਹੋਣ ਕਾਰਨ ਹੜ੍ਹ ਹਰ ਸਾਲ ਭਿਆਨਕ ਤਬਾਹੀ ਮਚਾਉਂਦੇ ਹਨ, ਪਰ ਜ਼ਿੰਮੇਵਾਰ ਅਧਿਕਾਰੀਆਂ 'ਤੇ ਕੋਈ ਕਾਰਵਾਈ ਨਹੀਂ ਹੁੰਦੀ। ਪੰਜਾਬ ਹਰ ਸਾਲ ਕੇਂਦਰ ਸਰਕਾਰ ਦੇ ਅੰਨ ਭੰਡਾਰ ਵਿੱਚ 70% ਤੋਂ ਵੱਧ ਹਿੱਸਾ ਪਾਉਂਦਾ ਹੈ, ਪਰ ਇਸ ਬਿਪਤਾ ਦੀ ਘੜੀ ਵਿੱਚ ਕੇਂਦਰ ਸਰਕਾਰ ਵੀ ਪੰਜਾਬ ਦੀ ਬਾਂਹ ਨਹੀਂ ਫੜ ਰਹੀ ਜਾਪਦੀ। ਉਨ੍ਹਾਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਪੰਜਾਬ ਨੂੰ ਸਪੈਸ਼ਲ ਗਰਾਂਟ ਦੇਵੇ, ਪੰਜਾਬ ਸਰਕਾਰ ਸਪੈਸ਼ਲ ਗਿਰਦਾਵਰੀ ਕਰਵਾਏ ਅਤੇ ਹਰੇਕ ਕਿਸਾਨ ਨੂੰ ਪ੍ਰਤੀ ਏਕੜ 70 ਹਜ਼ਾਰ, ਪਸ਼ੂਆਂ ਦੇ ਨੁਕਸਾਨ ਦਾ 50 ਹਜਾਰ ਤੋਂ ਇਕ ਲੱਖ ਦੇਣ ਤੋਂ ਇਲਾਵਾ ਮਕਾਨਾਂ, ਦੁਕਾਨਾਂ, ਮੱਛੀ ਪਾਲਣ, ਪੋਲਟਰੀ ਫਾਰਮਾਂ ਦੇ ਹੋਏ ਨੁਕਸਾਨ ਦੀ ਵੀ ਪੂਰਤੀ ਕੀਤੀ ਜਾਵੇ। ਮੀਟਿੰਗ ਵਿੱਚ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਲੱਖਣ ਕਲਾਂ, ਪ੍ਰੈੱਸ ਸਕੱਤਰ ਗੁਰਦੀਪ ਸਿੰਘ ਕਾਮਲਪੁਰ, ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਸਪਰਾਵਾਂ, ਜਗਜੀਤ ਸਿੰਘ ਅਤੇ ਤੇਜਬੀਰ ਸਿੰਘ ਸ਼ੇਖ ਕਬੀਰ, ਸੁੱਚਾ ਸਿੰਘ ਸ਼ੇਖ ਕਬੀਰ ਆਦਿ ਹਾਜ਼ਰ ਸਨ।



## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਸਬੰਧੀ ਸਮਾਗਮ ਕਰਵਾਇਆ



**ਮਜੀਠਾ (ਸੋਇਮ ਆਨੰਦ)**- ਸ੍ਰੀ ਗੁਰੂ ਨਾਨਕ ਦੇਵ ਜੀ ਤੇ ਜਗਤ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਸਬੰਧੀ ਅੱਡਾ ਜੈਂਤੀਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਭਾਈ ਜਬਰਤੋੜ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਕੀਰਤਨ ਰਾਹੀਂ ਗੁਰਬਾਣੀ ਨਾਲ ਜੋੜਿਆ। ਇਹ ਸਮਾਗਮ ਅੱਡਾ ਜੈਂਤੀਪੁਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਸੰਗਤਾਂ ਲਈ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ। ਇਸ ਮੌਕੇ ਸਰਪੰਚ ਰਘਬੀਰ ਸਿੰਘ ਸੰਧੂ, ਬੌਬੀ ਸੋਢੀ, ਬਿੱਲਾ ਸੋਢੀ, ਜਥੇ. ਧਨਵੰਤ ਸਿੰਘ ਪਾਖਰਪੁਰ, ਸਰਪੰਚ ਹਰਪਾਲ ਸਿੰਘ ਸੋਹੀ, ਧਿਆਨ ਸਿੰਘ, ਦਲਜੀਤ ਸਿੰਘ ਖੈੜਾ, ਮੁਖਤਾਰ ਸਿੰਘ, ਗੁਰਜੰਟ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਔਲਖ, ਗੁਰਮੇਜ ਸਿੰਘ ਨਾਗੀ, ਕੁਲਵਿੰਦਰ ਸਿੰਘ ਫੌਜੀ, ਗੁਰਪ੍ਰੀਤ ਸਿੰਘ ਬਬਾ ਢਿੱਲੋਂ, ਤਰਵਿੰਦਰ ਸਿੰਘ ਢਿੱਲੋਂ, ਕੇਵਲ ਸਿੰਘ, ਗੁਰਮੇਜ ਸਿੰਘ ਢਿੱਲੋਂ, ਬਿਕਰਮ ਸਿੰਘ ਢਿੱਲੋਂ, ਸੰਦੀਪ ਸਿੰਘ ਢਿੱਲੋਂ, ਅਕਾਸ਼ਦੀਪ ਸਿੰਘ, ਹਰਜਾਪ ਸਿੰਘ ਕਾਹਲੋਂ, ਮੇਜਰ ਸਿੰਘ, ਜੋਗਿੰਦਰ ਸਿੰਘ ਰੰਧਾਵਾ, ਰਣਜੀਤ ਸਿੰਘ ਫੌਜੀ ਆਦਿ ਹਾਜ਼ਰ ਸਨ।

## ਚੇਅਰਮੈਨ ਰਮਨ ਬਹਿਲ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ 850 ਰਾਸ਼ਨ ਕਿੱਟਾਂ ਵੰਡੀਆਂ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਅਤੇ ਉਨ੍ਹਾਂ ਦੀ ਟੀਮ ਵਲੋਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਰਾਹਤ ਕਾਰਜ ਲਗਾਤਾਰ ਜਾਰੀ ਹਨ। ਚੇਅਰਮੈਨ ਰਮਨ ਬਹਿਲ ਵਲੋਂ ਪਿੰਡ ਚੱਗੂਵਾਲ, ਸਿੰਘੋਵਾਲ, ਅਲੂਨਾ, ਹਰਦੋਛੰਨੀ, ਕਮਾਲਪੁਰ ਅਫ਼ਗਾਨਾਂ, ਬਲੱਗਣ, ਹਰਦਾਨ, ਖੋਖਰ ਰਾਜਪੂਤਾ ਅਤੇ ਦਾਖਲਾ ਵਿੱਚ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਰਾਸ਼ਨ ਦੀਆਂ 850 ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਧਰਵਾਸ ਦਿੰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜੀ ਹੈ। ਉਨ੍ਹਾਂ ਕਿਹਾ ਕਿ ਇਸ ਸੰਕਟ ਦਾ ਅਸੀਂ ਸਾਰੇ ਮਿਲ ਕੇ ਸਾਹਮਣਾ ਕਰਾਂਗੇ ਅਤੇ ਜਲਦੀ ਹੀ ਇਸ ਸਭ ਵਿਚੋਂ ਉੱਭਰਾਂਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਖੁਦ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ ਅਤੇ ਉਨ੍ਹਾਂ ਦਾ ਹੈਲੀਕਾਪਟਰ ਵੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਸਮੱਗਰੀ ਪਹੁੰਚਾਅ ਰਿਹਾ ਹੈ। ਬਹਿਲ ਨੇ ਕਿਹਾ ਕਿ ਰਾਜ ਸਰਕਾਰ ਵਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਤਰ੍ਹਾਂ ਨਾਲ ਮਦਦ ਵੀ ਕੀਤੀ ਜਾਵੇਗੀ।




## ਸੰਤ ਬਾਬਾ ਸੱਜਣ ਸਿੰਘ ਵੱਲੋਂ ਹੜ੍ਹ ਪੀੜਤਾਂ ਲਈ ਲੰਗਰ ਦੀ ਸੇਵਾ ਜਾਰੀ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸ੍ਰੀ ਗੁਰੂ ਹਰਗੋਬਿੰਦ ਸਾਹਿਬ ਛੇਵੀਂ ਪਾਤਸ਼ਾਹੀ ਦੇ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਵੱਲੋਂ ਇਲਾਕੇ ਦੇ ਪਿੰਡਾਂ ਦੇ ਸਹਿਯੋਗ ਦੇ ਨਾਲ ਤੀਸਰੇ ਦਿਨ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਵਿੱਚ ਲੋਕਾਂ ਦੀ ਸੇਵਾ ਨੂੰ ਮੁੱਖ ਰੱਖਦੇ ਹੋਏ ਲੰਗਰ ਦੀ ਸੇਵਾ ਚਲਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਰਾਜਾ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਰਹਿਨੁਮਾਈ ਹੇਠ ਇਲਾਕੇ ਦੀਆਂ ਸੰਗਤਾਂ ਵੱਲੋਂ ਪ੍ਰਸ਼ਾਦਾ ਤਿਆਰ ਕਰਕੇ ਲੋਕਾਂ ਵਿੱਚ ਵੰਡਣ ਲਈ ਭੇਜਿਆ ਜਾ ਰਿਹਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਅੱਜ ਹਾਲਾਤ ਬਹੁਤ ਮਾੜੇ ਹਨ। ਦਰਿਆਵਾਂ ਦੇ ਲਾਗਲੇ ਪਿੰਡਾਂ ਵਿੱਚ ਪਾਣੀ ਵੜ ਚੁੱਕਾ ਹੈ ਅਤੇ ਲੋਕ ਬੜੇ ਹੀ ਕਠਿਨ ਦੌਰ ਵਿੱਚੋਂ ਗੁਜ਼ਰ ਰਹੇ ਹਨ। ਇਸ ਲਈ ਹਰ ਪ੍ਰਾਣੀ ਨੂੰ ਚਾਹੀਦਾ ਹੈ ਕਿ ਉਹ ਜਿੰਨੀ ਵੀ ਸੇਵਾ ਹੋ ਸਕੇ ਜ਼ਰੂਰ ਕਰੇ। ਇਸ ਮੌਕੇ ਰਣਜੀਤ ਸਿੰਘ ਬਾਬੋਵਾਲ, ਜਗਰੂਪ ਸਿੰਘ ਬੋਪਾ ਰਾਏ, ਬਾਬਾ ਜੱਸਾ ਸਿੰਘ, ਅਵਤਾਰ ਸਿੰਘ ਬੋਪਾਰਾਏ, ਮੇਜਰ ਸਿੰਘ , ਸਰਪੰਚ ਗੁਰਵਿੰਦਰ ਸਿੰਘ ਨਿਬਰਵਿੰਡ, ਰਵੀ ਕਲੇਰ, ਬਲਿਹਾਰ ਸਿੰਘ ਬਲਜਿੰਦਰ ਸਿੰਘ, ਸੁਲੱਖਣ ਸਿੰਘ, ਬਾਬਾ ਸੁੱਖਾ ਸਿੰਘ, ਗੁਰਨਾਮ ਸਿੰਘ, ਪ੍ਰੀਤ, ਬਲਬੀਰ ਸਿੰਘ ਬੋਪਾਰਾਏ, ਗੁਰਪ੍ਰੀਤ ਸਿੰਘ, ਬਚਿੱਤਰ ਸਿੰਘ ਮੱਤੇਵਾਲ, ਗਿਆਨ ਸਿੰਘ ਬੋਪਾਰਾਏ, ਬਰਿੰਦਰ ਸਿੰਘ, ਬਾਬਾ ਰਾਜਾ, ਪਲਵਿੰਦਰ ਸਿੰਘ, ਰਵਿੰਦਰ ਸਿੰਘ, ਜੋਬਨ ਬੁਲਾਰਾ ਆਦਿ ਹਾਜ਼ਰ ਸਨ।

## ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਦੀ ਸੇਵਾ ਮੁਕਤੀ 'ਤੇ ਵਿਦਾਇਗੀ ਸਮਾਰੋਹ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ ਦੇ ਪ੍ਰਿੰ. ਡਾ. ਸੁਰਿੰਦਰ ਕੌਰ ਸੇਵਾ ਮੁਕਤ ਹੋ ਗਏ ।ਕਾਲਜ ਸਟਾਫ ਵੱਲੋਂ ਉਨ੍ਹਾਂ ਦੀ ਵਿਦਾਇਗੀ ਮੌਕੇ ਇਕ ਸਮਾਗਮ ਰੱਖਿਆ ਗਿਆ ਜਿਸ ਵਿੱਚ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਗੁਰਿੰਦਰਜੀਤ ਕੌਰ ਨੇ ਸੇਵਾ ਮੁਕਤ ਹੋਏ ਪ੍ਰਿੰਸੀਪਲ ਵੱਲੋਂ ਕੀਤੇ ਕੰਮਾਂ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਮੈਡਮ ਕੋਲੋਂ ਸਾਰੇ ਸਟਾਫ ਨੂੰ ਬਹੁਤ ਜ਼ਿਆਦਾ ਸਿੱਖਣ ਨੂੰ ਮਿਲਿਆ। ਉਨ੍ਹਾਂ ਦੇ ਅਨੁਭਵ ਦਾ ਫਾਇਦਾ ਉਹ ਭਵਿੱਖ ਵਿੱਚ ਵੀ ਲੈਂਦੇ ਰਹਿਣਗੇ।ਪ੍ਰੋ. ਸੁਭਾਸ਼ ਮੈਣੀ ਨੇ ਪ੍ਰਿੰ. ਮੈਡਮ ਦੇ ਜੀਵਨ ਨੂੰ ਇੱਕ ਮਿਸਾਲ ਦੱਸਿਆ।ਪੰਜਾਬੀ ਵਿਭਾਗ ਦੀ ਪ੍ਰੋ. ਰਮਨਦੀਪ ਕੌਰ ਵੱਲੋਂ ਸਟੇਜ ਸੰਚਾਲਨ ਕੀਤਾ ਗਿਆ।ਕੰਪਿਊਟਰ ਵਿਭਾਗ ਵੱਲੋਂ ਪ੍ਰਿੰਸੀਪਲ ਦੁਆਰਾ ਕੀਤੇ ਜਾ ਰਹੇ ਕੰਮਾਂ ਦੀ ਇੱਕ ਪੀਪੀਟੀ ਵੀ ਦਿਖਾਈ ਗਈ। ਪ੍ਰਿੰ. ਡਾ. ਸੁਰਿੰਦਰ ਕੌਰ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰੇ ਸਟਾਫ ਦਾ ਪੂਰਨ ਸਹਿਯੋਗ ਮਿਲਿਆ। ਉਹ ਪੂਰੇ ਸਟਾਫ ਦੇ ਧੰਨਵਾਦੀ ਹਨ। ਕਾਲਜ ਵੱਲੋਂ ਭਵਿੱਖ ਵਿੱਚ ਵੀ ਜ਼ਰੂਰਤ ਪੈਣ 'ਤੇ ਉਹ ਹਾਜ਼ਰ ਰਹਿਣਗੇ।ਇਸ ਮੌਕੇ ਡਾ. ਮਨਪ੍ਰੀਤ ਕੌਰ, ਪ੍ਰੋ. ਕਰਮਜੀਤ ਸਿੰਘ, ਪ੍ਰੋ. ਹਰਪ੍ਰੀਤ ਸਿੰਘ ਅਤੇ ਹੋਰ ਸਟਾਫ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਨੇ ਵੀ ਆਪਣੇ ਵਿਚਾਰ ਰੱਖੇ।ਇਸ ਮੌਕੇ ਕਾਲਜ ਦੇ ਸਟਾਫ ਮੈਂਬਰ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



## ਸੁਲਤਾਨਪੁਰ ਲੋਧੀ ਤੋਂ ਸਜਾਏ ਨਗਰ ਕੀਰਤਨ ਦਾ ਹੰਸਲੀ ਪੁਲ 'ਤੇ ਸ਼ਾਨਦਾਰ ਸਵਾਗਤ



**ਬਟਾਲਾ (ਤਰਲੋਕ ਬੱਗਾ)**- ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੇ ਸਬੰਧ ਵਿੱਚ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਸਜੇ ਨਗਰ ਕੀਰਤਨ ਦਾ ਹੰਸਲੀ ਪੁਲ ਬਟਾਲਾ ਸ਼ਹਿਰ ਵਿਖੇ ਪਹੁੰਚਣ ਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਸ਼ਾਨਦਾਰ ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਹੰਸਲੀ ਪੁਲ, ਜਲੰਧਰ ਰੋਡ 'ਤੇ ਕੀਤੀ ਅਲੌਕਿਕ ਤੇ ਖੂਬਸੂਰਤ ਆਤਿਸ਼ਬਾਜ਼ੀ ਨੇ ਬਟਾਲਾ ਸ਼ਹਿਰ ਨੂੰ ਰੁਸ਼ਨਾ ਦਿੱਤਾ ਤੇ ਇਸ ਮੌਕੇ ਸੰਗਤਾਂ ਵਿੱਚ ਉਤਸ਼ਾਹ ਵੇਖਣ ਨੂੰ ਬਣਦਾ ਸੀ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਗੁਰੂ ਜੀ ਦਾ ਆਸ਼ੀਰਵਾਦ ਲਿਆ ਗਿਆ ਤੇ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਪਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਲਈਆਂ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਅਸੀਂ ਵੱਡਭਾਗੇ ਹਾਂ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਧਰਤੀ ਵਿਖੇ ਵਿਆਹ ਪੁਰਬ ਸਮਾਗਮ ਮਨਾਉਣ ਦਾ ਸੁਭਾਗ ਮਿਲਿਆ ਹੈ।ਉਨ੍ਹਾਂ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਵਿਆਹ ਪੁਰਬ ਸਮਾਗਮ ਸਫਲਤਾਪੂਰਵਕ ਢੰਗ ਨਾਲ ਨੇਪਰੇ ਚਾੜ੍ਹੇ ਹਨ।

ਨਵਾਂ ਜ਼ਮਾਨਾ
ਸੋਮਵਾਰ 1 ਸਤੰਬਰ 2025

# ਜੱਜ ਦੀ ਨਿਯੁਕਤੀ 'ਤੇ ਸਵਾਲ

ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਨੇ ਸ਼ੁੱਕਰਵਾਰ ਪਟਨਾ ਹਾਈ ਕੋਰਟ ਦੇ ਚੀਫ ਜਸਟਿਸ ਵਿਪੁਲ ਮਨੂੰਭਾਈ ਪੰਚੋਲੀ ਤੇ ਬੰਬੇ ਹਾਈ ਕੋਰਟ ਦੇ ਚੀਫ ਜਸਟਿਸ ਆਲੋਕ ਅਰਾਧੇ ਨੂੰ ਸੁਪਰੀਮ ਕੋਰਟ ਦੇ ਜੱਜਾਂ ਵਜੋਂ ਸਹੁੰ ਚੁਕਾਈ। ਇਹ ਨਿਯੁਕਤੀਆਂ ਸੁਪਰੀਮ ਕੋਰਟ ਦੇ ਕਾਲੇਜੀਅਮ ਦੀ ਸਿਫਾਰਸ਼ ਅਤੇ ਰਾਸ਼ਟਰਪਤੀ ਦਰੋਪਦੀ ਮੁਰਮੂ ਦੇ ਦਸਤਖਤਾਂ ਤੋਂ ਬਾਅਦ ਕੀਤੀਆਂ ਗਈਆਂ, ਪਰ ਜਸਟਿਸ ਪੰਚੋਲੀ ਦੀ ਨਿਯੁਕਤੀ ਨੂੰ ਲੈ ਕੇ ਇੱਕ ਵੱਡਾ ਵਿਵਾਦ ਸਾਹਮਣੇ ਆਇਆ ਹੈ। ਪੰਜ ਮੈਂਬਰੀ ਕਾਲੇਜੀਅਮ ਦੀ ਮੈਂਬਰ ਜਸਟਿਸ ਬੀਵੀ ਨਾਗਰਤਨਾ ਜਸਟਿਸ ਪੰਚੋਲੀ ਦੀ ਨਿਯੁਕਤੀ ਨਾਲ ਸਹਿਮਤ ਨਹੀਂ ਸਨ। ਉਨ੍ਹਾ ਲਿਖਤੀ ਇਤਰਾਜ਼ ਕੀਤਾ, ਪਰ ਇਸ ਨੂੰ ਸੁਪਰੀਮ ਕੋਰਟ ਦੀ ਵੈੱਬਸਾਈਟ 'ਤੇ ਅਪਲੋਡ ਨਹੀਂ ਕੀਤਾ ਗਿਆ। ਇਸ ਲਈ ਜੋ ਵੀ ਗੱਲ ਬਾਹਰ ਆ ਰਹੀ ਹੈ, ਉਹ ਸੂਤਰਾਂ ਦੇ ਹਵਾਲੇ ਨਾਲ ਆ ਰਹੀ ਹੈ। ਉਸ ਮੁਤਾਬਕ ਜਸਟਿਸ ਨਾਗਰਤਨਾ ਨੇ ਕਿਹਾ ਕਿ ਜਸਟਿਸ ਪੰਚੋਲੀ ਸੀਨੀਆਰਤਾ ਕ੍ਰਮ 'ਚ ਕਾਫੀ ਹੇਠਾਂ ਹਨ। ਉਹ ਮੌਜੂਦਾ ਜੱਜਾਂ ਦੀ ਸੀਨੀਆਰਤਾ ਸੂਚੀ ਵਿੱਚ 57ਵੇਂ ਨੰਬਰ 'ਤੇ ਹਨ ਤੇ ਉਨ੍ਹਾ ਦੀ ਸਿਫਾਰਸ਼ ਕਰਦੇ ਸਮੇਂ ਕਈ ਪ੍ਰਤਿਭਾਸ਼ਾਲੀ ਜੱਜਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ। ਇਸ ਦੇ ਇਲਾਵਾ ਉਹ ਗੁਜਰਾਤ ਹਾਈ ਕੋਰਟ ਤੋਂ ਹਨ, ਜਿੱਥੋਂ ਦੋ ਜੱਜ ਪਹਿਲਾਂ ਹੀ ਸੁਪਰੀਮ ਕੋਰਟ 'ਚ ਹਨ। ਤੀਜਾ ਜੱਜ ਲਾਉਣ ਨਾਲ ਖੇਤਰੀ ਸੰਤੁਲਨ ਵਿਗੜੇਗਾ। ਸੁਪਰੀਮ ਕੋਰਟ ਵਿੱਚ ਪਹਿਲਾਂ ਹੀ ਕਈ ਰਾਜਾਂ ਦਾ ਕੋਈ ਨੁਮਾਇੰਦਾ ਨਹੀਂ ਹੈ। ਜਸਟਿਸ ਨਾਗਰਤਨਾ ਨੇ ਖਬਰਦਾਰ ਕੀਤਾ ਕਿ ਅਜਿਹੀ ਨਿਯੁਕਤੀ ਨਿਆਂ ਪ੍ਰਸ਼ਾਸਨ 'ਤੇ ਉਲਟ ਅਸਰ ਕਰੇਗੀ ਅਤੇ ਕਾਲੇਜੀਅਮ ਸਿਸਟਮ ਦੀ ਭਰੋਸੇਯੋਗਤਾ ਵੀ ਸਵਾਲਾਂ ਦੇ ਘੇਰੇ ਵਿੱਚ ਆਵੇਗੀ। ਜਸਟਿਸ ਨਾਗਰਤਨਾ ਨੇ ਮਈ ਵਿੱਚ ਵੀ ਜਸਟਿਸ ਪੰਚੋਲੀ ਦੀ ਨਿਯੁਕਤੀ 'ਤੇ ਇਤਰਾਜ਼ ਕੀਤਾ ਸੀ। ਉਦੋਂ ਕਾਲੇਜੀਅਮ ਨੇ ਉਨ੍ਹਾ ਦੀ ਥਾਂ ਗੁਜਰਾਤ ਹਾਈ ਕੋਰਟ ਦੇ ਸੀਨੀਅਰ ਜੱਜ ਜਸਟਿਸ ਐੱਨ ਵੀ ਅੰਜਾਰੀਆ ਨੂੰ ਸੁਪਰੀਮ ਕੋਰਟ ਲਈ ਚੁਣਿਆ ਸੀ। ਜਸਟਿਸ ਨਾਗਰਤਨਾ ਨੇ ਇਸ ਗੱਲ 'ਤੇ ਵੀ ਹੈਰਾਨੀ ਜਤਾਈ ਕਿ ਤਿੰਨ ਮਹੀਨਿਆਂ ਵਿੱਚ ਜਸਟਿਸ ਪੰਚੋਲੀ ਦਾ ਨਾਂਅ ਫਿਰ ਕਿਵੇਂ ਸਾਹਮਣੇ ਆ ਗਿਆ। ਜਸਟਿਸ ਨਾਗਰਤਨਾ ਨੇ ਇਹ ਅਹਿਮ ਗੱਲ ਵੀ ਕਹੀ ਕਿ ਜਸਟਿਸ ਪੰਚੋਲੀ ਦੀ ਨਿਯੁਕਤੀ ਹੁੰਦੀ ਹੈ ਤਾਂ ਉਹ ਅਕਤੂਬਰ 2031 ਤੋਂ ਮਈ 2033 ਤੱਕ ਚੀਫ ਜਸਟਿਸ ਰਹਿ ਸਕਦੇ ਹਨ, ਜੋ ਸੰਸਥਾਨ ਦੇ ਹਿੱਤ ਵਿੱਚ ਨਹੀਂ ਹੋਵੇਗਾ।

ਸੁਪਰੀਮ ਕੋਰਟ ਵਿੱਚ ਜੱਜ ਨਿਯੁਕਤ ਕਰਨ ਦੀ ਸਿਫਾਰਸ਼ ਕਰਨ ਵਾਲੇ ਕਾਲੇਜੀਅਮ ਵਿੱਚ ਚੀਫ ਜਸਟਿਸ ਤੋਂ ਇਲਾਵਾ ਜਸਟਿਸ ਸੂਰੀਆਕਾਂਤ, ਜਸਟਿਸ ਵਿਕਰਮਨਾਥ, ਜਸਟਿਸ ਜੇ ਕੇ ਮਹੇਸ਼ਵਰੀ ਤੇ ਜਸਟਿਸ ਨਾਗਰਤਨਾ ਸ਼ਾਮਲ ਸਨ। ਉਪਰੋਕਤ ਨਿਯੁਕਤੀਆਂ ਨੂੰ ਲੈ ਕੇ ਸੀਨੀਅਰ ਵਕੀਲ ਇੰਦਰਾ ਜੈਸਿੰਘ ਨੇ ਵੀ ਸਵਾਲ ਉਠਾਇਆ ਹੈ ਕਿ ਅਜਿਹਾ ਕਰਦਿਆਂ ਜਸਟਿਸ ਪੰਚੋਲੀ ਤੋਂ ਸੀਨੀਅਰ ਤਿੰਨ ਮਹਿਲਾ ਜੱਜਾਂ ਦੀ ਅਣਦੇਖੀ ਕੀਤੀ ਗਈ ਹੈ। ਇਨ੍ਹਾਂ ਵਿੱਚ ਗੁਜਰਾਤ ਹਾਈ ਕੋਰਟ ਦੀ ਚੀਫ ਜਸਟਿਸ ਸੁਨੀਤਾ ਅਗਰਵਾਲ, ਬੰਬੇ ਹਾਈ ਕੋਰਟ ਦੀ ਜੱਜ ਰੇਵਤੀ ਮੋਹਿਤੇ ਡੇਰੇ ਅਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੀ ਜੱਜ ਲਿਸਾ ਗਿੱਲ ਸ਼ਾਮਲ ਹਨ। ਉਨ੍ਹਾ ਕਿਹਾ ਹੈ ਕਿ 2021 ਵਿੱਚ ਜਸਟਿਸ ਹਿਮਾ ਕੋਹਲੀ, ਜਸਟਿਸ ਬੀਵੀ ਨਾਗਰਤਨਾ ਤੇ ਜਸਟਿਸ ਬੇਲਾ ਤ੍ਰਿਵੇਦੀ ਦੀ ਨਿਯੁਕਤੀ ਤੋਂ ਬਾਅਦ ਇੱਕ ਵੀ ਮਹਿਲਾ ਜੱਜ ਦੀ ਨਿਯੁਕਤੀ ਨਹੀਂ ਹੋਈ, ਜਦਕਿ ਇਸ ਦੌਰਾਨ ਚਾਰ ਚੀਫ ਜਸਟਿਸਾਂ ਦੇ ਅਧੀਨ ਸੁਪਰੀਮ ਕੋਰਟ ਦੇ 28 ਜੱਜ ਨਿਯੁਕਤ ਕੀਤੇ ਗਏ ਹਨ। ਇਸ ਵੇਲੇ ਸੁਪਰੀਮ ਕੋਰਟ ਵਿੱਚ ਸਿਰਫ ਨਾਗਰਤਨਾ ਹੀ ਇੱਕੋ-ਇੱਕ ਮਹਿਲਾ ਜੱਜ ਹਨ।

ਹਾਲਾਂਕਿ ਸਰਕਾਰ ਦੀ ਦਖਲਅੰਦਾਜ਼ੀ ਨੂੰ ਰੋਕਣ ਲਈ ਕਾਲੇਜੀਅਮ ਦੀ ਵਿਵਸਥਾ ਨੂੰ ਹੀ ਬਿਹਤਰ ਮੰਨਿਆ ਜਾਂਦਾ ਹੈ, ਪਰ ਪਿੱਛੇ ਜਿਹੇ ਤੋਂ ਜਿਸ ਤਰ੍ਹਾਂ ਇਹ ਕੰਮ ਕਰ ਰਿਹਾ ਹੈ, ਉਸ ਨਾਲ ਇਸ ਦੀ ਭਰੋਸੇਯੋਗਤਾ 'ਤੇ ਲਗਾਤਾਰ ਸਵਾਲ ਉੱਠ ਰਹੇ ਹਨ। ਇਸ ਨਾਲ ਇਹ ਪ੍ਰਭਾਵ ਵਧ ਰਿਹਾ ਹੈ ਕਿ ਕਾਲੇਜੀਅਮ ਵਿੱਚ ਸਰਕਾਰ ਦੇ ਪਸੰਦੀਦਾ ਜੱਜਾਂ ਦੀ ਨਿਯੁਕਤੀ ਦਾ ਵਿਰੋਧ ਕਰਨ ਦਾ ਦਮ ਨਹੀਂ ਰਿਹਾ। ਸਰਕਾਰ ਕਿਸੇ ਨਾ ਕਿਸੇ ਤਰ੍ਹਾਂ ਆਪਣੇ ਪਸੰਦੀਦਾ ਜੱਜ ਨਿਯੁਕਤ ਕਰਵਾ ਹੀ ਜਾਂਦੀ ਹੈ, ਭਾਵੇਂ ਉਹ ਕਿੰਨੇ ਹੀ ਜੂਨੀਅਰ ਕਿਉਂ ਨਾ ਹੋਣ। ਜਸਟਿਸ ਨਾਗਰਤਨਾ ਦਾ ਇਤਰਾਜ਼ ਇਹੀ ਕਹਾਣੀ ਕਹਿੰਦਾ ਹੈ।

## ਅੰਗੂਠੇ ਨੂੰ ਨੱਥ !

ਹੋ ਜਾਣੇ ਸੀ ਮੇਰੇ ਜਿਹੇ ਲੋਕ ਪਾਗਲ,
ਫੇਸਬੁੱਕ ਨਾ ਅਗਰ ਈਜਾਦ ਹੁੰਦੀ।
ਜ਼ਹਿਰ ਮਨਾਂ ਦੀ ਇੱਥੇ ਜੇ ਨਿਕਲਦੀ ਨਾ,
ਵਿਹਲੀ ਦੁਨੀਆ ਪੱਕੀ ਬਰਬਾਦ ਹੁੰਦੀ।
ਰਹਿ ਜਾਂਦੀ ਜੇ ਪੂਰੀ ਭੜਾਸ ਅੰਦਰ,
ਤਿੜਕ ਗਈ ਸਮਾਜੀ ਬੁਨਿਆਦ ਹੁੰਦੀ।
ਇੰਟਰਨੈੱਟ ਦੇ ਰੱਸਿਆਂ ਨਾਲ ਬੰਨ੍ਹੀ,
ਖੁੱਲ੍ਹੀ ਫਿਰਦੀ ਅੱਜ ਆਸ ਔਲਾਦ ਹੁੰਦੀ।
ਹਰ ਯੰਤਰ ਦੇ ਫਾਇਦੇ, ਨੁਕਸਾਨ ਹੁੰਦੇ,
ਡਿਜੀਟਲ ਨੂੰ ਸੋਚ ਕੇ ਹੱਥ ਪਾਇਓ।
ਬਟਨ ਦੱਬਿਆ ਮੁੜ ਕੇ ਨਹੀਂ ਲੌਟ ਆਉਂਦਾ,
ਦੱਬਣ ਲੱਗੇ ਅੰਗੂਠੇ ਨੂੰ ਨੱਥ ਪਾਇਓ!

-ਹਰਜਿੰਦਰ ਸਿੰਘ ਗੁਲਪੁਰ

# ਇਤਿਹਾਸ ਬਦਲਦੀ ਭਾਜਪਾ ਕਿਧਰੇ ਆਪਣਾ ਵਰਤਮਾਨ ਤੇ ਭਵਿੱਖ ਤਾਂ ਬਰਬਾਦ ਨਹੀਂ ਕਰ ਰਹੀ

ਪ੍ਰੋ.ਪਰਮਜੀਤ ਸਿੰਘ ਨਿੱਕੇ ਘੁੰਮਣ

ਇਸ ਸੰਸਾਰ ਵਿਚ ਤਿੰਨ ਤਰ੍ਹਾਂ ਦੇ ਲੋਕ ਰਹਿੰਦੇ ਹਨ। ਪਹਿਲੇ ਉਹ, ਜੋ ਆਪਣੇ ਨੇਕ ਤੇ ਉਸਾਰੂ ਕੰਮਾਂ ਨਾਲ ਇਤਿਹਾਸ ਰਚਦੇ ਹਨ ਤੇ ਆਉਣ ਵਾਲਾ ਸਮਾਂ ਉਨ੍ਹਾਂ ਨੂੰ ਯਾਦ ਕਰਦਾ ਹੋਇਆ ਸਦਾ ਹੀ ਨਮਨ ਕਰਦਾ ਹੈ। ਦੂਜੇ ਉਹ ਲੋਕ, ਜੋ ਇਤਿਹਾਸ ਨੂੰ ਪੜ੍ਹਦੇ ਹਨ ਤੇ ਉਸ ਵਿਚਲੀਆਂ ਪ੍ਰਾਪਤੀਆਂ ਅਤੇ ਗ਼ਲਤੀਆਂ ਤੋਂ ਸੇਧ ਲੈ ਕੇ ਆਪਣਾ ਵਰਤਮਾਨ ਅਤੇ ਭਵਿੱਖ ਸੁਆਰ ਲੈਂਦੇ ਹਨ। ਤੀਜੀ ਕਿਸਮ ਦੇ ਲੋਕ ਉਹ ਹੁੰਦੇ ਹਨ ਜੋ ਲਿਖੇ ਹੋਏ ਅਤੇ ਪ੍ਰਮਾਣਿਕ ਅਤੇ ਪ੍ਰਮਾਣਿਤ ਇਤਿਹਾਸ ਨੂੰ ਆਪਣੇ ਸੁਆਰਥ ਲਈ ਬਦਲ ਕੇ ਜਾਂ ਤੋੜ-ਮਰੋੜ ਕੇ ਇਕ 'ਨਵਾਂ ਇਤਿਹਾਸ' ਰਚਣ ਦੀ ਕੋਸ਼ਿਸ਼ ਕਰਦੇ ਹਨ। ਭਾਰਤੀ ਜਨਤਾ ਪਾਰਟੀ ਬੀਤੇ ਗਿਆਰ੍ਹਾਂ ਵਰ੍ਹਿਆਂ ਤੋਂ ਇਹ ਤੀਜੀ ਕਿਸਮ ਦਾ ਕਾਰਜ ਕਰਨ ਅਤੇ ਸੰਬੰਧਤ ਬਿਰਤਾਂਤ ਸਿਰਜਣ ਦਾ ਕੰਮ ਬੜੇ ਹੀ ਸ਼ਾਤਰਾਨਾ ਅਤੇ ਯੋਜਨਾਬੱਧ ਢੰਗ ਨਾਲ ਕਰ ਰਹੀ ਹੈ।

ਬੀਤੇ ਦਿਨੀਂ ਦੇਸ਼ ਦੀ ਸਿੱਖਿਆ ਪ੍ਰਣਾਲੀ ਨਾਲ ਜੁੜੀ ਉਘੀ ਸੰਸਥਾ ਐੱਨ ਸੀ ਈ ਆਰ ਟੀ ਭਾਵ ਨੈਸ਼ਨਲ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ ਵੱਲੋਂ ਪ੍ਰਕਾਸ਼ਤ ਕੀਤੀਆਂ ਜਾਂਦੀਆਂ ਭਾਰਤੀ ਇਤਿਹਾਸ ਸੰਬੰਧੀ ਪੁਸਤਕਾਂ ਵਿਚ ਦਰਜ ਜਾਣਕਾਰੀ ਅੰਦਰ ਪਰਿਵਰਤਨ ਕਰਦਿਆਂ ਹੋਇਆਂ ਇਹ ਵਿਚਾਰਧਾਰਾ ਸ਼ਾਮਿਲ ਕਰ ਦਿੱਤੀ ਗਈ ਹੈ, ਜੋ ਇਹ ਦਰਸਾਉਂਦੀ ਹੈ ਕਿ ਸੰਨ 1947 ਵਿੱਚ ਦੇਸ਼ ਦੀ ਦੋ ਹਿੱਸਿਆਂ ਵਿਚ ਹੋਈ ਵੰਡ ਲਈ ਸਮੁੱਚੇ ਰੂਪ ਵਿਚ ਕਾਂਗਰਸ ਪਾਰਟੀ, ਮੁਹੰਮਦ ਅਲੀ ਜਿਨਾਹ ਅਤੇ ਅੰਗਰੇਜ਼ ਸਰਕਾਰ ਆਦਿ ਧਿਰਾਂ ਜ਼ਿੰਮੇਵਾਰ ਸਨ। 'ਵੰਡ ਦੀ ਦਹਿਸ਼ਤ ਦਾ ਯਾਦਗਾਰ ਦਿਵਸ' ਸਿਰਲੇਖ ਹੇਠ ਛੇਵੀਂ ਤੋਂ ਅੱਠਵੀਂ ਜਮਾਤ ਅਤੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਦੋ ਨਵੇਂ ਮਾਡਿਊਲ ਪਾਠਕ੍ਰਮ ਵਿਚ ਸ਼ਾਮਿਲ ਕੀਤੇ ਗਏ ਹਨ। ਇਹ ਦੋਵੇਂ ਮਡਿਊਲ ਨਰਿੰਦਰ ਮੋਦੀ ਵੱਲੋਂ ਸੰਨ 2012 ਵਿਚ ਦਿੱਤੇ ਗਏ ਉਸ ਸੁਨੇਹੇ ਨਾਲ ਸ਼ੁਰੂ ਹੁੰਦੇ ਹਨ, ਜਿਸ ਵਿਚ ਉਨ੍ਹਾ 'ਵੰਡ ਦੀ ਦਹਿਸ਼ਤ ਦਾ ਯਾਦਗਾਰੀ ਦਿਵਸ' ਮਨਾਉਣ ਦਾ ਐਲਾਨ ਕੀਤਾ ਸੀ। ਇਸ ਨਵੇਂ ਮਡਿਊਲ ਵਿਚ 'ਵੰਡ ਦੇ ਦੋਸ਼ੀ' ਸਿਰਲੇਖ ਹੇਠ ਦਰਜ ਭਾਗ ਵਿਚ ਕਿਹਾ ਗਿਆ ਹੈ, 'ਅੰਤ ਵਿਚ 15 ਅਗਸਤ,1947 ਨੂੰ ਭਾਰਤ ਵੰਡਿਆ ਗਿਆ, ਪਰ ਇਹ ਸਿਰਫ਼ ਇਕ ਵਿਅਕਤੀ ਦਾ ਕੰਮ ਨਹੀਂ ਸੀ। ਭਾਰਤ ਦੀ ਵੰਡ ਲਈ ਤਿੰਨ ਤੱਤ ਜ਼ਿੰਮੇਵਾਰ ਸਨ। ਜਿਨਾਹ, ਜਿਸ ਨੇ ਇਸ ਦੀ ਮੰਗ ਕੀਤੀ। ਦੂਜਾ ਤੱਤ ਕਾਂਗਰਸ ਸੀ ਜਿਸਨੇ ਇਸ ਨੂੰ ਸਵੀਕਾਰ ਕੀਤਾ ਤੇ ਤੀਜਾ ਮਾਊਂਟਬੈਟਨ, ਜਿਸ ਨੇ ਇਸ ਨੂੰ ਲਾਗੂ ਕੀਤਾ।'

ਇਥੇ ਹੀ ਬਸ ਨਹੀਂ ਨਰਿੰਦਰ ਮੋਦੀ ਨੇ ਸਾਲ 2025 ਦੇ 'ਆਜ਼ਾਦੀ ਦਿਵਸ' ਮੌਕੇ ਲਾਲ ਕਿਲ੍ਹੇ ਤੋਂ ਦੇਸ਼ ਵਾਸੀਆਂ ਨੂੰ ਸੰਬੋਧਨ ਕਰਦਿਆਂ ਇਤਿਹਾਸਕ ਤੱਥਾਂ ਦੇ ਬਿਲਕੁਲ ਉਲਟ ਜਾ ਕੇ ਆਰ ਐੱਸ ਐੱਸ ਨੂੰ ਇਕ 'ਐੱਨ ਜੀ ਓ' ਐਲਾਨ ਦਿੱਤਾ ਅਤੇ ਦੇਸ਼ ਦੀ ਆਜ਼ਾਦੀ ਲਈ ਇਸ ਸੰਗਠਨ ਵੱਲੋਂ ਪਾਏ ਗਏ ਯੋਗਦਾਨ ਦੇ ਭਰਪੂਰ ਸੋਹਿਲੇ ਗਾਏ। ਇਸ ਤੋਂ ਪਹਿਲਾਂ ਵੀ ਭਾਰਤੀ ਜਨਤਾ ਪਾਰਟੀ ਵੱਲੋਂ ਵੱਖ-ਵੱਖ ਸ਼ਹਿਰਾਂ ਅਤੇ ਸੜਕਾਂ ਦੇ ਨਾਂਅ ਤਬਦੀਲ ਕਰਨ ਅਤੇ ਮਸਜਿਦਾਂ ਦੇ ਵਿਹੜਿਆਂ ਦੀ ਖੁਦਾਈ ਕਰਕੇ ਉਥੇ ਕਿਸੇ ਸਮੇਂ ਮੰਦਿਰ ਬਣੇ ਹੋਣ ਸੰਬੰਧੀ ਦਾਅਵੇ ਕਰਕੇ ਇਤਿਹਾਸ ਨੂੰ ਪੁੱਠਾ ਗੇੜਾ ਦੇਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਚੁੱਕੀਆਂ ਹਨ। ਕੁਝ ਮਹੀਨੇ ਪਹਿਲਾਂ ਭਾਜਪਾ ਨੇ 'ਗੋਦੀ ਮੀਡੀਆ' ਅਤੇ ਸੋਸ਼ਲ ਮੀਡੀਆ ਰਾਹੀਂ ਬੜੇ ਜ਼ੋਰ-ਸ਼ੋਰ ਨਾਲ ਇਹ ਮੁੱਦਾ ਵੀ ਉਛਾਲਿਆ ਸੀ ਕਿ ਬਾਦਸ਼ਾਹ ਅਕਬਰ ਇਕ ਬਹੁਤ ਹੀ ਜ਼ਾਲਮ ਰਾਜਾ ਸੀ ਤੇ ਉਸ ਨੇ 40 ਹਜ਼ਾਰ ਹਿੰਦੂਆਂ ਦੇ ਕਤਲ ਕਰਵਾਏ ਸਨ, ਪਰ ਜਦੋਂ ਕਾਂਗਰਸ ਪਾਰਟੀ ਅਤੇ ਹੋਰ ਵਿਰੋਧੀ ਦਲਾਂ ਨੇ ਅਕਬਰ ਦੇ ਦਰਬਾਰ ਨਾਲ ਸੰਬੰਧਤ ਹਿੰਦੂ ਰਾਜਿਆਂ ਰਾਜਾ ਮਾਨ ਸਿੰਘ, ਬੀਰਬਲ ਅਤੇ ਹੋਰਨਾਂ ਦੁਆਰਾ ਅਕਬਰ ਦਾ ਸਮਰਥਨ ਕੀਤੇ ਜਾਣ ਦਾ ਮੁੱਦਾ ਉਠਾਇਆ ਤਾਂ ਬੈਕਫੁੱਟ 'ਤੇ ਆਈ ਭਾਜਪਾ ਨੇ ਫ਼ਟਾਫ਼ਟ ਇਹ ਮੁੱਦਾ ਹੀ ਦਬਾਅ ਦਿੱਤਾ। ਸੋ ਇਸ ਤਰ੍ਹਾਂ ਆਏ ਦਿਨ ਭਾਜਪਾ ਆਗੂ ਅਤੇ ਭਾਜਪਾ ਦਾ ਪ੍ਰਭਾਵਸ਼ਾਲੀ 'ਮੀਡੀਆ ਸੈੱਲ' ਦੇਸ਼ ਵਿਚ ਕਈ ਦਹਾਕਿਆਂ ਹੀ ਨਹੀਂ, ਸਗੋਂ ਸਦੀਆਂ ਤੋਂ ਪੜ੍ਹਾਏ ਜਾ ਰਹੇ ਇਤਿਹਾਸ ਦੇ ਬਿਲਕੁਲ ਉਲਟ ਇਕ 'ਨਵਾਂ ਇਤਿਹਾਸ' ਲਿਆਉਣ ਅਤੇ ਪੜ੍ਹਾਉਣ ਦਾ ਯਤਨ ਕਰ ਰਹੇ ਹਨ।

ਦਰਅਸਲ ਇਤਿਹਾਸ ਦੇ ਪੰਨਿਆਂ 'ਤੇ ਇਹ ਸਾਫ਼-ਸਾਫ਼ ਦਰਜ ਹੈ ਕਿ ਆਜ਼ਾਦੀ ਤੋਂ ਪਹਿਲਾਂ 'ਹਿੰਦੂ ਮਹਾਂ ਸਭਾ' ਅਤੇ 'ਮੁਸਲਿਮ ਲੀਗ' ਨਾਮਕ ਸੰਗਠਨਾਂ ਨੇ 'ਟੂ ਨੇਸ਼ਨ ਥਿਊਰੀ' ਭਾਵ 'ਦੋ ਰਾਸ਼ਟਰ ਦੇ ਸਿਧਾਂਤ' ਦਾ ਸਮਰਥਨ ਕੀਤਾ ਸੀ, ਜੋ ਕਿ ਹਿੰਦੂਆਂ ਲਈ ਵੱਖ ਤੇ ਮੁਸਲਮਾਨਾਂ ਲਈ ਵੱਖਰੇ ਦੇਸ਼ ਦੀ ਗੱਲ ਕਰਦਾ ਸੀ। ਇਸ ਮੰਗ ਦੇ ਇਨ੍ਹਾਂ ਦੋਵਾਂ ਭਾਈਵਾਲਾਂ ਨੇ ਗਠਬੰਧਨ ਕਰਕੇ ਪੱਛਮੀ ਬੰਗਾਲ ਅਤੇ ਕਸ਼ਮੀਰ ਵਿਚ ਸਰਕਾਰਾਂ ਵੀ ਬਣਾਈਆਂ ਸਨ। ਮਹਾਤਮਾ ਗਾਂਧੀ, ਪੰਡਤ ਜਵਾਹਰ ਲਾਲ ਨਹਿਰੂ ਅਤੇ ਹੋਰ ਕਾਂਗਰਸੀ ਆਗੂ ਇਸ ਥਿਊਰੀ ਦੇ ਵਿਰੋਧ ਵਿਚ ਸਨ। ਇਨ੍ਹਾਂ ਦੋਵਾਂ ਆਗੂਆਂ ਅਤੇ ਹੋਰ ਅਸੰਖਾਂ ਕਾਂਗਰਸੀ ਆਗੂਆਂ, ਕਾਰਜਕਰਤਾਵਾਂ ਤੇ ਦੇਸ਼ ਭਗਤਾਂ ਨੇ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰਦਿਆਂ ਲਾਠੀਆਂ ਖਾਧੀਆਂ ਸਨ ਤੇ ਜੇਲ੍ਹਾਂ ਕੱਟੀਆਂ ਸਨ, ਪਰ ਆਰ ਐੱਸ ਐੱਸ ਤੇ ਭਾਜਪਾ ਨੂੰ ਜਨਮ ਦੇਣ ਵਾਲੇ ਉਸ ਵੇਲੇ ਦੇ 'ਜਨ ਸੰਘ' ਨਾਮਕ ਸੰਗਠਨ ਦੇ ਆਗੂਆਂ ਦੀ ਵਿਚਾਰਧਾਰਾ ਅਤੇ ਕਾਰਜ ਸ਼ੈਲੀ ਬਿਲਕੁਲ ਵੱਖਰੀ ਸੀ। ਜਨਸੰਘੀ ਆਗੂ ਵੀਰ ਸਾਵਰਕਰ ਬਾਰੇ ਇਤਿਹਾਸ ਦੀਆਂ ਪੁਸਤਕਾਂ ਵਿਚ ਦਰਜ ਹੈ ਕਿ 'ਕਾਲੇ ਪਾਣੀ' ਦੀ ਸਜ਼ਾ ਮਿਲਣ 'ਤੇ ਸਾਵਰਕਰ ਨੇ ਅੰਗਰੇਜ਼ ਸਰਕਾਰ ਕੋਲੋਂ ਲਿਖ਼ਤੀ ਰੂਪ ਵਿਚ ਮੁਆਫ਼ੀ ਮੰਗੀ ਸੀ ਤੇ ਨਾਲ ਹੀ ਅੰਗਰੇਜ਼ੀ ਫ਼ੌਜ ਵਿਚ ਭਾਰਤੀ ਨੌਜਵਾਨਾਂ ਨੂੰ ਭਰਤੀ ਕਰਵਾਉਣ ਦਾ ਵੀ ਭਰੋਸਾ ਦੁਆਇਆ ਸੀ। ਇਤਿਹਾਸ ਇਹ ਵੀ ਦੱਸਦਾ ਹੈ ਕਿ ਅੰਗਰੇਜ਼ਾਂ ਨੇ ਨਾ ਕੇਵਲ ਸਾਵਰਕਰ ਦੀ ਸਜ਼ਾ ਮੁਆਫ਼ ਕਰ ਦਿੱਤੀ ਸੀ, ਸਗੋਂ ਉਨ੍ਹਾਂ ਸਮਿਆਂ ਦੇ ਮੁਤਾਬਿਕ 'ਚੰਗੀ ਰਾਸ਼ੀ' ਵਾਲੀ ਮਹੀਨਾਵਾਰ ਪੈਨਸ਼ਨ ਵੀ ਉਸ ਨੂੰ ਲਗਾ ਦਿੱਤੀ ਸੀ। ਇਹ ਵੀ 'ਇਤਿਹਾਸਕ ਕੌੜਾ ਸੱਚ' ਹੈ ਕਿ ਆਰ ਐੱਸ ਐੱਸ ਨੇ ਡਾ.ਬੀ ਆਰ ਅੰਬੇਡਕਰ ਵੱਲੋਂ ਤਿਆਰ ਕੀਤੇ ਭਾਰਤੀ ਸੰਵਿਧਾਨ ਦਾ ਵਿਰੋਧ ਕਰਦਿਆਂ ਰੋਸ ਪ੍ਰਦਰਸ਼ਨ ਵੀ ਕੀਤੇ ਸਨ ਤੇ ਸੰਵਿਧਾਨ ਦੀਆਂ ਕਾਪੀਆਂ ਵੀ ਸਾੜੀਆਂ ਸਨ। ਦੇਸ਼ ਨੂੰ ਆਜ਼ਾਦੀ ਮਿਲਣ ਦੇ 53 ਸਾਲ ਬਾਅਦ ਵੀ ਆਰ ਐੱਸ ਐੱਸ ਦੇ ਹੈੱਡਕੁਆਰਟਰ 'ਤੇ ਤਿਰੰਗਾ ਨਹੀਂ ਲਹਿਰਾਇਆ ਗਿਆ ਸੀ। ਇਹ ਵੀ ਇਕ ਲੋਕ ਪ੍ਰਵਾਨਿਤ ਇਤਿਹਾਸਕ ਤੱਥ ਹੈ ਕਿ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਹੱਤਿਆ ਕਰਨ ਵਾਲਾ ਨੱਥੂ ਰਾਮ ਗੌਂਡਸੇ ਆਰ ਐੱਸ ਐੱਸ ਵਿਚਾਰਧਾਰਾ ਪੱਖੀ ਹੀ ਸੀ ਤੇ ਅੱਜ ਵੀ ਕੋਈ ਭਾਜਪਾ ਆਗੂ ਜਾਂ ਆਰ ਐੱਸ ਐੱਸ ਦਾ ਅਹੁਦੇਦਾਰ ਨੱਥੂ ਰਾਮ ਗੌਂਡਸੇ ਨੂੰ 'ਕਾਤਿਲ' ਜਾਂ 'ਅੱਤਵਾਦੀ' ਆਖ਼ ਕੇ ਨਹੀਂ ਪੁਕਾਰਦਾ।

ਅਜੋਕੇ ਸਮੇਂ ਦਾ ਕੌੜਾ ਸੱਚ ਇਹ ਹੈ ਕਿ ਉਕਤ ਸਾਰੇ ਇਤਿਹਾਸਕ ਤੱਥਾਂ ਦੀ ਪਰਦਾਪੋਸ਼ੀ ਕਰਕੇ ਸਮੁੱਚੀ ਭਾਜਪਾ ਲੀਡਰਸ਼ਿਪ ਆਰ ਐੱਸ ਐੱਸ ਨੂੰ 'ਮਹਾਨ', 'ਦੇਸ਼ ਭਗਤੀ ਵਾਲਾ' ਅਤੇ 'ਦੇਸ਼ ਨੂੰ ਸਮਰਪਿਤ' ਸੰਗਠਨ ਤੇ ਸਾਵਰਕਰ ਜਿਹੇ ਵਿਅਕਤੀਆਂ ਨੂੰ 'ਵੱਡੇ ਦੇਸ਼ ਭਗਤ' ਦਰਸਾਉਣ ਦੀ ਕੋਸ਼ਿਸ਼ ਵਿਚ ਹੈ ਤੇ ਦੇਸ਼ ਦੇ ਮੀਡੀਆ ਜਗਤ ਦਾ ਇਕ ਵੱਡਾ ਵਰਗ ਭਾਜਪਾ ਦੇ ਇਸ 'ਮਿਸ਼ਨ' ਵਿਚ ਉਸ ਦੀ ਭਰਪੂਰ ਮਦਦ ਕਰ ਰਿਹਾ ਹੈ। ਆਰ ਐੱਸ ਐੱਸ ਜਿਹੇ ਕੱਟੜ ਸੰਗਠਨ ਦਾ ਕੱਦ ਉੱਚਾ ਕਰਨ ਦੀ ਕਵਾਇਦ ਦੇਸ਼ ਭਰ ਵਿਚ ਚੱਲ ਰਹੀ ਹੈ, ਉਸ ਨਾਲ ਇਹ ਪੂਰੀ ਸੰਭਾਵਨਾ ਹੈ ਕਿ ਛੇਤੀ ਹੀ ਸਾਵਰਕਰ ਜਿਹੇ ਵਿਅਕਤੀਆਂ ਨੂੰ ਵੱਡੇ ਅਤੇ ਮਹਾਨ 'ਦੇਸ਼ ਭਗਤ' ਐਲਾਨਿਆ ਜਾ ਸਕਦਾ ਹੈ ਤੇ ਨਰਿੰਦਰ ਮੋਦੀ ਨੇ ਆਰ ਐੱਸ ਐੱਸ.ਨੂੰ 'ਐੱਨ ਜੀ ਓ' ਭਾਵ 'ਸਮਾਜ ਸੇਵੀ ਸੰਗਠਨ' ਆਖ ਕੇ ਉਕਤ ਅੰਦੇਸ਼ਿਆਂ ਦੇ ਸੱਚ ਹੋਣ ਦਾ ਮੁੱਢ ਬੰਨ੍ਹ ਦਿੱਤਾ ਹੈ।

ਸਮੁੱਚੀ ਭਾਜਪਾ ਲੀਡਰਸ਼ਿਪ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਇਤਿਹਾਸ ਬਦਲਣ ਦੀ ਉਹ ਜਦੋਂ-ਜਦੋਂ ਵੀ ਕੋਸ਼ਿਸ਼ ਕਰੇਗੀ, ਵਿਰੋਧੀ ਧਿਰਾਂ ਅਤੇ ਉਨ੍ਹਾਂ ਨਾਲ ਸੰਬੰਧਤ ਸੋਸ਼ਲ ਮੀਡੀਆ ਚੈਨਲ, ਤਸਵੀਰ ਦਾ ਦੂਜਾ ਪਾਸਾ ਲੋਕਾਂ ਨੂੰ ਵਿਖਾਅ ਦੇਣਗੇ । ਇਸ ਸਾਰੀ ਕਵਾਇਦ ਵਿਚ ਆਪਣਾ ਤੇ ਆਪਣੇ ਪਿਤਰੀ ਸੰਗਠਨ ਆਰ ਐੱਸ ਐੱਸ ਦਾ 'ਇਤਿਹਾਸ' ਸੁਧਾਰਨ ਦੀ ਕੋਸ਼ਿਸ਼ ਕਰਦੀ ਭਾਜਪਾ ਕਿਧਰੇ ਆਪਣਾ ਵਰਤਮਾਨ ਅਤੇ ਭਵਿੱਖ ਹੀ ਖ਼ਰਾਬ ਨਾ ਕਰ ਲਏ, ਕਿਉਂਕਿ ਹੁਣ ਆਮ ਜਨਤਾ ਨੂੰ ਇਹ ਸਮਝ ਆਉਣ ਲੱਗ ਪਈ ਹੈ ਕਿ ਬੀਤੇ 11 ਵਰ੍ਹਿਆਂ ਵਿੱਚ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਦੀ ਐੱਨ ਡੀ ਏ ਸਰਕਾਰ ਨੇ ਅਜਿਹੀਆਂ ਕੋਈ ਵੱਡੀਆਂ ਪ੍ਰਾਪਤੀਆਂ ਨਹੀਂ ਕੀਤੀਆਂ, ਜੋ ਲੋਕਾਂ ਨੂੰ ਗਿਣਾਈਆਂ ਜਾ ਸਕਣ, ਇਸ ਲਈ ਭਾਜਪਾ ਹਰ ਵਾਰ ਦੇਸ਼ ਅਤੇ ਦੇਸ਼ ਦੇ ਨੌਜਵਾਨਾਂ ਦੇ ਵਰਤਮਾਨ ਅਤੇ ਭਵਿੱਖ ਨਾਲ ਸੰਬੰਧਤ ਮੁੱਦਿਆਂ ਦੀ ਗੱਲ ਕਰਨ ਦੀ ਥਾਂ ਇਤਿਹਾਸ ਵੱਲ ਨੂੰ ਦੌੜਦੀ ਹੈ ਤੇ ਕੁਝ ਨਾ ਕੁਝ ਸੰਵੇਦਨਸ਼ੀਲ ਮੁੱਦਾ ਲੱਭਣ ਅਤੇ ਬਣਾਉਣ ਦੀ ਕੋਸ਼ਿਸ਼ ਕਰਦੀ ਹੈ। ਭਾਜਪਾ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ 'ਕਾਠ ਦੀ ਹਾਂਡੀ ਵਾਰ-ਵਾਰ ਨਹੀਂ ਚੜ੍ਹਦੀ' ਹੈ ਤੇ ਜਨਤਾ ਮੂਰਖ ਨਹੀਂ ਹੈ।

# ਸੰਪਰਕ : 97816-46008

ਸ਼ਹੀਦੀ ਦਿਵਸ 'ਤੇ ਵਿਸ਼ੇਸ਼

# .ਗਦਰੀ ਦੇਸ਼ ਭਗਤ ਸ਼ਹੀਦ ਭਾਈ ਕਰਮ ਸਿੰਘ ਦੌਲਤਪੁਰ

ਡਾ. ਗੋਪਾਲ ਸਿੰਘ ਬੁੱਟਰ

ਭਾਈ ਕਰਮ ਸਿੰਘ ਦੌਲਤਪੁਰ ਕੈਨੇਡਾ ਦੇ ਉੱਘੇ ਗ਼ਦਰੀ ਦੇਸ਼ ਭਗਤ ਸਨ, ਜਿਹੜੇ ਦੂਸਰੇ ਗ਼ਦਰੀ ਬਾਬਿਆਂ ਵਾਂਗ ਵਿਕਸਤ ਦੇਸ਼ ਦੇ ਖੁਸ਼ਹਾਲ ਜੀਵਨ, ਜਿਸ ਵਿੱਚ ਘਰ-ਬਾਹਰ, ਜ਼ਮੀਨ ਜਾਇਦਾਦ ਸ਼ਾਮਿਲ ਸਨ, ਦਾ ਮੋਹ ਤਿਆਗ ਕੇ 1914 ਨੂੰ ਦੇਸ਼ ਨੂੰ ਬਰਤਾਨਵੀ ਸਾਮਰਾਜ ਦੀ ਗ਼ੁਲਾਮੀ ਤੋਂ ਮੁਕਤ ਕਰਵਾਉਣ ਲਈ ਆਪਣੇ ਵਤਨ ਵਾਪਸ ਆ ਕੇ ਹਥਿਆਰਬੰਦ ਇਨਕਲਾਬ ਦੇ ਸੰਘਰਸ਼ ਵਿੱਚ ਕੁੱਦ ਪਏ ਸਨ। ਕਰਮ ਸਿੰਘ ਦੌਲਤਪੁਰ ਦਾ ਜਨਮ 1880 ਨੂੰ ਦੋਆਬੇ ਦੇ ਨਵਾਂਸ਼ਹਿਰ ਦੇ ਨਜ਼ਦੀਕ ਪਿੰਡ ਦੌਲਤਪੁਰ ਵਿਖੇ ਸ੍ਰੀ ਨੱਥਾ ਸਿੰਘ ਥਾਂਦੀ ਦੇ ਘਰ ਮਾਤਾ ਦੁੱਲੀ ਦੀ ਕੁੱਖੋਂ ਹੋਇਆ । ਉਨ੍ਹਾ ਨੇ ਅੱਠ ਸਾਲ ਦੇ ਕਰੀਬ ਫੌਜ ਵਿੱਚ ਨੌਕਰੀ ਕਰਨ ਉਪਰੰਤ ਪਿੰਡ ਆ ਕੇ ਖੇਤੀਬਾੜੀ ਦਾ ਕੰਮ ਸੰਭਾਲ ਲਿਆ ।

ਫੌਜ ਦੀ ਨੌਕਰੀ ਦੌਰਾਨ ਮਿਲੇ ਬਾਬਾ ਕਰਮ ਸਿੰਘ ਹੋਤੀ ਮਰਦਾਨ ਵਾਲਿਆਂ ਦੇ ਪ੍ਰਭਾਵ ਸਦਕਾ ਉਹ ਪਿੰਡ ਵਿੱਚ ਹੀ ਭੋਰਾ ਪੁੱਟ ਕੇ ਪ੍ਰਭੂ ਭਗਤੀ ਵਿੱਚ ਲੀਨ ਰਹਿਣ ਲੱਗ ਪਏ । ਉਨ੍ਹਾ ਦੀ ਇਸ ਰੁਚੀ ਬਾਰੇ ਜਾਣ ਕੇ ਉਨ੍ਹਾ ਨੂੰ ਦੁਨੀਆਦਾਰੀ ਨਾਲ ਜੋੜੀ ਰੱਖਣ ਉਦੇਸ਼ ਨਾਲ ਉਨ੍ਹਾ;ਦੇ ਕੈਨੇਡਾ ਰਹਿੰਦੇ ਚਾਚਾ ਵਰਿਆਮ ਸਿੰਘ ਤੇ ਭਰਾ ਹਰੀ ਸਿੰਘ ਨੇ ਆਪਣੇ ਕੋਲ ਵੈਨਕੂਵਰ ਦੇ ਨਜ਼ਦੀਕ ਐਬਟਸਫੋਰਡ ਵਿਖੇ ਬੁਲਾ ਲਿਆ, ਏਥੇ ਉਹ ਸੰਤ ਤੇਜਾ ਸਿੰਘ ਦੀ ਗੁਰੂ ਨਾਨਕ ਮਾਈਨਿੰਗ ਐਂਡ ਟਰੱਸਟ ਕੰਪਨੀ ਵਿੱਚ ਹਿੱਸੇਦਾਰ ਸਨ । ਕੈਨੇਡਾ ਵਿੱਚ ਭਾਈ ਕਰਮ ਸਿੰਘ ਇੱਥੇ ਚਲਦੇ ਨਸਲੀ ਵਿਤਕਰਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਭਾਰਤੀਆਂ ਨਾਲ ਜੁੜ ਗਏ । ਜਦੋਂ 1913 'ਚ ਗ਼ਦਰ ਪਾਰਟੀ ਦਾ ਗਠਨ ਹੋਇਆ ਤਾਂ ਭਾਈ ਕਰਮ ਸਿੰਘ ਦੌਲਤਪੁਰ ਨੇ ਵੀ ਵੈਨਕੂਵਰ ਦੇ ਖ਼ਾਲਸਾ ਦੀਵਾਨ ਸੁਸਾਇਟੀ ਦੇ ਆਗੂਆਂ ਨਾਲ ਇਸ ਦਾ ਹਿੱਸਾ ਬਣ ਕੇ ਸਰਗਰਮੀ ਨਾਲ ਕੰਮ ਕਰਨਾ ਆਰੰਭ ਕਰ ਦਿੱਤਾ । ਉਹ ਗ਼ਦਰ ਕਰਨ ਦੇ ਉਦੇਸ਼ ਨਾਲ 1914 ਵਿੱਚ ਦੂਸਰੇ ਗ਼ਦਰੀ ਆਗੂਆਂ ਸਮੇਤ ਭਾਰਤ ਪਰਤ ਆਏ। ਖੁਫ਼ੀਆ ਰਿਪੋਰਟ ਦੇ ਆਧਾਰ 'ਤੇ ਸਰਕਾਰ ਨੇ ਉਨ੍ਹਾ ਨੂੰ ਪਿੰਡ ਦੌਲਤਪੁਰ ਵਿੱਚ 1918 ਤੱਕ ਜੂਹਬੰਦ ਕਰੀ ਰੱਖਿਆ ।ਜੂਹਬੰਦੀ ਖਤਮ ਹੋਣ ਉਪਰੰਤ ਉਹ ਆਪਣੇ ਸਾਥੀਆਂ ਸਮੇਤ ਨਨਕਾਣਾ ਸਾਹਿਬ ਗਏ, ਜਿੱਥੇ ਸਰਕਾਰ ਦੀ ਸ਼ਹਿ 'ਤੇ ਮਹੰਤ ਨਾਰਾਇਣ ਦਾਸ (ਨਰੈਣ) ਨੇ ਸ਼ਰਧਾਲੂ ਸੰਗਤਾਂ ਅਤੇ ਸਿੱਖ ਆਗੂ ਭਾਈ ਲਛਮਣ ਸਿੰਘ ਨੂੰ ਘੇਰ ਕੇ ਬੜੀ ਕਰੂਰਤਾ ਨਾਲ ਕਤਲ ਕਰ ਦਿੱਤਾ। ਇਸ ਭਿਅੰਕਰ ਘਟਨਾ ਨੂੰ ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਵਜੋਂ ਯਾਦ ਕੀਤਾ ਜਾਂਦਾ ਹੈ। ਇੱਥੇ ਭਾਈ ਸਾਹਿਬ ਨੇ ਅੰਮ੍ਰਿਤ ਛਕ ਕੇ ਆਪਣਾ ਨਾਂਅ ਨਰੈਣ ਸਿੰਘ ਤੋਂ ਕਰਮ ਸਿੰਘ ਰੱਖ ਲਿਆ ਅਤੇ ਗੁਰਦੁਆਰਾ ਸੁਧਾਰ ਲਹਿਰ ਵਿੱਚ ਕੁੱਦਣ ਦਾ ਫੈਸਲਾ ਕਰ ਲਿਆ ।

ਗੁਰੂ ਕੇ ਬਾਗ ਵਿੱਚ ਸ਼ਾਂਤਮਈ ਅਕਾਲੀ ਅੰਦੋਲਨ ਉੱਤੇ ਹੋਏ ਸਰਕਾਰੀ ਜ਼ੁਲਮ ਨੂੰ ਦੇਖ ਕੇ ਉਨ੍ਹਾਂ ਹਥਿਆਰਬੰਦ ਸੰਘਰਸ਼ ਕਰਨ ਦਾ ਰਸਤਾ ਅਖ਼ਤਿਆਰ ਕੀਤਾ। ਉਸ ਸਮੇਂ ਮਾਸਟਰ ਮੋਤਾ ਸਿੰਘ ਅਤੇ ਕਿਸ਼ਨ ਸਿੰਘ ਗੜਗੱਜ ਦੀ ਅਗਵਾਈ ਵਿੱਚ ਇਨਕਲਾਬੀ ਦੇਸ਼ ਭਗਤਾਂ ਨੇ ਚੱਕਰਵਰਤੀ ਜਥਾ ਬਣਾ ਕੇ ਜਲੰਧਰ ਦੇ ਇਲਾਕੇ ਵਿੱਚ ਬਰਤਾਨਵੀ ਸਰਕਾਰ ਅਤੇ ਉਸ ਦੇ ਹੱਥਠੋਕੇ ਸਰਕਾਰਪ੍ਰਸਤਾਂ ਵਿਰੁੱਧ ਸੰਘਰਸ਼ ਆਰੰਭ ਕੀਤਾ ਹੋਇਆ ਸੀ । ਭਾਈ ਕਰਮ ਸਿੰਘ ਦੌਲਤਪੁਰ ਨੇ ਆਪਣੇ ਕੈਨੇਡਾ ਤੋਂ ਆਏ ਆਸਾ ਸਿੰਘ ਭੁਕੜੁਦੀ, ਹਰੀ ਸਿੰਘ ਸੂੰਢ, ਕਰਮ ਸਿੰਘ ਝਿੰਗੜ ਅਤੇ ਹੋਰ ਸਾਥੀਆਂ ਨਾਲ਼ ਮਿਲ਼ ਕੇ ਇਹੀ ਸੰਘਰਸ਼ ਬੰਗਾ, ਨਵਾਂ ਸ਼ਹਿਰ ਅਤੇ ਮਾਹਿਲਪੁਰ ਦੇ ਇਲਾਕਿਆਂ ਵਿੱਚ ਵਿੱਢਿਆ ਹੋਇਆ ਸੀ। ਭਾਈ ਕਰਮ ਸਿੰਘ ਦੌਲਤਪੁਰ ਨੇ ਆਪਣੇ ਸੰਘਰਸ਼ ਦੇ ਪ੍ਰਚਾਰ ਲਈ ਗ਼ਦਰ ਪਾਰਟੀ ਦੇ ਪਰਚੇ 'ਗ਼ਦਰ' ਦੀ ਤਰਜ਼ 'ਤੇ ਇੱਕ ਅਖ਼ਬਾਰ 'ਬੱਬਰ ਅਕਾਲੀ ਦੁਆਬਾ' ਪ੍ਰਕਾਸ਼ਤ ਕਰਨਾ ਆਰੰਭ ਕੀਤਾ, ਜਿਸ ਨੂੰ ਉਹ ਪਹਿਲਾਂ 'ਸਫ਼ਰੀ' ਅਤੇ ਬਾਅਦ ਵਿੱਚ 'ਉਡਾਰੂ ਪ੍ਰੈੱਸ' ਨਾਂਅ ਤਹਿਤ ਛਾਪਦੇ ਰਹੇ ।



ਭਾਈ ਕਰਮ ਸਿੰਘ ਦੌਲਤਪੁਰ ਨੇ ਬੱਬਰ ਅਕਾਲੀ ਦੁਆਬਾ ਪਰਚੇ ਦੇ ਪ੍ਰਕਾਸ਼ਨ ਲਈ ਪਿੰਡ ਬਛੌੜੀ ਦੇ ਨੰਬਰਦਾਰ ਰਾਮ ਦਿੱਤਾ ਤੋਂ ਸਰਕਾਰੀ ਮਾਲੀਏ ਦੇ ਪੈਸੇ ਖੋਹ ਕੇ ਸਾਈਕਲੋਸਟਾਈਲ ਮਸ਼ੀਨ ਖਰੀਦ ਕੇ 22 ਅਗਸਤ 1922 ਨੂੰ ਪਹਿਲਾ ਅੰਕ ਪ੍ਰਕਾਸ਼ਤ ਕਰਕੇ ਦੇਸ਼ ਭਗਤਾਂ ਦੀ ਮੁਖਬਰੀ ਕਰਨ ਵਾਲੇ ਝੋਲ਼ੀਚੁੱਕਾਂ ਵਰਜਦਿਆਂ ਲਿਖਿਆ ਕਿ ਅੱਗੇ ਤੋਂ ਇਸ ਕੁਕਰਮ ਦੀ ਸਜ਼ਾ ਮੌਤ ਹੋਵੇਗੀ । ਇਸ ਉਪਰੰਤ ਪਰਚੇ ਦੇ ਮਈ 1923 ਤੱਕ 15 ਅੰਕ ਪ੍ਰਕਾਸ਼ਤ ਹੋਏ । ਭਾਈ ਸਾਹਿਬ ਦੇ ਇਸ ਸ਼ਕਤੀਸ਼ਾਲੀ ਪ੍ਰਚਾਰ ਮਾਧਿਅਮ ਤੋਂ ਪ੍ਰਭਾਵਤ ਹੋ ਕੇ ਜਥੇਦਾਰ ਕਿਸ਼ਨ ਸਿੰਘ ਗੜਗੱਜ ਨੇ ਮਿਲ ਕੇ ਸਾਂਝੇ ਸੰਘਰਸ਼ ਦੀ ਵਿਓਂਤਬੰਦੀ ਕਰਨ ਦਾ ਮਨ ਬਣਾਇਆ।ਭਾਈ ਸਾਹਿਬ ਦੇ ਸਾਥੀ ਆਸਾ ਸਿੰਘ ਭੁਕੜੁਦੀ ਨੇ ਜਥੇਦਾਰ ਕਿਸ਼ਨ ਸਿੰਘ ਗੜਗੱਜ ਦੀ ਇਸ ਇੱਛਾ 'ਤੇ ਉਨ੍ਹਾ ਨੂੰ ਭਾਈ ਕਰਮ ਸਿੰਘ ਦੌਲਤਪੁਰ ਨਾਲ ਮਿਲਵਾਇਆ। ਇਸ ਮਿਲਣੀ ਉਪਰੰਤ ਚਕਰਵਰਤੀ ਜੱਥਾ ਭਾਈ ਦੌਲਤਪੁਰ ਦੀ ਲਹਿਰ ਵਿੱਚ ਮਿਲਾ ਕੇ ਇਸ ਦਾ ਨਾਂਅ ਬੱਬਰ ਅਕਾਲੀ ਜਥਾ ਰੱਖ ਲਿਆ। ਜਥੇਦਾਰ ਗੜਗੱਜ ਨੇ ਸਾਥੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਅੱਗੇ ਤੋਂ ਭਾਈ ਸਾਹਿਬ ਨੂੰ 'ਬੱਬਰ ਸਾਹਿਬ' ਕਿਹਾ ਕਰਨਗੇ ਅਤੇ 'ਬੱਬਰ ਅਕਾਲੀ ਦੁਆਬਾ' ਦੇ ਐਡੀਟਰ ਵੀ ਭਾਈ ਕਰਮ ਸਿੰਘ ਦੌਲਤਪੁਰ ਹੀ ਰਹਿਣਗੇ ।

ਬੱਬਰ ਅਕਾਲੀ ਲਹਿਰ ਦੀਆਂ ਸਰਕਾਰ ਪ੍ਰਸਤਾਂ ਤੇ ਮੁਖ਼ਬਰਾਂ ਨੂੰ ਸੋਧਣ ਦੀਆਂ ਕਾਰਵਾਈਆਂ ਦੇ ਆਤੰਕ ਨੇ ਸਰਕਾਰ ਨੂੰ ਫਿਕਰਾਂ ਵਿੱਚ ਪਾ ਦਿੱਤਾ। ਸਰਕਾਰ ਨੇ ਆਪਣੇ ਦਮਨ-ਚੱਕਰ ਨੂੰ ਤੇਜ਼ ਕਰਨ ਹਿੱਤ ਬੱਬਰਾਂ ਨੂੰ ਗ੍ਰਿਫ਼ਤਾਰ ਕਰਵਾਉਣ ਵਾਲਿਆਂ ਨੂੰ ਵੱਡੇ-ਵੱਡੇ ਲਾਲਚਾਂ ਦੀ ਪੇਸ਼ਕਸ਼ ਦਿੱਤੀ। ਭਾਈ ਕਰਮ ਸਿੰਘ ਦੌਲਤਪੁਰ ਦਾ ਧਰਮ-ਪੁੱਤਰ ਬਣਿਆ ਸਾਥੀ ਅਨੂਪ ਸਿੰਘ ਇਸ ਲੋਭ-ਚੱਕਰ ਵਿੱਚ ਫਸ ਗਿਆ । ਉਸ ਨੇ 31 ਅਗਸਤ ਅਤੇ 1 ਸਤੰਬਰ 1923 ਦੀ ਵਿਚਲੀ ਰਾਤ ਨੂੰ ਭਾਈ ਕਰਮ ਸਿੰਘ ਦੌਲਤਪੁਰ, ਉਦੇ ਸਿੰਘ ਰਾਮਗੜ੍ਹ ਝੁੰਗੀਆਂ , ਬਿਸ਼ਨ ਸਿੰਘ ਮਾਂਗਟ ਤੇ ਮਹਿੰਦਰ ਸਿੰਘ ਪੰਡੋਰੀ ਗੰਗਾ ਸਿੰਘ ਦੀ ਖ਼ਬਰ ਪੁਲਸ ਨੂੰ ਪਹੁੰਚਾ ਕੇ ਉਨ੍ਹਾਂ ਨੂੰ ਘੇਰਾ ਪਵਾ ਦਿੱਤਾ। ਇਸ ਤੋਂ ਪਹਿਲਾਂ ਅਨੂਪ ਸਿੰਘ ਇਨ੍ਹਾਂ ਦੇ ਹਥਿਆਰ ਨਕਾਰਾ ਕਰ ਕੇ ਆਪ ਪੇਟ ਦੀ ਖ਼ਰਾਬੀ ਦਾ ਬਹਾਨਾ ਬਣਾ ਕੇ ਉਥੋਂ ਚਲਾ ਗਿਆ ।

ਪਹਿਲੀ ਸਤੰਬਰ ਨੂੰ ਸਵੇਰੇ ਤੜਕੇ ਪਏ ਪੁਲਸ ਦੇ ਘੇਰੇ ਦੌਰਾਨ ਇਹ ਚਾਰੇ ਦੇਸ਼ ਭਗਤ ਮੁਕਾਬਲਾ ਕਰਦੇ ਹੋਏ ਫਗਵਾੜੇ ਕੋਲ ਬੰਬੇਲੀ ਪਿੰਡ ਵਿੱਚ ਸ਼ਹਾਦਤ ਦਾ ਜਾਮ ਪੀ ਗਏ। ਇਨ੍ਹਾਂ ਮਹਾਨ ਇਨਕਲਾਬੀ ਸੂਰਬੀਰਾਂ ਦਾ ਸ਼ਹੀਦੀ ਦਿਵਸ ਪਿੰਡ ਦੌਲਤਪੁਰ (ਭਾਰਤ) ਹੈਰੀਟੇਜ ਗੁਰਦੁਆਰਾ ਐਬਟਸਫੋਰਡ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ, ਜਿੱਥੇ ਇਨ੍ਹਾਂ ਦੀਆਂ ਯਾਦਗਾਰਾਂ ਸਥਾਪਤ ਕੀਤੀਆਂ ਗਈਆਂ ਹਨ ।

# ਸੰਪਰਕ : 99150-05814

# ਸਮਾਜ ਨੂੰ ਘੁਣ ਵਾਂਗ ਖਾ ਰਹੀ ਕਮਿਸ਼ਨ ਲੈਣ ਦੀ ਆਦਤ

ਜੰਗੀਰ ਸਿੰਘ ਦਿਲਬਰ

ਭਾਵੇਂ ਦੁਨੀਆ ਵਿਚ ਬਹੁਤ ਸਾਰੇ ਦੇਸ਼ਾਂ ਬਾਰੇ ਸੁਣਨ ਵਿਚ ਆਉਂਦਾ ਹੈ ਕਿ ਫਲਾਣੇ-ਫਲਾਣੇ ਦੇਸ਼ ਵਿਕਾਸਸ਼ੀਲ ਬਣ ਚੁੱਕੇ ਹਨ , ਪਰ ਫਿਰ ਵੀ ਹਰ ਦੇਸ਼ ਵਿਚ ਕੋਈ ਨਾ ਕੋਈ ਘਾਟ ਜ਼ਰੂਰ ਵੇਖਣ ਵਿਚ ਆ ਜਾਂਦੀ ਹੈ। ਅਸਲ ਵਿਕਾਸ ਕਰ ਚੁੱਕੇ ਅਜਿਹੇ ਦੇਸ਼ ਹੁੰਦੇ ਹਨ, ਜਿਥੇ ਮਨੁੱਖੀ ਕਦਰਾਂ-ਕੀਮਤਾਂ ਦਾ ਘਾਣ ਨਾ ਹੁੰਦਾ ਹੋਵੇ ਅਤੇ ਉਸ ਦੇਸ਼ ਦੇ ਲੋਕਾਂ ਦਾ ਕਿਸੇ ਵੀ ਤਰੀਕੇ ਨਾਲ ਕਿਸੇ ਵੀ ਕਿਸਮ ਦਾ, ਕਿਸੇ ਵੀ ਖੇਤਰ ਵਿਚ ਸਮਾਜਿਕ, ਆਰਥਿਕ ਅਤੇ ਧਾਰਮਿਕ ਸ਼ੋਸਣ ਨਾ ਹੁੰਦਾ ਹੋਵੇ । ਇਨ੍ਹਾਂ ਉਪਰੋਕਤ ਕਾਰਨਾਂ ਦੀ ਜਦੋਂ ਵੀ ਨਿਰਪੱਖ ਹੋ ਕੇ ਪੜਤਾਲ ਕਰੀਏ ਤਾਂ ਕਿਸੇ ਨਾ ਕਿਸੇ ਖੇਤਰ ਵਿਚ ਸਭ ਅੱਛਾ ਨਜ਼ਰ ਨਹੀਂ ਆਵੇਗਾ। ਇਹੀ ਕਾਰਨ ਹੈ ਕਿ ਅਸੀਂ ਕਿਸੇ ਦੇਸ਼ ਨੂੰ ਸਹੀ ਲੋਕ ਰਾਜ ਨਹੀਂ ਕਹਿ ਸਕਦੇ।

ਫਿਰ ਵੀ ਦੁਨੀਆ 'ਤੇ ਬਹੁਤ ਸਾਰੇ ਅਜਿਹੇ ਦੇਸ਼ ਹਨ, ਜਿਥੇ ਮਨੁੱਖਤਾ ਦੀ ਹਰ ਪੱਖ ਤੋਂ ਕਦਰ ਕੀਤੀ ਜਾਂਦੀ ਹੈ, ਅਜਿਹੇ ਦੇਸ਼ਾਂ ਵਿਚ ਓਥੋਂ ਦੇ ਸਾਰੇ ਨਾਗਰਿਕਾਂ ਨੂੰ ਹਰ ਖੇਤਰ ਵਿਚ ਤਰੱਕੀ ਕਰਨ, ਧਾਰਮਿਕ ਆਜ਼ਾਦੀ, ਖੁੱਲ੍ਹ ਕੇ ਆਪਣੇ ਵਿਚਾਰ ਪ੍ਰਗਟ ਕਰਨ, ਦੇਸ਼ ਅੰਦਰ ਹੁੰਦੇ ਹਰ ਗਲਤ ਕੰਮਾਂ ਦੀ ਪਰਖ-ਪੜਚੋਲ ਕਰਨਾ ਅਤੇ ਗਲਤ ਨੂੰ ਗਲਤ ਕਹਿਣ ਦੀ ਆਜ਼ਾਦੀ ਅਤੇ ਆਪਣੀ ਆਜ਼ਾਦ ਮਰਜ਼ੀ ਨਾਲ ਲੋਕ ਹਿੱਤ ਨੁਮਾਇੰਦਿਆਂ ਦੀ ਨਿਰਪੱਖ ਚੋਣ ਕਰਕੇ ਰਾਜ ਗੱਦੀਆਂ 'ਤੇ ਬਿਠਾਉਣਾ ਉਨ੍ਹਾਂ ਦਾ ਜਨਮ ਸਿੱਧ ਅਧਿਕਾਰ ਹੁੰਦਾ ਹੈ। ਉਸ ਦੇਸ਼ ਦੇ ਲੀਡਰ ਜਾਂ ਨੁਮਾਇੰਦੇ ਵੀ ਸੱਚੇ ਦੇਸ਼ ਭਗਤ ਹੁੰਦੇ ਹਨ, ਉਨ੍ਹਾਂ ਵੱਲੋਂ ਛੋਟੀ ਤੋਂ ਛੋਟੀ ਗਲਤੀ ਹੋਣ 'ਤੇ ਵੀ ਉਹ ਲੀਡਰ ਝੱਟ ਗੱਦੀਆਂ ਤਿਆਗ ਦਿੰਦੇ ਹਨ ਅਤੇ ਜਨਤਾ ਤੋਂ ਮੁਆਫ਼ੀ ਮੰਗਦੇ ਹਨ।

ਧਰਤੀ 'ਤੇ ਅਜਿਹੇ ਦੇਸ਼ ਵੀ ਹਨ, ਜਿਥੋਂ ਦੀ ਜਨਤਾ ਅਧੂਰੀ ਜ਼ਿੰਦਗੀ ਵੀ ਗੁਜ਼ਾਰ ਰਹੀ ਹੈ, ਕਿਉਂਕਿ ਉਨ੍ਹਾਂ ਦੇਸ਼ਾਂ ਵਿਚ ਕਿਸੇ ਨਾਗਰਿਕ ਨੂੰ ਸੱਚ ਬੋਲਣ ਦੀ, ਆਪਣੇ ਅੰਦਰੂਨੀ ਵਿਚਾਰ ਪ੍ਰਗਟ ਕਰਨ ਦੀ ਅਜ਼ਾਦੀ ਨਹੀਂ, ਆਪਣੇ-ਆਪਣੇ ਧਰਮਾਂ ਦੀ ਪੂਜਾ ਆਦਿ ਕਰਨ ਦੀ ਖੁੱਲ੍ਹ ਨਹੀਂ, ਆਪਣੇ ਹੀ ਦੇਸ਼ ਵਿਚ ਆਜ਼ਾਦੀ ਨਾਲ ਘੁੰਮਣ-ਫਿਰਨ ਦੀ ਇਜ਼ਾਜਤ ਨਹੀਂ, ਉਥੋਂ ਦੀਆਂ ਪ੍ਰੈੱਸ ਅਤੇ ਸੋਸ਼ਲ ਮੀਡੀਆ ਵਿਕਾਊ ਹੈ, ਜੇਕਰ ਕੋਈ ਆਦਮੀ ਦੇਸ਼ ਅੰਦਰ ਹੁੰਦੀ ਗੁੰਡਾਗਰਦੀ, ਲੁੱਟ-ਖਸੁੱਟ ਜਾਂ ਸਰਕਾਰੀ ਤੰਤਰ ਵੱਲੋਂ ਹੁੰਦੀ ਘਪਲੇਬਾਜ਼ੀ ਬਾਰੇ ਬੋਲਦਾ ਹੈ ਤਾਂ ਉਸ ਦੇ ਪਿਛੇ ਸਾਰੀਆਂ ਸਰਕਾਰੀ ਏਜੰਸੀਆਂ ਉਸ ਬੋਲਣ ਵਾਲੇ ਆਦਮੀ ਦੇ ਕੀਤੇ ਸਾਰੇ ਸਹੀ ਕੰਮਾਂ ਦੀ ਪੜਤਾਲ ਕਰਨ ਲਈ ਤੋਰ ਦਿੱਤੀਆਂ ਜਾਂਦੀਆਂ ਹਨ ਅਤੇ ਉਸ ਉਪਰ ਦੇਸ਼ ਧ੍ਰੋਹੀ ਦੇ ਕੇਸ ਤੱਕ ਦਰਜ ਕਰ ਦਿੱਤੇ ਜਾਂਦੇ ਹਨ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਤਰੀਕਿਆਂ ਨਾਲ ਦੇਸ਼ ਨੂੰ ਖੋਰਾ ਲਾਇਆ ਜਾਂਦਾ ਹੈ। ਦੇਸ਼ ਦਾ 75ਫੀਸਦੀ ਸਰਮਾਇਆ ਚੰਦ ਲੋਕਾਂ ਦੇ ਹੱਥਾਂ ਵਿਚ ਦੇ ਕੇ ਬਾਕੀ ਜਨਤਾ ਨੂੰ ਅਰਧ ਗੁਲਾਮੀ ਦੀ ਜ਼ਿੰਦਗੀ ਜਿਊਣ ਲਈ ਮਜਬੂਰ ਕੀਤਾ ਜਾਂਦਾ ਹੈ। ਅਜਿਹੇ ਦੇਸ਼ਾਂ ਨੂੰ ਅਸੀਂ ਲੋਕ ਹਿਤ ਲਈ ਕੰਮ ਕਰਨ ਵਾਲੇ ਦੇਸ਼ ਨਹੀਂ ਕਹਿ ਸਕਦੇ।

ਉਪਰੋਕਤ ਦੇਸ਼ਾਂ ਤੋਂ ਬਿਨਾਂ ਦੁਨੀਆਂ ਵਿਚ ਕੁਝ ਅਜਿਹੇ ਦੇਸ਼ ਵੀ ਹਨ, ਜਿਨ੍ਹਾਂ ਵਿਚ ਸਭ ਕੁਝ ਹੀ ਉਕਤ ਦੇਸ਼ਾਂ ਨਾਲੋਂ ਵੱਖਰਾ ਹੈ, ਜਿਵੇਂ ਕਿ ਓਥੇ ਹਰ ਚੀਜ਼ ਹੀ ਦਲਾਲਾਂ ਦੇ ਘੇਰੇ ਵਿਚ ਕੈਦ ਹੋ ਕੇ ਘੁੰਮ ਰਹੀ ਹੈ। ਜਿਵੇਂ ਕਿ ਜੇਕਰ ਓਥੇ ਕੋਈ ਵੀ ਮਕਾਨ, ਕੋਠੀ, ਜ਼ਮੀਨ ਖ਼ਰੀਦਣੀ ਹੋਵੇ ਜਾਂ ਨੌਕਰੀ ਲੈਣੀ ਹੋਵੇ, ਪਸੰਦੀ ਦੇ ਸਟੇਸ਼ਨ 'ਤੇ ਬਦਲੀ ਕਰਵਾਉਣੀ ਹੋਵੇ, ਕਿਸੇ ਵੀ ਸਫ਼ਰ ਲਈ ਟਿਕਟ ਬੁੱਕ ਕਰਾਉਣੀ ਹੋਵੇ, ਬੱਚਿਆਂ ਨੂੰ ਕਿਸੇ ਮੰਨ-ਪਸੰਦ ਸਕੂਲ ਜਾਂ ਕਾਲਜ ਵਿਚ ਦਾਖਲਾ ਕਰਾਉਣਾ ਹੋਵੇ, ਕੋਈ ਵੀ ਚੋਣ ਲੜਨ ਲਈ ਟਿਕਟ ਲੈਣੀ ਹੋਵੇ, ਦਫ਼ਤਰ ਵਿਚ ਕਮਾਊ ਸੀਟ ਜਾਂ ਕਮਾਊ ਸਟੇਸ਼ਨ ਲੈਣਾ ਹੋਵੇ, ਕਿਸੇ ਕੰਮ ਦਾ ਠੇਕਾ ਜਾਂ ਟੈਂਡਰ ਲੈਣਾ ਹੋਵੇ, ਸ਼ਰਾਬ ਆਦਿ ਦੇ ਕਮਾਊ ਠੇਕੇ ਲੈਣੇ ਹੋਣ, ਕਿਸੇ ਕਿਸਮ ਦਾ ਰੂਟ ਪਰਮਿਟ ਲੈਣਾ ਹੋਵੇ, ਕਿਸੇ ਖੇਤਰ ਵਿੱਚ ਹਿੰਗ +ਫੱਟਕੜੀ ਲਾਏ ਬਿਨਾਂ ਮਾਣ-ਸਨਮਾਣ ਲੈਣਾ ਹੋਵੇ, ਵਿੱਦਿਆ ਜਾਂ ਸਾਹਿਤਕ ਖੇਤਰ ਵਿਚ ਸਭ ਤੋਂ ਵੱਡਾ ਇਨਾਮ ਜਾਂ ਸਨਮਾਣ ਪ੍ਰਾਪਤ ਕਰਨਾ ਹੋਵੇ, ਤਲਾਕ ਜਾਂ ਮੁੰਡੇ-ਕੁੜੀ ਦੀ ਸ਼ਾਦੀ ਦੀ ਸੈਟਿੰਗ ਕਰਨੀ ਹੋਵੇ, ਕੋਈ ਚੰਗਾ ਵਕੀਲ ਕਰਨਾ ਹੋਵੇ, ਕੋਈ ਫੈਸਲਾ ਆਪਣੇ ਹੱਕ 'ਚ ਕਰਾਉਣਾ ਹੋਵੇ, ਦੁਸ਼ਮਣਾਂ ਨੂੰ ਧਮਕੀ ਜਾਂ ਕਤਲ ਕਰਾਉਣਾ ਹੋਵੇ, ਕਿਸੇ ਧਾਰਮਿਕ ਥਾਂ 'ਤੇ ਬਿਨਾਂ ਕਤਾਰ 'ਚ ਲੱਗੇ ਪਹਿਲਾਂ ਮੱਥਾ ਟੇਕਣਾ ਹੋਵੇ, ਜੇਕਰ ਨਕਲੀ ਇਕੱਠ ਕਰਨਾ ਹੋਵੇ, ਜੇਕਰ ਡਾਕਟਰੀ ਸੀਟ ਲੈਣੀ ਹੋਵੇ, ਜੇਕਰ ਕਲੋਨੀ ਦੀ ਪ੍ਰਵਾਨਗੀ ਮਿੰਟਾਂ ਵਿਚ ਲੈਣੀ ਹੋਵੇ, ਜੇਕਰ ਕਿਸੇ ਖੇਡ ਖੇਤਰ ਵਿਚ ਸ਼ਾਮਲ ਹੋਣਾ ਹੋਵੇ, ਜੇਕਰ ਕਿਸੇ ਕਿਸਮ ਦਾ ਨਕਸ਼ਾ ਪਾਸ ਕਰਵਾਉਣਾ ਹੋਵੇ, ਜੇਕਰ ਇਨਕਮ ਟੈਕਸ ਜਾਂ ਪ੍ਰਾਪਰਟੀ ਟੈਕਸ ਦਾ ਕੇਸ ਸੈਟਲ ਕਰਾਉਣਾ ਹੋਵੇ ਆਦਿ ਵਗੈਰਾ-ਵਗੈਰਾ ਲਈ ਵੀ ਦਲਾਲਾਂ ਦਾ ਹੋਣਾ ਜ਼ਰੂਰੀ ਹੈ। ਇਸ ਤੋਂ ਇਲਾਵਾ ਜੇਕਰ ਤੁਸੀਂ ਜਿਉਣ ਲਈ ਸਾਹਾਂ ਵਿਚ ਵੀ ਹੇਰਾ-ਫੇਰੀ ਕਰਾਉਣੀ ਹੋਵੇ ਤਾਂ ਉਹ ਵੀ ਹੋ ਜਾਵੇਗੀ, ਪਰ ਇਸ ਕੰਮ ਲਈ ਦਲਾਲਾਂ ਦੀ ਫ਼ੀਸ ਦੁੱਗਣੀ ਲੱਗੇਗੀ।

ਉਪਰੋਕਤ ਹਾਲਾਤ ਨੂੰ ਸੋਚ ਕੇ ਮੈਂ ਮਹਿਸੂਸ ਕਰਦਾ ਹਾਂ ਕਿ ਇਸ ਨਾਸ਼ਵਾਨ ਦੁਨੀਆ ਦੇ ਲੋਕ ਕਿਸ ਪਾਸੇ ਨੂੰ ਤੁਰ ਪਏ ਹਨ, ਜਿਸ ਦੇਸ਼ ਦੇ ਲੀਡਰਾਂ ਵੱਲੋਂ ਦੇਸ਼ ਨੂੰ ਬਚਾਉਣ ਵਾਲੇ ਹਥਿਆਰਾਂ ਦੇ ਸੌਦਿਆਂ ਵਿਚੋਂ ਵੀ ਮੋਟੀਆਂ ਦਲਾਲੀਆਂ ਜਾਂ ਕਮਿਸ਼ਨ ਖਾਧਾ ਗਿਆ ਹੋਵੇ, ਜਿਨ੍ਹਾਂ ਬਾਰੇ ਅਖਬਾਰਾਂ ਵਿਚ ਪੜਤਾਲਾਂ ਹੋਣ ਦੀਆਂ ਨਿਤ ਖ਼ਬਰਾਂ ਲੱਗਦੀਆਂ ਰਹੀਆਂ ਹੋਣ ਅਤੇ ਲੱਗ ਰਹੀਆਂ ਹੋਣ, ਉਸ ਦੇਸ਼ ਦਾ ਕੀ ਬਣੇਗਾ? ਜਿਸ ਦੇਸ਼ ਦੇ ਲੋਕਾਂ ਨੂੰ ਸੱਚ ਬੋਲਣ ਅਤੇ ਸੱਚ ਲਿਖਣ ਲਈ ਉਨ੍ਹਾਂ ਉਪਰ ਇਨਕਮ ਟੈਕਸ, ਈ ਡੀ ਅਤੇ ਸੀ ਬੀ ਆਈ ਵਰਗੀਆਂ ਪੜਤਾਲ ਏਜੰਸੀਆਂ ਤੋਂ ਝੂਠੇ ਕੇਸ ਬਣਾ ਕੇ ਝੂਠੇ ਕੇਸ ਦਰਜ ਕਰਕੇ ਅਤੇ ਗਲਤ ਅਧਾਰ 'ਤੇ ਬਣਾ ਕੇ ਜੇਲਾਂ ਵਿਚ ਸੁੱਟਿਆ ਜਾਂਦਾ ਹੋਵੇ, ਉਸ ਦੇਸ਼ ਦੀ ਜਨਤਾ ਦਾ ਕੀ ਹਾਲ ਹੋਵੇਗਾ? ਇਥੇ ਹੀ ਬਸ ਨਹੀਂ, ਜਿਸ ਦੇਸ਼ ਦੀ 98 ਫੀਸਦੀ ਪ੍ਰੈੱਸ ਅਤੇ ਸੋਸ਼ਲ ਮੀਡੀਆ ਸਰਕਾਰ ਦੀ ਕੱਠਪੁਤਲੀ ਦੇ ਨਾਲ-ਨਾਲ ਸਰਾਸਰ ਝੂਠ ਬੋਲ ਕੇ ਸਰਕਾਰੀ ਤੰਤਰ ਦੀ ਪਿੱਠ ਪੂਰਦਾ ਹੋਵੇ, ਉਥੇ ਜਨਤਾ ਦਾ ਸੱਚ ਅਤੇ ਸਰਕਾਰ ਦਾ ਝੂਠ ਤੰਤਰ ਕਿਵੇਂ ਦੁਨੀਆ ਦੇ ਸਾਹਮਣੇ ਆਵੇਗਾ? ਇਥੇ ਤੁਹਾਨੂੰ 95ਫੀਸਦੀ ਲੋਕ ਯਾਰ ਮਾਰ, ਨਕਲੀ ਮੰਗਤੇ ਅਤੇ ਫਰੇਬੀ ਲੋਕ ਬਜ਼ਾਰ ਦੀਆਂ ਮੰਡੀਆਂ ਵਿਚ ਥੋਕ ਦੇ ਭਾਅ ਮਿਲ ਜਾਣਗੇ, ਇਨ੍ਹਾਂ ਦੀ ਦੁਨੀਆਂ ਵੇਖ ਕੇ ਸੋਚਦਾ ਹਾਂ ਕਿ ਇਥੇ ਸਧਾਰਨ ਲੋਕਾਂ ਦਾ ਕੀ ਬਣੇਗਾ? ਮੇਰੇ ਦੇਵ ਭੂਮੀ ਭਾਰਤ ਵਿਚ ਰਿਸ਼ਵਤਖੋਰੀ, ਜਾਤ-ਪਾਤ ,ਧਰਮਾਂ, ਕਿੱਤੇ ਅਤੇ ਖਿੱਤਿਆਂ ਦੇ ਅਧਾਰ 'ਤੇ ਜਨਤਾ ਨੂੰ ਵੰਡ ਕੇ ਨਫ਼ਰਤ ਦੀ ਅੱਗ ਦੇ ਭਾਂਬੜ ਮਚਾਉਣ ਵਾਲੇ ਲੋਕਾਂ ਨੂੰ ਵੇਖਕੇ ਅਤੇ ਹਰ ਖੇਤਰ ਵਿਚ ਦਲਾਲਾਂ ਦੀ ਬੱਲੇ-ਬੱਲੇ ਵੇਖ ਕੇ ਮੇਰੇ ਮੂੰਹੋਂ ਆਪਣੇ ਆਪ ਸ਼ਬਦ ਨਿਕਲ ਜਾਂਦੇ ਹਨ 'ਲੁੱਟ ਲਿਆ ਦੇਸ਼ ਦਲਾਲਾਂ ਨੇ।' ਹਰ ਖੇਤਰ ਵਿਚ ਰਿਸ਼ਵਤ, ਕਮਿਸ਼ਨ ਅਤੇ ਦਲਾਲੀ ਬੰਦ ਹੋਣੀ ਚਾਹੀਦੀ ਹੈ।

ਜਨਤਾ ਦੀ ਸਹੂਲਤ ਲਈ ਹਰ ਸ਼ਹਿਰ ਜਾਂ ਕਸਬੇ ਵਿਚ ਜ਼ਮੀਨਾਂ, ਮਕਾਨ, ਕੋਠੀਆਂ ਅਤੇ ਕਲੋਨੀਆਂ ਵਿੱਚ ਕੋਈ ਚੀਜ਼ ਖ਼ਰੀਦਣ ਅਤੇ ਵੇਚਣ ਲਈ ਸਰਕਾਰੀ ਦਫ਼ਤਰ ਖੋਲ੍ਹੇ ਜਾਣ, ਜਿਥੇ ਆਪਣੀ ਚੀਜ਼ ਵੇਚਣ ਵਾਲਾ ਆਦਮੀ ਆਪਣੀ ਚੀਜ਼ ਦਾ ਵੇਰਵਾ ਅਤੇ ਆਪਣਾ ਪਤਾ ਦਰਜ ਕਰਵਾਏ, ਜਿਥੋਂ ਖ਼ਰੀਦਣ ਵਾਲਾ ਪੜਤਾਲ ਕਰਕੇ ਚੀਜ਼ ਖਰੀਦ ਲਵੇ। ਇੰਝ ਹੋਣ ਨਾਲ ਬੱਚਿਆਂ ਨੂੰ ਰੁਜ਼ਗਾਰ ਵੀ ਮਿਲੇਗਾ ਅਤੇ ਜਨਤਾ ਦੀ ਵੱਡੇ ਪੱਧਰ 'ਤੇ ਹੁੰਦੀ ਲੁੱਟ ਵੀ ਰੁਕੇਗੀ। ਸਰਕਾਰਾਂ ਆਪਣੀ ਜਾਇਜ਼ ਫ਼ੀਸ ਵੀ ਨਿਰਧਾਰਤ ਕਰ ਸਕਦੀਆਂ ਹਨ, ਜਿਸ ਨਾਲ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਵਸੂਲ ਹੋਣਗੀਆਂ।

# ਸੰਪਰਕ: 98770-33838

1-SEP-PAGE-5.qxd 8/31/2025 9:28 PM Page 1



# ਹੜ੍ਹਾਂ ਦੀ ਮਾਰ : ਘਰੋਂ ਬੇਘਰ ਹੋਇਆ ਕਿਸਾਨ-ਮਜ਼ਦੂਰ ਪਾਟੀਆਂ ਤਰਪਾਲਾਂ ਦੇ ਤੰਬੂ ਪਾ ਕੇ ਰਹਿਣ ਲਈ ਮਜਬੂਰ

**• ਸਰਕਾਰਾਂ ਵੱਲੋਂ ਸਾਰ ਨਾ ਲੈਣ ਦੇ ਲਗਾਏ ਦੋਸ਼ • ਸਾਡਾ ਪੱਕਾ ਪ੍ਰਬੰਧ ਕਰ ਦਿਓ, ਨਹੀਂ ਲੋੜ ਸਾਨੂੰ ਮੁਆਵਜ਼ੇ ਦੀ; ਹਾਰ ਚੁੱਕੇ ਸਰਹੱਦੀ ਲੋਕਾਂ ਦੀ ਪੁਕਾਰ**

**ਫਾਜ਼ਿਲਕਾ (ਪਰਮਜੀਤ ਢਾਬਾਂ)**-ਹੜ੍ਹ ਦੀ ਮਾਰ ਝੱਲ ਰਹੇ ਸਰਹੱਦੀ ਖੇਤਰ ਦੇ ਲੋਕ ਹੁਣ ਘਰ ਬਾਰ ਛੱਡ ਕੇ ਬਾਹਰ ਬਣੇ ਬੰਨ੍ਹਾਂ 'ਤੇ ਰਹਿਣ ਲਈ ਮਜਬੂਰ ਹੋ ਚੁੱਕੇ ਹਨ।ਨੌਂ ਕਿੱਲ੍ਹਿਆਂ ਦੀ ਲੱਖਾਂ ਰੁਪਏ ਦੀ ਫ਼ਸਲ ਵੇਚ ਕੇ ਆਪਣੇ ਆਪ ਨੂੰ ਰਾਜਾ ਸਮਝਣ ਵਾਲਾ ਕਿਸਾਨ ਵੀ ਅੱਜ ਭੁੰਜੇ ਸੌਣ ਲਈ ਮਜਬੂਰ ਹੈ।ਕਿਸਾਨ ਰਾਜ ਸਿੰਘ ਦਾ ਕਹਿਣਾ ਹੈ ਕਿ ਉਸ ਦੇ ਨੌਂ ਕਿੱਲ੍ਹੇ ਜ਼ਮੀਨ ਵਿੱਚ ਝੋਨੇ ਦੀ ਫ਼ਸਲ ਬੀਜੀ ਹੋਈ ਸੀ ਅਤੇ ਉਹ ਪੂਰੀ ਤਰ੍ਹਾਂ ਤਬਾਹ ਹੋ ਚੁੱਕੀ ਹੈ।ਉਸ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਹੈ, ਪ੍ਰੰਤੂ ਸਰਕਾਰ ਨੇ ਨਾ-ਮਾਤਰ ਮੁਆਵਜ਼ਾ ਦੇ ਕੇ ਉਸ ਦਾ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪੂਰਾ ਨਹੀਂ ਕਰਨਾ।ਭਰੇ ਮਨ ਤੇ ਅੱਖਾਂ ਵਿੱਚ ਝਲਕਦੇ ਹੰਝੂਆਂ ਨੂੰ ਲੁਕਾਉਂਦਿਆਂ ਕਿਸਾਨ ਦੱਸਦਾ ਹੈ ਕਿ ਕਦੇ ਉਹ ਰਾਜੇ ਹੁੰਦੇ ਹਨ ਅਤੇ ਜਦੋਂ ਹੜ੍ਹਾਂ ਤੇ ਸਰਹੱਦ 'ਤੇ ਬਣੇ ਜੰਗ ਦੇ ਮਾਹੌਲ ਕਾਰਨ ਉੱਜੜ ਜਾਂਦੇ ਹਨ ਤਾਂ ਫਿਰ ਕੱਖੋਂ ਵੀ ਹੌਲੇ ਹੋ ਜਾਂਦੇ ਹਨ।

ਮਜ਼ਦੂਰ ਰੇਸ਼ਮ ਸਿੰਘ ਦਾ ਕਹਿਣਾ ਹੈ ਕਿ ਉਹ ਹੁਣ ਮੁਆਵਜ਼ਿਆਂ ਦੀ ਉਡੀਕ ਵਿੱਚ ਥੱਕ ਤੇ ਹਾਰ ਚੁੱਕੇ ਹਨ, ਹੁਣ ਉਨ੍ਹਾਂ ਦੀ ਤਾਂ ਲੋੜਾਂ ਦੀ ਲੋੜ ਹੈ ਕਿ ਸਰਕਾਰ ਉਨ੍ਹਾਂ ਨੂੰ ਮੁਆਵਜ਼ਾ ਨਾ ਦੇਵੇ, ਸਿਰਫ ਉਨ੍ਹਾਂ ਦਾ ਪੱਕਾ ਪ੍ਰਬੰਧ ਕਰ ਦੇਵੇ ਤਾਂ ਕਿ ਉਹ ਸਾਲ-ਦੋ ਸਾਲਾਂ ਬਾਅਦ ਆਪਣੇ ਉਜਾੜੇ ਤੋਂ ਬਚ ਸਕਣ।ਢਾਣੀ ਮੋਹਨੇ ਵਾਲਾ ਦਾ ਰਹਿਣ ਵਾਲਾ ਤਿੰਨ ਕਿੱਲ੍ਹੇ ਭੋਏ ਵਾਲਾ ਛੋਟਾ ਮਜ਼ਦੂਰ ਕਿਸਾਨ ਮੰਗਤ ਸਿੰਘ ਕਹਿੰਦਾ ਹੈ ਕਿ ਉਸ ਦੇ ਹੁਣ ਹੋਏ ਇਸ ਉਜਾੜੇ ਤੇ ਤਬਾਹੀ ਨਾਲ ਉਸ ਦਾ ਪਰਿਵਾਰ ਖਿੰਡਰ ਪੁੰਡਰ ਗਿਆ ਹੈ।ਉਹ ਪਾਣੀ ਵਿੱਚ ਡੁੱਬੇ ਆਪਣੇ ਘਰ ਦੀ ਰਾਖੀ ਲਈ ਇੱਥੇ ਰਹਿਣ ਲਈ ਮਜਬੂਰ ਹੈ।ਉਸ ਦਾ ਪੁੱਤ ਆਪਣੀ ਭੈਣ ਦੇ ਪੇਪਰ



ਹੜ੍ਹਾਂ ਕਾਰਨ ਹੋਈ ਤਬਾਹੀ ਤੇ ਮੁਸੀਬਤਾਂ 'ਚ ਘਿਰੇ ਲੋਕਾਂ ਦੀਆਂ ਤਸਵੀਰਾਂ।

ਕਰਵਾਉਣ ਗਿਆ ਅਤੇ ਉਸ ਨੂੰ ਰਿਸ਼ਤੇਦਾਰਾਂ ਦੇ ਰਹਿਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਉਸ ਦੀ ਘਰਵਾਲੀ ਵੀ ਰਿਸ਼ਤੇਦਾਰਾਂ ਦੇ ਰਹਿ ਰਹੀ ਹੈ ਅਤੇ ਬਾਕੀ ਬੱਚੇ ਵੀ।ਉਹ ਇਕੱਲਾ ਇੱਥੇ ਰਹਿ ਰਿਹਾ ਹੈ, ਉਸ ਦਾ ਸਾਰਾ ਪਰਿਵਾਰ ਇੱਕ ਦੂਸਰੇ ਤੋਂ ਅਲੱਗ ਰਹਿਣ ਲਈ ਮਜਬੂਰ ਹੈ।80 ਸਾਲਾ ਮਾਤਾ ਦਾਨੋ ਬਾਈ ਗ਼ਿਲਾ ਕਰਦੀ ਹੈ ਕਿ ਬਹੁਤ ਸਮਾਂ ਹੋ ਗਿਆ, ਉਨ੍ਹਾਂ ਨੂੰ ਸਰਕਾਰਾਂ ਦੀ ਉਡੀਕ ਕਰਦਿਆਂ, ਪ੍ਰੰਤੂ ਉਨ੍ਹਾਂ ਦਾ ਅਜੇ ਤੱਕ ਪੱਕਾ ਹੱਲ ਨਹੀਂ ਹੋਇਆ।ਚਿਹਰੇ 'ਤੇ ਪਈਆਂ ਝੁਰੜੀਆਂ ਇਹ ਦੱਸਦੀਆਂ ਹਨ ਕਿ ਉਨ੍ਹਾਂ ਦੀਆਂ ਸੱਧਰਾਂ, ਚਾਅ-ਮਲਾਰ ਸਭ ਇਨ੍ਹਾਂ ਹੜ੍ਹਾਂ ਦੀ ਭੇਟ ਚੜ੍ਹ ਕੇ ਪਾਣੀ 'ਚ ਰੁੜ੍ਹ ਚੁੱਕੇ ਹਨ।

ਪਿੰਡ ਨੂਰ ਸ਼ਾਹ ਤੇ ਢਾਣੀ ਮੋਹਣਾ ਰਾਮ ਦੇ ਵਿਚਕਾਰ ਬਣੇ ਬੰਨ੍ਹ 'ਤੇ ਆਪਣੀਆਂ ਝੌਂਪੜੀਆਂ ਬਣਾ ਕੇ ਬੈਠੇ ਸਰਹੱਦੀ ਲੋਕ ਹਰ ਲੰਘਦੇ ਵਹੀਕਲ ਵੱਲ ਵੇਖ ਕੇ ਤੱਕਦੇ ਰਹਿੰਦੇ ਹਨ ਕਿ ਕਦੋਂ ਉਨ੍ਹਾਂ ਲਈ ਅਤੇ ਉਨ੍ਹਾਂ ਦੇ ਪਸ਼ੂਆਂ ਲਈ ਕੋਈ ਚਾਰਾ ਜਾਂ ਰਾਸ਼ਨ ਲੈ ਕੇ ਆ ਰਿਹਾ ਹੈ।ਕਦੇ ਉਹ ਮਜ਼ਦੂਰੀ ਕਰਕੇ ਆਪਣੀ ਖੁਦ ਕਮਾ ਕੇ ਖੁਦ ਪਕਾਉਂਦੇ ਤੇ ਜ਼ਿੰਦਗੀ ਜਿਉਂਦੇ ਸਨ, ਪਰ ਅੱਜ ਉਹ ਭਿਖਾਰੀ ਬਣ ਕੇ ਦੂਜਿਆਂ ਦੇ ਰਹਿਮੋ ਕਰਮ 'ਤੇ ਰਹਿਣ ਲਈ ਮਜਬੂਰ ਹਨ।ਹੱਥਾਂ ਵਿੱਚ ਕਿਤਾਬਾਂ ਜਾਂ ਫਿਰ ਖਿਲਾਉਣੇ ਲੈ ਕੇ ਖੇਡਣ ਦੀ ਬਜਾਏ ਰਾਸ਼ਨ ਵੰਡਣ ਆਏ ਸਮਾਜ ਸੇਵੀਆਂ ਕੋਲੋਂ ਆਟਾ ਚੁੱਕ ਕੇ ਲੈ ਜਾ ਰਹੀ ਅੱਠਵੀਂ ਕਲਾਸ ਦੀ ਬੱਚੀ ਪ੍ਰਿਅੰਕਾ ਦਾ ਕਹਿਣਾ ਹੈ ਕਿ ਉਹ ਪੰਜਾਬ ਪੁਲਸ ਵਿੱਚ ਨੌਕਰੀ ਲੱਗਣਾ ਚਾਹੁੰਦੀ ਹੈ।ਛੋਟੀ ਉਮਰੇ ਵੱਡੀ ਗੱਲ ਕਰਦਿਆਂ ਉਸ ਨੇ ਕਿਹਾ ਕਿ ਉਨ੍ਹਾਂ ਦੇ ਮਾਪਿਆਂ ਨੂੰ ਇਸ ਮੁਸੀਬਤ ਵਿੱਚੋਂ ਲੰਘਣ ਦੇ ਨਾਲ ਨਾਲ ਉਸ ਦੀ ਪੜ੍ਹਾਈ ਖਰਾਬ ਹੋ ਰਹੀ ਹੈ।ਸਰਕਾਰ ਨੂੰ ਬੰਨ੍ਹ ਬਣਾ ਕੇ ਉਨ੍ਹਾਂ ਦਾ ਪੱਕਾ ਹੱਲ ਕੱਢਣਾ ਚਾਹੀਦਾ ਹੈ। ਰਾਤ ਨੂੰ ਆਏ ਪਾਣੀ ਤੋਂ ਬਾਅਦ ਘਰ ਛੱਡ ਕੇ ਬੰਨ੍ਹ 'ਤੇ ਜਾ ਰਹੀ ਮਾਤਾ ਇੰਦਰੋ ਬਾਈ ਨੇ ਆਪਣੀ ਟੁੱਟ ਚੁੱਕੀ ਬਾਂਹ ਨੂੰ ਦਿਖਾਉਂਦਿਆਂ ਕਿਹਾ ਕਿ ਉਹ ਹੜ੍ਹ ਕਾਰਨ ਆਪਣੀ ਬਾਂਹ ਵੀ ਤੁੜਾ ਬੈਠੀ ਹੈ ਤੇ ਇਸ ਤਰ੍ਹਾਂ ਦੀਆਂ ਸੱਟਾਂ ਉਹ ਦਹਾਕਿਆਂ ਤੋਂ ਖਾਂਦੇ ਆ ਰਹੇ ਹਨ।ਕੁੱਟ ਕੁੱਟ ਕੇ ਮਨ ਵਿੱਚ ਭਰੀ ਇਨਸਾਨੀਅਤ ਦੀ ਭਾਅ ਮਾਰਦਿਆਂ ਨੌਜਵਾਨ ਬਲਵਿੰਦਰ ਸਿੰਘ ਕਹਿੰਦਾ ਹੈ ਕਿ ਸਰਕਾਰਾਂ ਦੇ ਨਿਕੰਮੇ ਪ੍ਰਬੰਧ ਤੋਂ ਅੱਕਿਆਂ ਮਨ ਕਰਦਾ ਹੈ ਕਿ ਹਰ ਸਾਲ ਹੁੰਦੇ ਉਜਾੜੇ ਤੋਂ ਤਾਂ ਚੰਗਾ ਹੈ ਕਿ ਉਹ ਆਪਣੀ ਜ਼ਮੀਨ ਜਾਇਦਾਦ ਇਥੋਂ ਵੇਚ ਵੱਟ ਕੇ ਚਲੇ ਜਾਣ, ਪ੍ਰੰਤੂ ਸੋਚਦੇ ਹਾਂ ਕਿ ਅਸੀਂ ਤਾਂ ਮੁਸੀਬਤਾਂ 'ਚੋਂ ਨਿਜ਼ਾਤ ਪਾ ਲਵਾਂਗੇ, ਪ੍ਰੰਤੂ ਜਿਹੜਾ ਨਵਾਂ ਆਏਗਾ ਉਹ ਮੁਸੀਬਤਾਂ ਵਿੱਚ ਪੈ ਜਾਵੇਗਾ।ਇਸ ਲਈ ਮਨ ਨਹੀਂ ਕਰਦਾ ਕਿ ਖੁਦ ਮੁਸੀਬਤ 'ਚ ਲੰਘ ਰਹੇ ਹਾਂ ਤਾਂ ਦੂਸਰਿਆਂ ਨੂੰ ਮੁਸੀਬਤਾਂ ਵਿੱਚ ਕਿਉਂ ਪਾਈਏ।

## ਭਾਰੀ ਮੀਂਹ ਕਾਰਨ ਪਸ਼ੂਆਂ ਦਾ ਸ਼ੈੱਡ ਡਿੱਗਾ, 40 ਬੱਕਰੀਆਂ ਦੀ ਮੌਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**

ਬੀਤੀ ਰਾਤ ਪਿੰਡ ਝਬੇਲਵਾਲੀ ਦੇ ਕਿਸਾਨ ਹਰਬੰਸ ਸਿੰਘ ਦੀਆਂ 40 ਦੇ ਕਰੀਬ ਬੱਕਰੀਆਂ ਭਾਰੀ ਮੀਂਹ ਪੈਣ ਕਰਕੇ ਸ਼ੈੱਡ ਡਿੱਗਣ ਕਾਰਨ ਮਾਰੀਆਂ ਗਈਆਂ ਤੇ ਬਹੁਤ ਸਾਰੀਆਂ ਬੱਕਰੀਆਂ, ਭੇਡਾਂ ਗੰਭੀਰ ਸੱਟਾਂ ਲੱਗਣ ਕਾਰਨ ਨਾਜ਼ਕ ਹਾਲਤ ਵਿੱਚ ਪਈਆਂ ਤੜਫ ਰਹੀਆਂ ਹਨ, ਜੋ ਕਦੇ ਵੀ ਦਮ ਤੋੜ ਸਕਦੀਆਂ ਹਨ। ਜ਼ਿਕਰਯੋਗ ਹੈ ਕਿ ਨੰਬਰਦਾਰ ਹਰਬੰਸ ਸਿੰਘ ਬਹੁਤ ਗਰੀਬ ਕਿਸਾਨ ਹੈ, ਜੋ ਭੇਡਾਂ ਬੱਕਰੀਆਂ ਪਾਲ ਕੇ ਹੀ ਬੜੀ ਮੁਸ਼ਕਲ ਨਾਲ ਆਪਣੇ ਪਰਵਾਰ ਦੀ ਰੋਟੀ ਰੋਜ਼ੀ ਚਲਾ ਰਿਹਾ ਹੈ, ਰਾਤ ਵਾਪਰੀ ਮੰਦਭਾਗੀ ਘਟਨਾ ਤੋਂ ਬਾਅਦ ਸਮੁੱਚਾ ਪਰਵਾਰ ਸਦਮੇ 'ਚ ਹੈ। ਘਟਨਾ ਵਾਪਰਨ ਤੋਂ ਤੁਰੰਤ ਬਾਅਦ ਮੌਕੇ 'ਤੇ ਪਹੁੰਚੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਤੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਦੱਸਿਆ ਕਿ ਜਿਉਂ ਹੀ ਇਸ ਘਟਨਾ ਦਾ ਪਿੰਡ ਵਾਸੀਆਂ ਨੂੰ ਪਤਾ ਲੱਗਿਆ ਤਾਂ ਉਨ੍ਹਾਂ ਤੁਰੰਤ ਇਕੱਠੇ ਹੋ ਕੇ ਮਲਬੇ ਹੇਠੋਂ ਕੁਝ ਭੇਡਾਂ ਬੱਕਰੀਆਂ ਨੂੰ ਕੱਢ ਕੇ ਬਚਾ ਲਿਆ। ਇਸ ਦੇ ਬਾਵਜੂਦ ਵੱਡੇ ਪੱਧਰ 'ਤੇ ਬੱਕਰੀਆਂ ਮਰ ਜਾਣ ਕਾਰਨ ਪਰਵਾਰ ਦਾ 15 ਲੱਖ ਰੁਪਏ ਤੋਂ ਵੱਧ ਦਾ ਨੁਕਸਾਨ ਹੋ ਗਿਆ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਰਵਾਰ ਨੂੰ ਫੌਰੀ ਮੁਆਵਜ਼ਾ ਦੇ ਕੇ ਨੁਕਸਾਨ ਦੀ ਭਰਪਾਈ ਕੀਤੀ ਜਾਵੇ। ਇਸ ਸਬੰਧੀ ਪਰਵਾਰ ਨੂੰ ਲੈ ਕੇ ਕੱਲ੍ਹ ਜਥੇਬੰਦੀ ਦਾ ਵਫਦ ਡਿਪਟੀ ਕਮਿਸ਼ਨਰ ਨੂੰ ਵੀ ਮਿਲੇਗਾ।



ਆਗੂਆਂ ਨੇ ਕਿਹਾ ਕਿ ਪੰਜਾਬ ਦਾ ਮੁੱਖ ਮੰਤਰੀ ਲਗਾਤਾਰ ਕਹਿੰਦਾ ਰਿਹਾ ਹੈ ਕਿ ਕੁਦਰਤੀ ਆਫਤਾਂ ਕਾਰਨ ਜੇ ਕਿਸੇ ਦੀ ਮੁਰਗੀ ਜਾਂ ਬੱਕਰੀ ਦਾ ਨੁਕਸਾਨ ਹੁੰਦਾ ਹੈ ਤਾਂ ਉਨ੍ਹਾਂ ਨੂੰ ਤੁਰੰਤ ਬਣਦੀ ਮੁਆਵਜ਼ੇ ਦੀ ਰਾਸ਼ੀ ਜਾਰੀ ਕੀਤੀ ਜਾਵੇਗੀ, ਪਰ ਅੱਜ ਪੰਜਾਬ ਦੀ ਸਥਿਤੀ ਹੜ੍ਹਾਂ ਕਰਨ ਬੇਹੱਦ ਗੰਭੀਰ ਬਣੀ ਹੋਈ ਹੈ। ਲੱਖਾਂ ਏਕੜ ਫਸਲ ਤਬਾਹ ਹੋ ਗਈ, ਪਸ਼ੂ ਡੰਗਰ ਪਾਣੀ ਵਿੱਚ ਰੁੜ੍ਹ ਗਏ। ਇਸ ਦੁੱਖ ਦੀ ਘੜੀ ਵਿੱਚ ਹੜ੍ਹ ਪੀੜਤ ਲੋਕਾਂ ਦੀ ਬਾਂਹ ਫੜਨ ਦੀ ਬਜਾਏ ਪੰਜਾਬ ਸਰਕਾਰ ਮੂਕ ਦਰਸ਼ਕ ਬਣੀ ਬੈਠੀ ਹੈ। ਉਨ੍ਹਾਂ ਕਿਹਾ ਕਿ ਜੇਕਰ ਪੀੜਤ ਲੋਕਾਂ ਦੀ ਸਰਕਾਰ ਨੇ ਜਲਦ ਸਾਰ ਨਾ ਲਈ ਤੇ ਬਣਦਾ ਮੁਆਵਜ਼ਾ ਫੌਰੀ ਜਾਰੀ ਨਾ ਕੀਤਾ ਤਾਂ ਕਿਰਤੀ ਕਿਸਾਨ ਯੂਨੀਅਨ ਤਿੱਖਾ ਸੰਘਰਸ਼ ਵਿੱਢੇਗੀ।

## ਕਾਤਰਾਂ

### ਬਟੂਹਾ 'ਚ ਬਾਬਾ ਵਡਭਾਗ ਸਿੰਘ ਦਾ ਜਨਮ ਦਿਹਾੜਾ ਭਲਕੇ ਮਨਾਇਆ ਜਾਵੇਗਾ

**ਲੌਂਗੋਵਾਲ (ਪ੍ਰਦੀਪ ਸੱਪਲ)**-ਧੰਨ-ਧੰਨ ਸ੍ਰੀ ਬਾਬਾ ਬਾਬਾ ਵਡਭਾਗ ਸਿੰਘ ਜੀ ਦਾ ਜਨਮ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 2 ਸਤੰਬਰ ਨੂੰ ਪਿੰਡ ਬਟੂਹਾ ਵਿਖੇ ਸਮੂਹ ਸੰਗਤ ਅਤੇ ਬਾਬਾ ਜੀ ਦੀ ਸੇਵਾਦਾਰ ਮਾਤਾ ਲਾਜਵੰਤ ਕੌਰ ਰਹਿਨੁਮਾਈ ਹੇਠ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਦਿਹਾੜੇ ਸਬੰਧੀ ਸੰਗਤਾਂ ਵੱਲੋਂ ਤਿਆਰੀਆਂ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ ਅਤੇ ਪਾਠ ਦੇ ਭੋਗ ਉਪਰੰਤ ਲੰਗਰ ਅਤੁੱਟ ਵਰਤਿਆ ਜਾਵੇਗਾ।ਇਹ ਜਾਣਕਾਰੀ ਬਾਬਾ ਜੀ ਦੇ ਸੇਵਕ ਭੋਲਾ ਸਿੰਘ ਨੇ ਦਿੱਤੀ।

### ਰੇਲ ਗੱਡੀ 'ਚੋਂ ਡਿੱਗੇ ਨਾਮਾਲੂਮ ਵਿਅਕਤੀ ਦੀ ਮੌਤ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ-ਸਾਧੂਗੜ੍ਹ ਰੇਲ ਮਾਰਗ 'ਤੇ ਪਿੰਡ ਕੋਟਲਾ ਸੁਲੇਮਾਨ ਨਜ਼ਦੀਕ ਰੇਲਗੱਡੀ 'ਚੋਂ ਡਿੱਗਣ ਕਾਰਨ ਇੱਕ ਨਾਮਾਲੂਮ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਮਾਮਲੇ ਦੀ ਜਾਂਚ ਕਰ ਰਹੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਸਰਹਿੰਦ ਤੋਂ ਸਾਧੂਗੜ੍ਹ ਨੂੰ ਜਾਂਦੀ ਰੇਲ ਲਾਈਨ 'ਤੇ ਕਿਲੋਮੀਟਰ ਨੰਬਰ 309 ਨੇੜਿਓਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 50-55 ਸਾਲ, ਰੰਗ ਕਣਕਵੰਨਾ, ਗੁਲਾਬੀ ਧੋਤੀ, ਦਾੜ੍ਹੀ ਤੇ ਸਿਰ ਦੇ ਵਾਲ ਕੱਟੇ ਹੋਏ, ਸੱਜੀ ਬਾਂਹ 'ਤੇ ਸ਼ਿਵਜੀ ਦਾ ਟੈਟੂ ਤੇ ਹਿੰਦੀ ਵਿੱਚ ਅਨਿਲ ਲਿਖਿਆ ਹੋਇਆ ਹੈ, ਜਿਸ ਦੀ ਮੌਤ ਕਿਸੇ ਰੇਲਗੱਡੀ 'ਚੋਂ ਡਿੱਗਣ ਕਾਰਨ ਹੋਈ ਜਾਪਦੀ ਹੈ।

### ਕਿਸਾਨ ਆਗੂ ਮਨਜੀਤ ਸਿੰਘ ਨੂੰ ਸਦਮਾ, ਪਿਤਾ ਦਾ ਦੇਹਾਂਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾ ਆਗੂ ਮਨਜੀਤ ਸਿੰਘ ਨਿਆਲ ਨੂੰ ਉਸ ਸਮੇਂ ਭਾਰੀ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਪਿਤਾ ਦਰਸ਼ਨ ਸਿੰਘ ਸਦੀਵੀ ਵਿਛੋੜਾ ਦੇ ਗਏ, ਜਿਨ੍ਹਾਂ ਦੀ ਉਮਰ ਲਗਭਗ 75 ਸਾਲ ਸੀ।ਉਨ੍ਹਾਂ ਦਾ ਅੰਤਿਮ ਸੰਸਕਾਰ ਜੱਦੀ ਪਿੰਡ ਨਿਆਲ ਵਿੱਚ 1 ਵਜੇ ਸਿੱਖੀ ਸਿਧਾਂਤਾਂ ਅਨੁਸਾਰ ਪੂਰੀਆਂ ਕੀਤੀਆਂ ਗਈਆਂ।ਉਹ ਆਪਣੇ ਪਿੱਛੇ ਭਰਿਆ ਪਰਵਾਰ ਜਿਨ੍ਹਾਂ ਵਿੱਚ ਉਨ੍ਹਾਂ ਦਾ ਪੁੱਤਰ ਮਨਜੀਤ ਸਿੰਘ ਅਤੇ ਦੋ ਪੋਤਰੇ ਰੁਪਿੰਦਰ ਸਿੰਘ ਕੈਨੇਡਾ ਤੇ ਵਿਸ਼ਵਜੀਤ ਸਿੰਘ ਛੱਡ ਗਏ।ਇਸ ਮੌਕੇ ਸਾਰੀਆਂ ਇਕਾਈਆਂ ਤੇ ਬਲਾਕਾਂ ਦੇ ਅਹੁਦੇਦਾਰ ਸਾਹਿਬਾਨ ਤੇ ਸੂਬਾ ਆਗੂ ਦਿਲਬਾਗ ਸਿੰਘ ਹਰੀਗੜ੍ਹ, ਕਰਨੈਲ ਸਿੰਘ ਲੰਗ, ਗੁਰਦੇਵ ਸਿੰਘ ਗੱਜੂ ਮਾਜਰਾ, ਜ਼ਿਲ੍ਹਾ ਸੰਗਰੂਰ ਪ੍ਰਧਾਨ ਸੋਨੀ ਲੌਂਗੋਵਾਲ, ਨਾਭਾ ਬਲਾਕ ਪ੍ਰਧਾਨ ਗਮਦੂਰ ਸਿੰਘ, ਬਲਕਾਰ ਸਿੰਘ ਤਰੌੜਾ, ਮਨਦੀਪ ਸਿੰਘ ਭੂਤਗੜ੍ਹ, ਅਮਰੀਕ ਸਿੰਘ ਕਰਵਾਣੂ, ਗੁਰਜਿੰਦਰ ਸਿੰਘ ਸਧਾਰਨਪੁਰ ਆਗੂ ਹਾਜ਼ਰ ਸਨ।

## ਘੱਗਰ ਤੇ ਟਾਂਗਰੀ ਦਰਿਆਵਾਂ ਦਾ ਪਾਣੀ ਪਿੰਡਾਂ ਤੇ ਖੇਤਾਂ 'ਚ ਦਾਖ਼ਲ

**ਪਟਿਆਲਾ ਪ੍ਰਸ਼ਾਸਨ ਨੇ ਜਾਰੀ ਕੀਤੀ ਐਡਵਾਈਜ਼ਰੀ**

**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਬੀਤੇ ਦਿਨੀਂ ਘੱਗਰ ਤੇ ਟਾਂਗਰੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਘਨੌਰ ਤੇ ਸਨੌਰ ਵਿਧਾਨ ਸਭਾ ਹਲਕੇ 'ਚ ਪੈਂਦੇ ਦਰਜਨਾਂ ਪਿੰਡਾਂ ਤੇ ਖੇਤਾਂ ਵਿੱਚ ਹੜ੍ਹਾਂ ਦਾ ਪਾਣੀ ਭਰ ਜਾਣ ਕਾਰਨ ਸਥਿਤੀ ਗੰਭੀਰ ਬਣੀ ਹੋਈ ਹੈ। ਸਵੇਰ ਤੋਂ ਹੋ ਰਹੀ ਭਾਰੀ ਬਾਰਸ਼ ਨੇ ਲੋਕਾਂ ਦੀਆਂ ਮੁਸ਼ਕਲਾਂ 'ਚ ਵਾਧਾ ਕਰ ਦਿੱਤਾ ਹੈ। ਬੇਸ਼ੱਕ ਘੱਗਰ ਦਰਿਆ 'ਚ ਪਾਣੀ ਦੇ ਪੱਧਰ ਦੇ ਘਟਣ ਕਾਰਨ ਘਨੌਰ ਤੇ ਸਨੌਰ ਹਲਕੇ ਦੇ ਪਿੰਡਾਂ ਨੂੰ ਰਾਹਤ ਮਿਲਣ ਦੀ ਸੰਭਾਵਨਾ ਹੈ, ਪ੍ਰੰਤੂ ਸਮਾਣਾ ਤੇ ਪਾਤੜਾਂ ਇਲਾਕੇ 'ਚ ਘੱਗਰ ਦਾ ਪਾਣੀ ਪਿੰਡਾਂ ਤੇ ਖੇਤਾਂ ਵਿੱਚ ਵੜਨ ਕਾਰਨ ਸਥਿਤੀ ਗੰਭੀਰ ਹੁੰਦੀ ਜਾ ਰਹੀ ਹੈ।



ਦੂਸਰੇ ਪਾਸੇ ਟਾਂਗਰੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਦੇਵੀਗੜ੍ਹ ਇਲਾਕੇ ਦੇ ਟਾਂਗਰੀ ਦੇ ਨਾਲ ਲਗਦੇ ਪਿੰਡਾਂ ਮਹਿਮੂਦ ਪੁਰ, ਰੁੜਕੀ, ਦੇਵੇ ਨਗਰ, ਰੋੜ੍ਹ ਜਗੀਰ, ਲੇਹਲਾਂ, ਦੁੱਧਣ ਗੁਜਰਾਂ, ਖਰਾਬਗੜ੍ਹ, ਬੀਬੀਪੁਰ, ਬੁਧਮਰ, ਜੋਧਪੁਰ ਤੇ ਹੋਰ ਨਾਲ ਲਗਦੇ ਪਿੰਡਾਂ ਦੇ ਲੋਕਾਂ ਨੂੰ ਦਰਿਆਈ ਖ਼ੇਤਰ ਦੇ ਨਜ਼ਦੀਕ ਨਾ ਜਾਣ ਦੀ ਪ੍ਰਸ਼ਾਸਨ ਵੱਲੋਂ ਅਪੀਲ ਕੀਤੀ ਗਈ ਹੈ ਤੇ ਪ੍ਰਸ਼ਾਸਨ ਨੇ ਹੜ੍ਹਾਂ ਨੂੰ ਲੈ ਕੇ ਐਡਵਾਈਜ਼ਰੀ ਜਾਰੀ ਕੀਤੀ ਹੈ।

ਬੇਸ਼ੱਕ ਇਸ ਵੇਲੇ ਸਥਿਤੀ ਕਾਬੂ ਹੇਠ ਹੈ, ਪਰ ਪਟਿਆਲਾ ਸਬ ਡਵੀਜ਼ਨ ਤੇ ਸਮਾਣਾ/ਸ਼ੁਤਰਾਣਾ ਹਲਕਿਆਂ ਦੇ ਪਿੰਡ ਉਲਟਪੁਰ, ਦੁੜਦ, ਮਰਦਾਹੇੜੀ, ਮਰੌੜੀ, ਸਪਰਹੇੜੀ, ਰਤਨਹੇੜੀ, ਅਸਮਾਨਪੁਰ, ਹਰਚੰਦਪੁਰਾ, ਬਾਦਸ਼ਾਹਪੁਰ, ਰਸੌਲੀ, ਮਤੌਲੀ, ਤੇਈਪੁਰ, ਕਾਂਗਥਲਾ, ਗੁਰੂ ਨਾਨਕ ਪੁਰਾ, ਸਾਗਰਾ, ਜੋਗੇਵਾਲ, ਗੁਲਾਹੜ ਆਦਿ ਪ੍ਰਭਾਵਿਤ ਹੋ ਸਕਦੇ ਹਨ।ਇਸ ਲਈ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਹੈ ਕਿ ਉਹ ਪਾਣੀ ਦੇ ਵਹਾਅ ਨੇੜੇ ਨਾ ਜਾਣ ਤੇ ਚੌਕਸ ਰਹਿਣ, ਪਰ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ 'ਤੇ ਯਕੀਨ ਨਾ ਕਰੋ।ਜੇਕਰ ਜ਼ਿਆਦਾ ਪਾਣੀ ਆਉਣ ਦੀ ਕੋਈ ਸੂਚਨਾ ਹੋਵੇ ਤਾਂ ਤੁਰੰਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਕੰਟਰੋਲ ਰੂਮ ਨੰਬਰ 0175-2350550 ਤੇ 2358550 ਉੱਪਰ ਸੂਚਿਤ ਕੀਤਾ ਜਾਵੇ।

## ਮਾਲਵੇ 'ਚ ਫੈਲ ਰਹੇ ਕੈਂਸਰ ਲਈ ਜਥੇਬੰਦੀਆਂ ਫਿਕਰਮੰਦ

**ਲੌਂਗੋਵਾਲ (ਪ੍ਰਦੀਪ ਸੱਪਲ)**-ਕਾਰਪੋਰੇਟ ਸੈਕਟਰ ਵੱਲੋਂ ਆਪਣੇ ਵੱਡੇ ਮੁਨਾਫ਼ੇ ਲਈ ਕਪਾਹ ਤੇ ਨਰਮੇ ਦੀ ਪੱਟੀ ਮਾਲਵੇ ਵਿੱਚ ਨਕਲੀ ਕੀਟਨਾਸ਼ਕਾਂ ਦੇ ਵਪਾਰ ਦੀ ਭੇਟ ਆਮ ਲੋਕ ਚੜ੍ਹ ਰਹੇ ਹਨ ਅਤੇ ਜਨਤਕ ਜਮਹੂਰੀ ਜਥੇਬੰਦੀਆਂ ਨੇ ਇਸ ਪ੍ਰਤੀ ਫਿਕਰਮੰਦੀ ਪ੍ਰਗਟ ਕੀਤੀ ਹੈ।

ਇਸ ਕਾਰਨ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਨੇ ਇਸ ਖੇਤਰ ਨੂੰ ਬੁਰੀ ਤਰ੍ਹਾਂ ਆਪਣੇ ਸ਼ਿਕੰਜੇ ਵਿੱਚ ਲੈ ਲਿਆ ਹੈ।ਇਨ੍ਹਾਂ ਦਿਨਾਂ ਵਿੱਚ ਜਿੱਥੇ ਮਿਸਤਰੀ ਬੱਲ ਖਾਨ ਦੀ ਜੀਵਨ ਸਾਥਣ ਮੁਖਤਿਆਰੋ ਬਾਨੋ ਇਸ ਬਿਮਾਰੀ ਦੀ ਭੇਟ ਚੜ੍ਹੇ ਹਨ, ਉੱਥੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਭਰ ਜਵਾਨ ਬੇਟੀ ਗੁਰਮਨ ਕੌਰ ਦੀ ਬੇਵਕਤੀ ਮੌਤ ਨੇ ਲੋਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ ਕਿ ਇਹ ਬਿਮਾਰੀ ਹਰ ਘਰ ਦੀ ਦਹਿਲੀਜ 'ਤੇ ਖੜੀ ਹੈ।ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਜਿੱਥੇ ਪੀੜਤ ਪਰਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ, ਉੱਥੇ ਹਰ ਖਾਣ-ਪੀਣ ਦੇ ਖੇਤਰ ਵਿੱਚ ਵੱਡੇ ਸਾਮਰਾਜੀ ਘਰਾਣਿਆਂ ਦੇ ਕੀਤੇ ਜਾ ਰਹੇ ਕਬਜ਼ੇ ਖਿਲਾਫ਼ ਲੜਾਈ ਤਿੱਖੀ ਕਰਨ ਦੀ ਸਮਿਆਂ ਦੀ ਅਣਸਰਦੀ ਲੋੜ ਕਿਹਾ।ਇਸ ਮੌਕੇ ਜੁਝਾਰ ਲੌਂਗੋਵਾਲ, ਬਲਬੀਰ ਲੌਂਗੋਵਾਲ, ਲਖਵੀਰ ਲੱਖੀ ਲੌਂਗੋਵਾਲ, ਕਮਲਜੀਤ ਵਿੱਕੀ, ਅਨਿਲ ਕੁਮਾਰ, ਬੀਰਬਲ ਸਿੰਘ, ਰਣਜੀਤ ਸਿੰਘ, ਗੁਰਮੇਲ ਸਿੰਘ, ਸੰਦੀਪ ਸਿੰਘ, ਸੁਖਪਾਲ ਸਿੰਘ, ਕੇਵਲ ਸਿੰਘ, ਚਰਨਾ ਸਿੰਘ, ਅਮਨਦੀਪ ਸਿੰਘ ਆਦਿ ਆਗੂ ਹਾਜ਼ਰ ਸਨ।

## ਕੁਦਰਤੀ ਕਰੋਪੀ ਤੋਂ ਵੱਧ ਸਰਕਾਰੀ ਅਣਗਹਿਲੀ ਨੇ ਨੁਕਸਾਨ ਕੀਤਾ : ਗਿਆਨੀ ਹਰਪ੍ਰੀਤ ਸਿੰਘ

**ਹੜ੍ਹ ਦੀ ਮਾਹਰਾਂ ਤੋਂ ਜਨਤਕ ਪੜਤਾਲ ਕਰਵਾ ਕੇ ਰਿਪੋਰਟ ਪੰਜਾਬ ਵਾਸੀਆਂ ਨਾਲ ਸ਼ੇਅਰ ਕਰਾਂਗੇ**



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਪੰਜ ਟਰੱਕ ਰਾਹਤ ਸਮੱਗਰੀ, ਜਿਸ ਵਿੱਚ ਪਸ਼ੂਆਂ ਲਈ ਚਾਰਾ, ਆਟਾ, ਦਾਲਾਂ, ਪਾਣੀ ਆਦਿ ਵਸਤੂਆਂ ਸ਼ਾਮਲ ਸਨ, ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਰਵਾਨਾ ਕੀਤਾ ਗਿਆ।ਬੀਤੇ ਦਿਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਨੁਕਸਾਨ ਦਾ ਜਾਇਜ਼ਾ ਲਿਆ ਗਿਆ ਸੀ।ਗਿਆਨੀ ਹਰਪ੍ਰੀਤ ਸਿੰਘ ਨੇ ਇਨ੍ਹਾਂ ਹੜ੍ਹਾਂ ਨੂੰ ਕੁਦਰਤੀ ਆਫ਼ਤ ਤੋਂ ਵੱਧ ਸਰਕਾਰ ਦੀ ਨਲਾਇਕੀ ਕਰਾਰ ਦਿੱਤਾ।ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇੱਕ ਸਾਲ ਪਹਿਲਾਂ ਪੰਜਾਬ ਦਾ ਹੜ੍ਹ ਨਾਲ ਵੱਡਾ ਨੁਕਸਾਨ ਹੋਇਆ ਸੀ।ਸਰਕਾਰ ਨੇ ਸਿਰਫ ਮਜ਼ਾਕੀਆ ਬਿਆਨਬਾਜ਼ੀ ਤੋਂ ਵਧੇਰੇ ਕੁੱਝ ਨਹੀਂ ਕੀਤਾ।ਇਸ ਵਕਫੇ ਦੌਰਾਨ ਸਰਕਾਰ ਇੱਕ ਵੀ ਬੰਨ ਨੂੰ ਪੱਕਾ ਨਹੀਂ ਕਰ ਸਕੀ।ਇਸ ਤੋਂ ਇਲਾਵਾ ਸਰਕਾਰ ਦਰਿਆਵੀਂ ਇਲਾਕਿਆਂ ਲਈ ਇਸ ਮਾਰ ਤੋਂ ਬਚਾਉਣ ਲਈ ਪੁਖਤਾ ਪ੍ਰਬੰਧ ਕਰ ਸਕੀ।ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਰਕਾਰ ਨੇ ਆਪਣੇ ਡੇਢ ਸਾਲ ਦੇ ਕਾਰਜਕਾਲ ਦੌਰਾਨ ਦਿੱਲੀ ਦੀ ਚਾਕਰੀ ਵੱਧ ਕੀਤੀ।ਜੇਕਰ ਸਰਕਾਰ ਆਪਣੀ ਜ਼ਿੰਮੇਵਾਰੀ ਪ੍ਰਤੀ ਥੋੜ੍ਹਾ ਬਹੁਤਾ ਵੀ ਸੰਜੀਦਗੀ ਭਰਿਆ ਕਾਰਜ ਕਰਦੀ ਤਾਂ ਅੱਜ ਵੱਡੇ ਮਾਲੀ ਨੁਕਸਾਨ ਤੋਂ ਪੰਜਾਬ ਨੂੰ ਬਚਾਇਆ ਜਾ ਸਕਦਾ ਸੀ।

ਗਿਆਨੀ ਹਰਪ੍ਰੀਤ ਸਿੰਘ ਨੇ ਇਨ੍ਹਾਂ ਹੜ੍ਹਾਂ ਨੂੰ ਕੁਦਰਤੀ ਕ੍ਰੋਪੀ ਦੇ ਨਾਲ ਨਾਲ ਸਰਕਾਰੀ ਅਣਗਹਿਲੀ ਕਰਾਰ ਦਿੱਤਾ।ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਦਰਿਆਵਾਂ ਦੇ ਕੰਢਿਆਂ ਤੇ ਸਰਕਾਰੀ ਸਰਪ੍ਰਸਤੀ ਹੇਠ ਹੋਈ ਬੇਹਤਾਸ਼ਾ ਨਜਾਇਜ਼ ਮਾਈਨਿੰਗ ਨੇ ਵੱਡਾ ਨੁਕਸਾਨ ਕੀਤਾ।ਇਸ ਤੋਂ ਇਲਾਵਾ ਦਰਿਆ ਤੇ ਡੈਮ ਦੇ ਫਲੱਡ ਗੇਟ, ਜਿਸ ਤਰ੍ਹਾਂ ਪਾਣੀ ਦੇ ਵਹਾਅ ਵਿੱਚ ਟੁੱਟੇ ਇਸ ਨੇ ਮੋਹਰ ਲਗਾਈ ਹੈ ਕਿ ਸਰਕਾਰ ਦੀ ਪੂਰਨ ਬੇਧਿਆਨੀ, ਅਣਗਹਿਲੀ ਤੇ ਗੈਰ-ਜ਼ਿੰਮੇਵਾਰਨਾ ਤਰੀਕਾ ਵੱਡੇ ਨੁਕਸਾਨ ਦਾ ਕਾਰਨ ਬਣਿਆ।

ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਜੇਕਰ ਸਰਕਾਰ ਨੇ, ਕੁਦਰਤੀ ਕ੍ਰੋਪੀ ਤੋਂ ਵੱਧ ਇਨ੍ਹਾਂ ਮੈਨ ਮੇਡ ਹੜ੍ਹਾਂ 'ਤੇ ਕੋਈ ਜਾਂਚ ਨਾ ਕੀਤੀ ਤਾਂ ਦੀ ਮਾਹਰਾਂ ਦੀ ਕਮੇਟੀ ਬਣਾ ਕੇ ਜਨਤਕ ਪੜਤਾਲ ਕਰਵਾਈ ਜਾਵੇਗੀ ਤੇ ਰਿਪੋਰਟ ਜਨਤਾ ਨਾਲ ਸਾਂਝੀ ਕਰਾਂਗੇ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਸਾਬਕਾ ਮੰਤਰੀ, ਕਰਨੈਲ ਸਿੰਘ ਪੰਜੋਲੀ, ਜਸਟਿਸ ਨਿਰਮਲ ਸਿੰਘ ਸਾਬਕਾ ਐੱਮ ਐੱਲ ਏ, ਲਖਵੀਰ ਸਿੰਘ ਥਾਬਲਾਂ, ਜੱਸਾ ਸਿੰਘ ਆਹਲੂਵਾਲੀਆ, ਬਲਤੇਜ ਸਿੰਘ, ਰਣਬੀਰ ਸਿੰਘ ਪੂਨੀਆ, ਦਰਬਾਰਾ ਸਿੰਘ ਰੰਧਾਵਾ ਆਦਿ ਹਾਜ਼ਰ ਸਨ।

## ਹੈੱਡਮਾਸਟਰ ਐਸੋਸੀਏਸ਼ਨ ਨੇ ਵਿਧਾਇਕ ਪੰਡੋਰੀ ਨੂੰ ਸੌਂਪਿਆ ਮੰਗ ਪੱਤਰ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਹੈੱਡਮਾਸਟਰਜ਼ ਐਸੋਸੀਏਸ਼ਨ, ਪੰਜਾਬ ਦੁਆਰਾ ਦਿੱਤੇ ਸੱਦੇ 'ਤੇ ਰੱਖੇ ਗਏ ਪ੍ਰੋਗਰਾਮ ਪੰਜਾਬ ਦੇ 117 ਵਿਧਾਇਕਾਂ ਤੇ 13 ਮੈਂਬਰ ਪਾਰਲੀਮੈਂਟ ਨੂੰ ਮੰਗ ਪੱਤਰ ਦੇਣ ਅਤੇ ਮੰਗਾਂ ਨਾ ਮੰਨੀਆਂ ਜਾਣ ਵਿਰੁੱਧ ਰੋਸ ਪ੍ਰਗਟ ਕਰਨ ਦੀ ਲੜੀ ਤਹਿਤ ਅੱਜ ਹੈੱਡਮਾਸਟਰਜ਼ ਐਸੋਸੀਏਸ਼ਨ, ਬਰਨਾਲਾ ਵੱਲੋਂ ਹਲਕਾ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਮੰਗ ਪੱਤਰ ਦਿੱਤਾ ਗਿਆ।ਉਨ੍ਹਾਂ ਨੇ ਹੈੱਡਮਾਸਟਰ ਕਾਡਰ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਮੁੱਖ ਮੰਤਰੀ ਪੰਜਾਬ ਕੋਲ ਪਹੁੰਚਦਾ ਕਰਨ ਦਾ ਵਿਸ਼ਵਾਸ ਦੁਆਇਆ।



ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਨੇ ਕਿਹਾ ਜੇਕਰ ਉਨ੍ਹਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨਾ ਜਾਰੀ ਰੱਖਿਆ ਤੇ ਇੱਕ ਵਿਸ਼ੇਸ਼ ਕਾਡਰ ਨੂੰ ਉਨ੍ਹਾਂ ਦੇ ਹੱਕ 'ਤੇ ਤਰਜੀਹ ਦੇਣ ਦੀ ਕੋਸ਼ਿਸ਼ ਕੀਤੀ ਗਈ ਤਾਂ ਸੜਕਾਂ ਤੇ ਉਤਰਨਾ ਹੈੱਡਮਾਸਟਰਾਂ ਦੀ ਮਜਬੂਰੀ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਤੋਂ ਵੱਡੀ ਤ੍ਰਾਸਦੀ ਹੋਰ ਕੀ ਹੋ ਸਕਦੀ ਹੈ ਕਿ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਤੰਤਰ ਦੀ ਸ਼ਹਿ 'ਤੇ ਪਿਛਲੇ ਛੇ ਮਹੀਨਿਆਂ ਤੋਂ ਲਿਆ ਜਾ ਰਿਹਾ ਹਰ ਇੱਕ ਫੈਸਲਾ ਇੱਕ ਵਿਸ਼ੇਸ਼ ਕਾਡਰ ਨੂੰ ਅਸਿੱਧੇ ਤੌਰ 'ਤੇ ਵਾਧੂ ਲਾਭ ਦੇਣ ਲਈ ਲਿਆ ਗਿਆ ਪ੍ਰਤੀਤ ਹੋ ਰਿਹਾ ਹੈ।ਭਵਿੱਖ ਵਿੱਚ ਵੀ ਇਸ ਤਰਾਂ ਦਾਲ 'ਚ ਸਭ ਕੁਝ ਕਾਲਾ ਹੀ ਦਿਖਾਈ ਦੇ ਰਿਹਾ ਹੈ।ਉਨ੍ਹਾਂ ਨੇ ਕਿਹਾ ਕਿ ਹੈੱਡਮਾਸਟਰ ਕਾਡਰ ਦੇ ਪੀ. ਈ. ਐੱਸ. ਅਧਿਕਾਰੀ ਰੋਸ ਮੁਜ਼ਾਹਰਿਆਂ ਤੇ ਧਰਨਿਆਂ ਦੇ ਰਾਹ ਪੈਣਾ ਨਹੀਂ ਚਾਹੁੰਦੇ ਸਨ।ਇਹ ਤਾਂ ਪੰਜਾਬ ਸਰਕਾਰ ਦੀਆਂ ਅਧਿਆਪਕ ਵਿਰੋਧੀ ਨੀਤੀਆਂ ਉਨ੍ਹਾਂ ਨੂੰ ਇਸ ਰਸਤੇ ਚੱਲਣ ਲਈ ਮਜ਼ਬੂਰ ਕਰ ਰਹੀਆਂ ਹਨ।

ਐਸੋਸੀਏਸ਼ਨ ਦੇ ਆਗੂ ਪ੍ਰਦੀਪ ਕੁਮਾਰ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਅਣਗੌਲੇ ਕੀਤੇ ਹੈੱਡਮਾਸਟਰ ਕਾਡਰ ਵਿੱਚ ਉਨ੍ਹਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਨਾ ਮੰਨੇ ਜਾਣ ਦੇ ਵਿਰੁੱਧ ਭਾਰੀ ਰੋਸ ਹੈ, ਜਿਸ ਦੇ ਚੱਲਦਿਆਂ ਸਰਕਾਰ ਤੇ ਸਿੱਖਿਆ ਵਿਭਾਗ ਵੱਲੋਂ ਕੀਤੀ ਜਾ ਰਹੀ ਅਣਦੇਖੀ ਦੇ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਅਗਲੀ ਰਣਨੀਤੀ ਘੜੀ ਜਾਵੇਗੀ।ਉਨ੍ਹਾਂ ਕਿਹਾ ਕਿ ਚਾਹੇ 2019 ਵਿੱਚ ਨਿਕਲੀ ਭਰਤੀ ਦੌਰਾਨ ਪਹਿਲਾਂ ਹੀ ਸਾਲਾਂ ਬੱਧੀ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਅਧਿਆਪਕਾਂ ਨੇ ਪੀ. ਪੀ. ਐੱਸ. ਸੀ. ਦਾ ਇਮਤਿਹਾਨ ਪਾਸ ਕਰਕੇ ਜਨਵਰੀ 2020 ਵਿੱਚ ਹੈੱਡਮਾਸਟਰਾਂ ਵਜੋਂ ਜੁਆਇਨ ਕੀਤਾ ਅਤੇ ਦਿਨਾਂ ਵਿੱਚ ਹੀ ਸਕੂਲਾਂ ਦੀ ਨੁਹਾਰ ਬਦਲ ਦਿੱਤੀ ਹੈ, ਪਰ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਉਨ੍ਹਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਵੱਲ ਕਦੇ ਵੀ ਸੁਹਿਰਦਤਾ ਨਾਲ ਧਿਆਨ ਨਹੀਂ ਦਿੱਤਾ, ਜਿੱਥੇ ਉਨ੍ਹਾਂ ਦੇ ਹੈੱਡਮਾਸਟਰ ਕਾਡਰ ਨੂੰ ਆਪਣਾ ਪਰਖ ਕਾਲ ਸਮਾਂ ਵੀ ਧਰਨਿਆਂ ਨਾਲ ਕਲੀਅਰ ਕਰਾਉਣਾ ਪਿਆ ਹੋਵੇ, ਉਹ ਕਾਡਰ ਸਮੇਂ ਦੀਆਂ ਸਰਕਾਰਾਂ ਦੁਆਰਾ ਕੀਤੇ ਜਾ ਰਹੇ ਵਿਤਕਰੇ ਤੋਂ ਕਿੰਨਾ ਕੁ ਪ੍ਰੇਸ਼ਾਨ ਤੇ ਹੈਰਾਨ ਹੋਵੇਗਾ।

ਐਸੋਸੀਏਸ਼ਨ ਦੇ ਫਾਇਨਾਂਸ ਸਕੱਤਰ ਰੋਬਿਨ ਗੁਪਤਾ ਨੇ ਕਿਹਾ ਕਿ ਹੁਣ ਹੈੱਡਮਾਸਟਰ ਕਾਡਰ ਚੁੱਪ ਨਹੀਂ ਬੈਠੇਗਾ।ਉਨ੍ਹਾਂ ਕਿਹਾ ਕਿ ਇਸ ਤਹਿਤ ਹਰ ਮੁਹਾਜ਼ 'ਤੇ ਸੰਘਰਸ਼ ਲਈ ਲਾਮਬੰਦੀ ਸ਼ੁਰੂ ਕਰਕੇ ਕਾਨੂੰਨ ਦਾ ਸਹਾਰਾ ਲਿਆ ਜਾਵੇਗਾ।ਇਸ ਮੌਕੇ ਹੈੱਡਮਾਸਟਰ ਰਾਜੇਸ਼ ਗੋਇਲ, ਪੁਨੀਤ ਕੁਮਾਰ, ਹਰੀਸ਼ ਕੁਮਾਰ ਜ਼ਿਲ੍ਹਾ ਖਜ਼ਾਨਚੀ, ਸੁਖਦੇਵ ਸਿੰਘ, ਹਰਪ੍ਰੀਤ ਕੌਰ, ਮਲਕੀਤ ਕੌਰ, ਡਿੰਪੀ ਰਾਣੀ ਹਾਜ਼ਰ ਸਨ।

## ਕੁਦਰਤੀ ਆਫ਼ਤ ਦਾ ਨਾਂਅ ਲੈ ਕੇ ਸਰਕਾਰ ਜ਼ਿੰਮੇਵਾਰੀ ਤੋਂ ਨਹੀਂ ਬਚ ਸਕਦੀ : ਸ਼ਾਦੀਪੁਰ

**ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੈਂਕੜੇ ਆਗੂ ਬੀ ਕੇ ਯੂ ਸ਼ਾਦੀਪੁਰ 'ਚ ਸ਼ਾਮਲ**

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਲਾਗਲੇ ਪਿੰਡ ਮਿਆਲ ਕਲਾਂ ਗੁਰਦੁਆਰਾ ਸਾਹਿਬ ਵਿਖੇ ਭਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਦੀ ਅਗਵਾਈ ਹੇਠ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੀ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਇਲਾਕੇ ਦੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨ ਆਗੂਆਂ ਤੇ ਕਿਸਾਨਾਂ ਨੇ ਬੀਕੇਯੂ ਕ੍ਰਾਂਤੀਕਾਰੀ ਨੂੰ ਛੱਡ ਕੇ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਭਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਕਿਸਾਨ ਮਜ਼ਦੂਰ ਤੇ ਵਪਾਰੀ ਵਰਗ ਲਈ ਸਮਰਪਿਤ ਹੋ ਕੇ ਕੰਮ ਕਰ ਰਹੀ ਹੈ।ਉਨ੍ਹਾਂ ਦੀ ਜਥੇਬੰਦੀ ਵੱਲੋਂ ਐੱਸ ਕੇ ਐੱਮ ਦੇ ਪਲੇਟਫਾਰਮ ਤੇ ਕੇਂਦਰ ਸਰਕਾਰ ਦੇ ਤਿੰਨ ਕਾਲੇ ਕਾਨੂੰਨਾਂ ਨੂੰ ਵਾਪਸ ਕਰਵਾਉਣ ਲਈ ਪੂਰਾ ਸੰਘਰਸ਼ ਕੀਤਾ ਗਿਆ ਸੀ।ਉਨ੍ਹਾਂ ਨੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੂੰ ਛੱਡ ਕੇ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵਿੱਚ ਸ਼ਾਮਲ ਹੋਣ ਵਾਲੇ ਕਿਸਾਨ ਆਗੂਆਂ ਤੇ ਕਿਸਾਨਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਹਮੇਸ਼ਾ ਹੀ ਸਮਾਣਾ ਦੇ ਇਲਾਕੇ ਦੇ ਕਿਸਾਨਾਂ ਨਾਲ ਖੜੀ ਹੈ, ਸਾਨੂੰ ਜਦੋਂ ਵੀ ਹਲਕੇ ਦੇ ਕਿਸਾਨਾਂ ਦੇ ਹਿੱਤਾਂ ਲਈ ਸੰਘਰਸ਼ ਕਰਨ ਵਾਸਤੇ ਆਵਾਜ਼ ਮਾਰੀ ਜਾਵੇਗੀ, ਅਸੀਂ ਪਹਿਲੀ ਆਵਾਜ਼ 'ਤੇ ਹੀ ਤੁਹਾਡੇ ਵਿੱਚ ਸ਼ਾਮਲ ਹੋਵਾਂਗੇ।ਇਸ ਮੌਕੇ ਉਨ੍ਹਾਂ ਜਥੇਬੰਦੀ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਨੂੰ ਸਿਰੋਪਾ ਦੇ ਕੇ ਸਨਮਾਨਤ ਵੀ ਕੀਤਾ।ਇਸ ਮੌਕੇ ਬੋਲਦਿਆਂ ਸੂਬਾ ਪ੍ਰੈੱਸ ਸਕੱਤਰ ਹਰਬੰਸ ਸਿੰਘ ਦਦਹੇੜਾ, ਜਰਨਲ ਸਕੱਤਰ ਗੁਰਭੇਜ ਸਿੰਘ ਭੇਜਾ, ਜ਼ਿਲ੍ਹਾ ਪ੍ਰਧਾਨ ਗੁਰਲਾਲ ਸਿੰਘ, ਬਲਾਕ ਪ੍ਰਧਾਨ ਰਣਜੀਤ ਸਿੰਘ, ਖਜ਼ਾਨਚੀ ਕਾਬਲ ਦਾਨੀਪੁਰ ਤੋਂ ਇਲਾਵਾ ਹੋਰ ਅਹੁਦੇਦਾਰਾਂ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਇੱਕ ਸੱਚੇ ਕਿਸਾਨ ਆਗੂ ਹਨ, ਜਿਨ੍ਹਾਂ ਦੇ ਸੰਘਰਸ਼ ਨੂੰ ਦੇਖਦਿਆਂ ਵੱਡੀ ਗਿਣਤੀ ਵਿੱਚ ਕਿਸਾਨ ਤੇ ਕਿਸਾਨ ਆਗੂ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵਿੱਚ ਸ਼ਾਮਲ ਹੋਏ ਹਨ।ਇਸ ਮਕੇ ਸੀਨੀਅਰ ਮੀਤ ਪ੍ਰਧਾਨ ਜਸਵੰਤ ਸਿੰਘ, ਸਕੱਤਰ ਯਾਦਵਿੰਦਰ ਸਿੰਘ, ਮੀਤ ਪ੍ਰਧਾਨ ਜੋਗਾ ਸਿੰਘ ਦਾਨੀਪੁਰ, ਕੁਲਵੰਤ ਬਲਾਕ ਮੀਤ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਲਾਭ ਸਿੰਘ, ਸੋਨੀ ਮਿਆਲਾਂ, ਸ਼ਬੇਗ ਸਿੰਘ, ਭੁਪਿੰਦਰ ਸਿੰਘ, ਕੁਲਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।



## ਨਰੇਗਾ ਕਾਮਿਆਂ ਵੱਲੋਂ ਕੀਤੇ ਕੰਮ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ : ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਬਲਾਕ ਮੋਗਾ-2 ਦੇ ਪਿੰਡਾਂ ਚੋਟੀਆਂ ਕਲਾਂ ਤੇ ਦੌਲਤਪੁਰਾ ਉੱਚਾ ਵਿਖੇ ਨਰੇਗਾ ਮਜ਼ਦੂਰਾਂ ਨਾਲ ਭਰਵੀਆਂ ਮੀਟਿੰਗਾਂ ਕੀਤੀਆਂ ਗਈਆਂ।

ਇਸ ਮੌਕੇ ਨਰੇਗਾ ਕਾਮਿਆਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸ਼ੇਰ ਸਿੰਘ ਦੌਲਤਪੁਰਾ ਤੇ ਜ਼ਿਲ੍ਹਾ ਆਗੂ ਜਬਰਜੰਗ ਸਿੰਘ ਮਹੇਸ਼ਰੀ ਨੇ ਕਿਹਾ ਕਿ ਅੱਜ ਦੇ ਮਸ਼ੀਨਰੀ ਯੁੱਗ ਵਿੱਚ ਜਦੋਂ ਦਿਨੋ ਦਿਨ, ਪਿੰਡਾਂ ਦੇ ਕਿਰਤੀਆਂ ਕੋਲੋਂ ਰੁਜ਼ਗਾਰ ਖੁਸਦਾ ਜਾ ਰਿਹਾ ਅਤੇ ਹਰ ਖੇਤਰ ਵਿੱਚ ਮਜ਼ਦੂਰਾਂ ਦੇ ਹੱਥੀਂ ਕਰਨ ਵਾਲਾ ਕੰਮ ਮਸ਼ੀਨਰੀ ਨੇ ਸਾਂਭ ਲਿਆ ਹੈ।ਇਸ ਮੌਕੇ ਨਰੇਗਾ ਵਰਗਾ ਕਾਨੂੰਨ ਉਨ੍ਹਾਂ ਲਈ ਵਰਦਾਨ ਸਾਬਿਤ ਹੋ ਸਕਦਾ ਹੈ, ਪਰ ਅਫਸੋਸ ਦੀ ਗੱਲ ਹੈ ਕਿ ਮੌਜੂਦਾ ਸਰਕਾਰਾਂ ਤੇ ਅਫਸਰਸ਼ਾਹੀ ਨਰੇਗਾ ਨੂੰ ਖਤਮ ਕਰਨ 'ਤੇ ਤੁਲੀਆਂ ਹੋਈਆਂ ਹਨ।ਉਨ੍ਹਾਂ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਹਰ ਸਾਲ ਨਰੇਗਾ ਬਜਟ ਘਟਾ ਰਹੀ ਹੈ, ਉਥੇ ਪੰਜਾਬ ਵਿੱਚ ਕੀਤੇ ਜਾਣ ਵਾਲੇ ਬਹੁਤ ਸਾਰੇ ਕੰਮਾਂ ਨੂੰ ਬੰਦ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਮਜ਼ਦੂਰਾਂ ਨੂੰ ਕਿਹਾ ਕਿ ਨਰੇਗਾ ਤਹਿਤ 100 ਦਿਨ ਦੀ ਗਰੰਟੀ ਲੈਣ ਲਈ ਕੰਮ ਦੀਆਂ ਅਰਜ਼ੀਆਂ ਭਰ ਕੇ ਉਨ੍ਹਾਂ ਦੀਆਂ ਰਸੀਦਾਂ ਲਾਜ਼ਮੀ ਲਵੋ ਤੇ ਜੇਕਰ ਸਰਕਾਰ 15 ਦਿਨ ਦੇ ਅੰਦਰ ਕੰਮ ਨਹੀਂ ਦਿੰਦੀ ਤਾਂ ਬੇਰੁਜ਼ਗਾਰੀ ਭੱਤਾ ਕਲੇਮ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਅੱਜ ਜਦੋਂ ਪੰਜਾਬ ਦਾ ਬਹੁਤ ਸਾਰਾ ਹਿੱਸਾ ਹੜ੍ਹਾਂ ਨਾਲ ਜੂਝ ਰਿਹਾ ਹੈ ਤਾਂ ਇਸ ਮੌਕੇ ਸਰਕਾਰ ਤੋਂ ਮੰਗ ਕੀਤੀ ਜਾਂਦੀ ਹੈ ਕਿ ਨਰੇਗਾ ਮਜ਼ਦੂਰਾਂ ਵੱਲੋਂ ਕੀਤੇ ਕੰਮ ਦਾ ਬਕਾਇਆ ਤੁਰੰਤ ਉਨ੍ਹਾਂ ਦੇ ਖਾਤਿਆਂ ਵਿੱਚ ਪਾਇਆ ਜਾ ਸਕੇ ਤਾਂ ਜੋ ਕਿ ਉਨ੍ਹਾਂ ਨੂੰ ਕੁਝ ਰਾਹਤ ਮਿਲ ਸਕੇ।

ਇਸ ਮੌਕੇ ਮੇਟ ਰਮਨਦੀਪ ਕੌਰ, ਸੁਖਜੀਤ ਕੌਰ, ਕੁਲਬੀਰ ਸਿੰਘ ਮਹੇਸ਼ਰੀ, ਵੀਰਪਾਲ ਕੌਰ ਤੇ ਗੁਰਦੀਪ ਸਿੰਘ ਦੌਲਤਪੁਰਾ ਉੱਚਾ ਹਾਜ਼ਰ ਸਨ।

## ਦਹਾਕਿਆਂ ਬਾਅਦ ਗਲਵੱਕੜੀਆਂ ਪਾ ਕੇ ਮਿਲੇ ਪਹਿਲੀ ਤੋਂ ਪੰਜਵੀਂ ਤੱਕ ਇਕੱਠੇ ਪੜ੍ਹੇ ਵਿਦਿਆਰਥੀ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਅੱਜ ਤੋਂ 57 ਸਾਲ ਪਹਿਲਾਂ 1967 ਵਿੱਚ ਜਿਹੜੇ ਜਵਾਕ (ਬੱਚੇ) ਖਾਲਸਾ ਹਾਈ ਸਕੂਲ ਤਲਵੰਡੀ ਸਾਬੋ ਦੀ ਪਹਿਲੀ ਕਲਾਸ ਵਿੱਚ ਦਾਖਲ ਹੋ ਕੇ 1972 ਵਿੱਚ ਪੰਜਵੀਂ ਪਾਸ ਕਰ ਗਏ ਸਨ, ਦੀ ਇਕ ਪ੍ਰਭਾਵਸ਼ਾਲੀ ਇਕੱਤਰਤਾ ਇਥੋਂ ਦੀ ਸਥਾਨਕ ਪਬਲਿਕ ਲਾਇਬ੍ਰੇਰੀ ਵਿੱਚ ਹੋਈ। ਉਮਰਾਂ ਦੇ ਹਿਸਾਬ ਨਾਲ ਪੌਣੇ ਛੇ ਦਹਾਕੇ ਗੁਜ਼ਰ ਜਾਣ ਉਪਰੰਤ ਹੁਣ ਬੱਚਿਆਂ ਤੋਂ ਬਾਬੇ ਜਾਪਣ ਲੱਗੇ ਇਹ ਦਰਜਨਾਂ ਜਮਾਤੀ ਜਿੱਥੇ ਆਪਸ ਵਿੱਚ ਗਲਵੱਕੜੀਆਂ ਪਾ ਕਰ ਮਿਲੇ, ਉੱਥੇ ਇੱਕ ਤੋਂ ਬਾਅਦ ਇਕ ਸਕੂਲੀ ਸਾਂਝ ਨੂੰ ਸਾਂਝਾ ਕਰਦਿਆਂ ਸਾਰੇ ਹੀ ਜਮਾਤੀਆਂ ਨੇ ਇੱਕ ਦੂਸਰੇ ਨੂੰ ਮਿਲ ਕੇ ਮਨ ਹੌਲੇ ਕੀਤੇ।



ਇਸ ਮੌਕੇ ਵੇਲੇ ਦੇ ਸਕੂਲ ਪ੍ਰਿੰਸੀਪਲ ਚਮਕੌਰ ਸਿੰਘ, ਜਿਨ੍ਹਾਂ ਨੇ ਸੰਨ 1968 ਵਿੱਚ ਸਕੂਲ ਮੁਖੀ ਦਾ ਅਹੁਦਾ ਸੰਭਾਲਣ ਪਿੱਛੋਂ ਆਪਣੀ ਸਾਰੀ ਸਰਵਿਸ ਇਸੇ ਸਕੂਲ ਦੇ ਲੇਖੇ ਲਾ ਦਿੱਤੀ, ਉਨ੍ਹਾਂ ਨੇ ਵੀ ਉਸ ਵੇਲੇ ਦੇ ਆਪਣੇ ਇੱਕ ਹੋਰ ਅਧਿਆਪਕ ਸਾਥੀ ਸ੍ਰ. ਅਜੈਬ ਸਿੰਘ ਸਮੇਤ ਉਕਤ ਇਕੱਤਰਤਾ ਵਿੱਚ ਸ਼ਿਰਕਤ ਕਰਦਿਆਂ ਨਾ ਸਿਰਫ ਇਕੱਤਰਤਾ ਨੂੰ ਚਾਰ ਚੰਨ ਲਾਏ, ਸਗੋਂ ਆਪਣੇ ਸਾਰੇ ਪ੍ਰਾਣੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਸਕੂਲ ਵਰਗੀਆਂ ਸੰਸਥਾਵਾਂ ਨਾਲ ਜੁੜੇ ਰਹਿਣ ਦਾ ਸੱਦਾ ਦਿੱਤਾ।ਸਾਬਕਾ ਪ੍ਰਿੰਸੀਪਲ ਨੇ ਜ਼ੋਰ ਦੇ ਕੇ ਕਿਹਾ ਕਿ ਇੱਕ ਹੰਭਲਾ ਹੋਰ ਮਾਰਦਿਆਂ ਖਾਲਸਾ ਸਕੂਲ ਦੇ ਤਮਾਮ ਪੁਰਾਣੇ ਵਿਦਿਆਰਥੀਆਂ ਦੀ ਇੱਕ ਇਕੱਤਰਤਾ ਵੱਡੇ ਪੱਧਰ ਉੱਪਰ ਬੁਲਾਓ, ਤਾਂ ਕਿ ਵਿਦਿਆਰਥੀ ਜੀਵਨ ਨਾਲ ਜੁੜੀਆਂ ਇੱਕ ਤੋਂ ਇੱਕ ਸਾਂਝਾ ਤੇ ਇੱਕ ਦੂਸਰੇ ਪ੍ਰਤੀ ਦਹਾਕਿਆਂ ਤੋਂ ਜੁੜੇ ਮੋਹ ਪਿਆਰ ਦੇ ਵਲਵਲਿਆਂ ਦਾ ਵੱਡੀ ਪੱਧਰ 'ਤੇ ਪ੍ਰਗਟਾਵਾ ਕੀਤਾ ਜਾ ਸਕੇ।

ਪੰਜਾਬੀ ਭਾਸ਼ਾ ਦੀ ਉਹ ਬੋਲੀ ਅਖੇ 'ਉਹ ਆੜੀ ਨਹੀਂ ਟੁੱਟਦੀ, ਜਿਹੜੀ ਲੱਗੀ ਹੋਈ ਨਿੱਕਿਆਂ ਦੀ' ਵਾਂਗ ਸਕੂਲ ਦੇ ਇਨ੍ਹਾਂ ਪੁਰਾਣੇ ਜਮਾਤੀਆਂ ਵਿੱਚ ਲੰਮੇ ਸਮੇਂ ਪਿੱਛੋਂ ਇੱਕ ਦੂਸਰੇ ਨੂੰ ਇਕੱਠਿਆ ਮਿਲਨ ਦੀ ਤਾਂਘ ਇੰਨੀ ਭਾਰੂ ਨਜ਼ਰੀਂ ਪੈ ਰਹੀ ਸੀ ਕਿ ਪੁਰਾਣੇ ਵਿਦਿਆਰਥੀ ਗੁਆਂਢੀ ਸੂਬਿਆਂ ਦੇ ਦੂਰ ਦੁਰਾਡੇ ਇਲਾਕਿਆਂ ਤੋਂ ਵੀ ਆਪ ਮੁਹਾਰੇ ਇਸ ਇਕੱਤਰਤਾ ਵਿੱਚ ਸ਼ਾਮਲ ਹੋਣ ਆਏ ਸਨ।ਇਸ ਇਕੱਤਰਤਾ ਦੇ ਚਲਦਿਆਂ ਪਰਿਸਥਿਤੀਆਂ ਉਸ ਵਕਤ ਹੋਰ ਵੀ ਰੌਚਕ ਬਣ ਗਈਆਂ, ਜਦੋਂ ਦਹਾਕਿਆਂ ਬਾਅਦ ਮਿਲੇ ਕੁਝ ਪੁਰਾਣੇ ਵਿਦਿਆਰਥੀ ਤੇ ਬਚਪਨ ਦੇ ਮਿੱਤਰ ਪਹਿਲੀ ਨਜ਼ਰੇ ਇੱਕ ਦੂਸਰੇ ਨੂੰ ਪਛਾਨਣ ਵਿੱਚ ਵੀ ਅਸਮਰਥ ਨਜ਼ਰ ਆ ਰਹੇ ਸਨ।

ਇਸ ਇਕੱਤਰਤਾ ਵਾਲੇ ਸਮਾਗਮ ਨੂੰ ਸ਼ੁਰੂ ਕਰਦਿਆਂ ਸਭ ਤੋਂ ਪਹਿਲਾਂ ਪਿਛਲੇ ਸਮੇਂ ਰੱਬ ਨੂੰ ਪਿਆਰੇ ਹੋ ਚੁੱਕੇ ਵਿਦਿਆਰਥੀਆਂ ਤੇ ਕੁਝ ਟੀਚਰ ਸਾਹਿਬਾਨਾਂ ਨੂੰ ਇੱਕ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਉਪਰੰਤ ਗੁਰਦੀਪ ਸਿੰਘ ਬੀਹਲਾ ਨੇ ਇਸ ਸਮਾਗਮ ਦੀ ਪ੍ਰਸੰਗਤਾ ਬਾਰੇ ਦੱਸਦਿਆਂ ਦੂਰ ਦੂਰ ਤੋਂ ਆਏ ਵਿਦਿਆਰਥੀਆਂ ਦੀ ਜਾਣ ਪਹਿਚਾਣ ਕਰਵਾਈ ਤੇ ਸਾਰਿਆਂ ਨੂੰ ਜੀ ਆਇਆਂ ਕਿਹਾ।ਜਗਦੀਪ ਗਿੱਲ ਨੇ ਸਕੂਲ ਸਮੇਂ ਦੀਆਂ ਘਟਨਾਵਾਂ ਨਾਲ ਸੰਬੰਧਤ ਤਾਜ਼ਾ ਰਚਨਾਵਾਂ ਤੇ ਸ਼ੇਅਰ ਪੇਸ਼ ਕਰਕੇ ਪਹੁੰਚੇ ਵਿਦਿਆਰਥੀਆਂ ਤੋਂ ਵਾਹ ਵਾਹ ਖੱਟੀ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਜਥੇਦਾਰ ਬਾਬਾ ਜੋਗਾ ਸਿੰਘ, ਜੋ ਇਸੇ ਸਕੂਲ ਦੀ ਇਸੇ ਜਮਾਤ ਵਿੱਚ ਪੜ੍ਹੇ ਸਨ, ਨੇ ਵੱਖ ਵੱਖ ਪੜਾਵਾਂ ਵਿੱਚ ਗੁਜ਼ਰਦੀ ਜ਼ਿੰਦਗੀ ਉੱਪਰ ਪੰਛੀ ਝਾਤ ਪਵਾਈ ਤੇ ਉਨ੍ਹਾਂ ਪਿੱਛੋਂ ਹੰਸਾ ਸਿੰਘ ਤੇ ਬਲਦੇਵ ਗਿੱਲ ਨੇ ਵੀ ਆਪਣੇ ਮਨ ਦੇ ਭਾਵ ਪੇਸ਼ ਕੀਤੇ।

ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਭੋਲਾ ਸਿੰਘ ਪ੍ਰਧਾਨ, ਜਸਬੀਰ ਜੱਸੀ, ਜਸਵੰਤ ਮਾਨ, ਗੁਰਨੈਬ ਗਿੱਲ, ਜੋਗਿੰਦਰ ਸਿੰਘ, ਗੁਰਚਰਨ ਭੁੱਲਰ, ਪਾਟੇ ਖਾਂ ਉਰਫ ਦੇਵ ਸਿੰਘ, ਮਿਸਤਰੀ ਦਰਸ਼ਨ ਸਿੰਘ, ਸਮਰਜੀਤ ਸਿੰਘ, ਤਰਲੋਕ ਸਿੰਘ, ਗਮਦੂਰ ਸਿੰਘ, ਗੰਗਾ ਰਾਮ, ਹਰਜਿੰਦਰ ਸਿੰਘ, ਬਾਬੂ ਸਿੰਘ ਮਾਨ, ਬਲਵੀਰ ਬੀਰਾ, ਮਿੱਠੂ ਸਿੰਘ, ਰਕੇਸ਼ ਸੂਦ, ਸੁਖਨ ਸਿੰਘ, ਮਿਸਤਰੀ ਸਤਿਨਾਮ ਸਿੰਘ ਸੱਤੋ ਤੇ ਗੁਰਬਖਸ਼ ਸਿੰਘ ਆਦਿ ਵਿਦਿਆਰਥੀ ਮੌਜੂਦ ਸਨ।

## ਤਨਖਾਹਾਂ ਨਾ ਮਿਲਣ ਤੋਂ ਪ੍ਰੇਸ਼ਾਨ ਏਡਿਡ ਸਕੂਲ ਅਧਿਆਪਕ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਦੇ ਏਡਿਡ ਸਕੂਲਾਂ ਵਿਚ ਕੰਮ ਕਰਦੇ ਹਜ਼ਾਰਾਂ ਅਧਿਆਪਕਾਂ ਤੇ ਕਰਮਚਾਰੀਆਂ ਨੂੰ ਪਿਛਲੇ ਪੰਜ ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ। ਇਸ ਕਾਰਨ ਸੂਬਾ ਸਰਕਾਰ ਖਿਲਾਫ ਉਨ੍ਹਾਂ ਵਿਚ ਭਾਰੀ ਰੋਸ ਹੈ। ਯੂਨੀਅਨ ਆਗੂਆਂ ਨੇ ਦੋਸ਼ ਲਾਇਆ ਹੈ ਕਿ ਮੌਜੂਦਾ ਸਰਕਾਰ ਵੀ ਇਨ੍ਹਾਂ ਸਕੂਲਾਂ ਨੂੰ ਬੰਦ ਕਰਨ ਦੀ ਨੀਤੀ 'ਤੇ ਚੱਲ ਰਹੀ ਹੈ, ਜਦੋਂ ਕਿ ਚੋਣਾਂ ਤੋਂ ਪਹਿਲਾਂ ਇਨ੍ਹਾਂ ਨੂੰ ਦਿੱਲੀ ਪੈਟਰਨ 'ਤੇ ਸਰਕਾਰੀ ਸਕੂਲਾਂ ਦੇ ਬਰਾਬਰ ਲਿਆਉਣ ਦਾ ਵਾਅਦਾ ਕੀਤਾ ਗਿਆ ਸੀ। ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ, ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਤੇ ਹੋਰ ਆਗੂਆਂ ਨੇ ਕਿਹਾ ਕਿ ਵਿੱਤ ਵਿਭਾਗ ਵੱਲੋਂ ਫੰਡਾਂ ਦੀ ਆਡਿਟਿੰਗ ਦੇ ਬਹਾਨੇ ਤਨਖਾਹਾਂ ਰੋਕੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪਿਛਲੇ 20-22 ਸਾਲਾਂ ਤੋਂ ਨਵੀਆਂ ਭਰਤੀਆਂ ਨਾ ਹੋਣ ਕਾਰਨ ਸਕੂਲਾਂ ਵਿਚ ਸਟਾਫ ਦੀ ਭਾਰੀ ਕਮੀ ਹੈ, ਜਿਸ ਨਾਲ ਵਿਦਿਆਰਥੀਆਂ ਦੀ ਗਿਣਤੀ ਵੀ ਘਟੀ ਹੈ। ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇ ਤਨਖਾਹਾਂ ਜਾਰੀ ਨਾ ਹੋਈਆਂ ਤਾਂ ਉਹ ਅਧਿਆਪਕ ਦਿਵਸ 'ਤੇ ਵੱਡਾ ਐਕਸ਼ਨ ਕਰਨਗੇ। ਯੂਨੀਅਨ ਆਗੂਆਂ ਨੇ ਕਿਹਾ ਕਿ ਸਰਕਾਰ ਦੀ ਅਣਦੇਖੀ ਕਾਰਨ ਕਈ ਪਿੰਡਾਂ ਦੇ ਸਕੂਲ ਪਹਿਲਾਂ ਹੀ ਬੰਦ ਹੋ ਚੁੱਕੇ ਹਨ ਅਤੇ ਜੇਕਰ ਹਾਲਾਤ ਨਾ ਸੁਧਰੇ ਤਾਂ ਜਲਦੀ ਹੀ ਬਾਕੀ ਸਕੂਲਾਂ ਨੂੰ ਵੀ ਤਾਲੇ ਲੱਗ ਜਾਣਗੇ। ਉਨ੍ਹਾਂ ਕਿਹਾ ਕਿ ਏਡਿਡ ਸਕੂਲ ਪੰਜਾਬ ਦੀ ਸਿੱਖਿਆ ਦੀ ਰੀੜ੍ਹ ਦੀ ਹੱਡੀ ਹਨ ਅਤੇ ਇਨ੍ਹਾਂ ਨੂੰ ਬਚਾਉਣਾ ਜ਼ਰੂਰੀ ਹੈ।

## ਮਾਤਾ ਗੁਜਰੀ ਕਾਲਜ ਵਿਖੇ ਸਟਾਫ਼ ਦੇ ਕ੍ਰਿਕਟ ਮੁਕਾਬਲੇ ਕਰਾਏ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਵੱਲੋਂ ਰਾਸ਼ਟਰੀ ਖੇਡ ਦਿਵਸ ਮੌਕੇ ਕਾਲਜ ਪੱਧਰ 'ਤੇ ਸਟਾਫ਼ ਦੇ ਕ੍ਰਿਕਟ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਪ੍ਰਿੰਸੀਪਲ ਇਲੈਵਨ ਤੇ ਵਾਈਸ ਪ੍ਰਿੰਸੀਪਲ ਇਲੈਵਨ ਦੀਆਂ ਟੀਮਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਰੋਚਕ ਮੁਕਾਬਲੇ ਵਿੱਚ ਪ੍ਰਿੰਸੀਪਲ ਇਲੈਵਨ ਦੀ ਟੀਮ ਨੇ ਸ਼ਾਨਦਾਰ ਜਿੱਤ ਹਾਸਲ ਕੀਤੀ।ਵਰਣਨਯੋਗ ਹੈ ਕਿ ਪ੍ਰਿੰਸੀਪਲ ਇਲੈਵਨ ਦੀ ਟੀਮ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਨਿਰਧਾਰਤ 12 ਓਵਰਾਂ ਵਿੱਚ 1 ਵਿਕਟ ਦੇ ਨੁਕਸਾਨ ਨਾਲ 146 ਦੌੜਾਂ ਬਣਾਈਆਂ, ਜਿਸ ਦੇ ਜਵਾਬ ਵਿੱਚ ਵਾਈਸ ਪ੍ਰਿੰਸੀਪਲ ਇਲੈਵਨ ਦੀ ਟੀਮ 5 ਵਿਕਟਾਂ ਦੇ ਨੁਕਸਾਨ ਨਾਲ 109 ਦੌੜਾਂ ਹੀ ਬਣਾ ਸਕੀ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਖੇਡਾਂ ਦੇ ਮਹੱਤਵ ਬਾਰੇ ਦੱਸਦਿਆਂ ਕਿਹਾ ਕਿ ਮਨੁੱਖ ਵਿੱਚ ਖੇਡਾਂ ਦੁਆਰਾ ਸਿਹਤਮੰਦ ਜੀਵਨ ਸ਼ੈਲੀ, ਆਤਮ ਵਿਸ਼ਵਾਸ, ਸਵੈ ਅਨੁਸ਼ਾਸਨ ਤੇ ਟੀਮ ਵਰਕ ਆਦਿ ਮਹੱਤਵਪੂਰਨ ਗੁਣ ਪੈਦਾ ਹੁੰਦੇ ਹਨ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਜੀਵਨ ਵਿੱਚ ਖੇਡਾਂ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਖੇਡਾਂ ਵਿੱਚ ਹਿੱਸਾ ਲੈਣ ਨਾਲ ਵਿਦਿਆਰਥੀਆਂ ਦੀ ਸੰਪੂਰਨ ਸ਼ਖ਼ਸੀਅਤ ਤੇ ਚਰਿੱਤਰ ਦਾ ਵਿਕਾਸ ਹੁੰਦਾ ਹੈ।ਕਾਲਜ ਦੇ ਡੀਨ ਸਪੋਰਟਸ ਡਾ. ਦਵਿੰਦਰ ਸਿੰਘ ਨੇ ਰਾਸ਼ਟਰੀ ਖੇਡ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਕਾਲਜ ਦੀਆਂ ਖੇਡਾਂ ਵਿੱਚ ਸ਼ਲਾਘਾਯੋਗ ਪ੍ਰਾਪਤੀਆਂ ਬਾਰੇ ਵਿਸਥਾਰ ਵਿੱਚ ਦੱਸਿਆ।ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਹਰਜੀਤ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਦੱਸਿਆ ਕਿ ਰਾਸ਼ਟਰੀ ਖੇਡ ਦਿਵਸ ਸਾਡੇ ਦੇਸ਼ ਦੇ ਵਿਕਾਸ ਤੇ ਏਕਤਾ ਵਿੱਚ ਖੇਡਾਂ ਦੀ ਅਮੁੱਲ ਭੂਮਿਕਾ ਨੂੰ ਦਰਸਾਉਂਦਾ ਹੈ।ਇਸ ਮੌਕੇ ਕਾਲਜ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ, ਪ੍ਰਿੰਸੀਪਲ ਇਲੈਵਨ ਟੀਮ ਦੇ ਕੈਪਟਨ ਪ੍ਰੋ. ਮੁਹੰਮਦ ਅਨਵਰ, ਵਾਈਸ ਪ੍ਰਿੰਸੀਪਲ ਇਲੈਵਨ ਟੀਮ ਦੇ ਕੈਪਟਨ ਡਾ. ਜਗਦੀਸ਼ ਸਿੰਘ, ਫੁੱਟਬਾਲ ਕੋਚ ਸ੍ਰ. ਬਹਾਦਰ ਸਿੰਘ ਤੇ ਹੋਰ ਸਟਾਫ਼ ਮੈਂਬਰ ਮੌਜੂਦ ਸਨ।

## ਸੰਗਠਨ ਸਿਰਜਣ ਮੁਹਿੰਮ ਤਹਿਤ ਡਾ. ਸ਼ਿਖਾ ਮੀਲ ਜਗਰਾਓਂ ਪੁੱਜੇ



**ਜਗਰਾਓਂ (ਅਮਿਤ ਖੰਨਾ)**-ਕਾਂਗਰਸ ਹਾਈ ਕਮਾਨ ਵੱਲੋਂ ਦੇਸ਼ ਭਰ ਵਿੱਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਸੰਗਠਨ ਸਿਰਜਣ ਮੁਹਿੰਮ ਵਿੱਢੀ ਜਾ ਰਹੀ ਹੈ, ਜਿਸ ਤਹਿਤ ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਲੁਧਿਆਣਾ ਦਿਹਾਤੀ ਦੇ ਨਿਯੁਕਤ ਕੀਤੇ ਗਏ ਆਬਜ਼ਰਵਰ ਡਾ. ਸ਼ਿਖਾ ਮੀਲ (ਵਿਧਾਇਕ ਵਿਧਾਨ ਸਭਾ ਹਲਕਾ ਰਾਜਸਥਾਨ) ਲੁਧਿਆਣਾ-ਫਿਰੋਜ਼ਪੁਰ ਮੁੱਖ ਮਾਰਗ 'ਤੇ ਸਥਿਤ ਇੱਕ ਨਿੱਜੀ ਹੋਟਲ 'ਚ ਰੱਖੀ ਮੀਟਿੰਗ ਵਿੱਚ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਮਿਲਣ ਜਗਰਾਓਂ ਪੁੱਜੇ।ਮੀਡੀਆ ਨਾਲ ਗੱਲਬਾਤ ਕਰਦਿਆਂ ਆਬਜ਼ਰਵਰ ਡਾ. ਸ਼ਿਖਾ ਮੀਲ ਨੇ ਕਿਹਾ ਬੀਤੇ ਦਿਨੀਂ ਕਾਂਗਰਸ ਪਾਰਟੀ ਦੀ ਅਹਿਮਦਾਬਾਦ ਵਿਖੇ ਹੋਈ ਮੀਟਿੰਗ ਦੌਰਾਨ ਇਹ ਫੈਸਲਾ ਲਿਆ ਗਿਆ ਸੀ ਕਿ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦੇ ਲਈ ਸੰਗਠਨ ਸਿਰਜਨ ਅਭਿਆਨ ਰਾਸ਼ਟਰੀ ਪੱਧਰ 'ਤੇ ਚਲਾਇਆ ਜਾਵੇਗਾ, ਜਿਸ ਦਾ ਮੁੱਖ ਉਦੇਸ਼ ਹਰ ਜ਼ਿਲ੍ਹੇ 'ਚ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨਾਂ ਦੀ ਨਿਯੁਕਤੀ ਦੀ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਇਆ ਜਾ ਸਕੇ ਤਾਂ ਜੋ ਯੋਗ ਉਮੀਦਵਾਰ ਨੂੰ ਬਿਨਾਂ ਕਿਸੇ ਭੇਦਭਾਵ ਦੇ ਚੁਣਿਆ ਜਾ ਸਕੇ।ਉਨ੍ਹਾਂ ਕਿਹਾ ਕਿ ਇਸੇ ਤਹਿਤ ਉਹ ਅੱਜ ਜਗਰਾਓਂ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਮਿਲਣ ਆਏ ਹਨ ਤਾਂ ਜੋ ਉਨ੍ਹਾਂ ਨਾਲ ਵਿਚਾਰ ਵਟਾਂਦਰਾ ਕਰਕੇ ਪੂਰੀ ਨਿਰਪੱਖਤਾ ਨਾਲ ਯੋਗ ਉਮੀਦਵਾਰ ਨੂੰ ਚੁਣਿਆ ਜਾ ਸਕੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਦਿਹਾਤੀ ਮੇਜਰ ਸਿੰਘ ਮੁੱਲਾਂਪੁਰ, ਹਲਕਾ ਇੰਚਾਰਜ ਜਗਤਾਰ ਸਿੰਘ ਜੱਗਾ, ਬਲਾਕ ਪ੍ਰਧਾਨ ਲੁਧਿਆਣਾ ਸ਼ਹਿਰੀ ਹਰਪ੍ਰੀਤ ਸਿੰਘ ਧਾਲੀਵਾਲ, ਬਲਾਕ ਪ੍ਰਧਾਨ ਲੁਧਿਆਣਾ ਦਿਹਾਤੀ ਨਵਦੀਪ ਸਿੰਘ ਗਰੇਵਾਲ, ਪ੍ਰਸ਼ੋਤਮ ਲਾਲ ਖਲੀਫਾ, ਨਗਰ ਕੌਂਸਲ ਪ੍ਰਧਾਨ ਜਤਿੰਦਰ ਪਾਲ ਰਾਣਾ, ਕੌਂਸਲਰ ਰਵਿੰਦਰ ਪਾਲ ਰਾਜੂ ਕਾਮਰੇਡ, ਅਮਨ ਕਪੂਰ ਬੌਬੀ, ਗੁਰਪ੍ਰੀਤ ਕੌਰ ਤਤਲਾ, ਗੋਪਾਲ ਸ਼ਰਮਾ, ਸਰਪੰਚ ਕੁਲਦੀਪ ਸਿੰਘ, ਸਰਪੰਚ ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

## ਬੀ ਕੇ ਯੂ ਏਕਤਾ ਉਗਰਾਹਾਂ ਘਲੋਟੀ ਇਕਾਈ ਦੀ ਚੋਣ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਪਿੰਡ ਘਲੋਟੀ ਦੀ ਚੋਣ ਬਲਾਕ ਸਕੱਤਰ ਜਸਵੀਰ ਸਿੰਘ ਅਸਗਰੀਪੁਰ ਦੀ ਦੇਖ ਰੇਖ ਹੇਠ ਗੁਰਦੁਆਰਾ ਸਾਹਿਬ ਵਿਖੇ ਹੋਈ, ਜਿਸ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਨੇ ਵਿਸ਼ੇਸ਼ ਸ਼ਿਰਕਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਕਿਸਾਨਾਂ ਮਜ਼ਦੂਰਾਂ ਨੂੰ ਉਜਾੜਨ ਲਈ ਕਦੇ ਤਿੰਨ ਕਾਨੂੰਨ, ਲੈਂਡ ਪੂਲਿੰਗ, ਮੁਕਤ ਵਪਾਰ ਤੇ ਕਦੇ ਮੰਡੀਆਂ ਖਤਮ ਕਰਨ ਵਰਗੇ ਬਿੱਲ ਲੈ ਕੇ ਆਈ ਤੇ ਲੋਕਾਂ ਵੱਲੋਂ ਇਨ੍ਹਾਂ ਦਾ ਡਟਵਾਂ ਸੰਘਰਸ਼ ਕਰਕੇ ਵਾਪਸ ਕਰਵਾਏ। ਉਨ੍ਹਾ 14 ਸਤੰਬਰ ਨੂੰ ਬਰਨਾਲੇ ਵਿਖੇ ਆਗੂਆਂ ਤੇ ਜਥੇਬੰਦੀ ਦੀਆਂ ਪ੍ਰਾਪਤੀਆਂ ਲਈ ਰਾਖੀ ਮੁਹਿੰਮ ਦੀ ਰੈਲੀ ਵਿੱਚ ਪੁੱਜਣ ਦਾ ਸੱਦਾ ਦਿੱਤਾ। ਮੀਟਿੰਗ 'ਚ ਸਰਬਸੰਮਤੀ ਨਾਲ ਪਰਮਵੀਰ ਸਿੰਘ ਪ੍ਰਧਾਨ, ਸੁਰਜੀਤ ਸਿੰਘ ਮੀਤ ਪ੍ਰਧਾਨ, ਰਵਨਦੀਪ ਸਿੰਘ ਸਕੱਤਰ, ਅਵਤਾਰ ਸਿੰਘ ਸਹਾਇਕ ਸਕੱਤਰ, ਹਰਜੀਤ ਸਿੰਘ ਖਜ਼ਾਨਚੀ ਤੇ ਤਰਲੋਚਨ ਸਿੰਘ, ਦਵਿੰਦਰ ਸਿੰਘ, ਸੁਖਵਿੰਦਰ ਸਿੰਘ, ਰਘਵੀਰ ਸਿੰਘ, ਰਣਦੀਪ ਸਿੰਘ, ਨਿਰਮਲ ਸਿੰਘ, ਜਸਪ੍ਰੀਤ ਸਿੰਘ, ਮਨਦੀਪ ਸਿੰਘ, ਜਗਪਾਲ ਸਿੰਘ, ਰੁਪਿੰਦਰ ਸਿੰਘ ਗੁਰਮੀਤਸਿੰਘ ਤੇ ਗੁਰਮੇਲ ਸਿੰਘ ਮੈਂਬਰ ਚੁਣੇ ਗਏ।

## ਗਲੋਬਲ ਸਕੂਲ ਵਿਖੇ ਵੱਖ-ਵੱਖ ਗਤੀਵਿਧੀਆਂ ਕਰਾਈਆਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵੱਲੋਂ ?ਕਿੰਡਰਗਾਰਟਨ ਦੇ ਬੱਚਿਆਂ ਲਈ ਜਾਣਕਾਰੀ ਭਰਪੂਰ ਤੇ ਉਦੇਸ਼ਪੂਰਨ ਗਤੀਵਿਧੀਆਂ ਜਿਵੇਂ ਕਿ ਕਠਪੁਤਲੀ ਸ਼ੋਅ, ਸਬਜ਼ੀ ਮੰਡੀ, ਅਜਨਬੀ ਖ਼ਤਰਾ, ਰੁੱਖ ਲਗਾਓ, ਪਾਣੀ ਬਚਾਓ, ਸਾਂਝਾ ਕਰਨਾ ਹੀ ਦੇਖਭਾਲ ਹੈ ਆਦਿ ਆਯੋਜਤ ਕੀਤੀਆਂ ਗਈਆਂ। ਕਠਪੁਤਲੀ ਸ਼ੋਅ ਰਾਹੀਂ ਬੱਚਿਆਂ ਨੂੰ ਮੋਬਾਈਲ ਫੋਨ ਦੀ ਜ਼ਿਆਦਾ ਵਰਤੋਂ ਤੇ ਜੰਕ ਫੂਡ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ।ਜਦੋਂ ਕਿ ਸਬਜ਼ੀ ਮੰਡੀ ਦੀ ਗਤੀਵਿਧੀ ਰਾਹੀਂ, ਬੱਚਿਆਂ ਨੇ ਸਬਜ਼ੀਆਂ ਦੇ ਨਾਮ ਤੇ ਰੰਗ ਸਿੱਖੇ, ਗਣਿਤ ਦੇ ਹੁਨਰ ਦਾ ਅਭਿਆਸ ਕੀਤਾ ਅਤੇ ਵੇਚਣ ਵਾਲੇ ਤੇ ਗਾਹਕ ਦੀ ਭੂਮਿਕਾ ਨਿਭਾਉਂਦੇ ਹੋਏ ਸੰਚਾਰ ਹੁਨਰ ਤੇ ਵਿਸ਼ਵਾਸ ਵਿਕਸਤ ਕੀਤਾ।ਇਸ ਗਤੀਵਿਧੀ ਨੇ ਬੱਚਿਆਂ ਨੂੰ ਤਾਜ਼ੀਆਂ ਸਬਜ਼ੀਆਂ ਅਤੇ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਦੀ ਮਹੱਤਤਾ ਤੋਂ ਵੀ ਜਾਣੂ ਕਰਵਾਇਆ। 'ਅਜਨਬੀ ਖ਼ਤਰਾ' ਗਤੀਵਿਧੀ ਰਾਹੀਂ ਬੱਚਿਆਂ ਨੂੰ ਮੁੱਢਲੇ ਸੁਰੱਖਿਆ ਸਿਧਾਂਤ ਸਿਖਾਏ ਗਏ। ?ਸਕੂਲ ਦੇ ਵਾਈਸ-ਚੇਅਰਮੈਨ ਅਮਿਤ ਸਰਾਫ ਨੇ ਕਿਹਾ ਕਿ ਸਕੂਲ ਸਿਰਫ਼ ਸਿੱਖਿਆ ਦਾ ਕੇਂਦਰ ਹੀ ਨਹੀਂ ਹੈ, ਸਗੋਂ ਸ਼ਖ਼ਸੀਅਤ ਵਿਕਾਸ ਦਾ ਸਥਾਨ ਵੀ ਹੈ।ਖੇਡਾਂ, ਸੱਭਿਆਚਾਰਕ ਪ੍ਰੋਗਰਾਮ, ਰਚਨਾਤਮਕ ਕੰਮ, ਵਿਗਿਆਨ ਪ੍ਰਦਰਸ਼ਨੀਆਂ ਤੇ ਸਮੂਹ ਚਰਚਾਵਾਂ ਵਿਦਿਆਰਥੀਆਂ ਨੂੰ ਆਤਮਵਿਸ਼ਵਾਸੀ ਬਣਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਸਕੂਲ ਦਾ ਯਤਨ ਹਰ ਬੱਚੇ ਨੂੰ ਨਾ ਸਿਰਫ਼ ਅਕਾਦਮਿਕ ਤੌਰ 'ਤੇ ਉੱਤਮ ਬਣਾਉਣਾ ਹੈ, ਸਗੋਂ ਸਮਾਜਿਕ, ਮਾਨਸਿਕ, ਸਰੀਰਕ ਤੇ ਨੈਤਿਕ ਤੌਰ 'ਤੇ ਵੀ ਇੱਕ ਸੰਪੂਰਨ ਸ਼ਖ਼ਸੀਅਤ ਦਾ ਵਿਕਾਸ ਕਰਨਾ ਹੈ।

## ਬਲਾਕ ਗਿੱਦੜਬਾਹਾ ਤੇ ਲੰਬੀ ਦੇ ਪਿੰਡਾਂ 'ਚ ਬਣਾਏ ਜਾ ਰਹੇ ਖੇਡ ਮੈਦਾਨਾਂ ਦੀ ਸਮੀਖਿਆ ਲਈ ਮੀਟਿੰਗ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਉੱਭਰਦੇ ਖਿਡਾਰੀਆਂ ਦੀ ਸਹੂਲਤ ਲਈ ਅਤਿ ਆਧੁਨਿਕ ਪੇਂਡੂ ਖੇਡ ਮੈਦਾਨ ਬਣਾਉਣ ਦੀ ਯੋਜਨਾ ਲਾਗੂ ਕੀਤੀ ਹੈ।ਇਸ ਬਾਬਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਬਲਾਕ ਗਿੱਦੜਬਾਹਾ ਅਤੇ ਲੰਬੀ ਦੇ ਪਿੰਡਾਂ ਚੱਲ ਰਹੇ ਕੰਮਾਂ ਦੀ ਸਮੀਖਿਆ ਲਈ ਸਹਾਇਕ ਕਮਿਸ਼ਨਰ (ਜ) ਸ਼ਿਵਾਂਸ਼ ਅਸਥਾਨਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਮੀਟਿੰਗ ਕੀਤੀ।ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ (ਜ) ਸ਼ਿਵਾਂਸ਼ ਅਸਥਾਨਾ ਨੇ ਦੱਸਿਆ ਕਿ ਹਰ ਇੱਕ ਪਿੰਡ ਵਿੱਚ ਖੇਡ ਮੈਦਾਨ ਤਿਆਰ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਪਲਬਧ ਥਾਵਾਂ ਦਾ ਸਰਵੇਖਣ ਕਰਵਾ ਕੇ ਗਰਾਊਂਡ ਤਿਆਰ ਕਰਨ ਲਈ ਮੁੱਢਲੇ ਨਕਸ਼ੇ ਤਿਆਰ ਕਰਵਾਏ ਗਏ ਹਨ।ਉਨ੍ਹਾਂ ਕਿਹਾ ਕਿ ਹੁਣ ਇਸ ਮੀਟਿੰਗ ਰਾਹੀਂ ਖੇਡ ਮੈਦਾਨ ਤਿਆਰ ਕਰਨ ਤੋਂ ਪਹਿਲਾਂ ਪੰਚਾਇਤਾਂ ਤੋਂ ਸੁਝਾਅ ਲਏ ਜਾ ਰਹੇ ਹਨ।ਸਹਾਇਕ ਕਮਿਸ਼ਨਰ (ਜ) ਸ਼ਿਵਾਂਸ਼ ਅਸਥਾਨਾ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਖੇਡ ਮੈਦਾਨ ਲੋਕਾਂ ਦੀ ਮੰਗ ਤੇ ਜ਼ਰੂਰਤ ਅਨੁਸਾਰ ਹੀ ਤਿਆਰ ਕਰਵਾਏ ਜਾਣਗੇ ਅਤੇ ਜਿਸ ਪਿੰਡ ਵਿੱਚ ਜਿਹੜੀ ਖੇਡ ਲਈ ਪਿੰਡ ਵਾਸੀਆਂ ਵੱਲੋਂ ਮੰਗ ਕੀਤੀ ਜਾਵੇਗੀ, ਉਸੇ ਪਿੰਡ ਖੇਡ ਦਾ ਹੀ ਮੈਦਾਨ ਆਧੁਨਿਕ ਸਹੂਲਤਾਂ ਨਾਲ ਲੈਸ ਕਰਕੇ ਤਿਆਰ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡ ਮੈਦਾਨਾਂ ਵਿੱਚ ਬਾਕੀ ਸਹੂਲਤਾਂ ਦੇ ਨਾਲ-ਨਾਲ ਲਾਈਟਾਂ ਵੀ ਲਗਵਾਈਆਂ ਜਾਣਗੀਆਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਢਿੱਲੋਂ, ਜ਼ਿਲ੍ਹਾ ਖੇਡ ਅਫ਼ਸਰ ਅਨਿੰਦਰਵੀਰ ਕੌਰ ਬਰਾੜ, ਜ਼ਿਲ੍ਹਾ ਭਲਾਈ ਅਫ਼ਸਰ ਜਗਮੋਹਨ ਸਿੰਘ ਮਾਨ ਤੇ ਵੱਡੀ ਗਿਣਤੀ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਹੜ੍ਹ ਪੀੜਤਾਂ ਦੀ ਮਦਦ ਲਈ ਤੱਤਪਰ : ਗੋਪਾਲ ਸ਼ਰਮਾ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਪੰਜਾਬ ਦੀ ਸਥਿਤੀ ਬਹੁਤ ਬੁਰੀ ਤਰਾਂ ਵਿਗੜ ਚੁੱਕੀ ਹੈ। ਇਸ ਔਖੀ ਘੜੀ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਤੇ ਯੂਥ ਅਕਾਲੀ ਦਲ ਦੇ ਨੌਜਵਾਨ ਵਰਕਰ ਦਿਨ-ਰਾਤ ਹੜ੍ਹ ਪੀੜਤਾਂ ਦੀ ਮਦਦ ਵਿੱਚ ਲੱਗੇ ਹੋਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਸੀਨੀਅਰ ਆਗੂ ਗੋਪਾਲ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਪੰਜਾਬ ਦੀ ਆਪਣੀ ਪਾਰਟੀ ਹੈ, ਜਿਸ ਨੇ ਇਸ ਮੁਸੀਬਤ ਵਿੱਚ ਪੰਜਾਬ ਦੇ ਲੋਕਾਂ ਦੀ ਬਾਂਹ ਫੜੀ ਹੈ। ਸੁਖਬੀਰ ਸਿੰਘ ਬਾਦਲ ਨੇ ਹੜ੍ਹ ਪੀੜਤ ਇਲਾਕਿਆਂ ਵਿੱਚ ਲੋਕਾਂ ਨੂੰ ਸੁਰੱਖਿਅਤ ਕੱਢਣ ਲਈ ਕਿਸ਼ਤੀਆਂ ਮੁਹੱਈਆ ਕਰਵਾਈਆਂ, ਹੜ੍ਹ ਪੀੜਤ ਇਲਾਕਿਆਂ ਵਿੱਚ ਲੰਗਰ, ਪਾਣੀ, ਰਾਸ਼ਨ, ਜ਼ਰੂਰੀ ਦਵਾਈਆਂ ਪਹੁੰਚਾਈਆਂ ਤੇ ਡੰਗਰਾਂ ਲਈ ਪੱਠਿਆਂ ਦੀਆਂ ਟਰਾਲੀਆਂ ਭੇਜੀਆਂ ਗਈਆਂ ਹਨ ਅਤੇ ਇਹ ਸੇਵਾਵਾਂ ਅਕਾਲੀ ਦਲ ਵੱਲੋਂ ਜਦੋਂ ਤੱਕ ਹੜ੍ਹਾਂ ਦੀ ਸਥਿਤੀ ਖਤਮ ਨਹੀਂ ਹੋ ਜਾਂਦੀ, ਲਗਾਤਾਰ ਜਾਰੀ ਰਹਿਣਗੀਆਂ। ਜਦੋਂ ਕਿ ਮੌਜੂਦਾ ਸਰਕਾਰ ਵੱਲੋਂ ਕੋਈ ਯੋਗ ਉਪਰਾਲੇ ਨਹੀਂ ਕੀਤੇ ਗਏ ਸਿਰਫ ਹੈਲੀਕਾਪਟਰ ਤੇ ਫੋਟੋਆਂ ਖਿਚਾਉਣ ਤੱਕ ਸੀਮਤ ਰਹੇ ਹਨ।ਸ੍ਰੀ ਗੋਪਾਲ ਸ਼ਰਮਾ ਨੇ ਕਿਹਾ ਕਿ ਜਦੋਂ ਤੱਕ ਹੜ੍ਹਾਂ ਦੀ ਸਥਿਤੀ ਸਾਫ ਨਹੀਂ ਹੋ ਜਾਂਦੀ, ਉਦੋਂ ਤੱਕ ਸ਼੍ਰੋਮਣੀ ਅਕਾਲੀ ਦਲ ਤੇ ਸ਼੍ਰੋਮਣੀ ਯੂਥ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਦੀ ਸੇਵਾ ਲਈ ਤੱਤਪਰ ਰਹੇਗਾ।

# ਵਰ੍ਹਦੇ ਮੀਂਹ 'ਚ ਖ਼ੁਦ ਟਰੈਕਟਰ ਚਲਾ ਕੇ ਹੜ੍ਹ ਪੀੜਤਾਂ ਦੀ ਸਾਰ ਲੈਣ ਪਹੁੰਚੇ ਵਿਧਾਇਕ ਗੋਲਡੀ

### ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਵੰਡੀ ਰਾਹਤ ਸਮੱਗਰੀ



**ਜਲਾਲਾਬਾਦ (ਜੰਗੀਰ ਕੌਰ ਫਲੀਆਂਵਾਲਾ/ਜੀਤ ਕੁਮਾਰ)**-ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵਰ੍ਹਦੇ ਮੀਂਹ ਵਿੱਚ ਹਲਕੇ ਦੇ ਪਿੰਡ ਆਤੂਵਾਲਾ ਤੇ ਢਾਣੀ ਬਚਨ ਸਿੰਘ ਖੁਦ ਟਰੈਕਟਰ ਚਲਾ ਕੇ ਪਹੁੰਚੇ। ਇਸ ਉਪਰੰਤ ਉਹ ਜ਼ਿਆਦਾ ਪਾਣੀ ਵਾਲੇ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚ ਕਰਨ ਲਈ ਕਿਸ਼ਤੀ 'ਤੇ ਸਵਾਰ ਹੋਏ ਤੇ ਰਾਹਤ ਸਮੱਗਰੀ ਵੀ ਨਾਲ ਲੈ ਕੇ ਪਹੁੰਚੇ। ਉਨ੍ਹਾਂ ਜਿੱਥੇ ਇਨ੍ਹਾਂ ਪਿੰਡਾਂ ਦੇ ਲੋਕਾਂ ਦਾ ਹਾਲ ਚਾਲ ਜਾਣਿਆ, ਉਥੇ ਹੀ ਲੋਕਾਂ ਨੂੰ ਰਾਸ਼ਨ ਤੇ ਪਸ਼ੂ ਫ਼ੀਡ ਵੀ ਵੰਡੀ। ਭਰੇ ਹੋਏ ਪਾਣੀ ਵਿੱਚ ਉੱਤਰ ਕੇ ਉਹ ਲੋਕਾਂ ਦੇ ਘਰਾਂ ਤੱਕ ਪਹੁੰਚੇ, ਜਿੱਥੇ ਉਨ੍ਹਾਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਕਿਹਾ ਕਿ ਮੈਂ ਤੁਹਾਡੀ ਹਰ ਮੁਸ਼ਕਲ ਦੀ ਘੜੀ ਵਿੱਚ ਤੁਹਾਡੇ ਨਾਲ ਹਾਂ। ਇਹ ਮੇਰਾ ਹਲਕਾ ਹੀ ਨਹੀਂ ਸਗੋਂ ਮੇਰਾ ਪਰਿਵਾਰ ਹੈ ਤੇ ਮੈਂ ਆਪਣੇ ਪਰਿਵਾਰ ਦੀ ਹਰ ਮਦਦ ਕਰਨ ਲਈ ਤਿਆਰ ਬਰ ਤਿਆਰ ਹਾਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਵੀ ਹੜ੍ਹ ਪ੍ਰਭਾਵਿਤ ਪਿੰਡਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ ਤੇ ਉਨ੍ਹਾਂ ਵੱਲੋਂ ਸਮੁੱਚੇ ਪ੍ਰਸ਼ਾਸਨ ਤੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਹਨ ਕਿ ਉਹ ਇਸ ਮੁਸ਼ਕਲ ਦੀ ਘੜੀ ਵਿੱਚ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਕੁਦਰਤੀ ਆਫਤ ਕਰਕੇ ਵਾਪਰੀ ਹੜ੍ਹ ਵਰਗੀ ਸਥਿਤੀ ਨਾਲ ਨਜਿੱਠਣ ਲਈ ਹਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਜੇਕਰ ਕਿਸੇ ਵੀ ਤਰ੍ਹਾਂ ਦੀ ਮਦਦ ਦੀ ਲੋੜ ਹੈ ਤਾਂ ਉਹ ਬੇਝਿਜਕ ਹੋ ਕੇ ਉਨ੍ਹਾਂ ਨੂੰ ਦੱਸਣ ਜਾਂ ਕਿਸੇ ਵੀ ਸਮੇਂ ਉਨ੍ਹਾਂ ਨਾਲ ਉਨ੍ਹਾਂ ਦੇ ਫੋਨ ਨੰਬਰ 'ਤੇ ਸੰਪਰਕ ਕਰ ਸਕਦੇ ਹਨ, ਉਹ ਹਰ ਤਰ੍ਹਾਂ ਦੀ ਮਦਦ ਕਰਨ ਲਈ ਤਿਆਰ ਹਨ।

## ਕੋਰ ਕਮੇਟੀ ਮੈਂਬਰ ਜਥੇਦਾਰ ਮਾਹਲਾ ਦਾ ਸਨਮਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਚਿੱਤਰ ਸਿੰਘ ਕਾਲੇਕੇ ਵੱਲੋਂ ਆਪਣੇ ਗ੍ਰਹਿ ਵਿਖੇ ਹਲਕਾ ਬਾਘਾ ਪੁਰਾਣਾ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਕੋਰ ਕਮੇਟੀ ਮੈਂਬਰ ਬਣਨ 'ਤੇ ਸਨਮਾਨ ਸਮਾਰੋਹ ਕੀਤਾ ਗਿਆ।ਇਸ ਮੌਕੇ ਤ੍ਰਿਲੋਚਨ ਸਿੰਘ ਗਿੱਲ, ਹਰਜਿੰਦਰ ਸਿੰਘ ਕੈਨੇਡਾ, ਚਮਕੌਰ ਸਿੰਘ ਘੋਲੀਆ ਦੇ ਇਲਾਵਾ ਵੱਡੀ ਗਿਣਤੀ ਵਿਚ ਅਕਾਲੀ ਆਗੂ ਵੀ ਹਾਜ਼ਰ ਸਨ।ਇਸ ਮੌਕੇ ਨਵ-ਨਿਯੁਕਤ ਕੋਰ ਕਮੇਟੀ ਮੈਂਬਰ ਤੀਰਥ ਸਿੰਘ ਮਾਹਲਾ ਦਾ ਬਚਿੱਤਰ ਸਿੰਘ ਕਾਲੇਕੇ ਵੱਲੋਂ ਤੀਰਥ ਸਿੰਘ ਨੂੰ ਗੁਲਦਸਤਾ ਭੇਟ ਕਰ ਕੇ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਉਣ ਦੇ ਇਲਾਵਾ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਨੇ ਸ਼ਮੂਲੀਅਤ ਕਰ ਕੇ ਤੀਰਥ ਸਿੰਘ ਦੀ ਨਿਯੁਕਤੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ।ਸਾਰਿਆਂ ਨੇ ਤੀਰਥ ਸਿੰਘ ਮਾਹਲਾ ਦੀ ਪਾਰਟੀ ਪ੍ਰਤੀ ਸਮਰਪਤ ਸੇਵਾਵਾਂ ਤੇ ਉਨ੍ਹਾਂ ਦੀ ਜ਼ਮੀਨੀ ਪਕੜ ਦੀ ਸਰਾਹਨਾ ਕੀਤੀ।ਇਸ ਮੌਕੇ ਮੌਜੂਦ ਆਗੂਆਂ ਨੇ ਇਸ ਨਿਯੁਕਤੀ ਨੂੰ ਪਾਰਟੀ ਦੀ ਮਜ਼ਬੂਤੀ ਦੀ ਦਿਸ਼ਾ ਵਿੱਚ ਅਹਿਮ ਕਦਮ ਕਰਾਰ ਦਿੱਤਾ।

ਬਚਿੱਤਰ ਸਿੰਘ ਕਾਲੇਕੇ ਨੇ ਕਿਹਾ ਕਿ ਤੀਰਥ ਸਿੰਘ ਮਾਹਲਾ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਵਿੱਚ ਹਮੇਸ਼ਾ ਮਹੱਤਵਪੂਰਨ ਭੂਮਿਕਾ ਨਿਭਾਈ ਹੈ।ਉਨ੍ਹਾਂ ਦੀਆਂ ਸੇਵਾਵਾਂ ਤੇ ਸਮਰਪਣ ਨੂੰ ਵੇਖਦਿਆਂ ਪਾਰਟੀ ਨੇ ਉਨ੍ਹਾਂ ਨੂੰ ਕੋਰ ਕਮੇਟੀ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਹੈ।ਇਸ ਮੌਕੇ ਸਮੂਹ ਆਗੂਆਂ ਨੇ ਵਿਸ਼ਵਾਸ ਜਤਾਇਆ ਕਿ ਤੀਰਥ ਸਿੰਘ ਦੀ ਅਗਵਾਈ ਤੇ ਸਮਰਪਣ ਨਾਲ ਪਾਰਟੀ ਹਲਕਾ ਬਾਘਾ ਪੁਰਾਣਾ ਵਿੱਚ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਤੀਰਥ ਸਿੰਘ ਦੀਆਂ ਪਿਛਲੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜਨਤਕ ਸੇਵਾ ਪ੍ਰਤੀ ਜਨੂੰਨ ਤੇ ਸੰਘਰਸ਼ ਪਾਰਟੀ ਵਰਕਰਾਂ ਲਈ ਪ੍ਰੇਰਨਾਦਾਇਕ ਹੈ।ਤੀਰਥ ਸਿੰਘ ਮਾਹਲਾ ਨੇ ਸਨਮਾਨ ਲਈ ਪਾਰਟੀ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਵਚਨ ਦਿੱਤਾ ਕਿ ਉਹ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੇ ਸਿਧਾਂਤਾਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਉਣ ਲਈ ਉਹ ਲਗਾਤਾਰ ਕੰਮ ਕਰਨਗੇ।ਸਮਾਗਮ ਦੇ ਅੰਤ ਵਿੱਚ ਸਾਰੇ ਹਾਜ਼ਰੀਨ ਨੇ ਪਾਰਟੀ ਦੀ ਮਜ਼ਬੂਤੀ ਤੇ ਖੇਤਰ ਦੇ ਵਿਕਾਸ ਲਈ ਸਾਂਝੇ ਯਤਨਾਂ ਦਾ ਸੰਕਲਪ ਲਿਆ।

## ਭਾਜਪਾ ਵੱਲੋਂ ਮੰਡਲ ਪੱਖੋਵਾਲ ਤੇ ਰਾਏਕੋਟ ਦੇ ਪ੍ਰਧਾਨ ਨਿਯੁਕਤ



**ਜਗਰਾਓਂ (ਅਮਿਤ ਖੰਨਾ)**-ਭਾਜਪਾ ਜ਼ਿਲ੍ਹਾ ਜਗਰਾਉਂ ਦੇ ਪ੍ਰਧਾਨ ਡਾਕਟਰ ਰਜਿੰਦਰ ਸ਼ਰਮਾ ਨੇ ਪਾਰਟੀ ਹਾਈ ਕਮਾਂਡ ਦੀ ਸਹਿਮਤੀ ਤੋਂ ਬਾਅਦ ਜ਼ਿਲ੍ਹੇ ਅੰਦਰ ਰਹਿੰਦੇ ਸਰਕਲ ਪ੍ਰਧਾਨਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਸਰਕਲ ਰਾਏਕੋਟ ਦੇ ਪ੍ਰਧਾਨ ਦੀਪਕ ਬਾਂਸਲ ਤੇ ਸਰਕਲ ਪੱਖੋਵਾਲ ਦੇ ਪ੍ਰਧਾਨ ਪਰਭਜੋਤ ਸਿੰਘ ਦਿਓਲ ਜੋਤੀ ਮਹੇਰਨਾ ਨੂੰ ਨਿਯੁਕਤ ਕੀਤਾ ਹੈ। ਉਨ੍ਹਾਂ ਇਨ੍ਹਾਂ ਦੋਹਾਂ ਮੰਡਲ ਪ੍ਰਧਾਨਾਂ ਦੇ ਪਿਛਲੇ ਕੰਮ ਨੂੰ ਦੇਖਦੇ ਹੋਏ ਇਹ ਨਿਯੁਕਤੀ ਕੀਤੀ ਹੈ। ਇਸ ਨਿਯੁਕਤੀ ਤੋਂ ਬਾਅਦ ਦੋਵਾਂ ਮੰਡਲ ਪ੍ਰਧਾਨਾਂ ਨੇ ਵਿਸ਼ਵਾਸ ਦਿਵਾਇਆ ਕਿ ਪਾਰਟੀ ਦੀ ਤਨ, ਮਨ ਤੇ ਧਨ ਨਾਲ ਸੇਵਾ ਕਰਨਗੇ ਅਤੇ ਆਉਣ ਵਾਲੀਆਂ ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ, ਨਗਰ ਕੌਂਸਲ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਪੂਰਨ ਯਤਨ ਕਰਨਗੇ ਭਾਜਪਾ ਦਾ ਝੰਡਾ ਉੱਚਾ ਕਰਨਗੇ।

## ਮੈਡੀਕਲ ਪ੍ਰੈਕਟੀਸ਼ਨਰਜ਼ ਵੱਲੋਂ ਆਗੂਆਂ ਤੇ ਵਰਕਰਾਂ ਨੂੰ ਹੜ੍ਹ ਪੀੜਤਾਂ ਦੇ ਸਹਿਯੋਗ ਲਈ ਅਪੀਲ

**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਨੇ ਆਪਣੇ ਆਗੂਆਂ ਤੇ ਵਰਕਰਾਂ ਨੂੰ ਹੜ੍ਹ ਪੀੜਤਾਂ ਦੇ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਦਰਿਆਵਾਂ ਦੇ ਕੰਢਿਆਂ 'ਤੇ ਵਸੇ ਲੁਧਿਆਣਾ, ਜਲੰਧਰ, ਕਪੂਰਥਲਾ, ਫਿਰੋਜ਼ਪੁਰ ਤੇ ਅੰਮ੍ਰਿਤਸਰ, ਤਰਨਤਾਰਨ ਸਮੇਤ ਬਹੁਤ ਸਾਰੇ ਜ਼ਿਲ੍ਹਿਆਂ ਦੇ ਪਿੰਡਾਂ ਵਿੱਚ ਚਾਰ ਚੁਫ਼ੇਰੇ ਹੜ੍ਹਾਂ ਕਾਰਨ ਤਬਾਹੀ ਦਾ ਮੰਜ਼ਰ ਬਣਿਆ ਹੋਇਆ ਹੈ।ਦੂਰ ਦੂਰ ਤੱਕ ਫੈਲੇ ਪਾਣੀਆਂ ਵਿੱਚ ਡੁੱਬੇ ਖੇਤ, ਢਹਿ ਢੇਰੀ ਹੋਏ ਘਰ, ਤਬਾਹ ਹੋਈਆਂ ਫਸਲਾਂ ਤੇ ਮਾਲ ਡੰਗਰਾਂ ਅਤੇ ਇਨਸਾਨੀ ਲਾਸ਼ਾਂ ਇਸ ਕਰੋਪੀ ਦੀ ਮੂੰਹ ਬੋਲਦੀ ਤਸਵੀਰ ਹੈ।ਹਰ ਕੁਦਰਤੀ ਕਰੋਪੀ ਜਾਂ ਮੁਸੀਬਤ ਵਿੱਚ ਲੋਕਾਂ ਦੀ ਬਾਂਹ ਫੜਨਾ ਆਪਣੀ ਪੁਰਾਣੀ ਰਵਾਇਤ ਹੈ। ਆਓ ਇਸ ਰਵਾਇਤ ਨੂੰ ਜ਼ਾਰੀ ਰੱਖਦਿਆਂ ਹੜ੍ਹ ਮਾਰੇ ਇਲਾਕਿਆਂ ਵਿੱਚ ਸਹਾਇਤਾ ਲਈ ਜੁਟੇ ਹੋਏ ਸਮਾਜ ਸੇਵੀ ਸੰਗਠਨਾਂ ਤੇ ਵਿਅਕਤੀਆਂ ਨਾਲ ਮਿਲ ਕੇ ਬਚਾਅ ਤੇ ਸਹਾਇਤਾ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਈਏ।ਮੈਡੀਕਲ ਕੈਂਪ ਲਾ ਕੇ ਜਾਂ ਹੋਰ ਲੋੜੀਂਦੀਆਂ ਚੀਜ਼ਾਂ ਦੇ ਲੰਗਰ ਆਦਿ ਲਾ ਕੇ ਆਪਣੇ ਹਿੱਸੇ ਦਾ ਮਨੁੱਖੀ ਫਰਜ਼ ਨਿਭਾਉਣ ਲਈ ਜੁਟੀਏ।ਜ਼ਿਕਰਯੋਗ ਹੈ ਕਿ ਬੇਸ਼ੱਕ ਪ੍ਰਭਾਵਿਤ ਖੇਤਰਾਂ ਵਿੱਚ ਪਿਛਲੇ ਕਈ ਦਿਨਾਂ ਤੋਂ ਜ਼ਿਲ੍ਹਾ ਤਰਨਤਾਰਨ ਵਿੱਚ ਡਾ. ਨਛੱਤਰ ਸਿੰਘ ਚੀਮਾ, ਸੂਬਾ ਆਗੂ ਡਾ. ਸੁਖਚੈਨ ਸਿੰਘ ਬੋਪਾਰਾਏ, ਡਾ. ਗੁਰਜੀਤ ਸਿੰਘ ਦੁਬਲੀ ਆਦਿ ਸਾਥੀਆਂ ਦੀ ਅਗਵਾਈ 'ਚ ਅਤੇ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਜ਼ਿਲ੍ਹਾ ਪ੍ਰਧਾਨ ਤੇ ਸੂਬਾ ਆਗੂ ਡਾ. ਅਰਜਿੰਦਰ ਸਿੰਘ ਕੋਹਾਲੀ, ਡਾ. ਗੁਰਪ੍ਰਤਾਪ ਸਿੰਘ ਕੱਕੜ ਆਦਿ ਆਗੂਆਂ ਅਤੇ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਪ੍ਰਧਾਨ ਡਾ. ਹਰਭਜਨ ਕੰਬੋਜ, ਸੂਬਾ ਆਗੂ ਡਾ. ਰਾਕੇਸ਼ ਮਹਿਤਾ ਤੇ ਡਾ. ਸੰਤੋਖ ਸਿੰਘ, ਡਾ. ਆਤਮਾ ਸਿੰਘ ਆਦਿ ਆਗੂਆਂ ਦੀ ਦੇਖ ਰੇਖ ਹੇਠ ਲਗਾਤਾਰ ਸਿਹਤ ਸੇਵਾਵਾਂ ਦੇ ਕੈਂਪ ਜਾਰੀ ਹਨ ਅਤੇ ਜ਼ਿਲ੍ਹਾ ਬਠਿੰਡਾ ਦੇ ਬਲਾਕ ਨਥਾਣਾ ਦੇ ਪ੍ਰਧਾਨ ਡਾ. ਕੁਲਵੰਤ ਸਿੰਘ ਬੀਬੀ ਵਾਲਾ, ਡਾ. ਜਗਤਾਰ ਸਿੰਘ ਤੇ ਡਾ. ਦਰਸ਼ਨ ਸਿੰਘ ਗੋਬਿੰਦਪੁਰਾ ਆਦਿ ਆਗੂਆਂ ਦੀ ਅਗਵਾਈ ਵਿੱਚ ਪਿਛਲੇ ਦਿਨੀਂ ਪ੍ਰਭਾਵਿਤ ਖੇਤਰ ਵਿੱਚ ਇੱਕ ਦਿਨ ਸੇਵਾ ਨਿਭਾਈ ਗਈ। ਇਸ ਲਈ ਆਓ, ਅਸੀਂ ਸਾਰੇ ਇਸ ਮਾਨਵ ਸੇਵਾ ਦੇ ਕਾਰਜ 'ਚ ਪਿਰਤ ਅਨੁਸਾਰ ਵੱਡਮੁੱਲਾ ਯੋਗਦਾਨ ਪਾ ਕੇ ਮਨੁੱਖਤਾ ਪ੍ਰਤੀ ਆਪਣਾ ਫਰਜ਼ ਨਿਭਾਈਏ।

## ਬਾਰਸ਼ ਨਾਲ ਗਲੀਆਂ-ਨਾਲੀਆਂ ਦੀ ਹਾਲਤ ਹੋਈ ਖਸਤਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਨਿਹਾਲ ਸਿੰਘ ਵਾਲਾ ਤਹਿਸੀਲ ਦੇ ਪੈਂਦੇ ਪਿੰਡ ਬਿਲਾਸਪੁਰ ਦੇ ਤਖਤੂਪੁਰਾ ਰੋਡ ਦੀਆਂ ਗਲੀਆਂ ਵਿੱਚ ਹਰ ਸਮੇਂ ਪਾਣੀ ਖੜ੍ਹਾ ਰਹਿੰਦਾ ਹੈ ਅਤੇ ਹੁਣ ਹੋਈ ਬਾਰਸ਼ ਨਾਲ ਕੁੱਝ ਗਲੀਆਂ ਦੀ ਹਾਲਤ ਖਸਤਾ ਹੋ ਚੁੱਕੀ ਹੈ। ਬਸਤੀ ਵਾਲਿਆਂ ਨੇ ਮੰਗ ਕੀਤੀ ਹੈ ਕਿ ਘਰਾਂ ਅੱਗੇ ਖੜ੍ਹ ਰਹੇ ਪਾਣੀ ਦੀ ਸਮੱਸਿਆ ਦਾ ਹੱਲ ਜਲਦੀ ਕੀਤਾ ਜਾਵੇ, ਨਹੀਂ ਤਾਂ ਸਾਨੂੰ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ।ਇਸ ਮੌਕੇ ਜਗਦੇਵ ਸਿੰਘ, ਅਸ਼ੀਸ਼ ਰਾਮ, ਕਸ਼ੋਰੀ ਰਾਮ, ਦਰਸ਼ਨ ਸਿੰਘ, ਬੰਸੀ, ਅੰਗਰੇਜ਼ ਸਿੰਘ, ਬਿੱਕਰ, ਕ੍ਰਿਸ਼ਨ ਕੁਮਾਰ, ਅੰਗੂਰੀ ਦੇਵੀ, ਰਾਣੀ ਕੌਰ, ਕੱਦੂ, ਪ੍ਰੀਤਮ ਕੌਰ, ਨੀਲੇ ਰਾਣੀ ਆਦਿ ਹਾਜ਼ਰ ਸਨ।

## ਲਲਿਤ ਜੈਨ ਹਲਕਾ ਪ੍ਰਧਾਨ ਨਿਯੁਕਤ



**ਬਰੇਟਾ (ਰੀਤਵਾਲ)**-ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਪਾਰ ਵਿੰਗ ਦੀ ਸੂਚੀ ਵਿੱਚ ਲਲਿਤ ਜੈਨ ਬਰੇਟਾ ਨੂੰ ਹਲਕਾ ਬੁਢਲਾਡਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਜਿਸ ਸੰਬੰਧੀ ਇਲਾਕੇ ਦੇ ਵਪਾਰੀਆਂ ਤੇ ਆਮ ਲੋਕਾਂ ਵਿੱਚ ਖੁਸ਼ੀ ਦਾ ਮਾਹੌਲ ਹੈ।ਲਲਿਤ ਜੈਨ ਵੱਲੋਂ ਪਾਰਟੀ ਹਾਈਕਮਾਨ ਤੇ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦਾ ਬਹੁਤ ਬਹੁਤ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪਾਰਟੀ ਵੱਲੋਂ ਉਨ੍ਹਾਂ ਉੱਪਰ ਭਰੋਸਾ ਕਰਕੇ ਦਿੱਤੀ ਇਸ ਜ਼ਿੰਮੇਵਾਰੀ ਨੂੰ ਉਹ ਬਹੁਤ ਹੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਸ਼ਹਿਰੀ ਪ੍ਰਧਾਨ ਕੇਵਲ ਸ਼ਰਮਾ, ਮਾਰਕੀਟ ਕਮੇਟੀ ਚੇਅਰਮੈਨ ਚਮਕੌਰ ਸਿੰਘ ਖੁਡਾਲ, ਬਲਾਕ ਪ੍ਰਧਾਨ ਪ੍ਰੀਤ ਕੁਮਾਰ, ਕਾਕੂ ਬਰੇਟਾ, ਰਜੇਸ਼ ਕੁਮਾਰ ਰਾਜੂ ਤੇ ਪਾਰਟੀ ਦੀ ਪੂਰੀ ਟੀਮ ਮੌਜੂਦ ਰਹੀ।

## 10ਵੀਂ ਪੰਜਾਬ ਰਾਜ ਸੀਨੀਅਰ ਗੱਤਕਾ ਚੈਂਪੀਅਨਸ਼ਿਪ ਜੋਸ਼ੋ ਖਰੋਸ਼ ਨਾਲ ਸ਼ੁਰੂ

### ■ ਡੀ.ਆਈ.ਜੀ. ਭੁੱਲਰ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਗੱਤਕਾ ਐਸੋਸੀਏਸ਼ਨ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਤ 10ਵੀਂ ਪੰਜਾਬ ਰਾਜ ਸੀਨੀਅਰ ਗੱਤਕਾ ਚੈਂਪੀਅਨਸ਼ਿਪ ਗੁਰਦੁਆਰਾ ਸ਼੍ਰੀ ਫਤਹਿਗੜ੍ਹ ਸਾਹਿਬ ਦੇ ਦੀਵਾਨ ਟੋਡਰਮੱਲ ਯਾਦਗਾਰੀ ਹਾਲ ਵਿੱਚ ਆਰੰਭ ਹੋਈ।ਇਸ ਦੇ ਉਦਘਾਟਨੀ ਸਮਾਰੋਹ ਮੌਕੇ ਗੱਤਕਾ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਤੇ ਡੀਆਈਜੀ ਹਰਚਰਨ ਸਿੰਘ ਭੁੱਲਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਗੱਤਕਾ ਖੇਡ ਨੂੰ ਪ੍ਰਫੁੱਲਿਤ ਕਰਨ ਲਈ ਗੱਤਕਾ ਫੈਡਰੇਸ਼ਨ ਆਫ ਇੰਡੀਆ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਖਿਡਾਰੀਆਂ ਨੂੰ ਉੱਚ ਪੱਧਰ ਦੀ ਤਕਨੀਕ ਸਿਖਾਉਣ ਦੇ ਨਾਲ-ਨਾਲ ਬੁਨਿਆਦੀ ਢਾਂਚੇ ਵਿੱਚ ਵੀ ਸੁਧਾਰ ਕੀਤਾ ਜਾ ਰਿਹਾ ਹੈ ਤਾਂ ਜੋ ਗੱਤਕਾ ਬਾਕੀ ਖੇਡਾਂ ਦੇ ਮੁਕਾਬਲੇ ਆਪਣੇ ਆਪ ਨੂੰ ਵਧੇਰੇ ਵਿਕਸਿਤ ਕਰ ਸਕੇ। ਇਸ ਮੌਕੇ ਪੰਜਾਬ ਗੱਤਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਐੱਸਜੀਪੀਸੀ ਦੇ ਸਹਿਯੋਗ ਨਾਲ ਆਯੋਜਿਤ ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਤੋਂ ਕਰੀਬ 300 ਖਿਡਾਰੀ ਭਾਗ ਲੈ ਰਹੇ ਹਨ, ਜਿਨ੍ਹਾਂ ਦੇ ਅੰਡਰ-19, ਅੰਡਰ-25 ਤੇ ਅੰਡਰ-30 ਉਮਰ ਵਰਗ ਦੇ ਮੁਕਾਬਲੇ ਕਰਵਾਏ ਜਾਣਗੇ।ਪੰਜਾਬ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ ਨੇ ਕਿਹਾ ਕਿ ਦੇਸ਼ ਦੀਆਂ ਖੇਡਾਂ ਵਿੱਚ ਗੱਤਕੇ ਨੂੰ ਸ਼ਾਮਲ ਕੀਤਾ ਜਾਣਾ, ਸਿੱਖ ਕੌਮ ਲਈ ਮਾਣ ਦੀ ਗੱਲ ਹੈ।ਉਨ੍ਹਾਂ ਕਿਹਾ ਕਿ ਇਸ ਖੇਡ ਨੂੰ ਵਿਸ਼ਵ ਪੱਧਰ ਤੱਕ ਲਿਜਾਉਣ ਲਈ ਉਪਰਾਲੇ ਕੀਤੇ ਜਾਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਨਾਜ ਸਿੰਘ ਐੱਸ.ਪੀ., ਰਾਕੇਸ਼ ਯਾਦਵ ਐੱਸ.ਪੀ.(ਡੀ), ਗੱਤਕਾ ਫੈਡਰੇਸ਼ਨ ਆਫ ਇੰਡੀਆ ਦੇ ਜੁਆਇੰਟ ਜਨਰਲ ਸਕੱਤਰ ਜਗਕਿਰਨ ਕੌਰ ਵੜੈਚ, ਪੰਜਾਬ ਗੱਤਕਾ ਐਸੋਸੀਏਸ਼ਨ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਪ੍ਰਧਾਨ ਅਮਰਦੀਪ ਸਿੰਘ ਪ੍ਰਿੰਸ ਛਤਵਾਲ, ਜਸਪਾਲ ਸਿੰਘ ਸੰਗਰੂਰ, ਗੁਰਸ਼ਰਨ ਸਿੰਘ, ਰਘਵੀਰ ਸਿੰਘ ਡੇਹਲੋਂ, ਹਰਮਨ ਸਿੰਘ ਮੋਹਾਲੀ, ਸੰਦੀਪ ਸਿੰਘ ਲੁਧਿਆਣਾ, ਸੁਖਦੀਪ ਸਿੰਘ ਲੁਧਿਆਣਾ, ਹਰਦੀਪ ਸਿੰਘ ਮੋਗਾ, ਹਰਦੇਵ ਸਿੰਘ ਬਰਨਾਲਾ ਤੇ ਕਰਮਜੀਤ ਸਿੰਘ ਬਰਨਾਲਾ ਆਦਿ ਮੌਜੂਦ ਸਨ।

## ਵਰਲਡ 'ਵਰਸਿਟੀ ਵਿਖੇ 'ਭਾਰਤੀ ਗਿਆਨ ਪ੍ਰਣਾਲੀ ਤੇ ਉੱਚ ਸਿੱਖਿਆ' ਵਿਸ਼ੇ 'ਤੇ ਪੈਨਲ ਚਰਚਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੇ ਸਿੱਖਿਆ ਵਿਭਾਗ ਵਿਖੇ ਐੱਨ.ਈ.ਪੀ. ਸਾਰਥੀ ਵੱਲੋਂ 'ਭਾਰਤੀ ਗਿਆਨ ਪ੍ਰਣਾਲੀ ਤੇ ਉੱਚ ਸਿੱਖਿਆ' ਵਿਸ਼ੇ 'ਤੇ ਪੈਨਲ ਵਿਚਾਰ-ਵਟਾਂਦਰੇ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ ਅਤੇ ਇਸ ਤੋਂ ਬਾਅਦ ਐੱਨ.ਈ.ਪੀ. 2020 ਬਾਰੇ ਜਾਗਰੂਕਤਾ ਰੈਲੀ ਕੱਢੀ ਗਈ।

ਪੈਨਲ ਡਿਸਕਸ਼ਨ ਵਿੱਚ ਵਿਭਾਗ ਦੇ ਫੈਕਲਟੀ ਮੈਂਬਰ, ਸਕਾਲਰ ਤੇ ਵਿਦਿਆਰਥੀਆਂ ਨੇ ਹਿੱਸਾ ਲਿਆ ਤੇ ਉਨ੍ਹਾਂ ਭਾਰਤ ਗਿਆਨ ਪ੍ਰਣਾਲੀ ਨੂੰ ਉੱਚ ਸਿੱਖਿਆ ਵਿੱਚ ਸ਼ਾਮਲ ਕਰਨ ਦੀ ਮਹੱਤਤਾ ਉੱਤੇ ਵਿਚਾਰ ਵਿਟਾਂਦਰਾ ਕੀਤਾ।ਬੁਲਾਰਿਆਂ ਨੇ ਸੰਪੂਰਨ ਤੇ ਭਵਿੱਖ ਲਈ ਤਿਆਰ ਸਿੱਖਿਆ ਪ੍ਰਣਾਲੀ ਬਣਾਉਣ ਲਈ ਰਵਾਇਤੀ ਗਿਆਨ ਨੂੰ ਆਧੁਨਿਕ ਅਕਾਦਮਿਕ ਅਭਿਆਸਾਂ ਨਾਲ ਜੋੜਨ ਦੀ ਮਹੱਤਤਾ 'ਤੇ ਚਾਨਣਾ ਪਾਇਆ।ਡਾ. ਹਰਨੀਤ ਬਿਲਿੰਗ, ਐੱਨ.ਈ.ਪੀ. ਕੋਆਰਡੀਨੇਟਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਆਪਣੇ ਆਨਲਾਈਨ ਸੰਬੋਧਨ ਵਿੱਚ ਜ਼ੋਰ ਦੇ ਕੇ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ (ਐੱਨ.ਈ.ਪੀ.) 2020 ਭਾਰਤ ਦੀਆਂ ਅਮੀਰ ਗਿਆਨ ਪ੍ਰੰਪਰਾਵਾਂ ਨੂੰ ਵਿਸ਼ਵ ਵਿੱਦਿਅਕ ਮਿਆਰਾਂ ਨਾਲ ਜੋੜਨ ਲਈ ਇੱਕ ਵਿਲੱਖਣ ਪਲੇਟਫਾਰਮ ਪ੍ਰਦਾਨ ਕਰਦੀ ਹੈ।ਡਾ. ਬਿਲਿੰਗ ਨੇ ਦੱਸਿਆ ਕਿ ਯੂਨੀਵਰਸਿਟੀਆਂ ਦੀ ਭੂਮਿਕਾ ਭਾਰਤੀ ਨੈਤਿਕਤਾ ਤੋਂ ਪ੍ਰੇਰਿਤ ਖੋਜ, ਨਵੀਨਤਾ ਤੇ ਨੈਤਿਕ ਕਦਰਾਂ ਕੀਮਤਾਂ ਨੂੰ ਉਤਸ਼ਾਹਤ ਕਰਨ ਵਿੱਚ ਮਹੱਤਵਪੂਰਨ ਹੈ, ਜਿਸ ਨਾਲ ਰਾਸ਼ਟਰੀ ਪਛਾਣ ਤੇ ਵਿਸ਼ਵ ਵਿਆਪੀ ਪ੍ਰਸੰਗਿਕਤਾ ਦੋਵਾਂ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ।ਪੈਨਲ ਵਿਚਾਰ ਵਟਾਂਦਰੇ ਤੋਂ ਬਾਅਦ, ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੇ ਯੂਨੀਵਰਸਿਟੀ ਕੈਂਪਸ ਦੇ ਆਲੇ ਦੁਆਲੇ ਐੱਨਈਪੀ 2020 ਬਾਰੇ ਜਾਗਰੂਕਤਾ ਰੈਲੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲਿਆਂ ਨੇ ਵੀ ਵਿਭਾਗ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਉੱਚ ਸਿੱਖਿਆ ਵਿੱਚ ਭਾਰਤੀ ਗਿਆਨ ਪ੍ਰਣਾਲੀ ਦੇ ਏਕੀਕਰਨ ਨਾਲ ਵਿਦਿਆਰਥੀਆਂ ਦੀ ਇੱਕ ਪੀੜ੍ਹੀ ਦਾ ਨਿਰਮਾਣ ਕਰਨ ਵਿੱਚ ਮਦਦ ਮਿਲੇਗੀ, ਜੋ ਅਕਾਦਮਿਕ ਤੌਰ 'ਤੇ ਸਮਰੱਥ ਤੇ ਸੱਭਿਆਚਾਰਕ ਤੌਰ 'ਤੇ ਆਪਣੀਆਂ ਜੜ੍ਹਾਂ ਨਾਲ ਜੁੜੇ ਹੋਣਗੇ।ਪ੍ਰੋ. ਪਰਿਤ ਪਾਲ ਸਿੰਘ ਵਾਈਸ ਚਾਂਸਲਰ ਨੇ ਸਿੱਖਿਆ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਨਾ ਸਿਰਫ ਐੱਨ.ਈ.ਪੀ. 2020 ਬਾਰੇ ਜਾਗਰੂਕਤਾ ਪੈਦਾ ਕਰਦੀਆਂ ਹਨ, ਬਲਕਿ ਵਿਦਿਆਰਥੀਆਂ ਵਿੱਚ ਭਾਰਤ ਦੀਆਂ ਗਿਆਨ ਪ੍ਰੰਪਰਾਵਾਂ ਨੂੰ ਮਾਣ ਨਾਲ ਅੱਗੇ ਵਧਾਉਣ ਲਈ ਜ਼ਿੰਮੇਵਾਰੀ ਦੀ ਡੂੰਘੀ ਭਾਵਨਾ ਵੀ ਪੈਦਾ ਕਰਦੀਆਂ ਹਨ।ਸਮਾਗਮ ਦੀ ਸਮਾਪਤੀ ਐੱਨ.ਈ.ਪੀ. 2020 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਰਾਹੀਂ 'ਸਿੱਖਿਅਤ, ਸ਼ਕਤੀਸ਼ਾਲੀ ਤੇ ਆਤਮਨਿਰਭਰ ਭਾਰਤ' ਦੇ ਸੁਪਨੇ ਨੂੰ ਸਾਕਾਰ ਕਰਨ ਲਈ ਵਿਦਿਆਰਥੀਆਂ ਤੇ ਸਮਾਜ ਨੂੰ ਸਰਗਰਮੀ ਨਾ ਸ਼ਾਮਲ ਕਰਨ ਦੇ ਸੱਦੇ ਨਾਲ ਹੋਈ।

## ਬੀ ਐੱਸ ਐੱਫ ਵੱਲੋਂ 7 ਕਿੱਲੋ ਹੈਰੋਇਨ ਸਣੇ ਤਸਕਰ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਰਹੱਦਾਂ ਦੀ ਰਾਖੀ ਕਰਨ ਵਾਲੀ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਨੇ ਫਿਰੋਜ਼ਪੁਰ ਵਿੱਚ ਨਸ਼ਾ ਤਸਕਰੀ ਵਿਰੁੱਧ ਇਕ ਵੱਡੀ ਕਾਰਵਾਈ ਕਰਦੇ ਹੋਏ ਇਕ ਤਸਕਰ ਨੂੰ ਭਾਰੀ ਮਾਤਰਾ ਵਿਚ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਇਹ ਕਾਰਵਾਈ ਬੀਐੱਸਐੱਫ ਦੇ ਖੁਫੀਆ ਵਿੰਗ ਵੱਲੋਂ ਦਿੱਤੀ ਗਈ ਸਟੀਕ ਜਾਣਕਾਰੀ ਦੇ ਆਧਾਰ 'ਤੇ ਕੀਤੀ ਗਈ। ਖੁਫੀਆ ਜਾਣਕਾਰੀ ਮਿਲਣ ਤੋਂ ਬਾਅਦ ਬੀਐੱਸਐੱਫ ਦੇ ਚੌਕਸ ਜਵਾਨਾਂ ਨੇ ਹਜ਼ਾਰਾ ਮੋੜ ਬੱਸ ਸਟੈਂਡ ਦੇ ਨੇੜੇ ਇਕ ਸ਼ੱਕੀ ਰਸਤੇ 'ਤੇ ਨਾਕਾ ਲਗਾਇਆ। ਇਸ ਨਾਕੇਬੰਦੀ ਦੌਰਾਨ ਇਕ ਮੋਟਰਸਾਈਕਲ ਸਵਾਰ ਨੂੰ ਰੋਕਣ ਦਾ ਇਸ਼ਾਰਾ ਕੀਤਾ ਗਿਆ, ਪਰ ਉਸ ਨੇ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਬੀਐੱਸਐੱਫ ਦੇ ਜਵਾਨਾਂ ਨੇ ਉਸ ਨੂੰ ਕਾਬੂ ਕਰ ਲਿਆ। ਜਦੋਂ ਉਸਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ, ਤਾਂ ਉਸਦੇ ਕਬਜ਼ੇ 'ਚੋਂ ਹੈਰੋਇਨ ਦੇ 14 ਪੈਕਟ ਬਰਾਮਦ ਹੋਏ, ਜਿਨ੍ਹਾਂ ਦਾ ਕੁੱਲ ਵਜ਼ਨ ਲਗਭਗ 7 ਕਿਲੋਗ੍ਰਾਮ ਸੀ। ਇੰਨੀ ਵੱਡੀ ਮਾਤਰਾ ਵਿਚ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਨੇ ਨਸ਼ਾ ਤਸਕਰੀ ਦੇ ਇਕ ਵੱਡੇ ਨੈੱਟਵਰਕ ਨੂੰ ਤੋੜਨ ਦਾ ਸੰਕੇਤ ਦਿੱਤਾ ਹੈ। ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਲਈ ਸਥਾਨਕ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ। ਪੁਲਸ ਵੱਲੋਂ ਕੀਤੀ ਗਈ ਸ਼ੁਰੂਆਤੀ ਪੁੱਛਗਿੱਛ ਦੌਰਾਨ ਕਈ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ, ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਬਰਾਮਦਗੀਆਂ ਤੇ ਗ੍ਰਿਫਤਾਰੀਆਂ ਹੋ ਸਕਦੀਆਂ ਹਨ।



## ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਕੇਂਦਰ ਵਿਸ਼ੇਸ਼ ਰਾਹਤ ਪੈਕੇਜ ਜਾਰੀ ਕਰੇ : ਪ੍ਰੋ. ਬਡੂੰਗਰ

**ਪਟਿਆਲਾ (ਰਾਜਿੰਦਰ ਬਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਾਰਾ ਪੰਜਾਬ ਬੁਰੀ ਤਰ੍ਹਾਂ ਕੁਦਰਤ ਹੜ੍ਹਾਂ ਦੀ ਮਾਰ ਹੇਠ ਆ ਚੁੱਕਾ ਹੈ, ਜਿਸ ਨਾਲ ਪੰਜਾਬ ਦੇ ਲੋਕਾਂ ਦਾ ਵੱਡੇ ਪੱਧਰ 'ਤੇ ਆਰਥਿਕ ਤੌਰ 'ਤੇ ਮਾਲੀ ਨੁਕਸਾਨ ਹੋ ਰਿਹਾ ਹੈ, ਇਸ ਲਈ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਲਈ ਵਿਸ਼ੇਸ਼ ਰਾਹਤ ਪੈਕਜ ਜਾਰੀ ਕਰੇ ਤਾਂ ਜੋ ਪੰਜਾਬ ਦੇ ਲੋਕਾਂ ਨੂੰ ਕੁਝ ਆਰਥਿਕ ਮਦਦ ਮਿਲ ਸਕੇ ।ਉਨ੍ਹਾਂ ਕਿਹਾ ਕਿ ਇਸ ਸੇਵਾ ਦੇ ਕਾਰਜ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਵਿਸ਼ੇਸ਼ ਯਤਨ ਕਰਨੇ ਚਾਹੀਦੇ ਹਨ ਤੇ ਕੇਂਦਰ ਸਰਕਾਰ ਨਾਲ ਨਿੱਜੀ ਤੌਰ 'ਤੇ ਸੰਪਰਕ ਕਰਕੇ ਪੰਜਾਬ ਦੇ ਲੋਕਾਂ ਦੀ ਆਵਾਜ਼ ਉਠਾ ਕੇ ਉਨ੍ਹਾਂ ਦੀ ਮਦਦ ਲਈ ਪੰਜਾਬ ਸਰਕਾਰ ਨੂੰ ਅੱਗੇ ਆਉਣਾ ਚਾਹੀਦਾ ਹੈ, ਕਿਉਂਕਿ ਕੁਦਰਤੀ ਹੜ੍ਹਾਂ ਦੀ ਮਾਰ ਝੱਲਣ ਨਾਲ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ, ਕਿਸਾਨਾਂ ਦੀਆਂ ਹਜ਼ਾਰਾਂ ਏਕੜ ਫਸਲਾਂ ਤਬਾਹ ਹੋ ਗਈਆਂ ਹਨ, ਪਸ਼ੂਆਂ ਦਾ ਵੱਡੇ ਪੱਧਰ 'ਤੇ ਨੁਕਸਾਨ ਹੋ ਰਿਹਾ ਹੈ, ਲੋਕਾਂ ਦੇ ਘਰਾਂ ਨੂੰ ਨੁਕਸਾਨ ਪਹੁੰਚਣ ਦੇ ਨਾਲ ਨਾਲ ਘਰਾਂ ਦਾ ਕੀਮਤੀ ਸਾਮਾਨ ਵੀ ਹੜ੍ਹਾਂ ਦੇ ਭਾਰੀ ਵਹਾਅ ਵਿੱਚ ਰੁੜ੍ਹ ਗਿਆ ਹੈ, ਇਸ ਲਈ ਦੁੱਖ ਦੀ ਘੜੀ ਵਿੱਚ ਸਰਕਾਰਾਂ ਨੂੰ ਹੀ ਪੀੜਤ ਲੋਕਾਂ ਦੀ ਮਦਦ ਲਈ ਖੁੱਲ ਕੇ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਡੇ ਪੱਧਰ 'ਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਲੋਕਾਂ ਨੂੰ ਰਾਹਤ ਦੇਣ ਦੇ ਕਾਰਜ ਕੀਤੇ ਜਾ ਰਹੇ ਹਨ। ਵਿਸ਼ੇਸ਼ ਕੈਂਪ ਲਗਾ ਕੇ ਮੈਡੀਕਲ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤੇ ਲੰਗਰਾਂ ਦਾ ਵੀ ਲੋੜਵੰਦ ਲੋਕਾਂ ਤੱਕ ਪਹੁੰਚਾ ਕੇ ਵਿਸ਼ੇਸ਼ ਪ੍ਰਬੰਧ ਕੀਤਾ ਜਾ ਰਿਹਾ ਹੈ।ਪ੍ਰੋਫੈਸਰ ਬਡੂੰਗਰ ਨੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਸਮਾਜ ਸੇਵੀ ਸੰਸਥਾਵਾਂ ਤੇ ਹੋਰ ਵੱਖੋ ਵੱਖ ਜਥੇਬੰਦੀਆਂ ਦਾ ਵੀ ਧੰਨਵਾਦ ਕੀਤਾ ਹੈ, ਜੋ ਔਖੇ ਸਮੇਂ ਵਿੱਚ ਲੋੜਵੰਦ ਦੇ ਲੋਕਾਂ ਦੀ ਮਦਦ ਲਈ ਅੱਗੇ ਆ ਕੇ ਸਹਾਇਤਾ ਕਰ ਰਹੇ ਹਨ।

## ਸਾਬਕਾ ਵਿਧਾਇਕ ਕਲੇਰ ਵੱਲੋਂ ਸਤਲੁਜ ਦੇ ਬੰਨ੍ਹਾਂ ਦਾ ਦੌਰਾ




**ਜਗਰਾਉਂ (ਅਮਿਤ ਖੰਨਾ)**-ਸਾਬਕਾ ਵਿਧਾਇਕ ਤੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐੱਸ. ਆਰ. ਕਲੇਰ ਨੇ ਅੱਜ ਆਪਣੀ ਟੀਮ ਨਾਲ ਹੜ੍ਹ ਪ੍ਰਭਾਵਿਤ ਇਲਾਕੇ ਦੇ ਪਿੰਡਾਂ ਦੇ ਨਾਲ-ਨਾਲ ਸਤਲੁਜ ਦਰਿਆ ਦੇ ਬੰਨਾਂ ਦਾ ਵੀ ਦੌਰਾ ਕੀਤਾ।ਇਸ ਮੌਕੇ ਸ੍ਰੀ ਐੱਸ. ਆਰ. ਕਲੇਰ ਨੇ ਪਰਜੀਆਂ ਬਿਹਾਰੀਪੁਰ ਦੇ ਕਿਸਾਨਾਂ ਨਾਲ ਮੁਲਾਕਾਤ ਕਰਕੇ ਫਸਲਾਂ ਦੇ ਹੋਏ ਨੁਕਸਾਨ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਸਤਲੁਜ ਦਰਿਆ ਦੇ ਬੰਨ੍ਹ ਨਾਲ ਲੱਗਦੇ ਪਿੰਡ ਪਰਜੀਆਂ ਬਿਹਾਰੀਪੁਰ ਦੇ ਆਮ ਲੋਕਾਂ ਦੀਆਂ ਫਸਲਾਂ ਪਾਣੀ ਦੀ ਮਾਰ ਹੇਠ ਆ ਗਈਆਂ ਹਨ।ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜਾਣਿਆ ਤੇ ਮੌਕੇ 'ਤੇ ਅਫ਼ਸਰਾਂ ਨੂੰ ਫੋਨ ਕਰ ਕੇ ਸਬੰਧਤ ਅਧਿਕਾਰੀਆਂ ਨੂੰ ਬੁਲਾ ਕੇ ਮੌਕਾ ਦਿਖਾਇਆ।ਉਨ੍ਹਾਂ ਸਰਕਾਰ ਨੂੰ ਤੁਰੰਤ ਗਿਰਦਾਵਰੀ ਕਰਕੇ ਪੀੜਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ।ਇਸ ਮੌਕੇ ਉਨ੍ਹਾ ਕਿਹਾ ਕਿ ਇਸ ਕੁਦਰਤੀ ਆਫ਼ਤ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜਗਰਾਉਂ ਟੀਮ ਆਪਣੇ ਹਲਕੇ ਦੇ ਲੋਕਾਂ ਦੇ ਨਾਲ ਚਟਾਨ ਬਣ ਖੜ੍ਹੀ ਹੈ ਤੇ ਹਮੇਸ਼ਾ ਖੜ੍ਹੀ ਰਹੇਗੀ।ਇਸ ਮੌਕੇ ਨਾਲ ਸਰਕਲ ਪ੍ਰਧਾਨ ਤੇਜਿੰਦਰਪਾਲ ਸਿੰਘ ਕੰਨੀਆ ਖੁਰਦ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆਂ ਬਿਹਾਰੀਪੁਰ ਤੇ ਹੋਰ ਹਾਜ਼ਰ।

## ਮਜ਼ਦੂਰ ਦੇ ਡਿੱਗੇ ਘਰ ਦੀ ਉਸਾਰੀ ਲਈ ਜੱਸੀ ਵੱਲੋਂ ਆਰਥਿਕ ਮਦਦ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਖਿਆਲੀ ਵਿਖੇ ਤੇਜ਼ ਮੀਂਹ ਕਾਰਨ ਮਜ਼ਦੂਰ ਪਰਵਾਰ ਦੇ ਮਾਪਿਆਂ ਵਿਹੂਣੇ ਬੱਚਿਆਂ ਦਾ ਘਰ ਢਹਿ ਗਿਆ ਹੈ।ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਕੀਤੀ ਅਪੀਲ ਸਦਕਾ ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਵੱਲੋਂ 11000 ਦੀ ਸੇਵਾ ਕੀਤੀ ਗਈ। ਜੱਸੀ ਪੇਧਨੀ ਨੇ ਦੱਸਿਆ ਕਿ ਪ੍ਰਸਿੱਧ ਕਬੱਡੀ ਕੁਮੈਂਟਰ ਲੱਖਾ ਖਿਆਲੀ ਵੱਲੋਂ ਇਨ੍ਹਾਂ ਬੇਸਹਾਰਾ ਬੱਚਿਆਂ ਦੀ ਮਦਦ ਲਈ ਸੋਸ਼ਲ ਮੀਡੀਆ ਰਾਹੀਂ ਪਾਈ ਵੀਡੀਓ ਨੂੰ ਵੇਖ ਕੇ ਉਹ ਸੇਵਾ ਕਰਨ ਪਹੁੰਚੇ।ਇਸ ਮੌਕੇ ਕਿਸਾਨ ਆਗੂ ਸ੍ਰ: ਰਟੋਲ ਨੇ ਦੱਸਿਆ ਕਿ ਇਨ੍ਹਾਂ ਬੱਚਿਆਂ ਦੇ ਪਿਤਾ ਦੀ ਪਹਿਲਾਂ ਐਕਸੀਡੈਂਟ ਵਿੱਚ ਮੌਤ ਹੋਈ ਤੇ ਫਿਰ ਇਨ੍ਹਾਂ ਦੇ ਮਾਤਾ ਨੇ ਪਰਿਵਾਰ ਉੱਤੇ ਟੁੱਟੇ ਦੁੱਖਾਂ ਦੇ ਪਹਾੜ ਦੇ ਦਰਦ ਨੂੰ ਨਾ ਸਹਾਰਦਿਆਂ ਹਾਰਟ ਅਟੈਕ ਨਾਲ ਸੰਸਾਰ ਨੂੰ ਅਲਵਿਦਾ ਕਹੀ। ਇਸ ਮੌਕੇ ਵੱਖ-ਵੱਖ ਆਗੂਆਂ ਨੇ ਭਾਨ ਸਿੰਘ ਜੱਸੀ ਤੇ ਭਾਈ ਤੇਜਿੰਦਰ ਸਿੰਘ ਦਾ ਸਹਾਇਤਾ ਰਾਸ਼ੀ ਦੇਣ 'ਤੇ ਉਚੇਚਾ ਧੰਨਵਾਦ ਕਰਦਿਆਂ ਦਾਨੀ ਸੱਜਣਾਂ, ਸਮੂਹ ਐੱਨ ਆਰ ਆਈਜ਼ ਨੂੰ ਇਸ ਕਾਰਜ 'ਚ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਮਜ਼ਦੂਰ ਆਗੂ ਕੌਰ ਸਿੰਘ ਕਲਾਲ ਮਾਜਰਾ, ਰਾਜਾ ਰਾਮ, ਹਰਦੀਪ ਸਿੰਘ, ਸਾਬਕਾ ਸਰਪੰਚ ਹਰਨੇਕ ਸਿੰਘ, ਕੁਲਵੰਤ ਸਿੰਘ, ਕ੍ਰਿਸ਼ਨ ਪੰਡਤ, ਡਾ: ਬਲਦੀਪ ਸਿੰਘ, ਨੰਬਰਦਾਰ ਚਮਕੌਰ ਸਿੰਘ, ਕੌਰ ਸਿੰਘ, ਬਲਜੀਤ ਸਿੰਘ, ਵਿਜੇ ਕੁਮਾਰ, ਹਰਜਿੰਦਰ ਸਿੰਘ, ਗੁਰਜੰਟ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਵਿਰਾਸਤੀ ਤੇ ਫਾਈਨ ਆਰਟਸ ਕਲਾਕ੍ਰਿਤੀਆਂ ਦੀ ਵਰਕਸ਼ਾਪ ਲਗਾਈ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਵਿਦਿਆਰਥੀਆਂ ਨੂੰ ਸੱਭਿਆਚਾਰ ਤੇ ਵਿਰਾਸਤ ਨਾਲ ਜੋੜਨ ਲਈ ਵਿਰਾਸਤੀ ਅਤੇ ਫਾਈਨ ਆਰਟਸ ਕਲਾਕ੍ਰਿਤੀਆਂ ਦੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਡਾ. ਦਵਿੰਦਰ ਕੌਰ ਢੱਟ ਤੇ ਜਸਮੇਰ ਸਿੰਘ ਢੱਟ ਨੇ ਬਤੌਰ ਮੁੱਖ ਵਕਤਾ ਸ਼ਿਰਕਤ ਕੀਤੀ।ਇਸ ਵਰਕਸ਼ਾਪ ਵਿੱਚ ਸੱਭਿਆਚਾਰਕ ਕਲਾਕ੍ਰਿਤੀਆਂ ਦੀ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਬਣਾਏ ਗਏ ਗੁੱਡੀਆਂ, ਪਟੌਲੇ, ਖਿੱਦੋ, ਛਿੱਕੂ, ਫੁਲਕਾਰੀ, ਬਾਗ, ਦਸੂਤੀ ਆਦਿ ਦੀ ਪ੍ਰਸਤੁਤੀ ਕੀਤੀ ਗਈ।ਸ੍ਰੀ ਢੱਟ ਨੇ ਵਿਦਿਆਰਥਣਾਂ ਨੂੰ ਸੱਭਿਆਚਾਰ ਨਾਲ ਜੁੜਨ ਤੇ ਪੰਜਾਬੀ ਵਿਰਸੇ ਨੂੰ ਸੰਭਾਲਣ ਲਈ ਪ੍ਰੇਰਿਆ।ਇਸ ਵਰਕਸ਼ਾਪ ਦੇ ਮੁੱਖ ਵਕਤਾ ਤੇ ਕੋਮਲ ਕਲਾਵਾਂ, ਲੋਕ ਕਲਾਵਾਂ ਤੇ ਵਿਰਾਸਤੀ ਵਸਤੂਆਂ ਦੇ ਮਾਹਰ ਹਨ ਡਾ. ਦਵਿੰਦਰ ਕੌਰ ਢੱਟ ਨੇ ਗੁੱਡੀਆਂ, ਪਟੌਲੇ, ਖਿੱਦੋ, ਨਾਲਾ ਬੁਣਨਾ, ਪਰਾਂਦਾ ਬਣਾਉਣਾ, ਛਿੱਕੂ, ਬਾਗ ਤੇ ਫੁਲਕਾਰੀ ਆਦਿ ਬਣਾਉਣ ਦੇ ਨਿਯਮ ਤੇ ਧਿਆਨ ਰੱਖਣ ਵਾਲੀਆਂ ਗੱਲਾਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਵੱਲੋਂ ਮੁੱਖ ਵਕਤਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਵਰਕਸ਼ਾਪ ਦੇ ਆਯੋਜਨ ਵਿੱਚ ਕੋ-ਆਰਡੀਨੇਟਰ ਪ੍ਰੋ. ਅਮਨਦੀਪ ਕੌਰ ਚੀਮਾ ਪ੍ਰੋ. ਦੀਪਾਲੀ ਅਰੋੜਾ ਤੇ ਪ੍ਰੋ. ਸ਼ਵੇਤਾ ਥਾਪਾ ਨੇ ਯੋਗਦਾਨ ਪਾਇਆ।ਇਸ ਮੌਕੇ ਪ੍ਰੋ. ਗੁਰਜਿੰਦਰ ਕੌਰ, ਡਾ. ਨਿਧੀ ਸਰੂਪ, ਡਾ. ਸੋਮਪਾਲ ਹੀਰਾ, ਪ੍ਰੋ. ਹਰਪ੍ਰੀਤ ਕੌਰ ਕਾਹਲੋਂ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਗੁਰਲੀਨ ਕੌਰ, ਪ੍ਰੋ. ਹਰਦੀਪ ਕੌਰ, ਪ੍ਰੋ. ਲਵਪ੍ਰੀਤ ਕੌਰ ਤੇ ਡਾ. ਪ੍ਰਭਜੋਤ ਕੌਰ ਹਾਜ਼ਰ ਸਨ।

# ਡੀ ਸੀ ਸਾਕਸ਼ੀ ਸਾਹਨੀ ਨੂੰ ਲੋਕਾਂ 'ਧੀ ਰਾਣੀ' ਦਾ ਖਿਤਾਬ ਦਿੱਤਾ





**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਅੰਮ੍ਰਿਤਸਰ ਦਾ ਅਜਨਾਲਾ ਇਲਾਕਾ ਹੜ੍ਹਾਂ ਦੀ ਮਾਰ ਹੇਠ ਹੈ ਅਤੇ ਇਲਾਕੇ ਵਿੱਚ ਰਾਹਤ ਕਾਰਜ ਲਗਾਤਾਰ ਜਾਰੀ ਹਨ।ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਦਿਨ-ਰਾਤ ਇਨ੍ਹਾਂ ਰਾਹਤ ਕਾਰਜਾਂ ਦੀ ਅਗਵਾਈ ਕਰ ਰਹੇ ਹਨ।ਉਨ੍ਹਾਂ ਨਾਲ ਜ਼ਿਲ੍ਹੇ ਦੇ ਨੌਜਵਾਨ ਅਧਿਕਾਰੀ ਜ਼ਿਲਾ ਪੁਲਸ ਮੁਖੀ ਮਨਿੰਦਰ ਸਿੰਘ ਵੀ ਨਿਰੰਤਰ ਰਾਹਤ ਕਾਰਜਾਂ ਵਿੱਚ ਜੁਟੇ ਰਹਿੰਦੇ ਹਨ।ਉਹ ਆਪ ਅੱਗੇ ਹੋ ਕੇ ਆਪਣੀ ਟੀਮ ਦਾ ਸਾਥ ਦਿੰਦੇ ਹਨ।ਉਨ੍ਹਾਂ ਵੱਲੋਂ ਵਿਖਾਈ ਜਾ ਰਹੀ ਅਪਣੱਤ, ਕੀਤੀ ਜਾ ਰਹੀ ਮਿਹਨਤ ਅਤੇ ਹਮਦਰਦੀ ਦੇ ਪ੍ਰਗਟਾਵੇ ਦੀਆਂ ਗੱਲਾਂ ਘਰ-ਘਰ ਹੋਣ ਲੱਗੀਆਂ ਹਨ।ਵਡੇਰੀ ਉਮਰ ਦੇ ਲੋਕ ਉਨ੍ਹਾਂ ਵਿੱਚੋਂ ਆਪਣੀ ਧੀ ਅਤੇ ਛੋਟੀ ਉਮਰ ਦੇ ਲੋਕ ਆਪਣੀ ਭੈਣ ਨੂੰ ਵੇਖਦੇ ਹਨ।ਪਾਣੀ ਵਿੱਚ ਘਿਰੇ ਲੋਕ ਉਨ੍ਹਾਂ ਨੂੰ ਇੱਦਾਂ ਹੀ ਪਿਆਰ/ਸਤਿਕਾਰ ਦੇ ਰਹੇ ਹਨ।ਅਜਿਹਾ ਹੀ ਕੁੱਝ ਵਰਤਾਰਾ ਬਿਆਨ ਕਰ ਰਹੀ ਹੈ। ਅਜਨਾਲੇ ਇਲਾਕੇ ਦੇ ਇਸ ਪਿੰਡ ਦੀ ਇਹ ਵੀਡੀਓ ਜਿੱਥੇ ਡਿਪਟੀ ਕਮਿਸ਼ਨਰ ਪਾਣੀ ਵਿੱਚ ਘਿਰੇ ਪਿੰਡ ਤੋਂ ਸਰਦਾਰ ਜੀ ਨੂੰ ਸੁਰੱਖਿਅਤ ਸਥਾਨ ਉਤੇ ਆਉਣ ਲਈ ਜ਼ੋਰ ਪਾ ਰਹੇ ਹਨ, ਪਰ ਸਰਦਾਰ ਜੀ ਰੱਬ ਦੀ ਰਜ਼ਾ ਵਿੱਚ ਮਸਤ ਰਹਿੰਦੇ ਹੋਏ ਉਨ੍ਹਾਂ ਨੂੰ ਆਪਣੇ ਘਰ ਲਿਜਾ ਕੇ ਪਰਿਵਾਰ ਨਾਲ ਇਸ ਬਹਾਦਰ ਧੀ ਨੂੰ ਮਿਲਾ ਰਹੇ ਹਨ।

# ਘੱਗਰ ਨਾਲ ਲੱਗਦੇ ਕਿਸਾਨਾਂ ਨੂੰ ਡਰ ਸਤਾਉਣ ਲੱਗਿਆ



**ਬਰੇਟਾ (ਰੀਤਵਾਲ)**-ਕਈ ਦਿਨਾਂ ਤੋਂ ਲਗਾਤਾਰ ਪੈ ਰਹੇ ਮੀਂਹ ਨੇ ਪੰਜਾਬ ਦੇ ਹਰ ਕੋਨੇ ਵਿੱਚ ਹੜ੍ਹਾਂ ਦੀ ਸਥਿਤੀ ਬਣਾਈ ਹੋਈ ਹੈ।ਇਸੇ ਤਰ੍ਹਾਂ ਘੱਗਰ ਨਦੀ ਵੀ ਪੂਰੇ ਉਫਾਨ 'ਤੇ ਚੱਲ ਰਹੀ ਹੈ।ਕਿਸਾਨਾਂ ਨੇ ਜਦੋਂ ਖ਼ਬਰਾਂ ਰਾਹੀਂ ਸੁਣਿਆ ਕਿ ਘੱਗਰ ਵਿੱਚ 70000 ਕਿਊਸਕ ਪਾਣੀ ਹੋਰ ਛੱਡਿਆ ਗਿਆ ਹੈ ਤੇ ਖ਼ਬਰ ਦੇ ਸੁਣਦਿਆਂ ਹੀ ਘੱਗਰ ਨਾਲ ਲੱਗਦੇ ਤਕਰੀਬਨ 17-18 ਪਿੰਡਾਂ ਨੇ ਚਾਂਦਪੁਰਾ ਸਾਇਫਨ ਤੇ ਘੱਗਰ ਦੇ ਬੰਨ੍ਹ ਨੂੰ ਹੋਰ ਮਜ਼ਬੂਤ ਕਰਨ ਲਈ ਮਿੱਟੀ ਪਾਉਣੀ ਸ਼ੁਰੂ ਕਰ ਦਿੱਤੀ ਹੈ।ਇਸ ਸਥਿਤੀ ਵਿੱਚ ਘੱਟ ਘੱਟ 15-20 ਕਿਲੋਮੀਟਰ ਤੋਂ ਘੱਟ ਕਿਤੇ ਮਿੱਟੀ ਨਜ਼ਰ ਨਹੀਂ ਆਉਂਦੀ।ਇਸ ਕਰਕੇ ਆਲੇ ਦੁਆਲੇ ਦੇ ਪਿੰਡ ਟਰੈਕਟਰ ਟਰਾਲੀਆਂ ਰਾਹੀਂ ਦੂਰੋਂ ਮਿੱਟੀ ਲਿਆਉਣ ਲਈ ਮਜਬੂਰ ਹਨ, ਕਿਉਂਕਿ ਪਿਛਲੀ ਵਾਰ ਵੀ ਜਦੋਂ 2023 ਵਿੱਚ ਹੜ੍ਹ ਆਏ ਸਨ ਤਾਂ ਘੱਗਰ ਦਾ ਬੰਨ੍ਹ ਇੱਕਦਮ ਹੀ ਟੁੱਟ ਗਿਆ ਸੀ।ਉਸ ਸਮੇਂ ਕਈ ਪਿੰਡਾਂ ਦੀ ਫਸਲ ਤਬਾਹ ਹੋ ਗਈ ਸੀ ਅਤੇ ਇਸੇ ਡਰ ਕਾਰਨ ਚਾਂਦਪੁਰਾ ਸਾਈਫਨ ਦੇ ਨਾਲ ਲੱਗਦੇ ਕਿਸਾਨਾਂ ਨੂੰ ਡਰ ਹੋ ਗਿਆ ਕਿ ਜੇ ਬੰਨ੍ਹ ਟੁੱਟ ਜਾਂਦਾ ਹੈ ਤਾਂ ਬਹੁਤ ਵੱਡਾ ਨੁਕਸਾਨ ਝੱਲਣਾ ਪਵੇਗਾ।ਇਸ ਕਰਕੇ ਕਿਸਾਨਾਂ ਨੇ ਟਰੈਕਟਰ ਟਰਾਲੀਆਂ ਰਾਹੀਂ ਦੂਰੋਂ ਦੂਰੋਂ ਪਿੰਡਾਂ ਵਿੱਚੋਂ ਵੀ ਮਿੱਟੀ ਲਿਆਉਣੀ ਸ਼ੁਰੂ ਕਰ ਦਿੱਤੀ ਹੈ ਅਤੇ ਬੰਨ੍ਹ ਨੂੰ ਮਜ਼ਬੂਤ ਕਰਨ ਦਾ ਬੀੜਾ ਚੁੱਕਿਆ ਹੈ।

# ਡਾ. ਰਾਜ ਨੇ ਧੁੱਸੀ ਤੇ ਕੁੱਕੜਾਂ ਡੈਮ ਦੀ ਮੁਰੰਮਤ ਲਈ ਐਮ ਪੀ ਲੈਡ ਫੰਡ 'ਚੋਂ 50 ਲੱਖ ਰੁਪਏ ਅਲਾਟ ਕੀਤੇ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਖਾਸ ਕਰਕੇ ਹੁਸ਼ਿਆਰਪੁਰ ਸੰਸਦੀ ਹਲਕੇ ਵਿੱਚ ਹੋਏ ਵਿਆਪਕ ਨੁਕਸਾਨ ਨੂੰ ਧਿਆਨ ਵਿੱਚ ਰੱਖਦੇ ਹੋਏ, ਆਫ਼ਤ ਪ੍ਰਬੰਧਨ ਤੇ ਪੁਨਰਵਾਸ ਯਤਨਾਂ ਵਿਚ ਯੋਗਦਾਨ ਪਾਉਣ ਲਈ ਇੱਕ ਸਰਗਰਮ ਕਦਮ ਚੁੱਕਦੇ ਹੋਏ, ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਹੜ੍ਹ ਰਾਹਤ ਅਤੇ ਪੁਨਰਵਾਸ ਕਾਰਜਾਂ ਲਈ ਐਮਪੀਲੈਡ ਫੰਡ ਵਿੱਚੋਂ 50 ਲੱਖ ਰੁਪਏ ਹੁਸ਼ਿਆਰਪੁਰ ਪ੍ਰਸ਼ਾਸਨ ਨੂੰ ਜਾਰੀ ਕੀਤੇ ਹਨ। ਇਹ ਜ਼ਿਕਰਯੋਗ ਹੈ ਕਿ ਭਾਰੀ ਮੀਂਹਾਂ ਦੇ ਨਾਲ ਹੀ ਹਲਕੇ ਦੇ ਛੋਟੇ ਡੈਮਾਂ ਵਿੱਚ ਆਏ ਵਾਧੂ ਪਾਣੀ ਕਾਰਨ ਮੁਕੇਰੀਆਂ, ਟਾਂਡਾ, ਚੱਬੇਵਾਲ, ਹੁਸ਼ਿਆਰਪੁਰ ਤੇ ਹਰਗੋਬਿੰਦਪੁਰ ਦੇ ਬਹੁਤ ਸਾਰੇ ਖੇਤਰ ਭਾਰੀ ਬਾਰਸ਼ ਅਤੇ ਹੜ੍ਹਾਂ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਹਨ। ਤੁਰੰਤ ਪੁਨਰਵਾਸ ਯਤਨਾਂ ਵਿੱਚ ਸਹਾਇਤਾ ਲਈ 50 ਲੱਖ ਰੁਪਏ ਦੇ ਵਿਸ਼ੇਸ਼ ਫੰਡ ਦਾ ਚੈੱਕ ਐਮ ਪੀ ਡਾ ਰਾਜ ਕੁਮਾਰ ਚੱਬੇਵਾਲ ਵਲੋਂ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਨੂੰ ਜਾਰੀ ਕੀਤਾ ਗਿਆ ਹੈ। ਇਸ ਫੰਡ ਦਾ ਇੱਕ ਵੱਡਾ ਹਿੱਸਾ ਮੁਕੇਰੀਆਂ ਵਿਧਾਨ ਸਭਾ ਹਲਕੇ ਵਿੱਚ ਧੁੱਸੀ ਡੈਮ ਦੇ ਬੰਨ੍ਹ ਅਤੇ ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਕੁੱਕੜਾਂ ਡੈਮ ਦੀ ਮਜ਼ਬੂਤੀ ਅਤੇ ਮੁਰੰਮਤ ਵੱਲ ਸੇਧਿਤ ਕੀਤਾ ਜਾਵੇਗਾ, ਜੋ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ। ਧੁੱਸੀ ਡੈਮ ਦੀ ਤੁਰੰਤ ਮੁਰੰਮਤ ਬਹੁਤ ਮਹੱਤਵਪੂਰਨ ਹੈ ਅਤੇ ਹੜ੍ਹ ਨਿਯੰਤਰਣ ਅਤੇ ਨੇੜਲੇ ਪਿੰਡਾਂ ਦੀ ਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਸਾਰਥਿਕ ਕਮਿਸ਼ਨਰ ਓਹਿਸ਼ੀ ਮੰਡਲ ਵੀ ਇਸ ਮੌਕੇ ਮੌਜੂਦ ਸਨ। ਸੰਸਦ ਮੈਂਬਰ ਨੇ ਕਿਹਾ ਕਿ ਇਹ ਵਿੱਤੀ ਸਹਾਇਤਾ ਸੰਕਟ ਦੇ ਸਮੇਂ ਲੋਕਾਂ ਦੀ ਸਹਾਇਤਾ ਕਰਨ ਦੀ ਉਨ੍ਹਾਂ ਦੀ ਨਿਰੰਤਰ ਵਚਨਬੱਧਤਾ ਦਾ ਹਿੱਸਾ ਹੈ। 'ਮੇਰੇ ਹਲਕੇ ਨਿਵਾਸੀਆਂ ਦੀ ਸੁਰੱਖਿਆ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਹੋਰ ਹੜ੍ਹਾਂ ਨੂੰ ਰੋਕਣ ਅਤੇ ਜਾਨ-ਮਾਲ ਦੀ ਰੱਖਿਆ ਲਈ ਧੁੱਸੀ ਡੈਮ ਦੇ ਬੰਨ੍ਹ ਨੂੰ ਤੁਰੰਤ ਮਜ਼ਬੂਤ ?ਕੀਤਾ ਜਾਣਾ ਚਾਹੀਦਾ ਹੈ,' ਸੰਸਦ ਮੈਂਬਰ ਨੇ ਅੱਗੇ ਕਿਹਾ। ਜ਼ਿਲ੍ਹਾ ਪ੍ਰਸ਼ਾਸਨ ਨੇ ਇਸ ਪਹਿਲਕਦਮੀ ਦਾ ਸਵਾਗਤ ਕੀਤਾ ਹੈ ਅਤੇ ਪੁਸ਼ਟੀ ਕੀਤੀ ਹੈ ਕਿ ਫੰਡਾਂ ਦੀ ਵਰਤੋਂ ਤਰਜੀਹੀ ਆਧਾਰ 'ਤੇ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਫੰਡ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਮੁਰੰਮਤ ਅਤੇ ਰਾਹਤ ਕਾਰਜਾਂ ਨੂੰ ਤੇਜ਼ ਕਰਨ ਵਿੱਚ ਉਨ੍ਹਾਂ ਦੀ ਮਦਦ ਕਰੇਗਾ।। ਸੰਸਦ ਮੈਂਬਰ ਡਾ. ਰਾਜ ਕੁਮਾਰ ਨੇ ਪ੍ਰਸ਼ਾਸਨ ਨੂੰ ਭਰੋਸਾ ਦਿੱਤਾ ਕਿ ਜੇਕਰ ਧੁੱਸੀ ਡੈਮ ਦੀ ਮੁਰੰਮਤ ਦਾ ਕੰਮ ਪੂਰਾ ਕਰਨ ਲਈ ਲੋੜ ਪਈ ਤਾਂ ਉਹ ਹੋਰ ਫੰਡ ਮੁਹਈਆ ਕਰਨ ਦੀ ਵੀ ਜ਼ਿੰਮੇਵਾਰੀ ਲੈਂਦੇ ਹਨ।

# ਏ ਆਈ ਐਮ ਐਸ ਮੋਹਾਲੀ 'ਚ ਆਰਮਰ 2025 ਦੀ ਸ਼ੁਰੂਆਤ : 70 ਤੋਂ ਵੱਧ ਡੈਲੀਗੇਟਾਂ ਨੇ ਲਿਆ ਹਿੱਸਾ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਏ ਆਈ ਐਮ ਐਸ ਮੋਹਾਲੀ ਦੇ ਐਨੇਸਥੀਸੀਆ ਵਿਭਾਗ ਵੱਲੋਂ 'ਕ੍ਰਾਇਸਿਸ ਰਿਸੋਰਸ ਮੈਨੇਜਮੈਂਟ ਐਂਡ ਪੇਸ਼ੈਂਟ ਵੇਲਫੇਅਰ ਸੋਸਾਇਟੀ' ਦੇ ਸਹਿਯੋਗ ਨਾਲ, ਆਰਮਰ 2025 (ਐਨੇਸਥੀਸੀਆ ਰਿਸੋਰਸ ਮੈਨੇਜਮੈਂਟ ਓਪਰੇਸ਼ਨਜ਼ ਐਂਡ ਰਿਸਪਾਂਸ) ਦਾ ਸਫਲ ਆਯੋਜਨ ਕੀਤਾ ਗਿਆ। ਇਹ ਪਹਿਲੀ ਵਾਰ ਕਰਵਾਇਆ ਗਿਆ ਅਕਾਦਮਿਕ ਅਤੇ ਕੌਸ਼ਲ ਨਿਰਮਾਣ (ਸਕਿਲ ਬਿਲਡਿੰਗ) ਸਮਾਗਮ ਸੀ ਜੋ ਐਨੇਸਥੀਸੀਆ ਵਿੱਚ ਸੰਕਟ ਪ੍ਰਬੰਧਨ (ਸੀ.ਆਰ.ਐਮ.) ਤੇ ਕੇਂਦਰਿਤ ਸੀ। ਉਦਘਾਟਨ ਸਮਾਰੋਹ ਦੇ ਮੁੱਖ ਮਹਿਮਾਨ ਡਾ. ਵਾਈ. ਕੇ. ਬਤਰਾ, ਸੀਨੀਅਰ ਡਾਇਰੈਕਟਰ, ਮੈਕਸ ਹਸਪਤਾਲ ਅਤੇ ਗੈਸਟ ਆਫ ਆਨਰ ਡਾ. ਸੁਖਮਿੰਦਰ ਜੀਤ ਸਿੰਘ ਬਾਜਵਾ, ਆਨਰੇਰੀ ਸਕੱਤਰ, ਆਈ ਐਸ ਏ ਨੈਸ਼ਨਲ ਸਨ। ਉਨ੍ਹਾਂ ਨੇ ਸਰਜਰੀ ਤੋਂ ਪਹਿਲਾਂ ਅਤੇ ਦੌਰਾਨ ਸੰਕਟ ਸਮੇਂ ਤਿਆਰੀ, ਟੀਮ ਵਰਕ ਅਤੇ ਹਿੰਮਤ ਦੀ ਮਹੱਤਤਾ 'ਤੇ ਰੌਸ਼ਨੀ ਪਾਈ। ਇਸ ਸਮਾਗਮ 'ਚ 70 ਤੋਂ ਵੱਧ ਡੈਲੀਗੇਟਾਂ -ਐਨੇਸਥੀਸੀਆਲੋਜਿਸਟਾਂ, ਪੋਸਟ ਗ੍ਰੈਜੂਏਟ ਵਿਦਿਆਰਥੀਆਂ ਅਤੇ ਸਿਹਤ ਖੇਤਰ ਦੇ ਪੇਸ਼ੇਵਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਉਨ੍ਹਾਂ ਨੇ ਮਨੁੱਖੀ ਗੁਣਾਂ ਦੀ ਭੂਮਿਕਾ ਤੋਂ ਲੈ ਕੇ ਆਫ਼ਤ ਅਤੇ ਜੰਗੀ ਹਾਲਾਤਾਂ ਵਿੱਚ ਐਨੇਸਥੀਸੀਆ ਤੱਕ ਦੇ ਵਿਸ਼ਿਆਂ 'ਤੇ ਵਿਸ਼ੇਸ਼ ਲੈਕਚਰ, ਪੈਨਲ ਡਿਸਕਸ਼ਨ ਅਤੇ ਇੰਟਰੈਕਟਿਵ ਵੀਡੀਓ ਅਧਾਰਿਤ ਸਿੱਖਿਆ 'ਚ ਭਾਗ ਲਿਆ।

# ਹੜ੍ਹ ਪੀੜਤਾਂ ਲਈ ਚਾਰ ਟਰੱਕ ਰਾਹਤ ਸਮੱਗਰੀ ਰਵਾਨਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਸੂਬੇ ਵਿੱਚ ਆਏ ਭਿਆਨਕ ਹੜ੍ਹਾਂ ਦੇ ਚਲਦਿਆਂ ਹਰ ਪਾਸੇ ਅਫਰਾਤਫਰੀ ਦਾ ਮਾਹੌਲ ਹੈ ਲੋਕ ਪਾਣੀ ਵਿੱਚ ਬੁਰੀ ਤਰ੍ਹਾਂ ਘਿਰੇ ਹੋਏ ਹਨ ਤੇ ਲੋੜੀ ਦੀਆਂ ਜ਼ਰੂਰਤਾਂ ਪੂਰੀਆਂ ਨਹੀਂ ਹੋ ਰਹੀਆਂ। ਇਨ੍ਹਾਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ ਹੇਠ ਹੜ੍ਹ ਪੀੜਤ ਇਲਾਕੇ ਪਠਾਨਕੋਟ ਵਾਸਤੇ ਚਾਰ ਟਰੱਕ ਰਾਹਤ ਸਮੱਗਰੀ ਦੇ ਰਵਾਨਾਂ ਕੀਤੇ ਗਏ।ਹਲਕਾ ਵਿਧਾਇਕ ਖ਼ੁਦ ਸਮੱਗਰੀ ਦੇ ਨਾਲ ਪਠਾਨਕੋਟ ਗਏ ਹਨ ਤਾਂ ਕਿ ਉਨ੍ਹਾਂ ਦੀ ਨਿਗਰਾਨੀ ਹੇਠ ਜ਼ਰੂਰਤਮੰਦਾਂ ਸਹਾਇਤਾ ਮਿਲ ਸਕੇ।ਇਨ੍ਹਾਂ ਵਿੱਚੋਂ ਤਿੰਨ ਟਰੱਕਾਂ ਵਿੱਚ 1400 ਤੋਂ ਉੱਪਰ ਰਾਹਤ ਕਿੱਟਾਂ, ਜਿਨ੍ਹਾਂ ਵਿੱਚ ਆਟਾ, ਦਾਲ, ਚੌਲ, ਤੇਲ, ਖੰਡ, ਪੱਤੀ ਤੇ ਪੀਣ ਵਾਲਾ ਪਾਣੀ ਸ਼ਾਮਲ ਹੈ।ਚੌਥੇ ਟਰੱਕ ਪਸ਼ੂਆਂ ਦੇ ਚਾਰੇ ਨਾਲ ਭਰਿਆ ਹੈ।

ਰਾਹਤ ਸਮਗਰੀ ਰਵਾਨਾ ਕਰਨ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਇਨਸਾਨੀਅਤ ਦਾ ਪਹਿਲਾ ਧਰਮ ਲੋੜਵੰਦਾਂ ਦੀ ਸੇਵਾ ਕਰਨਾ ਹੈ।ਲੋੜ ਪਈ ਤਾਂ ਹੋਰ ਰਾਹਤ ਸਮੱਗਰੀ ਭੇਜਣ ਤੋਂ ਹਿਚਕਿਚਾਹਟ ਨਹੀਂ ਕਰਾਂਗੇ।ਉਨ੍ਹਾਂ ਕਿਹਾ ਕਿ ਭਾਵੇਂ ਉਨ੍ਹਾਂ ਹਲਕਾ ਸ਼ੁਤਰਾਣਾ ਵੀ ਹੜ੍ਹਾਂ ਮਾਰ ਹੇਠ ਆਉਂਦਾ ਹੈ, ਸਾਰੇ ਇਸ ਹਲਕੇ ਦੇ ਲੋਕ ਦਲੇਰ ਤੇ ਇਨਸਾਨੀ ਵਾਲੇ ਜਦੋਂ ਕਦੇ ਹਲਕਾ ਸ਼ੁਤਰਾਣਾ ਆਫਤ ਆਉਂਦੀ ਹੈ ਤਾਂ ਹੋਰ ਇਲਾਕਿਆਂ ਦੇ ਲੋਕ ਇਸ ਇਲਾਕੇ ਦੇ ਲੋਕਾਂ ਨੇ ਮਦਦ ਕਰਦੇ ਹਨ।ਇਸੇ ਕਰਕੇ ਹਲਕਾ ਸ਼ਤਰਾਣਾ ਦੇ ਲੋਕਾਂ ਨੇ ਦਿਲ ਖੋਲ੍ਹ ਕੇ ਹੜ੍ਹ ਪੀੜਤਾਂ ਲਈ ਹਨ ਰਾਹਤ ਦਿੱਤੀ ਹੈ।

ਇਸ ਮੌਕ ਰਣ, ਬਲਜਿੰਦਰ ਸਿੰਘ ਰੰਧਾਵਾ ਡੀ ਡੀ ਸਿੰਗਲਾ, ਜਗਦੀਪ ਸਿੰਘ, ਹੈਪੀ ਸਰਪੰਚ ਲਾਲਵਾ, ਸੁਰਜੀਤ ਸਿੰਘ ਫੌਜੀ, ਹਰਜੀਤ ਲਾਲਵਾ, ਰਣਜੀਤ ਸੇਲਵਾਲਾ, ਸ਼ਮਸ਼ੇਰ ਸਿੰਘ ਲਾਲਵਾ, ਹੈਰੀ ਪਾਤੜਾਂ, ਬਲਜੀਤ ਸਿੰਘ ਸਹੋਤਾ, ਸੁਖਜਿੰਦਰ ਪਾਤੜਾ, ਨਿੱਕੂ ਪਾਤੜਾ, ਪਾਰਸ ਸਿੰਘ ਪੀਏ ਐਮਐਲਏ ਹਲਕਾ ਸ਼ੁਤਰਾਣਾ, ਕੁਲਦੀਪ ਸਿੰਘ ਥਿੰਦ, ਸੋਨੀ ਠੇਕੇਦਾਰ ਆਦਿ ਹਾਜ਼ਰ ਸਨ।

# ਕਾਂਗਰਸ ਨੇ 2025 ਨੂੰ ਸੰਗਠਨ ਸ੍ਰੀਜਨ ਮੁਹਿੰਮ ਅਧੀਨ ਸੰਗਠਨ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਕੀਤਾ : ਮਨੋਜ ਯਾਦਵ

**ਮੋਹਾਲੀ (ਗੁਰਜੀਤ ਬਿੱਲਾ)**- ਏ ਆਈ ਸੀ ਸੀ ਸਕੱਤਰ ਤੇ ਪੰਜਾਬ ਲਈ ਰਾਸ਼ਟਰੀ ਆਬਜ਼ਰਵਰ ਮਨੋਜ ਯਾਦਵ ਨੇ ਮੋਹਾਲੀ ਵਿੱਚ ਮੀਡੀਆ ਨੂੰ ਸੰਬੋਧਨ ਕੀਤਾ ਅਤੇ ਐਲਾਨ ਕੀਤਾ ਕਿ ਸਾਲ 2025 ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਤੇ ਰਾਹੁਲ ਗਾਂਧੀ ਦੇ ਨਿਰਦੇਸ਼ਾਂ ਅਨੁਸਾਰ, ਸੰਗਠਨ ਸ੍ਰਜਨ ਅਭਿਆਨ ਅਧੀਨ ਕਾਂਗਰਸ ਸੰਗਠਨ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਸਮਰਪਿਤ ਹੋਵੇਗਾ। ਉਨ੍ਹਾਂ ਦੇ ਨਾਲ ਮੋਹਾਲੀ ਲਈ ਰਾਜ ਆਬਜ਼ਰਵਰ, ਸੰਸਦ ਮੈਂਬਰ ਡਾ. ਅਮਰ ਸਿੰਘ ਤੇ ਰਵਿੰਦਰਪਾਲ ਸਿੰਘ ਪਾਲੀ ਵੀ ਸਨ। ਮਨੋਜ ਯਾਦਵ ਨੇ ਕਿਹਾ ਕਿ ਜ਼ਿਲ੍ਹਾ ਪ੍ਰਧਾਨਾਂ ਦੀ ਚੋਣ 14 ਸਤੰਬਰ ਤੱਕ ਪੂਰੀ ਹੋ ਜਾਵੇਗੀ। ਅਗਲੇ 12-14 ਦਿਨਾਂ ਵਿੱਚ, ਕਾਂਗਰਸ ਨਿਗਰਾਨ ਫੀਡਬੈਕ ਇਕੱਠਾ ਕਰਨ ਲਈ ਜ਼ਿਲ੍ਹੇ ਭਰ ਦੇ ਆਗੂਆਂ, ਵਰਕਰਾਂ ਅਤੇ ਸਮਾਜਿਕ ਪ੍ਰਤੀਨਿਧੀਆਂ ਨਾਲ ਮੁਲਾਕਾਤ ਕਰਨਗੇ। ਇਸੇ ਪ੍ਰਕਿਰਿਆ ਨੂੰ ਬਾਅਦ ਵਿੱਚ ਜ਼ਿਲ੍ਹਾ ਅਤੇ ਬਲਾਕ ਕਮੇਟੀਆਂ ਨੂੰ ਰਸਮੀ ਬਣਾਉਣ ਲਈ ਵਧਾਇਆ ਜਾਵੇਗਾ, ਜਿਸ ਨਾਲ ਲੀਡਰਸ਼ਿਪ ਦਾ ਡੂੰਘਾ ਵਿਕੇਂਦਰੀਕਰਨ ਯਕੀਨੀ ਬਣਾਇਆ ਜਾ ਸਕੇ।

# ਔਖੀ ਘੜੀ 'ਚ ਡਾ. ਉਬਰਾਏ ਨੇ ਹੜ੍ਹ ਪੀੜਤ ਪਰਿਵਾਰਾਂ ਦੀ ਫੜੀ ਬਾਂਹ

## 100 ਕੁਇੰਟਲ ਵੰਡਿਆ ਗਿਆ ਪਸ਼ੂਆਂ ਲਈ ਚਾਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਡਾ. ਐੱਸ ਪੀ ਸਿੰਘ ਉਬਰਾਏ ਦੀ ਯੋਗ ਰਹਿਨੁਮਾਈ ਹੇਠ, ਟਰੱਸਟ ਦੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਪੰਜਾਬ ਪ੍ਰਧਾਨ ਗੁਰਬਿੰਦਰ ਸਿੰਘ ਬਰਾੜ ਦੀ ਦੇਖ ਰੇਖ ਹੇਠ ਗੁਰੂ ਹਰਸਹਾਏ ਨੇੜਲੇ ਪਿੰਡ ਸ਼ੇਰ ਸਿੰਘ ਵਾਲਾ ਤੇ ਨਾਲ ਲੱਗਦੇ ਪਿੰਡਾਂ ਅਤੇ ਦਰਿਆ ਦੇ ਦੂਸਰੇ ਸਾਈਡ ਢਾਣੀਆਂ ਵਿੱਚ ਰਹਿੰਦੇ ਹੜ੍ਹ ਪੀੜਤ ਪਰਵਾਰਾਂ ਦੀ ਸਹਾਇਤਾ ਲਈ ਵੱਡਾ ਕਦਮ ਚੁੱਕਿਆ ਗਿਆ ਹੈ, ਟਰੱਸਟ ਦੀ ਟੀਮ ਵੱਲੋ ਹਰ ਲੋੜਵੰਦ ਤੱਕ ਚਾਰਾ ਪਹੁੰਚਾਇਆ ਗਿਆ। ਟਰੱਸਟ ਵੱਲੋਂ 100 ਕੁਇੰਟਲ ਪਸ਼ੂਆਂ ਦਾ ਸੁੱਕਾ ਚਾਰਾ (ਮੱਕੀ ਦਾ ਅਚਾਰ) ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਤੇ ਸਿਮਰਨਜੀਤ ਸਿੰਘ ਪੀਸੀਐੱਸ ਐੱਸ ਡੀ ਐੱਮ ਫਿਰੋਜ਼ਪੁਰ ਅਤੇ ਬੀਰ ਕਰਨ ਸਿੰਘ ਤਹਿਸੀਲਦਾਰ ਗੁਰੂ ਹਰਸਹਾਏ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੀ ਮੱਦਦ ਨਾਲ ਟੀਮ ਫਿਰੋਜ਼ਪੁਰ ਤੇ ਟੀਮ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਪ੍ਰਭਾਵਿਤ ਪਿੰਡਾਂ ਵਿੱਚ ਵੰਡਿਆ ਗਿਆ। ਇਹ ਚਾਰਾ ਹੜ੍ਹ ਕਾਰਨ ਪੀੜਤ ਪਰਵਾਰਾਂ ਦੇ ਪਸ਼ੂਆਂ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਇਕ ਵੱਡੀ ਸਹਾਇਤਾ ਹੈ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਤੇ ਜ਼ਿਲ੍ਹਾ ਪ੍ਰਧਾਨ ਮੁਕਤਸਰ ਸਾਹਿਬ ਅਰਵਿੰਦਰ ਪਾਲ ਸਿੰਘ ਚਾਹਲ ਵੱਲੋਂ ਦੱਸਿਆ ਗਿਆ ਕਿ ਜਦੋਂ ਵੀ ਕਿਤੇ ਕੁਦਰਤੀ ਆਫ਼ਤ ਆਈ ਡਾ. ਓਬਰਾਏ ਵੱਲੋਂ ਹਮੇਸ਼ਾ ਮੋਹਰੀ ਹੋ ਕੇ ਸੇਵਾਵਾਂ ਦਿੱਤੀਆਂ ਗਈਆਂ ਹਨ। ਡਾ. ਓਬਰਾਏ ਵੱਲੋਂ ਇਸ ਵਾਰ ਵੀ ਪੰਜਾਬ ਵਿਚ ਆਏ ਹੜ੍ਹਾਂ ਕਾਰਨ ਹੜ੍ਹ ਪੀੜਤਾਂ ਦੀ ਮੱਦਦ ਲਈ ਇਸ ਵਾਰ ਵੀ ਡੇਢ ਕਰੋੜ ਦਾ ਬਜਟ ਤੈਅ ਕੀਤਾ ਹੈ ਜਿਸ ਨਾਲ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਪਸ਼ੂਆਂ ਲਈ ਚਾਰਾ, ਸੁੱਕਾ ਰਾਸ਼ਨ, ਮੱਛਰਦਾਨੀਆਂ, ਪੀਣ ਵਾਲੇ ਪਾਣੀ ਦੀਆਂ ਬੋਤਲਾਂ, ਤਰਪਾਲਾਂ ਅਤੇ ਦਵਾਈਆਂ ਮੁਹੱਈਆ ਕਰਵਾਈਆਂ ਜਾਣਗੀਆਂ। ਟਰੱਸਟ ਦੇ ਮੈਂਬਰਾਂ ਨੇ ਕਿਹਾ ਕਿ ਹੜ੍ਹ ਪੀੜਤ ਪਰਵਾਰਾਂ ਦੀ ਮੱਦਦ ਕਰਨਾ ਸਾਡਾ ਫਰਜ਼ ਹੈ। ਪਸ਼ੂ ਕਿਸਾਨਾਂ ਦੀ ਜੀਵਨ ਰੇਖਾ ਹਨ ਤੇ ਉਨ੍ਹਾਂ ਲਈ ਚਾਰਾ ਉਪਲੱਬਧ ਕਰਵਾਉਣਾ ਸਾਡੇ ਸਭ ਦਾ ਨੈਤਿਕ ਕਰੱਤਵ ਹੈ।

# ਕੇਂਦਰ ਸਰਕਾਰ ਹੜ੍ਹ ਪੀੜਤ ਪਰਿਵਾਰਾਂ ਲਈ ਵਿਸ਼ੇਸ਼ ਰਾਹਤ ਪੈਕੇਜ ਦੇਵੇ: ਧਾਰੀਵਾਲ



**ਪੱਟੀ (ਬਲਦੇਵ ਸਿੰਘ ਸੰਧੂ)**-ਹੜ੍ਹਾਂ ਦੀ ਮਾਰ ਹੇਠ ਆਏ ਪਰਿਵਾਰ ਜਿਨ੍ਹਾਂ ਦਾ ਭਾਰੀ ਨੁਕਸਾਨ ਹੋਇਆ ਹੈ ਉਨ੍ਹਾਂ ਨੂੰ ਕੇਂਦਰ ਸਰਕਾਰ ਵਿਸ਼ੇਸ਼ ਰਾਹਤ ਪੈਕੇਜ ਦੇਵੇ। ਇਹ ਮੰਗ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਤਰਸੇਮ ਸਿੰਘ ਧਾਰੀਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤੀ। ਕਿਸਾਨ ਆਗੂ ਤਰਸੇਮ ਸਿੰਘ ਧਾਰੀਵਾਲ ਨੇ ਕਿਹਾ ਕਿ ਪਾਣੀ ਦੀ ਮਾਰ ਨਾਲ ਪੰਜਾਬ ਦੇ ਕਈ ਇਲਾਕਿਆਂ ਵਿੱਚ ਭਾਰੀ ਨੁਕਸਾਨ ਹੋਇਆ ਹੈ। ਹੁਣ ਮਾਲੀ ਨੁਕਸਾਨ ਤਾਂ ਹੋ ਗਿਆ ਪਰ ਜਾਨੀ ਮਾਲ ਬਚਾਉਣ ਦੀ ਲੋੜ ਹੈ। ਕੇਂਦਰ ਸਰਕਾਰ ਨੂੰ ਪੰਜਾਬ ਦੇ ਹਾਲਾਤ 'ਤੇ ਧਿਆਨ ਦੇਣ ਦੀ ਲੋੜ ਹੈ ਕਿਉਂਕਿ ਕੇ ਪੰਜਾਬ ਵਿੱਚ ਰੇਤ ਵੇਚਣ 'ਤੇ ਪਾਬੰਦੀ ਹੋਣ ਕਰਕੇ ਦਰਿਆ ਦੀ ਖਲਵਾਈ ਨਹੀਂ ਹੋਈ ਜਿਸ ਕਰਕੇ ਦਰਿਆ ਦਾ ਪਾਣੀ ਨੀਵੇਂ ਪਾਸੇ ਨੂੰ ਮਾਰ ਕਰ ਰਿਹਾ। ਦਰਿਆ ਦੇ ਬੰਨ੍ਹਾਂ ਦੀ ਹਾਲਤ ਕਮਜ਼ੋਰ ਹੈ। ਬੰਨ੍ਹ ਮਜ਼ਬੂਤ ਕਰਨ ਲਈ ਸਿੱਖ ਜੱਥੇਬੰਦੀਆਂ, ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਸੇਵਾਦਾਰ ਸਥਾਨਕ ਲੋਕ ਸੇਵਾ ਕਰ ਰਹੇ ਹਨ। ਇਸ ਲਈ ਪੰਜਾਬ ਸਰਕਾਰ ਦੇ ਨਾਲ ਕੇਂਦਰ ਸਰਕਾਰ ਨੂੰ ਪੰਜਾਬ ਦੇ ਲੋਕਾਂ ਦੀ ਬਾਂਹ ਫੜਨ ਦੀ ਲੋੜ ਹੈ। ਕੇਂਦਰ ਸਰਕਾਰ ਪੀੜਤ ਪਰਿਵਾਰਾਂ ਲਈ ਵਿਸ਼ੇਸ਼ ਰਾਹਤ ਪੈਕੇਜ ਜਾਰੀ ਕਰੇ। ਝੋਨੇ ਦੀ ਫ਼ਸਲ ਦਾ ਮੁਆਵਜ਼ਾ 70,000 ਰੁਪਏ ਪ੍ਰਤੀ ਏਕੜ, ਮਜ਼ਦੂਰ ਨੂੰ 7000 ਰੁਪਏ ਸਾਂਭ ਸੰਭਾਲ ਵਾਸਤੇ, ਪਸ਼ੂ ਦੀ ਮੌਤ ਦਾ ਇਕ ਲੱਖ ਰੁਪਏ, ਘਰ ਢਹਿਣ ਦਾ ਦੋ ਲੱਖ ਰੁਪਏ ਮੁਆਵਜ਼ਾ ਦੇਵੇ। ਕਿਸਾਨ ਆਗੂ ਤਰਸੇਮ ਸਿੰਘ ਧਾਰੀਵਾਲ ਨੇ ਕਿਹਾ ਕਿ ਪੰਜਾਬ ਅਤੇ ਕੇਂਦਰ ਜਦੋਂ ਪਾਣੀ ਦਾ ਪੱਧਰ ਘਟ ਜਾਂਦਾ ਹੈ ਤਾਂ ਬੰਨ੍ਹਾਂ ਨੂੰ ਮਜ਼ਬੂਤ ਕਰਨ।

# ਪਟਵਾਰੀਆਂ, ਪੰਚਾਇਤ ਸਕੱਤਰਾਂ ਤੇ ਅਧਿਆਪਕਾਂ ਨੇ ਸੰਭਾਲੀ ਰਾਹਤ ਕਾਰਜਾਂ ਦੀ ਕਮਾਨ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਮਾਲ ਤੇ ਮੁੜ ਵਸੇਬਾ ਵਿਭਾਗ ਤੇ ਪੰਚਾਇਤ ਵਿਭਾਗ ਦੇ ਕਰਮਚਾਰੀਆਂ ਦੇ ਨਾਲ ਸਿੱਖਿਆ ਵਿਭਾਗ ਦੇ ਅਧਿਆਪਕ ਵੀ ਹੜ੍ਹਾਂ ਦੌਰਾਨ ਆਪਣੀਆਂ ਸੇਵਾਵਾਂ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ।ਡੇਰਾ ਬਾਬਾ ਨਾਨਕ ਬੀਡੀਪੀਓ ਦਫ਼ਤਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਣਾਏ ਫਲੱਡ ਓਪਰੇਸ਼ਨ ਕੈਂਪ ਵਿੱਚ ਹੋਰ ਵਿਭਾਗਾਂ ਦੇ ਕਰਮਚਾਰੀਆਂ ਦੇ ਨਾਲ ਪਟਵਾਰੀ, ਪੰਚਾਇਤ ਸਕੱਤਰ ਅਤੇ ਅਧਿਆਪਕ ਵੀ ਰਾਹਤ ਕਾਰਜਾਂ ਵਿਚ ਦਿਨ-ਰਾਤ ਲੱਗੇ ਹੋਏ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੇਰਾ ਬਾਬਾ ਨਾਨਕ ਦੇ ਤਹਿਸੀਲਦਾਰ ਲਛਮਣ ਸਿੰਘ ਰੰਧਾਵਾ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੇਰਾ ਬਾਬਾ ਨਾਨਕ ਵਿਖੇ ਬਣਾਏ ਗਏ ਓਪਰੇਸ਼ਨ ਕੈਂਪ ਵਿੱਚ ਜਦੋਂ ਵੀ ਕੋਈ ਸਹਾਇਤਾ ਲਈ ਕਾਲ ਆਉਂਦੀ ਹੈ ਤਾਂ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਤੁਰੰਤ ਉਸ ਉਪਰ ਕਾਰਵਾਈ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਤਹਿਸੀਲ ਡੇਰਾ ਬਾਬਾ ਨਾਨਕ ਦੇ 100 ਦੇ ਕਰੀਬ ਪਿੰਡ ਹੜ੍ਹਾਂ ਦੀ ਮਾਰ ਹੇਠ ਆਏ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਪਿੰਡਾਂ ਵਿੱਚ ਰਾਹਤ ਕਾਰਜ ਜਾਰੀ ਹਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਲੋੜਵੰਦਾਂ ਤੱਕ ਖਾਣ-ਪੀਣ ਦਾ ਸਾਮਾਨ ਪਹੁੰਚਾਉਣ ਦੇ ਨਾਲ ਪਸ਼ੂਆਂ ਲਈ ਚਾਰਾ ਵੀ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰਾਹਤ ਪਹੁੰਚਾਉਣ ਦਾ ਇਹ ਕਾਰਜ ਨਿਰਵਿਘਨ ਜਾਰੀ ਰਹੇਗਾ।ਪ੍ਰਭਾਵਿਤ ਪਿੰਡਾਂ ਤੱਕ ਮੈਡੀਕਲ ਸਹਾਇਤਾ ਦੇਣ ਲਈ ਵਿਸ਼ੇਸ਼ ਮੈਡੀਕਲ ਕੈਂਪ ਵੀ ਲਗਾਏ ਜਾ ਰਹੇ ਹਨ।ਇਸ ਮੌਕੇ ਉਨਾਂ ਨਾਲ ਡਾ. ਪ੍ਰਗਤੀ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀ ਵੀ ਹਾਜ਼ਰ ਸਨ ।

# ਸੀ ਪੀ ਆਈ (ਐੱਮ) ਦੀ ਮੀਟਿੰਗ 'ਚ ਸਮੁੱਚੀ ਪਾਰਟੀ ਨੂੰ ਹੜ੍ਹ ਪੀੜਤਾਂ ਦੀ ਮਦਦ ਕਰਨ ਦਾ ਸੱਦਾ

**ਜਲੰਧਰ (ਸੁਰਿੰਦਰ ਕੁਮਾਰ)**- ਸੀ ਪੀ ਆਈ (ਐਮ) ਦੀ ਸੂਬਾ ਸਕੱਤਰੇਤ ਦੀ ਹੰਗਾਮੀ ਮੀਟਿੰਗ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ ਦੀ ਪ੍ਰਧਾਨਗੀ ਵਿੱਚ ਹੋਈ। ਇਸ ਮੀਟਿੰਗ 'ਚ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋ, ਕਾਮਰੇਡ ਗੁਰਦਰਸ਼ਨ ਸਿੰਘ ਖਾਸਪੁਰ, ਕਾਮਰੇਡ ਜਤਿੰਦਰਪਾਲ ਸਿੰਘ, ਕਾਮਰੇਡ ਸਤਿਨਾਮ ਸਿੰਘ ਬੜੈਚ ਤੇ ਕਾਮਰੇਡ ਬਲਜੀਤ ਸਿੰਘ ਗਰੇਵਾਲ ਸ਼ਾਮਲ ਹੋਏ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ ਪਾਰਟੀ ਸੂਬੇ ਵਿੱਚ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀ ਜੀਅ-ਜਾਨ ਨਾਲ ਮਦਦ ਕਰੇਗੀ। ਮੀਟਿੰਗ ਵਿੱਚ ਸਮੁੱਚੀ ਸੂਬਾ ਪਾਰਟੀ ਨੂੰ ਸੱਦਾ ਦਿੱਤਾ ਗਿਆ ਕਿ ਹੜ੍ਹ ਪੀੜਤਾਂ ਦੀ ਮਦਦ ਲਈ ਜੁੱਟ ਜਾਇਆ ਜਾਵੇ। ਪਾਰਟੀ ਦੀਆਂ ਜ਼ਿਲ੍ਹਾ ਤੇ ਤਹਿਸੀਲ ਕਮੇਟੀਆਂ ਸਮੇਤ ਬ੍ਰਾਂਚਾਂ ਨੂੰ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਕਿਹਾ ਗਿਆ ਹੈ। ਇਸੇ ਤਰ੍ਹਾਂ ਸੂਬਾ ਕਮੇਟੀ ਦੇ ਸਮੂਹ ਮੈਂਬਰਾਂ ਨੂੰ ਕਿਹਾ ਗਿਆ ਹੈ ਕਿ ਇਸ ਔਖੀ ਘੜੀ ਵਿੱਚ ਹੜ੍ਹ ਪੀੜਤਾਂ ਦੀ ਹਰ ਪੱਖ ਤੋਂ ਸਹਾਇਤਾ ਕੀਤੀ ਜਾਵੇ।

# .ਗਰੀਬ ਪਰਵਾਰ ਦਾ ਬਾਰਸ਼ ਕਾਰਨ ਮਕਾਨ ਡਿੱਗਾ, ਪ੍ਰਸ਼ਾਸਨ ਤੋਂ ਫੌਰੀ ਆਰਥਿਕ ਮਦਦ ਦੀ ਮੰਗ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸ਼ਹਿਰ ਦੇ ਵਾਰਡ ਨੰਬਰ 6 ਵਿੱਚ ਇੱਕ ਗਰੀਬ ਕਿਸਾਨ ਦਾ ਬਾਰਸ਼ ਕਾਰਨ ਘਰ ਡਿੱਗਣ ਕਾਰਨ ਭਾਰੀ ਆਰਥਿਕ ਨੁਕਸਾਨ ਹੋਇਆ ਹੈ।ਇਸ ਘਟਨਾ ਵਿੱਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ।ਜਾਣਕਾਰੀ ਮੁਤਾਬਕ ਗਰੀਬ ਕਿਸਾਨ ਸ਼ਿੰਦਰ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਵਾਰਡ ਨੰਬਰ 6 ਬੁਢਲਾਡਾ ਨੇੜੇ ਬਿੱਲੂ ਦਾ ਆਰ ਓ ਪਲਾਂਟ ਦਾ ਮਕਾਨ ਲੰਘੀ ਰਾਤ ਲਗਾਤਾਰ ਮੀਂਹ ਪੈਣ ਕਾਰਨ ਡਿੱਗ ਪਿਆ ਹੈ।ਮਕਾਨ ਉੱਪਰ ਚੁਬਾਰਾ ਅਤੇ ਕਮਰਿਆਂ ਦੀ ਛੱਤ ਡਿੱਗ ਗਈ ਹੈ ਜਿਸ ਕਾਰਨ ਕਮਰੇ ਵਿੱਚ ਫਰਿਜ, ਅਲਮਾਰੀ, ਬੈਂਡ ਆਦਿ ਘਰੇਲੂ ਸਾਮਾਨ ਪੂਰੀ ਤਰ੍ਹਾਂ ਟੁੱਟ ਗਿਆ ਹੈ ਅਤੇ ਉਕਤ ਗਰੀਬ ਪਰਵਾਰ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਹੈ।ਇਸ ਮਕਾਨ ਦੇ ਬਾਕੀ ਹਿੱਸੇ ਦੀ ਹਾਲਤ ਵੀ ਡਿੱਗਣ ਵਾਲੀ ਬਣੀ ਹੋਈ ਹੈ। ਇਸ ਮੌਕੇ ਨਗਰ ਸੁਧਾਰ ਸਭਾ ਬੁਢਲਾਡਾ ਦੇ ਆਗੂ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਤੇ ਕਾਂਗਰਸ ਪਾਰਟੀ ਦੇ ਆਗੂ ਬਾਜ ਸਿੰਘ ਹੰਝਰਾ ਨੇ ਕਿਹਾ ਕਿ ਉਕਤ ਕਿਸਾਨ ਪਰਵਾਰ ਆਰਥਿਕ ਪੱਖੋਂ ਪਹਿਲਾਂ ਹੀ ਕਾਫੀ ਟੁੱਟਿਆ ਹੋਇਆ ਹੈ ਅਤੇ ਮਜ਼ਦੂਰੀ ਕਰਕੇ ਆਪਣਾ ਜੀਵਨ ਨਿਰਵਾਹ ਕਰ ਰਿਹਾ ਹੈ। ਉਕਤ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਮੁੱਖ ਮੰਤਰੀ ਪੰਜਾਬ ਪਾਸੋਂ ਮੰਗ ਕੀਤੀ ਹੈ ਕਿ ਉਕਤ ਗਰੀਬ ਪਰਵਾਰ ਨੂੰ ਫੌਰੀ ਆਰਥਿਕ ਮਦਦ ਕੀਤੀ ਜਾਵੇ।

# ਹੜ੍ਹ ਪੀੜਤਾਂ ਦੀ ਮਦਦ ਲਈ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਵਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਜਥੇਬੰਦੀ ਦੇ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਦੀ ਅਗਵਾਈ ਹੇਠ ਅਸਲਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਮੀਟਿੰਗ ਹੋਈ ਵਿਚਾਰਾਂ ਕਰਨ ਤੋਂ ਬਾਅਦ ਗੁਰਦੀਪ ਸਿੰਘ ਖੁਣਖੁਣ ਤੇ ਪਰਮਿੰਦਰ ਸਿੰਘ ਲਾਚੋਵਾਲ ਨੇ ਕਿਹਾ ਕਿ ਜਲਦ ਹੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਫੌਰੀ ਜਰੂਰੀ ਵਸਤਾਂ ਸੰਗਤਾਂ ਨੂੰ ਦਿੱਤੀਆਂ ਜਾਣਗੀਆਂ। ਉਹਨਾਂ ਨੇ ਇਸ ਸਮੇਂ ਇਹ ਵੀ ਦੱਸਿਆ ਕਿ ਸਾਡੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਨਾਲ ਵੀ ਗੱਲਬਾਤ ਹੋਈ ਹੈ ਤੇ ਉਹਨਾਂ ਨੇ ਦੱਸਿਆ ਕਿ ਡੇਹਰਾ ਬਾਬਾ ਨਾਨਕ ਦੇ ਇਲਾਕੇ ਵਿੱਚ ਅਜੇ ਤੱਕ ਹੜ੍ਹ ਪੀੜਤਾਂ ਲਈ ਮਦਦ ਨਹੀਂ ਪਹੁੰਚੀ। ਜੇਕਰ ਉਥੇ ਇਹ ਮਦਦ ਮਿਲ ਜਾਵੇ ਤਾਂ ਬਹੁਤ ਚੰਗਾ ਹੈ। ਇਸ ਸਮੇਂ ਹਰਪ੍ਰੀਤ ਸਿੰਘ ਲਾਲੀ ਪੰਡੋਰੀ ਖਜੂਰ, ਅਕਬਰ ਸਿੰਘ ਬੁਰੇ ਜੱਟਾਂ, ਰਣਧੀਰ ਸਿੰਘ ਅਸਲਪੁਰ, ਬਿੱਕਰ ਸਿੰਘ ਸ਼ੇਰਪੁਰ, ਗੁਰੂਨਾਮ ਸਿੰਘ ਸਿੰਗੜੀਵਾਲਾ, ਜਸਪਾਲ ਸਿੰਘ ਰਾਜਾ, ਸਤਵੰਤ ਸਿੰਘ ਮੁਰਾਦਪੁਰ, ਬਾਬਾ ਕਿਰਪਾਲ ਸਿੰਘ ਪਡੋਰੀ ਖਜੂਰ, ਬਲਵੀਰ ਸਿੰਘ ਬੱਗੋਵਾਲ, ਪ੍ਰੀਤਮ ਸਿੰਘ ਨੰਗਲ ਜਲਾਲ,ਬਲਦੇਵ ਸਿੰਘ ਅਸਲਪੁਰ ਆਦਿ ਹਾਜ਼ਰ ਸਨ।


## ਕਲਾਸੀਫਾਈਡ ਇਸ਼ਤਿਹਾਰ

### Change of Name

I Jashanpreet s/o Suman Kumar r/o Vill Singhpur malewal bhatian P.O Mallewal District Shaheed Bhagat Singh Nagar have changed my name Jashanpreet to Jashanpreet Singh. (Singh as surname)

I Ram Dyal S/o Mehanga Ram,R/o Kothi No.5,Major Bindra Enclave,V. Dhina ,PO Jalandhar Cantt,Distt. Jalandhar have changed my name from Ram Dyal to Ram Dayal. All Concerned may note.

I, Jagir Ram Son of Darshan Ram, resident of VPO Sudana, District Jalandhar, Punjab have changed my name from JAGIR RAM to JAGIRI RAM. Please note all concerned.

I Prabhsimranpal Singh S/O Kulwinderpal Singh R/O Village Chandpur Po. Patara, Jalandhar have changed my name to Singh Prabhsimranpal and Singh is my last name.

I, Karanjit Singh s/o Balbir Singh r/o h.no.31, Gurbachan Nagar, Jalandhar, Punjab have changed my name to Given name as Karanjit & Surname as Singh. All Please Note.

I, Amarjit s/o Shankar Ram r/o Ghuman, Nawanshahr, Punjab have changed my name from Amarjit to Amarjit Ram. All Please Note.

I, Seema Rani w/o Hari Pal r/o VPO. Rairu, Po. Reru, Distt. Jalandhar declare that Jaismine Kaur and Jaismine is the name of one and the same person and both are the names of my daughter.

I, Pawan s/o Madan Lal r/o H.No.138, Dr. Ambedkar Nagar, Basti Nau, Jalandhar have changed my name from Pawan to Pawan Jarewal. All Please Note.

I Harjinder Kaur alias Gurdev Kaur W/o Manjit Singh R/o Mohalla. Tajpura Rahon, Teh. Nawanshahar, Distt. SBS. Nagar Punjab I have changed my name from Harjinder Kaur alias Gurdev Kaur to Harjinder Kaur. All note.

### Change of Name

I, Manpreet Kaur W/o Rajnish Kumar R/o VPO. Kalyanpur, Distt.Jalandhar, Punjab have changed my name to Given name as Manpreet & Surname as Kaur. All please note.

I Palwinder Singh S /o Amar Singh R/o Village Sidhwan, Tehsil and District Gurdaspur have changed my name from Palwinder Singh to Singh Palwinder . In future Singh is my surname and Palwinder is my given name. Concerned note.

### ਬੇਦਖਲੀ ਨੋਟਿਸ

ਮੈਂ ਬਨਾਰਸੀ ਦਾਸ ਪੁੱਤਰ ਸੰਤਾ ਰਾਮ ਵਾਸੀ ਪਿੰਡ ਚੋਹਕ ਕਲਾਂ , ਡਾਕਖਾਨਾ ਲੱਧੇਵਾਲੀ , ਤਹਿਸੀਲ ਵਾ ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵਿੰਦਰ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ। ਇਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਅਸੀਂ ਰਾਮ ਕਿਸ਼ਨ ਪੁੱਤਰ ਸ਼੍ਰੀ ਦਰਸ਼ਨ ਲਾਲ ਵਾ ਬਿੰਦਰ ਪਤਨੀ ਸ਼੍ਰੀ ਰਾਮ ਕਿਸ਼ਨ ਵਾਸੀਆਨ ਮਕਾਨ ਨੰਬਰ 75, ਰਵਿਦਾਸ ਨਗਰ, ਗ੍ਰੇਨ ਮਾਰਕਿਟ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕਰਨ ਕੁਮਾਰ ਵਾ ਉਸਦੀ ਪਤਨੀ ਨੇਹਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈ ਸ਼ਮਸ਼ੇਰ ਸਿੰਘ ਪੁੱਤਰ ਕਸਮੀਰ ਸਿੰਘ ਵਾਸੀ ਵਾਰਡ ਨੰਬਰ 17 ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ।ਮੇਰਾ ਲੜਕਾ ਨਰਿੰਦਰਪਾਲ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ।ਮੈਂ ਆਪਣੇ ਪੁੱਤਰ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਭੁੰਮਣ ਸਿੰਘ ਪੁੱਤਰ ਸ਼੍ਰੀ ਜਗਤ ਸਿੰਘ, ਵਾਸੀ ਨੇੜੇ ਰੰਗੀ ਰਾਮ ਹਸਪਤਾਲ, ਪਿੰਡ ਤੇ ਡਾਕਖਾਨਾ ਜਾਜਾ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਨੂੰਹ ਜਸਲੀਨ ਕੌਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ, ਜਿਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਤੇ ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਬਾਕੀ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### COURT NOTICE

(U/o 5 Rule 20 CPC)
In The Court of
Ms. Gurpreet Kaur-II
Civil Judge Junior Division-2, Zira
CNR No. PBFZAO-000123-2024
Next Date:- 08-09-2025
State Bank of India
Vs.
Surinder Kaur
Publication Issued To:
Surinder Kaur
Spouse: Gurmeet Singh
Vill. Kussu-Wala-Mor, Sub Teh. Makhu, Teh. Zira, Distt. Ferozepur.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 08-09-2025 at 10:00 a.m.

For details logon to https://highcourtchd.gov.in/?trs=district_notice&district=moga-court

Civil Judge Junior Division-2, Zira
Dated, this day of 30-08 2025

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ਼੍ਰੀ ਨਵਦੀਪ ਸਿੰਘ ਭੋਗਲ ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼, ਜਲੰਧਰ
ਕੇਸ ਨੰ: 551/ਐੱਫ. ਟੀ. ਸੀ./ਐੱਨ.ਆਰ. ਆਈਜ਼
ਕੇਸ ਅਨੁਵਾਨ : ਸੁਖਵੀਰ ਸਿੰਘ ਬਨਾਮ ਮੱਖਣ ਸਿੰਘ ਅਤੇ ਹੋਰ।
ਖੇਵਟ -5/4, 18/17, 48/47, 24/23, 27/26, 47/46, 19/18, 84/80, 17/16, 10/9
ਵਾਕਿਆ ਪਿੰਡ -ਛੋਟਾ ਪਿੰਡ ਉਰਫ ਬੜਾ ਪਿੰਡ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ Sukhvir Singh S/o Ajit Singh S/o Karan Singh R/o 93 Mountain Berry Road, Bramton, ON L6R 2L7, Canada at present Village Bidhipur@ Gopalpur, Tehsil and District Jalandhar & others. (Applicant)

ਨੋਟਿਸ ਬਨਾਮ

1. ਮੱਖਣ ਸਿੰਘ ਪੁੱਤਰ ਸ਼੍ਰੀ ਕਰਮ ਸਿੰਘ ਵਾਸੀ ਬਿੱਧੀਪੁਰ ਉਰਫ ਗੋਪਾਲਪੁਰ, ਜਲੰਧਰ, 2. ਜਸਵਿੰਦਰ ਸਿੰਘ ਪੁੱਤਰ ਸ਼੍ਰੀ ਪਿਆਰਾ ਸਿੰਘ, 3. ਨਰਿੰਦਰ ਸਿੰਘ ਪੁੱਤਰ ਸ਼੍ਰੀ ਪਿਆਰਾ ਸਿੰਘ, 4. ਸੁਹੇਲ ਪੁੱਤਰ ਸ਼੍ਰੀ ਬਰਿਜ ਲਾਲ, 5. ਜੈਆਇਆ ਪੁੱਤਰੀ ਬਰਿਜ ਲਾਲ, 6. ਉਸਮਾ ਵਿਧਵਾ ਬਰਿਜ ਲਾਲ, 7. ਹਰਵਿੰਦਰ ਸਿੰਘ ਸਰਾਏ ਪੁੱਤਰ ਸ਼੍ਰੀ ਜਸਵੰਤ ਸਿੰਘ, 8. ਜਸਵੰਤ ਸਿੰਘ ਪੁੱਤਰ ਸ਼੍ਰੀ ਪਿਆਰਾ ਸਿੰਘ, ਸਾਰੇ ਵਾਸੀਆਨ ਛੋਟਾ ਪਿੰਡ ਉਰਫ ਬੜਾ ਪਿੰਡ, ਜਲੰਧਰ।
(Respondents)

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 5.09.2025 ਨੂੰ ਦੁਪਹਿਰ 02.00 ਵਜੇ ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 22.08.2025 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।
ਨੰ: 856/ਰੀਡਰ/ਡੀ. ਆਰ. ਓ. ਮਿਤੀ : 22.8.25

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ਼੍ਰੀ ਨਵਦੀਪ ਸਿੰਘ ਭੋਗਲ ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼, ਜਲੰਧਰ
ਕੇਸ ਨੰ: 552/ਐੱਫ. ਟੀ. ਸੀ./ਐੱਨ.ਆਰ. ਆਈਜ਼
ਕੇਸ ਅਨੁਵਾਨ : ਸੁਖਵੀਰ ਸਿੰਘ ਬਨਾਮ ਰੇਸ਼ਮ ਕੌਰ ਅਤੇ ਹੋਰ।
ਖੇਵਟ -148/141, 152/144, 151/144, 159/152, 141/134
ਵਾਕਿਆ ਪਿੰਡ - ਕਾਲਾ ਖੇੜਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ Sukhvir Singh S/o Ajit Singh S/o Karan Singh R/o 93 Mountain Berry Road, Bramton, ON L6R 2L7, Canada at present Village Bidhipur@ Gopalpur, Tehsil and District Jalandhar & others. (Applicant)

ਨੋਟਿਸ ਬਨਾਮ

1. ਰੇਸ਼ਮ ਕੌਰ ਵਿਧਵਾ ਸੁੱਚਾ ਸਿੰਘ, 2. ਉਸਮਾ ਵਿਧਵਾ ਬਰਿਜ ਲਾਲ, 3. ਰੇਸ਼ਮ ਕੌਰ ਮਾਤਾ ਕੁਲਵਿੰਦਰ ਸਿੰਘ, 4. ਰਣਜੀਤ ਕੌਰ ਵਿਧਵਾ ਕੁਲਵਿੰਦਰ ਸਿੰਘ, 5. ਗੁਰਪ੍ਰੀਤ ਸਿੰਘ ਪੁੱਤਰ ਸ਼੍ਰੀ ਕੁਲਵਿੰਦਰ ਸਿੰਘ, 6. ਬਲਵਿੰਦਰ ਕੌਰ ਪੁੱਤਰੀ ਸ਼੍ਰੀ ਕੁਲਵਿੰਦਰ ਸਿੰਘ, 7 ਮਨਜਿੰਦਰ ਕੌਰ ਪੁੱਤਰੀ ਕੁਲਵਿੰਦਰ ਸਿੰਘ, 8. ਗੁਰਮੀਤ ਸਿੰਘ ਪੁੱਤਰ ਸ਼੍ਰੀ ਸੁੱਚਾ ਸਿੰਘ, 9. ਸਰਬਜੀਤ ਸਿੰਘ ਪੁੱਤਰ ਸ਼੍ਰੀ ਗਿਆਨ ਸਿੰਘ, 10. ਜਗਦੀਸ਼ ਕੌਰ ਪੁੱਤਰੀ ਸ਼੍ਰੀ ਗਿਆਨ ਸਿੰਘ, 11. ਰਣਜੀਤ ਕੌਰ ਪੁੱਤਰੀ ਸ਼੍ਰੀ ਗਿਆਨ ਸਿੰਘ, 12. ਬਲਜੀਤ ਕੌਰ ਪੁੱਤਰੀ ਸ਼੍ਰੀ ਗਿਆਨ ਸਿੰਘ, 13. ਸਰਬਜੀਤ ਸਿੰਘ ਪੁੱਤਰ ਸ਼੍ਰੀ ਗਿਆਨ ਸਿੰਘ, 14. ਪਰਮਜੀਤ ਸਿੰਘ ਪੁੱਤਰ ਸ਼੍ਰੀ ਗਿਆਨ ਸਿੰਘ, ਸਾਰੇ ਵਾਸੀਆਨ ਪਿੰਡ ਕਾਲਾ ਖੇੜਾ, ਸਬ ਤਹਿਸੀਲ ਕਰਤਾਰਪੁਰ, ਜਲੰਧਰ, 15. ਸਟੇਟ ਬੈਂਕ ਆਫ ਇੰਡੀਆ, ਬਰਾਂਚ ਕਰਤਾਰਪੁਰ ਜਲੰਧਰ ਰਾਹੀਂ ਮੈਨੇਜਰ ਜ਼ਿਲ੍ਹਾ ਜਲੰਧਰ, 16 ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮ. ਬਰਾਂਚ ਲੱਖਣ ਕਲਾਂ, ਰਾਹੀਂ ਬਰਾਂਚ ਮੈਨੇਜਰ, ਜ਼ਿਲ੍ਹਾ ਜਲੰਧਰ।
(Respondents)

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 5.09.2025 ਨੂੰ ਦੁਪਹਿਰ 02.00 ਵਜੇ ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 22.08.2025 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।
ਨੰ: 855/ਰੀਡਰ/ਡੀ. ਆਰ. ਓ. ਮਿਤੀ : 22.8.25

### CRIMINAL COURTS, ZIRA

In The Court of
Ms. Gurpreet Kaur-II
Judicial Magistrate First Class-2, Zira
Next Date, Purpose of case, Orders and judgments as well as other case information is available on http://ecourts.gov.in
Case No.:- NACT/1/2024
PBFZA1-000005-2024
NEXT DATE: 22-09-25
Punjab National Bank Vs Sh. Surjeet Singh
Police Station/Fir No. Mallanwala/00/0
138,142 of Negotiable Instruments Act
Proclamation Requiring The Appearance of a Person Accused
Detail of offence:
Notice To : Sh. Surjeet Singh
Father : Prem Singh
Vill. Khilche, Po. Dulchi-ke, Teh. and Distt. Ferozepur, Pin Code 152002

Whereas complaint/case has been made before me that Sh. Surjeet Singh Father : Prem Singh R/o Vill. Khilche, Po. Dulchi-ke, Teh. and Distt. Ferozepur, Pin Code 152002 has committed (or is suspected to have committed) the offence punishable under section 138,142 of Negotiable Instruments Act and it has been returned to a warrant of arrest thereupon issued that the said Sh. SURJEET SINGH cannot be found, and whereas it has been shown to my satisfaction that the said Sh. SURJEET SINGH has absconded (or is concealing himself/herself to avoid the service of the said warrant): Proclamation is hereby made that the said Sh. SURJEET SINGH is required to appear before this Court (or before me) on 22-09-25 to answer the said complaint/case.

Judicial Magistrate First Class-2 Zira
Dated, this day of 20-08-2025.

### COURT NOTICE

In The Court of
Sh. Bikramdeep Singh
Judicial Magistrate Ist Class-2
Patiala
CNR No.:- PBPT03-010286-2022
Next Date :- 25-09-2025
Ms Shriram Taransport Finance Company Limited
Vs.
Harinderjit Singh
Detail of offence :- 138 NI ACT
Notice To:
Harinderjit Singh
R/o H. No. 53, Sant Hazara Singh Nagar, Sanour, Near Gurudwara Sahib, Teh. & Distt. Patiala.

In above titled case, the accused could not be served. It is ordered that accused should appear in person or through counsel on 25-09-2025 at 10.00 a.m.

For details logon to https://highcourtchd.gov.in/?mod=district_notice&district=Patiala

Judicial Magistrate Ist Class-2 Patiala
Dated, this day of 29-08-2025

### COURT NOTICE

(U/o 5 Rule 20 CPC)
In The Court of Ms. Upasna Goyal
Civil Judge (Junior Division) Ludhiana
Next Date, Purpose of case, Orders and Judgments as well as other case information is available on http://ecourts.gov.in
CNR No. PBLD02-002136-2025
Next Date :- 20-09-2025
Dharminder Kumar Vs.
Jaskirat Singh alias Jastin
Publication Issued To:
1. Jaskirat Singh alias Jastin
Father : Prem Inderjit Singh
2. Jasminder Kaur @ Jasmin D/o Sh. Prem Inderjit Singh both R/o H.No. 11, Sector 11, Chandigarh

Whereas it has been proved to the satisfaction of the court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 20-09-2025 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and the seal of the Court, this 28-08-2025.
Civil Judge (Junior Division) Ludhiana

### COURT NOTICE

In The Court of
Sh. Bikramdeep Singh
Judicial Magistrate Ist Class-2
Patiala
CNR No.:- PBPT03-008545-2022
Next Date:-28-10-2025
Prateek Dhiman
Vs.
Ankur
Detail Of Offence :- 138 NI ACT
Notice To:
Ankur S/o Not Known
R/o Flat No. 503, 5th Floor, Black-A, Hollywood heights, VIP Road, Zirakpur, Distt. Mohali.

In above titled case, the accused could not be served. It is ordered that accused should appear in person or through counsel on 28-10-2025 at 10.00 a.m.

For details logon to https://highcourtchd.gov.in/?mod=district_notice&district=Patiala

Judicial Magistrate Ist Class-2 Patiala
Dated, this day of 29-08-2025

### COURT NOTICE

In The Court of Sh
Bikramdeep Singh
Judicial Magistrate Ist Class-2
Patiala
CNR No.:- PBPT03-010086-2020
Next Date:-23-09-2025
Axis Bank Ltd. Vs.
Shrikishan Maurya
Detail Of Offence :- 138 NI ACT
Notice To:
Shrikishan Maurya
Father : Ram Bahadur Maurya
Zip Colony, C/o Zip Enterprises, Narang Chowk, Near Police Chowki, Village Ramsara, Tehsil Talwandi Sabo, Bathinda, Punjab.

In above titled case, the accused could not be served. It is ordered that accused should appear in person or through counsel on 23-09-2025 at 10.00 a.m.

For details logon to https://highcourtchd.gov.in/?mod=district_notice&district=Patiala

Judicial Magistrate Ist Class-2 Patiala
Dated, this day of 28-08-2025

LPU DISTANCE EDUCATION
Bridging the Distance in Education
Recognized/Entitled by UGC
NAAC GRADE A++

Recognized by University Grants Commission (UGC-DEB)

September 2025 End Term Examination

ਅਕਤੂਬਰ 2024 ਬੈਚ ਦੇ ਸਾਰੇ ਸਬੰਧਿਤ LPU ਡਿਸਟੈਂਸ ਐਜੂਕੇਸ਼ਨ ਦੇ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ End Term Examination ਪੰਜਾਬ ਰਾਜ ਵਿੱਚ ਸਥਿਤ ਪ੍ਰੀਖਿਆ ਕੇਂਦਰਾਂ ਵਿੱਚ 3 ਸਤੰਬਰ 2025 ਤੋਂ ਸ਼ੁਰੂ ਹੋ ਰਹੇ ਹਨ। ਡੇਟ ਸ਼ੀਟ ਅਤੇ ਐਡਮਿਟ ਕਾਰਡ ਪ੍ਰੀਖਿਆ ਕੇਂਦਰ ਦੇ ਵੇਰਵੇ ਦੇ ਨਾਲ ਸਾਰੇ ਪਾਤਰ ਵਿਦਿਆਰਥੀਆਂ ਦੇ e-Connect Log-in ਵਿੱਚ ਮੁਹੱਈਆ ਕਰਾ ਦਿੱਤੇ ਗਏ ਹਨ।

ਵਿਦਿਆਰਥੀਆਂ ਲਈ ਵਿਦਿਆਰਥੀ ID Card ਅਤੇ ਐਡਮਿਟ ਕਾਰਡ ਪ੍ਰੀਖਿਆ ਕੇਂਦਰ ਵਿੱਚ ਲੈ ਕੇ ਜਾਣਾ ਲਾਜ਼ਮੀ ਹੈ।

Visit: www.lpude.in Call: 01824-521360

## ਡਿਪਟੀ ਕਮਿਸ਼ਨਰ ਵਲੋਂ ਫਿਲੌਰ ਤੇ ਗਿੱਦੜਪਿੰਡੀ ਦੇ ਸੰਭਾਵੀ ਹੜ੍ਹ ਖੇਤਰਾਂ ਦਾ ਜਾਇਜ਼ਾ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਨੇ ਐਤਵਾਰ ਨੂੰ ਸਤਲੁਜ ਦਰਿਆ ਨਾਲ ਲੱਗਦੇ ਇਲਾਕਿਆਂ ਦਾ ਦੌਰਾ ਕਰਕੇ ਹਾਲਾਤ ਦਾ ਜਾਇਜ਼ਾ ਲਿਆ ਅਤੇ ਲੋਕਾਂ ਨੂੰ ਭਰੋਸਾ ਦੁਆਇਆ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਕਿਉਂਕਿ ਸਥਿਤੀ ਕੰਟਰੋਲ ਹੇਠ ਹੈ। ਡਾ.ਅਗਰਵਾਲ ਨੇ ਦੱਸਿਆ ਕਿ ਗਿੱਦੜਪਿੰਡੀ ਵਿਖੇ 70 ਹਜ਼ਾਰ ਕਿਊਸਿਕ ਅਤੇ ਫਿਲੌਰ ਵਿਖੇ 40 ਹਜ਼ਾਰ ਕਿਊਸਿਕ ਪਾਣੀ ਰਿਕਾਰਡ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਾਲ 2023 ਵਿੱਚ ਇਨ੍ਹਾਂ ਦੋਵਾਂ ਥਾਵਾਂ 'ਤੇ ਪਾਣੀ ਦਾ ਪੱਧਰ ਇਕ ਲੱਖ ਕਿਊਸਿਕ ਤੋਂ ਵਧ ਗਿਆ ਸੀ, ਜੋ ਕਿ ਮੌਜੂਦਾ ਸਥਿਤੀ ਤੋਂ ਕਿਤੇ ਜ਼ਿਆਦਾ ਸੀ। ਫੀਲਡ ਵਿੱਚ ਤਾਇਨਾਤ ਅਧਿਕਾਰੀਆਂ ਨਾਲ ਵਿਸਥਾਰ ਨਾਲ ਵਿਚਾਰ-ਚਰਚਾ ਕਰਦਿਆਂ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਜ਼ਿਲ੍ਹੇ ਵਿੱਚ ਹੜ੍ਹਾਂ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਜ਼ਰੂਰੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜਲੰਧਰ ਪ੍ਰਸ਼ਾਸਨ ਵਲੋਂ ਜ਼ਿਲ੍ਹਾ ਪੱਧਰੀ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ, ਜਿੱਥੇ ਲੋਕ ਹੈਲਪਲਾਈਨ ਨੰਬਰ 0181-2224417 'ਤੇ ਹੜ੍ਹਾਂ ਸੰਬੰਧੀ ਕਿਸੇ ਵੀ ਪ੍ਰਕਾਰ ਦੀ ਜਾਣਕਾਰੀ ਅਤੇ ਸਹਾਇਤਾ ਲਈ ਸੰਪਰਕ ਕਰ ਸਕਦੇ ਹਨ।

## ਆਬਕਾਰੀ ਵਿਭਾਗ ਵੱਲੋਂ ਪ੍ਰੀਮੀਅਮ ਬ੍ਰਾਂਡ ਬੋਤਲਾਂ 'ਚ ਸਸਤੀ ਸ਼ਰਾਬ ਭਰਨ ਦੇ ਰੈਕੇਟ ਦਾ ਪਰਦਾ ਫਾਸ਼

● ਨਾਜਾਇਜ਼ ਸ਼ਰਾਬ ਕੀਤੀ ਜ਼ਬਤ : ਹਰਪਾਲ ਸਿੰਘ ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਨਾਜਾਇਜ਼ ਸ਼ਰਾਬ ਦੇ ਵਪਾਰ ਵਿਰੁੱਧ ਸਖ਼ਤ ਕਾਰਵਾਈ ਕਰਦੇ ਹੋਏ, ਪੰਜਾਬ ਆਬਕਾਰੀ ਵਿਭਾਗ ਨੇ 30 ਅਗਸਤ ਨੂੰ ਲੁਧਿਆਣਾ ਪੂਰਬੀ ਰੇਂਜ ਵਿੱਚ ਦੋ ਵੱਡੇ ਆਪਰੇਸ਼ਨ ਚਲਾਏ, ਜਿਸ ਨਾਲ ਪ੍ਰੀਮੀਅਮ ਬ੍ਰਾਂਡ ਬੋਤਲਾਂ ਵਿੱਚ ਸਸਤੀ ਸ਼ਰਾਬ ਭਰਨ ਦੇ ਰੈਕੇਟ ਦਾ ਪਰਦਾਫਾਸ਼ ਕਰਦਿਆਂ ਨਾਜਾਇਜ਼ ਸ਼ਰਾਬ ਦੀ ਵੱਡੀ ਖੇਪ ਜ਼ਬਤ ਕੀਤੀ ਗਈ। ਜ਼ਬਤ ਕੀਤੀ ਗਈ ਸ਼ਰਾਬ ਵਿੱਚ ਤਸਕਰੀ ਰਾਹੀਂ ਲਿਆਂਦੀ ਗਈ ਸ਼ਰਾਬ ਵੀ ਸ਼ਾਮਲ ਹੈ। ਇੱਥੇ ਜਾਰੀ ਇੱਕ ਅਧਿਕਾਰਤ ਬਿਆਨ ਵਿੱਚ ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਵਿਸ਼ੇਸ਼ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀਆਂ ਦੀ ਸਿੱਧੀ ਨਿਗਰਾਨੀ ਹੇਠ ਇਹ ਆਪਰੇਸ਼ਨ ਬਹੁਤ ਤੇਜ਼ੀ ਨਾਲ ਨੇਪਰੇ ਚਾੜ੍ਹੇ ਗਏ। ਉਨ੍ਹਾਂ ਕਿਹਾ ਕਿ ਸਾਡੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੈਰ-ਕਾਨੂੰਨੀ ਸਟਾਕ ਨੂੰ ਜ਼ਬਤ ਕਰਨ ਦੇ ਨਾਲ-ਨਾਲ ਅਪਰਾਧੀਆਂ ਵੱਲੋਂ



ਪ੍ਰੀਮੀਅਮ ਬੋਤਲਾਂ ਵਿੱਚ ਘੱਟ ਕੁਆਲਿਟੀ ਦੀ ਸ਼ਰਾਬ ਭਰ ਕੇ ਜਨਤਕ ਸਿਹਤ ਨੂੰ ਖ਼ਤਰੇ ਵਿੱਚ ਪਾਉਣ ਦੇ ਇੱਕ ਨਵੇਂ ਢੰਗ ਦਾ ਪਰਦਾਫਾਸ਼ ਵੀ ਕੀਤਾ। ਉਨ੍ਹਾਂ ਕਿਹਾ ਕਿ ਇਹ ਧੋਖਾਧੜੀ ਦਾ ਸਪੱਸ਼ਟ ਮਾਮਲਾ ਹੈ ਅਤੇ ਖਪਤਕਾਰਾਂ ਦੀ ਸੁਰੱਖਿਆ ਲਈ ਇੱਕ ਗੰਭੀਰ ਖ਼ਤਰਾ ਹੈ, ਜਿਸ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਨ੍ਹਾਂ ਆਪਰੇਸ਼ਨਾਂ ਤਹਿਤ ਪਹਿਲੀ ਛਾਪੇਮਾਰੀ ਦੌਰਾਨ ਸਥਾਨਕ ਪੁਲਸ ਦੇ ਸਹਿਯੋਗ ਨਾਲ ਵਿਭਾਗ ਦੀਆਂ ਇਨਫੋਰਸਮੈਂਟ ਟੀਮਾਂ ਨੇ ਲੁਧਿਆਣਾ ਵਿੱਚ ਚੱਲ ਰਹੇ ਇੱਕ ਅੰਤਰ-ਰਾਜੀ ਰੈਕੇਟ ਦਾ ਪਰਦਾਫਾਸ਼ ਕੀਤਾ। ਇਸ ਰੈਕੇਟ ਤਹਿਤ ਮੁਲਜ਼ਮ ਉੱਚ-ਪੱਧਰੀ ਵਿਦੇਸ਼ੀ ਸ਼ਰਾਬ ਦੀਆਂ ਬੋਤਲਾਂ– ਜਿਨ੍ਹਾਂ ਵਿੱਚ ਗਲੇਨਲਿਵੇਟ, ਜੌਨੀ ਵਾਕਰ ਗੋਲਡ ਲੇਬਲ ਅਤੇ ਸ਼ਿਵਾਸ ਰੀਗਲ ਵਰਗੇ ਬ੍ਰਾਂਡ ਸ਼ਾਮਲ ਸਨ – ਵਿੱਚ ਸਸਤੀ ਇੰਡੀਅਨ ਮੇਡ ਫਾਰੇਨ ਲਿਕਰ (ਆਈ.ਐੱਮ.ਐੱਫ.ਐੱਲ.) ਅਤੇ ਪੰਜਾਬ ਮੀਡੀਅਮ ਲਿਕਰ (ਪੀ.ਐੱਮ.ਐੱਲ.) ਦੀ ਰਿਫਿਲਿੰਗ ਕਰਦੇ ਫੜੇ ਗਏ। ਇਸ ਰੈਕੇਟ ਤਹਿਤ ਖਪਤਕਾਰਾਂ ਨੂੰ ਧੋਖਾ ਦੇਣ ਦੇ ਨਾਲ-ਨਾਲ ਆਬਕਾਰੀ ਡਿਊਟੀ ਦੀ ਚੋਰੀ ਕੀਤੀ ਜਾ ਰਹੀ ਸੀ। ਮੌਕੇ ਤੋਂ ਦੋ ਵਿਅਕਤੀਆਂ ਅਮਿਤ ਵਿਜ ਅਤੇ ਪੰਕਜ ਸੈਣੀ ਨੂੰ ਗ੍ਰਿਫਤਾਰ ਕੀਤਾ ਗਿਆ। ਅਧਿਕਾਰੀਆਂ ਵੱਲੋਂ 106 ਖਾਲੀ ਬੋਤਲਾਂ, 39 ਭਰੀਆਂ ਬੋਤਲਾਂ, ਬੋਤਲਾਂ ਨਾਲ ਸਬੰਧਤ ਹੋਰ ਸਾਮਾਨ ਅਤੇ ਇੱਕ ਸਵਿਫਟ ਡਿਜ਼ਾਇਰ ਗੱਡੀ ਜ਼ਬਤ ਕੀਤੀ ਗਈ ਹੈ। ਇਸ ਸਬੰਧੀ ਥਾਣਾ ਡਿਵੀਜ਼ਨ ਨੰ. 3, ਲੁਧਿਆਣਾ ਵਿਖੇ ਐਫ.ਆਈ.ਆਰ. ਦਰਜ ਕਰ ਲਈ ਗਈ ਹੈ ਅਤੇ ਇਸ ਨੈੱਟਵਰਕ ਬਾਰੇ ਪੂਰਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ। ਇਸ ਦੌਰਾਨ ਚਲਾਏ ਗਏ ਇੱਕ ਵੱਖਰੇ ਆਪਰੇਸ਼ਨ ਵਿੱਚ, ਆਬਕਾਰੀ ਅਧਿਕਾਰੀਆਂ ਨੇ ਪਿੰਡ ਬੁਰਜ ਪਵਾਤ (ਸਮਰਾਲਾ) ਵਿੱਚ ਵਿਕਰਮਜੀਤ ਸਿੰਘ ਤੋਂ 'ਸਿਰਫ ਚੰਡੀਗੜ੍ਹ ਵਿੱਚ ਵਿਕਰੀ ਲਈ' ਲੇਬਲ ਵਾਲੀਆਂ ਨਾਜਾਇਜ਼ ਸ਼ਰਾਬ ਦੀਆਂ 60 ਬੋਤਲਾਂ ਬਰਾਮਦ ਕੀਤੀਆਂ। ਇਹ ਖੇਪ ਗੈਰ-ਕਾਨੂੰਨੀ ਢੰਗ ਨਾਲ ਪੰਜਾਬ ਵਿੱਚ ਲਿਆਂਦੀ ਗਈ ਸੀ, ਜਿਸ ਤੋਂ ਬਾਅਦ ਉਸਨੂੰ ਤੁਰੰਤ ਗ੍ਰਿਫਤਾਰ ਕਰ ਲਿਆ ਗਿਆ। ਇਸ ਸਬੰਧੀ ਥਾਣਾ ਸਮਰਾਲਾ ਵਿਖੇ ਪੰਜਾਬ ਆਬਕਾਰੀ ਐਕਟ, 1914 ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਬਰਸਾਤ ਦੇ ਮੌਸਮ 'ਚ ਦੂਸ਼ਿਤ ਪਾਣੀ ਨਾਲ ਬਿਮਾਰੀਆਂ ਫੈਲਣ ਦਾ ਖਦਸ਼ਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸੂਰੀ ਹਸਪਤਾਲ ਬਲਾਚੌਰ ਦੇ ਯੂਰੋਲੋਜਿਸਟ ਡਾਕਟਰ ਭੁਪਿੰਦਰ ਸਿੰਘ ਸੂਰੀ ਡਾਕਟਰ ਅਮਨਦੀਪ ਸੂਰੀ ਨੇ ਕਿਹਾ ਹੈ ਕਿ ਬਦਲਦੇ ਮੌਸਮ 'ਚ ਗਰਭਵਤੀ ਔਰਤਾਂ ਬੱਚਿਆਂ ਬਜ਼ੁਰਗਾਂ ਆਮ ਲੋਕਾਂ ਸੁਚਿਤ ਕੀਤਾ ਹੈ ਕਿ ਬਰਸਾਤ ਦੇ ਮੌਸਮ ਦੇ ਮੱਛਰਜਨਕ ਜੀਵਾਣੂਆਂ ਤੇ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ ਹੁੰਦਾ ਹੈ, ਇਸ ਲਈ ਲੋੜੀਂਦੀਆਂ ਸਾਵਧਾਨੀਆਂ ਵਰਤੀਆਂ ਜਾਣ ਅਤੇ ਜੀਵਾਣੂਆਂ ਤੇ ਦੂਸ਼ਿਤ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਢੁੱਕਵੇਂ ਕਦਮ ਉਠਾਉਣ ਦੇ ਨਾਲ-ਨਾਲ ਲੋਕਾਂ ਵਿੱਚ ਜਾਗਰੂਕਤਾ ਦੀ ਵੀ ਲੋੜ ਹੈ।



ਬਰਸਾਤ ਦੇ ਮੌਸਮ ਵਿੱਚ ਆਮ ਨਾਗਰਿਕਾਂ ਨੂੰ ਸਿਹਤ ਦਾ ਖਿਆਲ ਰੱਖਣਾ ਚਾਹੀਦਾ ਹੈ। ਡਾਕਟਰ ਅਮਨਦੀਪ ਸੂਰੀ ਨੇ ਕਿਹਾ ਇੰਫੈਕਸ਼ਨ ਵਾਲੀਆਂ ਬਿਮਾਰੀਆਂ ਦੇ ਬਚਾਅ ਅਤੇ ਕੰਟਰੋਲ ਕਰਨ ਲਈ ਪੀਣ ਲਈ ਸਿਰਫ਼ ਸਾਫ਼ ਪਾਣੀ ਦੀ ਹੀ ਵਰਤੋਂ ਕਰੋ ਪੀਣ ਵਾਲੇ ਪਾਣੀ ਨੂੰ ਉਬਾਲ ਕੇ ਠੰਢਾ ਕਰਕੇ ਵਰਤਿਆ ਜਾਵੇ। ਬਰਸਾਤ ਦੌਰਾਨ ਦੂਸ਼ਿਤ ਪਾਣੀ ਅਤੇ ਕੀੜਿਆਂ ਤੋਂ ਕੱਟਣ ਨਾਲ ਆਮ ਤੌਰ ਉੱਤੇ ਚਮੜੀ ਉੱਤੇ ਬੈਕਟੀਰੀਅਲ (ਇੰਫੈਕਸ਼ਨ ਲਾਗ) ਹੋ ਜਾਂਦੀ ਹੈ।

## ਹੜ੍ਹਾਂ ਸੰਬੰਧੀ ਝੂਠੀਆਂ ਅਫਵਾਹਾਂ ਤੋ ਬਚੋ : ਸਤਨਾਮ ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹੜ੍ਹਾਂ ਦੇ ਸੰਭਾਵੀ ਖਤਰੇ ਨੂੰ ਦੇਖਦੇ ਹੋਏ ਆਮ ਆਦਮੀ ਪਾਰਟੀ ਦੇ ਹਰੇਕ ਆਹੁਦੇਦਾਰ ਵਲੰਟੀਅਰ ਨੂੰ



ਸੈਨਿਕਾਂ ਵਾਂਗ ਸੁਚੇਤ ਰਹਿਣ ਨੂੰ ਕਿਹਾ ਗਿਆ ਹੈ। ਇਸੇ ਲੜੀ ਤਹਿਤ ਸਤਨਾਮ ਜਲਾਲਪੁਰ ਜਿਲ੍ਹਾ ਪ੍ਰਧਾਨ ਤੇ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਨਵਾਂਸ਼ਹਿਰ ਨੇ ਬੇਲਾ ਤਾਜੋਵਾਲ ਤੇ ਏ ਡੀ ਬੀ ਬੇਲਾ ਤਾਜੋਵਾਲ ਦੇ ਸਤਲੁੱਜ ਦਰਿਆ ਦੇ ਧੁੱਸੀ ਬੰਨ੍ਹ ਦਾ ਜਾਇਜ਼ਾ ਲੈਂਦੇ ਹੋਏ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਬਲਾਚੌਰ ਹਲਕੇ ਵਿੱਚ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਦੀ ਸਥਿਤੀ ਬਿਲਕੁਲ ਠੀਕ ਹੈ। ਲੋਕਾਂ ਦੀਆਂ ਗੁਮਰਾਹਕੁੰਨ ਅਫਵਾਹਾਂ ਤੋਂ ਸਾਵਧਾਨ ਰਹੋ। ਜੇਕਰ ਫਿਰ ਵੀ ਤੁਹਾਨੂੰ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਤੁਸੀ ਮੇਰੇ ਜਾਂ ਆਮ ਆਦਮੀ ਪਾਰਟੀ ਦੇ ਕਿਸੇ ਵੀ ਵਲੰਟੀਅਰ ਜਾਂ ਅਹੁਦੇਦਾਰ ਨਾਲ ਰਾਬਤਾ ਕਰ ਸਕਦੇ ਹੋ।

## ਹੜ੍ਹਾਂ ਨਾਲ ਹੋਏ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇਗਾ : ਸਿਨਹਾ


**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਸਕੱਤਰ ਪੰਜਾਬ ਕੇ.ਏ.ਪੀ ਸਿਨਹਾ ਨੇ ਕਿਹਾ ਕਿ ਸੂਬਾ ਸਰਕਾਰ ਸੰਕਟ ਦੀ ਇਸ ਘੜੀ ਲੋਕਾਂ ਦੇ ਨਾਲ ਖੜ੍ਹੀ ਹੈ ਤੇ ਲੋਕਾਂ ਦੇ ਹਰ ਮੁਸ਼ਕਲ ਵਿੱਚ ਸਾਥ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫਿਲਹਾਲ ਰਾਹਤ ਅਤੇ



ਬਚਾਓ ਦੇ ਕਾਰਜ ਜਾਰੀ ਹਨ। ਇਸ ਉਪਰੰਤ ਸਥਿਤੀ ਆਮ ਵਾਂਗ ਹੋਣ ਉਤੇ ਮੁਆਵਜ਼ੇ ਲਈ ਵਿਸ਼ੇਸ਼ ਗਿਰਦਾਵਰੀ ਕਰਕੇ ਹਰੇਕ ਤਰ੍ਹਾਂ ਦੇ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਹਤ ਦੇ ਕੰਮਾਂ ਲਈ ਉੱਚ ਤਾਕਤੀ ਕਮੇਟੀ ਬਣਾਈ ਗਈ ਹੈ, ਜਿਸ ਦੇ ਚਲਦੇ ਅੰਮ੍ਰਿਤਸਰ ਜਿਲ੍ਹੇ ਵਿੱਚ ਤਿੰਨ ਸੀਨੀਅਰ ਅਧਿਕਾਰੀ ਇਨਾਂ ਕੰਮਾਂ ਦੀ ਨਿਗਰਾਨੀ ਅਤੇ ਮਦਦ ਲਈ ਭੇਜੇ ਗਏ ਹਨ। ਸ੍ਰੀ ਸਿਨਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਨੇ ਅੰਮ੍ਰਿਤਸਰ ਜ਼ਿਲੇ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਅਜਨਾਲਾ, ਰਮਦਾਸ ਅਤੇ ਪਠਾਨਕੋਟ ਦੇ ਬਲਾਕ ਬਮਿਆਲ ਅਤੇ ਨਰੋਟ ਜੈਮਲ ਸਿੰਘ ਵਿਚ ਰਾਵੀ ਦਰਿਆ ਦੇ ਧੁੱਸੀ ਬੰਨ੍ਹ ਦਾ ਦੌਰਾ ਕਰ ਰਹੇ ਸਨ। ਉਨ੍ਹਾਂ ਪਿੰਡ ਚਮਿਆਰੀ ਵਿਖੇ ਬਣਾਏ ਗਏ ਰਾਹਤ ਕੇਂਦਰ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ, ਪੰਜਾਬ ਸਰਕਾਰ ਦੀ ਤਰਫੋਂ ਜ਼ਿਲ੍ਹੇ ਵਿੱਚ ਰਾਹਤ ਕੰਮਾਂ ਲਈ ਤੈਨਾਤ ਕੀਤੇ ਗਏ ਪ੍ਰਬੰਧਕੀ ਸਕੱਤਰ ਪੱਧਰ ਦੇ ਅਧਿਕਾਰੀ ਜਿਨਾਂ ਵਿੱਚ ਸ੍ਰੀ ਕਮਲ ਕਿਸ਼ੋਰ ਯਾਦਵ, ਸ੍ਰੀ ਵਰਨ ਰੂਜ਼ਮ ਅਤੇ ਸ੍ਰੀ ਬਸੰਤ ਗਰਗ ਸ਼ਾਮਿਲ ਹਨ, ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ, ਜ਼ਿਲਾ ਪੁਲਿਸ ਮੁਖੀ ਸ ਮਨਿੰਦਰ ਸਿੰਘ, ਡਿਪਟੀ ਕਮਾਂਡਰ ਅਨਿਲ ਤਾਲਕੁਤਰਾ ਐਨਡੀਆਰਐਫ, ਕਰਨਲ ਰੋਬਿਨ ਐਥਨੀ, ਪਠਾਨਕੋਟ ਦੇ ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ, ਐੱਸ.ਐੱਸ.ਪੀ. ਪਠਾਨਕੋਟ ਦਲਜਿੰਦਰ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਹਰਦੀਪ ਸਿੰਘ ਹਾਜ਼ਰ ਸਨ।

## ਸਿਰਜਨਦੀਪ ਕੌਰ ਉਭਾ ਨੇ ਲਿਖਿਆ ਆਪਣਾ ਚੌਥਾ ਨਾਵਲ

**ਚੰਡੀਗੜ੍ਹ** : ਇਥੇ ਚੰਡੀਗੜ੍ਹ ਪ੍ਰੈਸ ਕਲੱਬ ਵਿਖੇ ਪੰਜਾਬ ਕਲਾ ਪ੍ਰੀਸ਼ਦ ਤੇ ਪੰਜਾਬੀ ਲੇਖਕ ਸਭਾ ਵੱਲੋਂ ਕਰਵਾਏ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਕਾਰਪੋਰੇਟ ਅਤੇ ਸਾਹਿਤ ਜਗਤ ਦੀ ਉੱਘੀ ਸ਼ਖਸੀਅਤ ਅਤੇ ਜੀਐਫਬੀ ਗ੍ਰੇਟ ਫੂਡਜ਼ ਪ੍ਰਾਈਵੇਟ ਲਿਮਟਿਡ ਵਿਖੇ ਰਣਨੀਤੀ ਅਤੇ ਮਨੁੱਖੀ ਸਰੋਤ ਸ਼ਾਖਾ ਦੀ ਮੁਖੀ ਸਿਰਜਨਦੀਪ ਕੌਰ ਉਭਾ ਵੱਲੋਂ ਲਿਖਿਆ ਉਨ੍ਹਾਂ ਦਾ ਚੌਥਾ ਅਤੇ ਰਹੱਸਮਈ ਨਾਵਲ 'ਦ ਗਰਲ ਇਨ ਦ ਕੌਫੀ ਹਾਊਸ' ਰਿਲੀਜ਼ ਕੀਤਾ ਗਿਆ। ਇਸ ਮੌਕੇ ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਿੰਘ ਸਵੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦੋਂ ਕਿ ਉੱਘੇ ਲੇਖਕ ਅਤੇ ਸੀਨੀਅਰ ਪੱਤਰਕਾਰ ਸਰਬਜੀਤ ਸਿੰਘ ਧਾਲੀਵਾਲ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਸਵਰਨਜੀਤ ਸਵੀ ਨੇ ਕਿਹਾ ਕਿ ਇਹ ਮਾਨਸਾ ਦਾ ਸਾਹਿਤਕ ਮਾਹੌਲ ਹੈ ਜਿੱਥੋਂ ਉਭਾ ਪਰਿਵਾਰ ਦੀ ਤੀਜੀ ਪੀੜ੍ਹੀ ਸਾਹਿਤਕ ਖੇਤਰ ਵਿੱਚ ਸਰਗਰਮ ਹੈ। ਸਰਬਜੀਤ ਸਿੰਘ ਧਾਲੀਵਾਲ ਨੇ ਕੁੰਜੀਵਤ ਭਾਸ਼ਣ ਪੜ੍ਹਦਿਆਂ ਇਹ ਨਾਵਲ ਨਵੀਂ ਪੀੜ੍ਹੀ ਨੂੰ ਪੜ੍ਹਨ ਲਈ ਇਸ ਲਈ ਜ਼ਰੂਰੀ ਹੈ ਕਿ ਪੀੜ੍ਹੀਆਂ ਵਿੱਚ ਪਾੜਾ ਇਸ ਨੂੰ ਪੜ੍ਹ ਕੇ ਦੂਰ ਹੁੰਦਾ ਹੈ। ਸਿਰਜਨਦੀਪ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਉਹ ਕਿਤਾਬ ਨੂੰ ਇੱਕ ਸਰਲ ਅਤੇ ਸਮਝਣ 'ਚ ਆਸਾਨ ਸ਼ਬਦਾਂ ਵਿੱਚ ਲਿਖਣਾ ਚਾਹੁੰਦੀ ਸੀ ਤਾਂ ਜੋ ਇਸਨੂੰ ਕੋਈ ਵੀ ਇਕੋ ਵਾਰ ਪੜ੍ਹ



● 'ਦ ਗਰਲ ਇਨ ਦ ਕੌਫੀ ਹਾਊਸ' ਦੇ ਸਿਰਲੇਖ ਹੇਠ ਜਾਰੀ ਕੀਤਾ ਨਾਵਲ

ਕੇ ਚੰਗੀ ਤਰ੍ਹਾਂ ਸਮਝ ਸਕੇ। ਅਕਾਦਮਿਕ ਜਗਤ ਦੀ ਪ੍ਰਸਿੱਧ ਸ਼ਖਸੀਅਤ ਅਤੇ ਖ਼ਾਲਸਾ ਕਾਲਜ, ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉਭਾ ਦੀ ਧੀ ਸਿਰਜਨਦੀਪ ਨੇ ਲੰਡਨ ਸਕੂਲ ਆਫ਼ ਇਕਨਾਮਿਕਸ ਐਂਡ ਪੋਲੀਟੀਕਲ ਸਾਇੰਸ ਤੋਂ ਮਨੁੱਖੀ ਸਰੋਤ ਅਤੇ ਸੰਗਠਨਾਤਮਕ ਵਿਵਹਾਰ ਵਿੱਚ ਮਾਸਟਰ ਡਿਗਰੀ ਪ੍ਰਾਪਤ ਕਰਕੇ ਵਿਦਿਅਕ ਖੇਤਰ ਵਿੱਚ ਆਪਣੀ ਪ੍ਰਤਿਭਾ ਨੂੰ ਨਿਖਾਰਿਆ ਹੈ। ਉਨ੍ਹਾਂ ਦੇ ਪਤੀ ਕੁਨਾਲ ਰਹੇਜਾ ਦਾ ਮਾਡਲਿੰਗ ਅਤੇ ਰੀਅਲ ਅਸਟੇਟ ਜਗਤ ਵਿੱਚ ਇੱਕ ਵੱਡਾ ਨਾਮ ਹੈ। ਖੇਡ ਲੇਖਕ ਨਵਦੀਪ ਸਿੰਘ ਗਿੱਲ ਨੇ ਸਿਰਜਨਦੀਪ ਨੂੰ ਵਧਾਈ ਦਿੰਦਿਆਂ ਉਭਾ ਫੈਮਿਲੀ ਨਾਲ ਆਪਣੇ ਨਜ਼ਦੀਕੀ ਸਬੰਧਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਸਿਰਜਨਦੀਪ ਨੂੰ ਸਾਹਿਤ ਲੇਖਣ ਦਾ ਗੁਣ ਯਕੀਨਨ ਵਿਰਾਸਤ ਵਿੱਚ ਮਿਲਿਆ ਹੈ ਕਿਉਂਕਿ ਕਿ ਸਾਹਿਤ ਨਾਲ ਉਨ੍ਹਾਂ ਦੇ ਪਰਿਵਾਰ ਦਾ ਸ਼ੁਰੂ ਤੋਂ ਹੀ ਡੂੰਘਾ ਰਿਸ਼ਤਾ ਰਿਹਾ ਹੈ। ਇਸ ਮੌਕੇ ਸਿਰਜਨਦੀਪ ਦੇ ਪਿਤਾ ਡਾ. ਧਰਮਿੰਦਰ ਸਿੰਘ ਉਭਾ ਤੇ ਦਾਦਾ ਪ੍ਰੋ. ਅੱਛਰੂ ਸਿੰਘ ਉਭਾ ਨੇ ਸਮਾਗਮ ਵਿੱਚ ਸ਼ਾਮਲ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਸਭਾ ਦੇ ਸਕੱਤਰ ਭੁਪਿੰਦਰ ਮਲਿਕ ਨੇ ਬਾਖੂਬੀ ਕੀਤਾ।ਇਸ ਮੌਕੇ ਮੌਜੂਦ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਜੰਗ ਬਹਾਦਰ ਗੋਇਲ, ਰਣਦੀਪ ਸਿੰਘ ਆਹਲੂਵਾਲੀਆ, ਦਵਿੰਦਰ ਬੋਹਾ, ਪਰਮਜੀਤ ਮਾਨ ਅਤੇ ਪ੍ਰੀਤਮ ਰੁਪਾਲ ਸ਼ਾਮਲ ਸਨ।

## ਬਰਸਾਤ ਦੇ ਮੌਸਮ ਨਾਲ ਨਜਿਠਣ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਅਲਰਟ : ਸੈਣੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਬਰਸਾਤ ਦੇ ਮੌਸਮ ਨੂੰ ਲੈ ਕੇ ਸੂਬਾ ਸਰਕਾਰ ਅਤੇ ਪ੍ਰਸਾਸ਼ਨ ਪੂਰੀ ਤਰ੍ਹਾ ਅਲਰਟ ਹੈ ਅਤੇ ਹਰ ਹਾਲਾਤ ਨਾਲ ਨਜਿਠਣ ਨੂੰ ਤਿਆਰ ਹੈ। ਸਰਕਾਰ ਦਾ ਯਤਨ ਹੈ ਕਿ ਸੂਬੇ ਦੇ ਕਿਸੇ ਵੀ ਨਾਗਰਿਕ ਨੂੰ ਕੋਈ ਹਾਨੀ ਨਾ ਪਹੁੰਚੇ। ਉਨ੍ਹਾਂ ਨੇ ਸੂਬਾਵਾਸੀਆਂ ਨੂੰ ਅਪੀਲ ਕੀਤੀ ਕਿ ਅਜਿਹੇ ਮੌਸਮ ਵਿੱਚ ਜਨਤਾ ਵੀ ਸਾਵਧਾਨੀ ਵਰਤੇ। ਪਹਾੜੀ ਖੇਤਰ ਵਿੱਚ ਜਾਣ ਤੋਂ ਬੱਚਣ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਕੁਰੂਕਸ਼ੇਤਰ ਦੇ ਦਰੋਣਾਚਾਰਿਆ ਖੇਡ ਸਟੇਡੀਅਮ ਵਿੱਚ ਪੱਤਰਕਾਰਾਂ ਨਾਲ ਗਲਬਾਤ ਕਰ ਰਹੇ ਸਨ। ਮੁੱਖ ਮੰਤਰੀ ਨੇ ਖੇਡ ਪਰਿਸਰ ਵਿੱਚ ਖਿਡਾਰੀਆਂ ਨਾਲ ਵਾਲੀਬਾਲ ਵੀ ਖੇਡਿਆ।

## ਬੇਅੰਤ ਸਿੰਘ ਦੀ ਕੁਰਬਾਨੀਆਂ ਨੂੰ ਯਾਦ ਰੱਖਿਆ ਜਾਵੇਗਾ : ਰਾਹੁਲ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਾਬਕਾ ਮੁੱਖ ਮੰਤਰੀ ਸਵਰਗੀ ਬੇਅੰਤ ਸਿੰਘ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਦੇ ਦਿਸ਼ਾ ਨਿਰਦੇਸ਼ ਹੇਠ ਜ਼ਿਲਾ ਸਕੱਤਰ ਪੰਡਿਤ ਮਿਥਲੇਸ਼ ਗਰਗ ਅਤੇ ਦੋਆਬਾ ਯੂਥ



ਪ੍ਰਧਾਨ ਪ੍ਰਸ਼ਾਂਤ ਪੰਡਿਤ ਦੀ ਅਗਵਾਈ ਵਿਚ ਇਕ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਤੋਂ ਇਲਾਵਾ ਜ਼ਿਲਾ ਚੇਅਰਮੈਨ ਵਿਵੇਕ ਵਿਜ਼ਨ, ਜ਼ਿਲਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲਾ ਵਾਈਸ ਚੇਅਰਮੈਨ ਸੰਜੀਵ ਖੰਨਾ, ਸਿਟੀ ਯੂਥ ਪ੍ਰਧਾਨ ਗੁਰਨਾਮ ਸਿੰਘ ਗੋਨੀ, ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ, ਸਿਟੀ ਯੂਥ ਚੇਅਰਮੈਨ ਮਨਜੋਤ ਸਿੰਘ ਨੇ ਬੇਅੰਤ ਸਿੰਘ ਦੀ ਫੋਟੋ ਤੇ ਹਾਰ ਪਾਉਂਦੇ ਹੋਏ 2 ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਤੇ ਗੌਰਵ ਕੁਮਾਰ, ਸ਼ੈਰੀ ਥਾਪਰ, ਆਰ.ਕੇ ਰਾਜਪੂਤ, ਸੂਰਜ, ਟਾਈਗਰ, ਰਘਵੀਰ ਸਿੰਘ, ਜਾਨੀ ਅਤੇ ਹੋਰ ਸ਼ਿਵ ਸੇਨਾ ਵਰਕਰ ਹਾਜ਼ਰ ਸਨ।

## ਪੱਸੀ ਬੇਟ 'ਚ ਸਮੇਂ ਸਿਰ ਕਾਰਵਾਈ ਕਰਕੇ ਧੁੱਸੀ ਬੰਨ੍ਹ ਨੂੰ ਕੀਤਾ ਸੁਰੱਖਿਅਤ : ਘੁੰਮਣ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦਸੂਹਾ ਦੇ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਕਿਹਾ ਕਿ ਦਸੂਹਾ ਦੇ ਪਿੰਡ ਪੱਸੀ ਬੇਟ ਵਿਚ ਮੀਂਹ ਕਾਰਨ ਧੁੱਸੀ ਬੰਨ੍ਹ ਨੂੰ ਕੁਝ ਨੁਕਸਾਨ ਜ਼ਰੂਰ ਹੋਇਆ ਸੀ, ਪਰੰਤੂ ਪ੍ਰਸ਼ਾਸਨ ਅਤੇ ਪਿੰਡ ਵਾਸੀਆਂ ਦੇ ਸਰਗਰਮ ਸਹਿਯੋਗ ਨਾਲ ਬੰਨ੍ਹ ਨੂੰ ਸੁਰੱਖਿਅਤ ਬਣਾਉਣ ਲਈ ਸਮੇਂ ਸਿਰ ਕਾਰਵਾਈ ਕੀਤੀ ਗਈ। ਉਨ੍ਹਾਂ ਨੇ ਰਾਧਾ ਸਵਾਮੀ ਸਤਿਸੰਗ ਘਰ, ਭੂਰੀ ਵਾਲੇ ਬਾਬਾ ਜੀ ਦੀ ਸੰਗਤ, ਸਮਾਜਿਕ ਸੰਗਠਨਾਂ, ਪਿੰਡ ਵਾਸੀਆਂ ਅਤੇ ਨੌਜਵਾਨਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਨੇ ਦਿਨ-ਰਾਤ ਮਿਹਨਤ ਕਰਕੇ ਸੰਭਾਵੀ ਖ਼ਤਰੇ ਨੂੰ ਟਾਲਿਆ। ਵਿਧਾਇਕ ਨੇ ਸਪੱਸ਼ਟ ਕੀਤਾ ਕਿ ਇਸ ਸਮੇਂ ਕਿਸੇ ਵੀ ਤਰ੍ਹਾਂ ਦਾ ਕੋਈ ਖ਼ਤਰਾ ਨਹੀਂ ਹੈ ਤੇ ਲੋਕਾਂ ਨੂੰ ਅਫਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਵਿਧਾਇਕ ਘੁੰਮਣ ਨੇ ਕਿਹਾ ਕਿ ਉਹ ਹਰ ਸਮੇਂ ਆਪਣੇ ਇਲਾਕੇ ਦੇ ਲੋਕਾਂ ਦੇ ਨਾਲ ਖੜ੍ਹੇ ਹਨ ਅਤੇ ਉਨ੍ਹਾਂ ਦੀ ਸੁਰੱਖਿਆ ਅਤੇ ਮਦਦ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ।

## ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਟਾਂਡਾ ਦੇ ਹੜ੍ਹ ਪ੍ਰਭਾਵਿਤ ਖੇਤਰ ਦਾ ਲਿਆ ਜਾਇਜ਼ਾ

**ਟਾਂਡਾ/ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨਾਲ ਟਾਂਡਾ ਤੋਂ ਸ੍ਰੀ ਹਰਗੋਬਿੰਦਪੁਰ ਜਾਣ ਵਾਲੇ ਬਿਆਸ ਦਰਿਆ ਦੇ ਪੁਲ 'ਤੇ ਬਣੇ ਧੁੱਸੀ ਬੰਨ੍ਹ ਦਾ ਜਾਇਜ਼ਾ ਲਿਆ। ਉਨ੍ਹਾਂ ਮੌਕੇ 'ਤੇ ਸਥਿਤੀ ਦਾ ਨਿਰੀਖਣ ਕਰਦਿਆਂ ਅਧਿਕਾਰੀਆਂ ਨੂੰ ਧੁੱਸੀ ਬੰਨ੍ਹ ਦੀ ਮਜ਼ਬੂਤੀ ਅਤੇ ਸੁਰੱਖਿਆ ਲਈ ਤੁਰੰਤ ਲੋੜੀਂਦੇ ਕਦਮ ਚੁੱਕਣ ਦੇ



ਨਿਰਦੇਸ਼ ਦਿੱਤੇ। ਇਸ ਤੋਂ ਬਾਅਦ ਡਾ. ਰਵਜੋਤ ਸਿੰਘ ਪਿੰਡ ਮਿਆਣੀ ਦੇ ਰਾਹਤ ਕੈਂਪ ਪਹੁੰਚੇ, ਜਿਥੇ ਉਨ੍ਹਾਂ ਪ੍ਰਭਾਵਿਤ ਪਰਿਵਾਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਅਤੇ ਰਾਹਤ ਕਾਰਜਾਂ ਵਿਚ ਕੋਈ ਕਸਰ ਨਹੀਂ ਛੱਡ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ ਪ੍ਰਭਾਵਿਤ ਲੋਕਾਂ ਨੂੰ ਰਾਹਤ ਸਮੱਗਰੀ, ਖਾਣਾ, ਪੀਣ ਵਾਲਾ ਪਾਣੀ ਅਤੇ ਹੋਰ ਜ਼ਰੂਰੀ ਸਹੂਲਤਾਂ ਲਗਾਤਾਰ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ, ਐਸ ਡੀ ਐਮ ਪਰਮਪ੍ਰੀਤ ਸਿੰਘ, ਡੀ.ਐਸ.ਪੀ ਦਵਿੰਦਰ ਸਿੰਘ ਬਾਜਵਾ, ਤਹਿਸੀਲਦਾਰ ਮਨਪ੍ਰੀਤ ਸਿੰਘ ਤੇ ਹੋਰ ਅਧਿਕਾਰੀ ਤੇ ਪਤਵੰਤੇ ਹਾਜ਼ਰ ਸਨ।

## ਗੁਰਮਤਿ ਸਮਾਗਮ ਕਰਵਾਇਆ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖ ਮਿਸ਼ਨਰੀ ਕਾਲਜ ਰਜਿ. ਲੁਧਿਆਣਾ ਦੇ ਜ਼ੋਨ ਹੁਸ਼ਿਆਰਪੁਰ ਵੱਲੋਂ 16 ਰੋਜ਼ਾ ਗੁਰਮਤਿ ਸਮਾਗਮ ਦੇ ਤਹਿਤ 14ਵਾਂ ਗੁਰਮਤਿ ਸਮਾਗਮ ਭਗਤ ਪਰਮਾਨੰਦ ਜੀ ਨੂੰ ਸਮਰਪਿਤ ਪਿੰਡ ਬਾਗਪੁਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਭਾਈ ਹਰਜਿੰਦਰ ਸਿੰਘ ਅਸਲਾਮਾਬਾਦ ਵਾਲਿਆਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਗਿਆਨੀ ਸਤਵੰਤ ਸਿੰਘ, ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਗੁਰੂ ਗ੍ਰੰਥ ਸਾਹਿਬ ਜੀ ਬਾਰੇ ਅਹਿਮ ਜਾਣਕਾਰੀ ਸਾਂਝੀ ਕਰਦਿਆਂ ਭਗਤ ਪਰਮਾਨੰਦ ਜੀ ਦੇ ਸ਼ਬਦ ਰਾਹੀਂ ਗੁਰਮਤਿ ਸਿਧਾਂਤ ਦ੍ਰਿੜ ਕਰਵਾਏ। ਉਹਨਾਂ ਕਿਹਾ ਕਿ ਮਨੁੱਖ ਨੂੰ ਵਿਸ਼ੇ ਵਿਕਾਰਾਂ ਤੋਂ ਰਹਿਤ ਹੋ ਕੇ, ਪਾਪ ਕਰਨ ਦੀ ਬਜਾਏ ਕਿਸੇ ਉੱਤੇ ਦਇਆ ਕਰਕੇ ਜੀਵਨ ਨੂੰ ਸਾਧ ਸੰਗਤ ਵਿੱਚ ਜਾ ਕੇ ਪਰਮਾਤਮਾ ਦੀ ਬੰਦਗੀ ਕਰਨ ਨਾਲ ਸਫਲ ਕੀਤਾ ਜਾ ਸਕਦਾ। ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਅਵਤਾਰ ਸਿੰਘ ਬ੍ਰਹਮਜੀਤ ਜੋਨਲ ਆਰਗੇਨਾਈਜ਼ਰ ਹੁਸ਼ਿਆਰਪੁਰ ਨੇ ਨਿਭਾਈ। ਇਸ ਮੌਕੇ ਸਿੱਖ ਮਿਸ਼ਨਰੀ ਕਾਲਜ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਗਤਾਂ ਵਿੱਚ ਪ੍ਰਿੰਸੀਪਲ ਹਰਜਿੰਦਰ ਸਿੰਘ, ਲਾਲ ਸਿੰਘ ਅਸਲਾਮਾਬਾਦ, ਨਰਿੰਦਰ ਸਿੰਘ, ਪ੍ਰਧਾਨ ਗੁਰਮੁੱਖ ਸਿੰਘ, ਪਿਆਰਾ ਸਿੰਘ, ਚਰਨ ਸਿੰਘ, ਚੰਨਣ ਸਿੰਘ, ਸੋਹਣ ਸਿੰਘ, ਤਰਸੇਮ ਸਿੰਘ, ਸੰਸਾਰ ਸਿੰਘ, ਧਰਮ ਸਿੰਘ ਆਦਿ ਹਾਜ਼ਰ ਸਨ।

## ਕੁਲਜੀਤ ਸਿੰਘ ਰੰਧਾਵਾ ਵੱਲੋਂ ਟਿਵਾਣਾ ਬੰਨ੍ਹ ਦਾ ਦੌਰਾ

**ਲਾਲੜੂ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਘੱਗਰ ਦਰਿਆ ਦੇ ਟਿਵਾਣਾ ਬੰਨ੍ਹ ਦਾ ਅਧਿਕਾਰੀਆਂ ਨਾਲ ਮਿਲ ਕੇ ਦੌਰਾ ਕੀਤਾ ਤੇ ਹਾਲਾਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਵਸਨੀਕਾਂ ਨੂੰ ਭਰੋਸਾ ਦਿਵਾਇਆ ਕਿ ਸਥਾਨਕ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ ਹੈ ਅਤੇ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹੈ। ਵਿਧਾਇਕ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦਰਿਆ ਦੇ ਕੰਢਿਆਂ ਤੋਂ ਦੂਰ



ਰਹਿਣ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ। ਉਨ੍ਹਾਂ ਨੇ ਪ੍ਰਸ਼ਾਸਨਿਕ ਅਤੇ ਪੁਲਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਟਿਵਾਣਾ ਬੰਨ੍ਹ 'ਤੇ ਹਰ ਸਮੇਂ ਡਿਊਟੀ ਤੇ ਮੌਜੂਦ ਰਹਿਣ। ਇਸ ਤੋਂ ਇਲਾਵਾ ਕੁਲਜੀਤ ਸਿੰਘ ਰੰਧਾਵਾ ਲਾਲੜੂ ਵਿੱਖੇ ਝਰਮਲ ਨਦੀ ਵਿੱਚ ਤੇਜ਼ ਵਹਾਅ ਕਾਰਨ ਕਿਸਾਨ ਜਨਕ ਰਾਜ ਦੇ ਅਕਾਲ ਚਲਾਣਾ ਕਰ ਜਾਣ 'ਤੇ ਉਨ੍ਹਾਂ ਦੇ ਪਰਵਾਰ ਨਾਲ ਮਿਲੇ ਤੇ ਦੁੱਖ ਸਾਂਝਾ ਕੀਤਾ। ਵਿਧਾਇਕ ਨੇ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਸਰਕਾਰ ਵੱਲੋਂ ਬਣਦੀ ਸਹਾਇਤਾ ਵੀ ਜ਼ਰੂਰ ਮੁਹੱਈਆ ਕਰਵਾਈ ਜਾਵੇਗੀ।

## ਮਗਨਰੇਗਾ ਵਰਕਰਜ਼ ਯੂਨੀਅਨ ਵੱਲੋਂ ਅਰਥੀ ਫੂਕ ਮੁਜਾਹਰਾ



**ਬੰਗਾ (ਅਵਤਾਰ ਕਲੇਰ)**- ਮਗਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਤਹਿਸੀਲ ਪੱਧਰੀ ਰੈਲੀ ਅਤੇ ਅਰਥੀ ਫੂਕ ਮੁਜ਼ਾਹਰਾ ਤਹਿਸੀਲ ਦਫ਼ਤਰ ਬੰਗਾ ਵਿਖੇ ਕੀਤਾ ਗਿਆ। ਸੁਰਜੀਤ ਰਾਮ ਨੂਰਪੁਰ, ਮਹਿੰਦਰ ਪਾਲ ਖਾਨਖਾਨਾ, ਵਰਿੰਦਰ ਕੌਰ ਬਘੌਰਾ ਲੱਛਮੀ ਦੇਵੀ ਅਤੇ ਸਿਮਰੋ ਜਗਤਪੁਰ, ਪਰਮਜੀਤ ਲਿੱਦੜ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਮੌਕੇ ਹਰਪਾਲ ਸਿੰਘ ਜਗਤਪੁਰ ਤੇ ਹਰੀਬਿਲਾਸ ਹੀਉਂ ਨੇ ਮਗਨਰੇਗਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਰਕਰਾਂ ਨੂੰ ਲੋੜੀਂਦਾ ਕੰਮ ਨਹੀਂ ਦਿੱਤਾ ਜਾ ਰਿਹਾ।ਇਸ ਮੌਕੇ ਕਰਨੈਲ ਚੰਦ ਚੱਕ ਬਿਲਗਾਂ, ਜਸਵੀਰ ਸਿੰਘ ਮੋਰੋਂ ਤੇ ਹੋਰ ਬੁਲਾਰਿਆਂ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਮਗਨਰੇਗਾ ਵਰਕਰਾਂ ਦੀ ਦਿਹਾੜੀ ਵਿੱਚ ਵਾਧਾ ਕਰਕੇ 700 ਰੁਪਏ ਕੀਤਾ ਜਾਵੇ। ਕੰਮ ਸਾਰਾ ਸਾਲ ਮੁਹੱਈਆ ਕਰਵਾਇਆ ਜਾਵੇ। ਫਰੀ ਮੈਡੀਕਲ ਸਹੂਲਤਾਂ ਦਿੱਤੀਆਂ ਜਾਣ। ਵਰਕਰਾਂ ਦਾ ਬੀਮਾ ਕਰਵਾਇਆ ਜਾਵੇ। ਕੋਅਪਰੇਟਿਵ ਸੋਸਾਇਟੀਆਂ ਵੱਲੋਂ ਮਜ਼ਦੂਰਾਂ ਨੂੰ ਨੋਟਿਸ ਭੇਜਣੇ ਬੰਦ ਕੀਤੇ ਜਾਣ। ਇਸ ਮੌਕੇ ਚਰਨ ਕੌਰ, ਹਰਜਿੰਦਰ ਕੌਰ, ਸੀਮਾ ਰਾਣੀ ਖਾਨਖਾਨਾ, ਸੁਰਿੰਦਰ ਕੌਰ, ਸੋਢੀ ਰਾਮ ਸਾਬਕਾ ਸਰਪੰਚ ਆਦਿ ਨੇ ਵੀ ਸ਼ਮੂਲੀਅਤ ਕੀਤੀ।

## ਬਾਬਾ ਸ੍ਰੀ ਚੰਦ ਦਾ ਪ੍ਰਕਾਸ਼ ਉਤਸਵ ਮਨਾਉਣ ਸਬੰਧੀ ਵਿਚਾਰ-ਵਟਾਂਦਰਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ਼੍ਰੀ ਚੰਦ ਜੀ ਵਿਖੇ ਬੇਦੀ ਕੁੱਲ ਦੇ ਰੱਖਿਅਕ ਬਾਬਾ ਸ਼੍ਰੀ ਚੰਦ ਜੀ ਦੇ 531ਵੇਂ ਪ੍ਰਕਾਸ਼ ਉਤਸਵ ਨੂੰ ਹੋਣ ਵਾਲੇ ਸਮਾਗਮ ਦੇ ਸੰਬੰਧ ਵਿੱਚ ਸਮਾਗਮ ਦੇ ਮੁੱਖ ਪ੍ਰਬੰਧਕ ਬਾਬਾ ਸੁਖਦੇਵ ਸਿੰਘ ਬੇਦੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਬਾਬਾ ਸੁਖਦੇਵ ਸਿੰਘ ਬੇਦੀ 16ਵੀਂ ਸੰਤਾਨ ਸ਼੍ਰੀ ਗੁਰੂ ਨਾਨਕ ਦੇਵ ਜੀ ਅੰਸ ਵੰਸ ਦਰਬਾਰ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ



ਸ਼੍ਰੀ ਚੰਦ ਜੀ ਟਾਂਡਾ ਸ੍ਰੀ ਹਰਗੋਬਿੰਦਪੁਰ ਰੋਡ ਨੇੜੇ ਪਿੰਡ ਗਿੱਲ ਕੋਟਲੀ ਨੇ ਗੁਰਦੁਆਰਾ ਸਾਹਿਬ ਵਿਖੇ ਨਤ ਮਸਤਕ ਹੋਣ ਲਈ ਪਹੁੰਚੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੂੰ ਸਨਮਾਨਤ ਕਰਨ ਉਪਰੰਤ ਦੱਸਿਆ ਕਿ ਬਾਬਾ ਸ਼੍ਰੀ ਚੰਦ ਜੀ ਦਾ 531ਵਾਂ ਪ੍ਰਕਾਸ਼ ਉਤਸਵ ਗੁਰਦੁਆਰਾ ਗੁਰੂ ਨਾਨਕ ਦਰਬਾਰ ਵਿਖੇ 7 ਸਤੰਬਰ ਨੂੰ ਪੂਰਨਮਾਸ਼ੀ ਵਾਲੇ ਦਿਹਾੜੇ ਤੇ ਸ਼ਰਧਾ ਸਤਿਕਾਰ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੌਕੇ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ ਜਿਸ ਦੌਰਾਨ ਗੁਰੂ ਘਰ ਵਿਖੇ ਚੱਲ ਰਹੇ ਸ੍ਰੀ ਸਹਿਜ ਪਾਠ ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀ ਦੇ ਭੋਗ ਪਾਉਣ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸੰਤ ਬਾਬਾ ਸਰੂਪ ਸਿੰਘ ਜੀ ਚੰਡੀਗੜ੍ਹ ਵਾਲੇ ਤੇ ਹੋਰ ਰਾਗੀ ਢਾਡੀ ਜਥੇ ਪਹੁੰਚ ਕਰਕੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤ ਵਿਚਾਰਾਂ ਦੁਆਰਾ ਨਿਹਾਲ ਕਰਨਗੇ। ਇਸ ਮੌਕੇ ਡਾ. ਸੁਖਵਿੰਦਰ ਸਿੰਘ ਬੇਦੀ, ਡਾ. ਸੁਖਪ੍ਰੀਤ ਸਿੰਘ ਬੇਦੀ, ਡਾ.ਜਸ਼ਨਜੋਤ ਸਿੰਘ ਬੇਦੀ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਾਜਰ ਸਿੰਘ ਸਹਿਬਾਜ਼ਪੁਰ, ਬਾਬਾ ਗੁਰਜੀਤ ਸਿੰਘ, ਹੈਡ ਗ੍ਰੰਥੀ ਵੀਰ ਸਿੰਘ, ਦੀਦਾਰ ਸਿੰਘ, ਪਰਮਜੀਤ ਸਿੰਘ, ਲਖਬੀਰ ਸਿੰਘ, ਹਰਭਜਨ ਸਿੰਘ, ਗੁਰਮੀਤ ਸਿੰਘ ਵੀ ਹਾਜ਼ਰ ਸਨ ।

## ਮੁੱਖ ਮੰਤਰੀ ਰਾਹਤ ਫੰਡ ਵਿੱਚ ਇੱਕ ਦਿਨ ਦੀ ਤਨਖਾਹ ਦੇਣ ਦਾ ਫੈਸਲਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿੱਚ ਆਏ ਹੜ੍ਹਾਂ ਦੇ ਪੀੜਤਾਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕਰਦੇ ਹੋਏ ਸੂਬੇ ਦੇ ਆਬਕਾਰੀ ਅਤੇ ਕਰ ਵਿਭਾਗ ਦੇ ਕਰਮਚਾਰੀਆਂ ਨੇ ਸਰਬਸੰਮਤੀ ਨਾਲ ਆਪਣੀ ਇੱਕ ਦਿਨ ਦੀ ਤਨਖਾਹ ਮੁੱਖ ਮੰਤਰੀ ਰਾਹਤ ਫੰਡ ਵਿੱਚ ਦੇਣ ਦਾ ਫੈਸਲਾ ਕੀਤਾ ਹੈ। ਸਵੈ-ਇੱਛਤ ਯੋਗਦਾਨ ਦਾ ਉਦੇਸ਼ ਰਾਜ ਭਰ ਵਿੱਚ ਰਾਹਤ ਅਤੇ ਪੁਨਰਵਾਸ ਯਤਨਾਂ ਲਈ ਵਿੱਤੀ ਸਹਾਇਤਾ ਅਤੇ ਯੋਗਦਾਨ ਪ੍ਰਦਾਨ ਕਰਨਾ ਹੈ। ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਇਹ ਖੁਲਾਸਾ ਕਰਦਿਆਂ ਆਬਕਾਰੀ ਅਤੇ ਕਰ ਵਿਭਾਗ ਦੇ ਸਰਕਾਰੀ ਬੁਲਾਰੇ ਨੇ ਕਿਹਾ ਕਿ ਇਹ ਫੈਸਲਾ ਵਿਭਾਗ ਦੇ ਸਾਰੇ ਪੱਧਰਾਂ ਦੇ ਕਰਮਚਾਰੀਆਂ ਵੱਲੋਂ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਸਾਂਝੀ ਵਚਨਬੱਧਤਾ ਤਹਿਤ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਫੰਡ ਸਿੱਧਾ ਮੁੱਖ ਮੰਤਰੀ ਰਾਹਤ ਫੰਡ ਵਿੱਚ ਜਮ੍ਹਾ ਕੀਤੇ ਜਾਣਗੇ, ਜਿਸ ਦੀ ਵਰਤੋਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਭੋਜਨ, ਡਾਕਟਰੀ ਸਹਾਇਤਾ ਅਤੇ ਹੋਰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਲਈ ਕੀਤੀ ਜਾ ਰਹੀ ਹੈ।

## ਬਾਬਾ ਵਡਭਾਗ ਸਿੰਘ ਦਾ ਪ੍ਰਕਾਸ਼ ਪੁਰਬ ਮਨਾਇਆ

**ਬੰਗਾ (ਅਵਤਾਰ ਕਲੇਰ)**- ਦੇਹਰਾ ਬਾਬਾ ਵੱਡਭਾਗ ਸਿੰਘ ਮੈਨੇਜਮੈਂਟ ਕਮੇਟੀ ਲਾਲਪੁਰ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਧੰਨ ਧੰਨ ਬਾਬਾ ਵੱਡਭਾਗ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਮੁੱਖ ਸੇਵਾਦਾਰ ਬਾਬਾ ਜਸਵੰਤ ਸਿੰਘ ਵਲੋਂ ਦਰਬਾਰ ਤੇ ਧਾਰਮਿਕ ਰਸਮਾਂ ਅਦਾ ਕੀਤੀਆਂ। ਦੇਸ਼ ਵਿਦੇਸ਼ ਦੀਆਂ ਸੰਗਤਾਂ



ਦਰਬਾਰ ਤੇ ਨਤਮਸਤਕ ਹੋਈਆਂ। ਵੱਖ ਵੱਖ ਕਲਾਕਾਰਾਂ ਅਤੇ ਰਾਗੀ ਢਾਡੀਆਂ ਵਲੋਂ ਸੰਗਤਾਂ ਨੂੰ ਨਿਹਾਲ ਕੀਤਾ। ਮੁੱਖ ਸੇਵਾਦਾਰ ਬਾਬਾ ਜਸਵੰਤ ਸਿੰਘ ਵਲੋਂ ਰਾਗੀਆਂ, ਢਾਡੀਆਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਤ ਕੀਤਾ। ਦਰਬਾਰ ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਬਾਬਾ ਜਸਵੰਤ ਸਿੰਘ, ਰਾਮ ਸਿੰਘ, ਬਖਸ਼ੀਸ਼ ਸਿੰਘ, ਭੁਪਿੰਦਰ ਸਿੰਘ,ਹਨੀ ਸਿੰਘ, ਨਿਰਮਲ ਸਿੰਘ, ਬਲਦੇਵ ਸਿੰਘ, ਸੰਤੋਖ ਸਿੰਘ, ਪਰਮਜੀਤ ਢੰਢੂਹਾ ਆਦਿ ਹਾਜ਼ਰ ਸਨ।

## ਸੰਯੁਕਤ ਕਿਸਾਨ ਮੋਰਚਾ ਦੀ ਮੀਟਿੰਗ ਅੱਜ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- 1 ਸਤੰਬਰ ਨੂੰ 12 ਵਜੇ ਐਸ ਕੇ ਐਮ ਪੰਜਾਬ ਚੈਪਟਰ ਦੀ ਮੀਟਿੰਗ ਪ੍ਰੈਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਹੋਵੇਗੀ। ਇਸ ਦੀ ਜਾਣਕਾਰੀ ਐਸ ਕੇ ਐਮ ਪੰਜਾਬ ਚੈਪਟਰ ਦੇ ਪ੍ਰਧਾਨਗੀ ਮੰਡਲ ਵੱਲੋਂ ਦਿੱਤੀ ਗਈ ਹੈ, ਪ੍ਰਧਾਨਗੀ ਮੰਡਲ ਵਿੱਚ ਰੁਲਦੂ ਸਿੰਘ ਮਾਨਸਾ, ਬਲਜੀਤ ਸਿੰਘ ਗਰੇਵਾਲ ਤੇ ਬੂਟਾ ਸਿੰਘ ਸ਼ਾਦੀਪੁਰ ਵੱਲੋਂ ਸਾਰੀਆਂ ਹੀ ਸਬੰਧਿਤ ਜਥੇਬੰਦੀਆਂ ਵੱਲੋਂ 2-2 ਸੀਨੀਅਰ ਸਾਥੀ ਮੀਟਿੰਗ ਵਿੱਚ ਪਹੁੰਚਣ। ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ ਗੰਭੀਰ ਬਣੀ ਹੋਈ ਹੈ। ਜਦੋਂ ਵੀ ਹੜ੍ਹ ਆਉਂਦੇ ਹਨ ਲੋਕ ਆਪ ਹੀ ਬੰਨਾ ਤੇ ਮਿੱਟੀ ਪਾ ਕੇ ਉਨ੍ਹਾਂ ਨੂੰ ਟੁੱਟਣ ਤੋਂ ਬਚਾਉਂਦੇ ਹਨ। ਹੁਣ ਵੀ ਲੋਕ ਬੰਨਾ ਤੇ ਮਿੱਟੀ ਪਾ ਕੇ ਰਾਤ ਦਿਨ ਇੱਕ ਕਰਕੇ ਬੰਨਾ ਨੂੰ ਟੁੱਟਣ ਤੋਂ ਬਚਾ ਰਹੇ ਹਨ।

## 'ਗਰੀਬ ਦਾ ਮੂੰਹ, ਗੁਰੂ ਦੀ ਗੋਲਕ' ਸੰਸਥਾ ਵੱਲੋਂ ਬੂਟਿਆਂ ਦਾ ਲੰਗਰ ਲਗਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਵੱਲੋਂ ਵਰਸਾਏ ਬਾਬਾ ਯੱਖ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ



ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭੁਲਾਈ ਦੇ ਕਾਰਜ ਕਰ ਰਹੀ ਹੈ।ਸੰਸਥਾ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ 'ਗਰੀਬ ਦਾ ਮੂੰਹ,ਗੁਰੂ ਦੀ ਗੋਲਕ' ਸੰਸਥਾ (ਰਜਿ.) ਅਜਨੋਹਾ ਵੱਲੋਂ ਪੰਜ ਬੂਟੇ ਮੋਟਰ ਤੇ ਮੁਹਿੰਮ ਤਹਿਤ ਬੂਟਿਆਂ ਦਾ ਲੰਗਰ ਪਿੰਡ ਅਜਨੋਹਾ ਵਿਖੇ ਲਗਾਇਆ ਗਿਆ।ਪਿੰਡ ਦੀ ਸਰਪੰਚ ਬੀਬੀ ਕੌਰ ਨੇ ਬੂਟੇ ਵੰਡ ਕੇ ਲੰਗਰ ਦੀ ਸ਼ੁਰੂਆਤ ਕੀਤੀ ਗਈ। ਬੂਟਿਆਂ ਵਿੱਚ ਟਾਹਲੀ, ਨਿੰਮ, ਸੁਹਜਣਾ, ਛੱਤਰੀ ਵਾਲੀ ਡੇਕ, ਅਰਜੁਨ, ਅੰਬ, ਆੜੂ, ਅਮਰੂਦ, ਜਾਮਣ, ਕੱੜੀ ਪੱਤਾ, ਪਿੱਪਲ, ਛੱਤਰੀ ਵਾਲੀ ਡੇਕ, ਅਮਰੀਕਨ ਡੇਕ, ਆਂਵਲਾ, ਆਲੂ ਬੁਖਾਰਾ, ਇੰਸੋਲੀਨ ਸ਼ੂਗਰ ਦਾ ਬੂਟਾ, ਫੁੱਲਾਂ ਵਾਲੇ ਅਤੇ ਸਜਾਵਟੀ ਬੂਟੇ ਵੰਡੇ ਗਏ। ਇਸ ਮੌਕੇ ਹਾਜ਼ਰ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸਰਪੰਚ ਰਾਜ ਕਮਲ ਕੌਰ, ਬਲਜੀਤ ਸਿੰਘ ਬਿੱਲਾ ਖਾਲਸਾ ਅਜਨੋਹਾ, ਪੰਚ ਮਨਪ੍ਰੀਤ ਸਿੰਘ, ਜਰਨੈਲ ਸਿੰਘ ਅਜਨੋਹਾ, ਬਰਿੰਦਰ ਸਿੰਘ ਬਿੰਦਰ ਪੰਜੌੜਾ, ਸੁਮੀਤ ਪਾਲ ਸਿੰਘ, ਦਰਬਾਰਾ ਸਿੰਘ ਖਾਲਸਾ ਅਜਨੋਹਾ, ਉਂਕਾਰ ਸਿੰਘ ਖਾਲਸਾ ਨਰੂੜ, ਪੰਚ ਦਿਲਜੀਤ ਕੌਰ, ਪੰਚ ਬਰਿੰਦਰ ਸਿੰਘ, ਪੰਚ ਪਰਮਜੀਤ ਕੌਰ, ਪੰਚ ਅਜੀਤ ਸਿੰਘ, ਪੰਚ ਨਿਰਮਲ ਸਿੰਘ, ਡਾ.ਦਲਜੀਤ ਕੌਰ, ਸੁਨੀਤਾ, ਰਣਵੀਰ ਸਿੰਘ, ਕਮਲਾ ਰਾਣੀ ਜਸਵੰਤ ਕੌਰ ਨਰੂੜ, ਪ੍ਰੇਮ ਨਾਥ, ਕੁਲਦੀਪ ਕੌਰ, ਦਰਸ਼ਨ ਕੌਰ,ਹਰਦੀਪ ਕੌਰ, ਦਲਜੀਤ ਕੌਰ ਹਰਬੰਸ ਸਿੰਘ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ ਆਦਿ ।

## ਮੇਗਾ ਹੈੱਲਥ ਕੇਅਰ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਲਸ ਲਾਈਨਜ਼ ਹੁਸ਼ਿਆਰਪੁਰ ਵਿਖੇ ਸੰਦੀਪ ਕੁਮਾਰ ਮਲਿਕ, ਸੀਨੀਅਰ ਸੁਪਰਿਟੈਂਡੈਂਟ ਆਫ ਪੁਲਸ, ਹੁਸ਼ਿਆਰਪੁਰ ਦੀ ਦੇਖ-ਰੇਖ ਅਤੇ ਡਾ. ਆਸ਼ੀਸ਼ ਮੇਹਨ, ਮੈਡੀਕਲ ਅਫਸਰ, ਡਿਸਟ੍ਰਿਕਟ ਪੁਲਸ ਹੁਸ਼ਿਆਰਪੁਰ ਦੀ ਅਗਵਾਈ ਹੇਠ ਇਕ ਮੇਗਾ ਹੈਲਥ ਕੇਅਰ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ। ਇਹ ਕੈਂਪ ਵਰਧਮਾਨ ਯਾਰਨਜ਼ ਐਂਡ ਥ੍ਰੇਡਜ਼ ਲਿਮਿਟਡ, ਹੁਸ਼ਿਆਰਪੁਰ ਦੇ ਸੀ ਐਸ ਆਰ ਦੇ ਸਹਿਯੋਗ ਅਤੇ ਵਰਲਡ ਕੈਂਸਰ ਕੇਅਰ ਐਨ ਜੀ ਓ ਦੇ ਸਾਂਝੇ ਯਤਨਾਂ ਨਾਲ ਆਯੋਜਿਤ ਕੀਤਾ ਗਿਆ। ਕੈਂਪ ਦੇ ਮੁੱਖ ਮਹਿਮਾਨ ਸੰਦੀਪ ਕੁਮਾਰ ਮਲਿਕ, ਹੁਸ਼ਿਆਰਪੁਰ ਨੇ ਕੈਂਪ ਦੀ ਸ਼ੁਰੂਆਤ ਕੀਤੀ।ਇਸ ਕੈਂਪ ਵਿਚ ਲਗਭਗ 400 ਲਾਭਪਾਤਰੀਆਂ ਨੇ ਹਿੱਸਾ ਲਿਆ, ਜਿਸ ਵਿਚ ਪੁਲਸ ਕਰਮਚਾਰੀ, ਉਨ੍ਹਾਂ ਦੇ ਪਰਵਾਰਕ ਮੈਂਬਰ ਅਤੇ ਆਮ ਜਨਤਾ ਸ਼ਾਮਲ ਸੀ। ਕੈਂਪ ਵਿਚ ਮੁਫ਼ਤ ਜਾਂਚ ਅਤੇ ਸੇਵਾਵਾਂ ਦਿੱਤੀਆਂ ਗਈਆਂ ਜਿਵੇਂ ਕਿ ਕੈਂਸਰ ਅਵੇਰਨੈਸ ਅਤੇ ਸਕ੍ਰੀਨਿੰਗ, ਮੈਮੋਗ੍ਰਾਫੀ, ਬ੍ਰੈਸਟ ਆਈ-ਸਕੈਨ, ਪੈਪ ਸਮੀਅਰ,ਪੀ ਐਸ 1 ਟੈਸਟ, ਖ਼ੂਨ ਦੀਆਂ ਜਾਂਚਾਂ, ਦੰਦਾਂ ਅਤੇ ਮੂੰਹ ਦੀ ਜਾਂਚ (ਤੰਬਾਕੂ ਛੁਡਾਉਣ ਸਲਾਹ-ਮਸ਼ਵਰੇ ਨਾਲ), ਬੋਨ ਮਿਨਰਲ ਡੈਂਸਿਟੀ ਟੈਸਟ,




ਆਰਥੋ ਕਨਸਲਟੇਸ਼ਨ, ਅੱਖਾਂ ਦੀ ਜਾਂਚ ਅਤੇ ਆਮ ਸਿਹਤ ਜਾਂਚ। ਇਸ ਦੇ ਨਾਲ ਹੀ ਮੁਫ਼ਤ ਦਵਾਈਆਂ ਅਤੇ ਐਨਕਾਂ ਵੀ ਵੰਡੀਆਂ ਗਈਆਂ। ਇਸ ਮੌਕੇ ਵਰਧਮਾਨ ਗਰੁੱਪ ਵੱਲੋਂ ਆਈ ਐੱਮ ਜੇ ਐੱਸ. ਸਿੱਧੂ (ਪ੍ਰਧਾਨ ਅਤੇ ਡਾਇਰੈਕਟਰ-ਇਨ-ਚਾਰਜ), ਤਰੁਣ ਚਾਵਲਾ (ਡਾਇਰੈਕਟਰ-ਫਾਇਨੈਂਸ ਅਤੇ ਐਡਮਿਨਿਸਟ੍ਰੇਸ਼ਨ) ਅਤੇ ਪਰਦੀਪ ਦਾਦਵਾਲ (ਐਡਵਾਈਜ਼ਰ - ਸੁਰੱਖਿਆ ਅਤੇ ਸੀ ਐਸ ਆਰ) ਨੇ ਸ਼ਮੂਲੀਅਤ ਕੀਤੀ। ਵਰਲਡ ਕੈਂਸਰ ਕੇਅਰ ਐਨ ਜੀ ਓ ਦੇ ਡਾ. ਧਰਮਿੰਦਰ ਢਿੱਲੋਂ (ਮੈਨੇਜਿੰਗ ਡਾਇਰੈਕਟਰ) ਦੀ ਅਗਵਾਈ ਹੇਠ 25 ਮੈਂਬਰੀ ਡਾਕਟਰੀ ਟੀਮ ਨੇ ਪੂਰਾ ਸਹਿਯੋਗ ਦਿੱਤਾ।

## ਸਿੱਖਿਆ ਬੋਰਡ ਦਾ ਸੀਨੀਅਰ ਸਹਾਇਕ ਸੁਖਵਿੰਦਰ ਸਿੰਘ ਸੁੱਖਾ 6 ਮਹੀਨੇ ਤੋਂ ਲਾਪਤਾ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਬੋਰਡ ਵਿਚ ਕੰਮ ਕਰਦੇ ਸੀਨੀਅਰ ਸਹਾਇਕ ਸੁਖਵਿੰਦਰ ਸਿੰਘ ਪੁਤਰ ਸਰਦਾਰਾ ਸਿੰਘ ,ਜੋ 26 ਫਰਵਰੀ 2025 ਤੋਂ ਅਪਣੇ ਜੱਦੀ ਪਿੰਡ ਚੂੰਨੀ ਖੁਰਦ ਤੋ ਲਾਪਤਾ ਹੈ। ਫਤਿਹਗੜ੍ਹ ਪੁਲਿਸ ਵੱਲੋਂ ਅੱਜ ਤੱਕ ਐਫ ਆਈ ਆਰ ਵੀ ਨਹੀਂ ਕੱਟੀ ਗਈ। ਡੀ ਡੀ ਆਰ ਲਿਖਕੇ ਹੈ ਸਮਾਂ ਲੰਘਾਇਆ ਜਾ ਰਿਹਾ ਹੈ। ਯੂਨੀਅਨ ਦੀ ਪ੍ਰਧਾਨ ਰਮਨਦੀਪ ਕੌਰ ਗਿੱਲ ਅਤੇ ਜਨਰਲ ਸਕੱਤਰ ਸੁਖਚੈਨ ਸਿੰਘ ਸੈਣੀ ਨੇ ਡੀ ਜੀ ਪੀ ਪੀ ਪੰਜਾਬ ਨੂੰ ਪੱਤਰ ਲਿਖਕੇ ਮੰਗ ਕੀਤੀ ਗਈ ਉਹ ਤੁਰੰਤ ਇਸ ਮਾਮਲੇ ਵਿੱਖ ਦਖਲ ਦੇਕੇ ਪੀੜਤ ਪਰੀਵਾਰ ਨੂੰ ਇਨਸਾਫ ਦਿਵਾਉਣ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਐਸ ਐਸ ਪੀ ਫਤਿਹਗੜ੍ਹ ਸਾਹਿਬ ਨੂੰ ਪੱਤਰ ਲਿਖਿਆ ਗਿਆ ਸੀ। ਪਰ ਅਜ ਤੱਕ ਪੁਲਿਸ ਵੱਲੋਂ ਐਫ ਆਈ ਆਰ ਵੀ ਨਹੀ ਗਈ । ਸੁਖਵਿੰਦਰ ਸਿੰਘ ਦੇ ਚਾਚਾ ਜਰਨੈਲ ਸਿੰਘ ਚੂੰਨੀ ਸਾਬਕਾ ਪ੍ਰਧਾਨ ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਸਿਖਿਆ ਬੋਰਡ ਦੇ ਪੇਪਰਾਂ ਦੌਰਾਨ ਇਕ ਅਧਿਕਾਰੀ ਵੱਲੋਂ ਦੁਰਵਿਹਾਰ ਕਾਰਨ ਮਾਨਸਿਕ ਤਣਾਓ ਵਿੱਚੋਂ ਲੰਘ ਰਿਹਾ ਸੀ। ਜਿਸ ਕਾਰਨ ਉਹ 26 ਫਰਵਰੀ ਸ਼ਾਮ ਨੂੰ ਸੁਖਵਿੰਦਰ ਸਿੰਘ ਆਪਣੇ ਗਵਾਂਢੀ ਦੇ ਨਾਲ ਪਿੰਡ ਦੇ ਠੇਕੇ ਤੇ ਗਿਆ ਸੀ, ਪਰ ਉਸ ਤੋਂ ਬਾਅਦ ਉਹ ਘਰ ਨਹੀਂ ਪਰਤਿਆ। ਨਾਲ ਗਏ ਵਿਅਕਤੀ ਨੇ ਉਸ ਦੇ ਪੈਸੇ ਅਤੇ ਮੋਬਾਇਲ ਘਰ ਦੇ ਕੇ



ਇਹ ਕਹਿ ਗਿਆ ਕਿ ਸੁਖਵਿੰਦਰ ਸੜਕ ਤੇ ਬਣੀ ਪੁਲੀ ਦੇ ਕੋਲ ਖੜੇ ਪਾਣੀ ਵਿੱਚ ਡਿੱਗ ਪਿਆ ਹੈ। ਉਹਨਾਂ ਦੱਸਿਆ ਕਿ ਇਸ ਤੋਂ ਤੁਰੰਤ ਬਾਅਦ ਪਰਵਾਰਕ ਮੈਂਬਰਾਂ ਨੇ ਉਸ ਜਗ੍ਹਾ ਦੀ ਪੂਰੀ ਤਲਾਸ਼ ਕੀਤੀ ਪਰ ਉਥੇ ਸੁਖਵਿੰਦਰ ਸਿੰਘ ਨਹੀਂ ਸੀ। ਆਪਣੇ ਜੱਦੀ ਪਿੰਡ ਚੂੰਨੀ ਜਿਲਾ ਫਤਿਹਗੜ੍ਹ ਸਾਹਿਬ ਤੋਂ ਗੁੰਮ ਹਨ। ਉਹਨਾਂ ਬਾਰੇ ਫਤਿਹਗੜ੍ਹ ਸਾਹਿਬ ਪੁਲਸ ਅਜੇ ਤੱਕ ਕੇਸ ਦੀ ਤਹਿ ਤੱਕ ਪਹੁੰਚਣ ਵਿੱਚ ਕਾਮਯਾਬ ਨਹੀਂ ਹੋਈ ਹੈ। ਪਰਵਾਰਿਕ ਮੈਂਬਰਾਂ ਨੇ 27 ਫਰਵਰੀ ਨੂੰ ਹੀ ਸੰਬੰਧਿਤ ਥਾਣੇ ਵਿੱਚ ਡੀ ਡੀ ਆਰ ਲਿਖਵਾ ਦਿੱਤੀ ਸੀ। ਪਰ ਅੱਜ ਤੱਕ ਸੁਖਵਿੰਦਰ ਸਿੰਘ ਲੱਭਣ ਵਿੱਚ ਫਤਿਹਗੜ੍ਹ ਸਾਹਿਬ ਪੁਲਸ ਕਾਮਯਾਬ ਨਹੀਂ ਹੋਈ ਹੈ।ਉਨ੍ਹਾਂ ਮੰਗ ਕੀਤੀ ਕਿ ਤੁਰੰਤ ਕੇਸ ਦੀ ਪੈਰਵਾਈ ਤੁਰੰਤ ਕਰਕੇ ਪਰਵਾਰ ਨੂੰ ਇਨਸਾਫ ਦਵਾਇਆ ਜਾਵੇ।

## ਡਾ. ਅਸ਼ੋਕ ਕੁਮਾਰ ਮਿੱਤਲ ਨੇ ਹੜ੍ਹ ਪ੍ਰਭਾਵਿਤ ਪਰਵਾਰਾਂ ਨੂੰ ਰਾਹਤ ਕੀਤੀ ਪ੍ਰਦਾਨ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਵਿੱਚ ਹਾਲ ਹੀ ਵਿੱਚ ਹੋਈ ਭਾਰੀ ਬਾਰਸ਼ ਕਾਰਨ ਗੰਭੀਰ ਹੜ੍ਹ ਆਏ ਅਤੇ ਰਾਜ ਦੇ ਵੱਡੇ ਹਿੱਸੇ ਡੁੱਬ ਗਏ। ਲਵਲੀ ਪ੍ਰੋਫੈਸ਼ਨਲ



ਯੂਨੀਵਰਸਿਟੀ (ਐਲ ਪੀ ਯੂ) ਨੇ ਸੰਸਦ ਮੈਂਬਰ (ਰਾਜ ਸਭਾ) ਅਤੇ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਦੀ ਅਗਵਾਈ ਹੇਠ ਇੱਕ ਵੱਡੀ ਰਾਹਤ ਪਹਿਲਕਦਮੀ ਸ਼ੁਰੂ ਕੀਤੀ। ਡਾ. ਮਿੱਤਲ ਨੇ ਨਿੱਜੀ ਤੌਰ 'ਤੇ ਕਪੂਰਥਲਾ ਦੇ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ ਤਾਂ ਜੋ 600 ਤੋਂ ਵੱਧ ਪ੍ਰਭਾਵਿਤ ਪਰਵਾਰਾਂ ਨੂੰ ਜ਼ਰੂਰੀ ਚੀਜ਼ਾਂ ਦੀ ਵੰਡ ਦੀ ਨਿਗਰਾਨੀ ਕੀਤੀ ਜਾ ਸਕੇ। ਰਾਹਤ ਕਾਰਜ ਐਲ ਪੀ ਯੂ ਸਟਾਫ, ਐਨ ਐਸ ਐਸ ਵਲੰਟੀਅਰਾਂ ਅਤੇ ਐਨ ਸੀ ਸੀ ਕੈਡਿਟਾਂ ਦੀ ਇੱਕ ਟੀਮ ਦੁਆਰਾ ਜ਼ਮੀਨੀ ਪੱਧਰ 'ਤੇ ਕੀਤਾ ਗਿਆ, ਜਿਨ੍ਹਾਂ ਨੇ ਤੁਰੰਤ ਲੋੜਵੰਦ ਭਾਈਚਾਰਿਆਂ ਨੂੰ ਰਾਹਤ ਕਿੱਟਾਂ ਅਤੇ ਹੋਰ ਜ਼ਰੂਰੀ ਸਹਾਇਤਾ ਪ੍ਰਦਾਨ ਕੀਤੀ। ਐਸ ਡੀ ਐਮ ਮੇਜਰ ਇਰਵਿਨ ਕੌਰ, ਡੀ ਐਸ ਪੀ ਹਰਗੁਰਦੇਵ ਸਿੰਘ, ਏ ਡੀ ਸੀ ਵਰਿੰਦਰ ਪਾਲ ਸਿੰਘ ਬਾਜਵਾ, ਐਸ ਪੀ (ਡੀ) ਪ੍ਰਭਜੋਤ ਸਿੰਘ ਵਿਰਕ ਅਤੇ ਹਲਕਾ ਇੰਚਾਰਜ ਸਰਦਾਰ ਸੱਜਣ ਸਿੰਘ ਚੀਮਾ ਨੇ ਵੀ ਵੰਡ ਮੁਹਿੰਮ ਵਿੱਚ ਸ਼ਿਰਕਤ ਕੀਤੀ। ਡਾ. ਮਿੱਤਲ ਨੇ ਨੁਕਸਾਨ ਨੂੰ ਖੁਦ ਦੇਖਿਆ ਅਤੇ ਪ੍ਰਭਾਵਿਤ ਪਰਿਵਾਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ 'ਇਸ ਆਫ਼ਤ ਨੇ ਸਾਡੇ ਭਾਈਚਾਰੇ 'ਤੇ ਬਹੁਤ ਸਾਰੀਆਂ ਮੁਸ਼ਕਲਾਂ ਲਿਆਂਦੀਆਂ ਹਨ।' 'ਇਸ ਤਰ੍ਹਾਂ ਦੇ ਸਮੇਂ, ਇਹ ਸਿਰਫ਼ ਸਹਾਇਤਾ ਪ੍ਰਦਾਨ ਕਰਨ ਬਾਰੇ ਨਹੀਂ ਹੈ, ਸਗੋਂ ਇਕੱਠੇ ਖੜ੍ਹੇ ਹੋਣ, ਉਮੀਦ ਦੀ ਕਿਰਨ ਫੈਲਾਉਣ ਅਤੇ ਇਹ ਯਕੀਨੀ ਬਣਾਉਣ ਬਾਰੇ ਹੈ ਕਿ ਕੋਈ ਵੀ ਇਕੱਲਾ ਮਹਿਸੂਸ ਨਾ ਕਰੇ। ਇਕੱਠੇ ਮਿਲ ਕੇ, ਅਸੀਂ ਇਸ ਆਫ਼ਤ 'ਤੇ ਕਾਬੂ ਪਾਵਾਂਗੇ।'

## ਸੀਚੇਵਾਲ ਨੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਹੜ੍ਹਾਂ ਨੂੰ ਕੌਮੀ ਆਫ਼ਤ ਐਲਾਨਣ ਦੀ ਕੀਤੀ ਮੰਗ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਹੜ੍ਹ ਨਾਲ ਪੰਜਾਬ ਦੀ ਵੱਡੇ ਪੱਧਰ 'ਤੇ ਹੋਈ ਤਬਾਹੀ ਨੂੰ ਦੇਖਦਿਆਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਇਸ ਨੂੰ ਕੌਮੀ ਆਫਤ ਐਲਾਨਿਆ ਜਾਵੇ। ਉਹਨਾਂ ਆਪਣੇ ਪੱਤਰ ਵਿੱਚ ਲਿਖਿਆ ਹੈ ਕਿ ਹਿਮਾਚਲ ਪ੍ਰਦੇਸ਼ ਅਤੇ ਜੰਮੂ ਕਸ਼ਮੀਰ ਵਿੱਚ ਬੱਦਲ ਫਟਣ ਨਾਲ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋਇਆ ਹੈ। ਉਹਨਾਂ ਆਪਣੇ ਪੱਤਰ ਵਿੱਚ ਇਹ ਵੀ ਲਿਖਿਆ ਹੈ ਕਿ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਵਿੱਚ ਪਏ ਮੀਂਹ ਨੇ ਵੀ ਸਥਿਤੀ ਨੂੰ ਗੰਭੀਰ ਕੀਤਾ ਹੈ। ਉਹਨਾਂ ਮੀਡੀਆਂ ਰਿਪੋਰਟਾਂ ਦਾ ਹਵਾਲਾ ਦਿੰਦਿਆ ਦੱਸਿਆ ਕਿ ਪੰਜਾਬ ਦੇ 500 ਦੇ ਕਰੀਬ ਪਿੰਡ, 300 ਸਰਕਾਰੀ ਸਕੂਲ ਅਤੇ 3 ਲੱਖ ਕਿਸਾਨਾਂ ਦੀ ਫਸਲ ਹੜ੍ਹਾਂ ਦੀ ਮਾਰ ਹੇਠ ਆਈ ਹੋਈ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਮੌਜੂਦਾ ਪਾਣੀ ਦੇ ਵਹਾਅ ਨੇ ਪੰਜਾਬ ਵਿੱਚ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ।ਸੰਤ ਸੀਚੇਵਾਲ ਨੇ ਪੱਤਰ ਰਾਹੀ ਦੱਸਿਆ ਕਿ ਬਿਆਸ ਦਰਿਆ ਦੇ ਪਾਣੀ ਨੇ ਕਿਸਾਨਾਂ ਦੀ ਹਜ਼ਾਰਾਂ ਏਕੜ ਫਸਲ ਤਬਾਹ ਕਰਕੇ ਰੱਖ ਦਿੱਤੀ ਹੈ। ਇਸ ਸਮੇਂ ਪੰਜਾਬ ਦੇ ਮਾਝਾ, ਮਾਲਵਾ ਤੇ ਦੁਆਬਾ ਤਿੰਨੇ ਖੇਤਰ ਬੁਰੀ ਤਰ੍ਹਾਂ ਨਾਲ ਹੜ੍ਹ ਨਾਲ ਪ੍ਰਭਾਵਿਤ ਹੋਏ ਹਨ। ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨ-ਤਾਰਨ, ਕਪੂਰਥਲਾ, ਫਿਰੋਜ਼ਪੁਰ ਅਤੇ ਫਾਜ਼ਿਲਕਾ ਜ਼ਿਲ੍ਹੇ ਹੜ੍ਹ ਦੀ ਭਿਆਨਕ ਸਥਿਤੀ ਨਾਲ ਜੂਝ ਰਹੇ ਹਨ।ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਇਸ ਪੱਤਰ ਦਾ ਇੱਕ ਉਤਾਰਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲਿਖਦਿਆ ਮੰਗ ਕੀਤੀ ਹੈ ਕਿ ਉਹ ਮਜ਼ਬੂਤੀ ਨਾਲ ਕੇਂਦਰ ਕੋਲ ਪੰਜਾਬ ਦਾ ਪੱਖ ਰੱਖਣ। ਉਹਨਾਂ ਪੱਤਰ ਰਾਹੀ ਮੁੱਖ ਮੰਤਰੀ ਨੂੰ ਵੀ ਅਪੀਲ ਕੀਤੀ ਹੈ ਕਿ ਹੜ੍ਹਾਂ ਦੀ ਸਥਿਤੀ ਬਾਰੇ ਪੰਜਾਬ ਸਰਕਾਰ ਵੱਲੋਂ ਵੀ ਪੱਤਰ ਲਿਖ ਕੇ ਭਾਰਤ ਸਰਕਾਰ ਨੂੰ ਤੱਥਾਂ ਸਮੇਤ ਆਪਣਾ ਪੱਖ ਰੱਖਿਆ ਜਾਵੇ। ਗੱਲਬਾਤ ਦੌਰਾਨ ਸੰਤ ਸੀਚੇਵਾਲ ਨੇ ਆਪਣੀ ਇਸ ਮੰਗ ਨੂੰ ਦੁਹਰਾਇਆ ਕਿ ਮੁਆਵਜ਼ਾ ਕਾਸ਼ਤਕਾਰਾਂ ਨੂੰ ਮਿਲਣਾ ਚਾਹੀਦਾ ਹੈ। ਸੀਚੇਵਾਲ ਵੱਲੋਂ ਅੱਜ ਮੰਡ ਏਰੀਏ ਵਿੱਚ ਸਭ ਤੋਂ ਜ਼ਿਆਦਾ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਪਹੁੰਚ ਕਰਕੇ ਲੋਕਾਂ ਨੂੰ ਰੈਸਕਿਊ ਕੀਤਾ ਗਿਆ।ਬਾਊਪੁਰ ਦੇ ਕਵਰਡ ਦੁਆਲੇ ਦੇ ਪਿੰਡਾਂ ਦੇ ਕਿੰਨੇ ਹੀ ਘਰ ਇਸ ਵਕਤ ਬਿਆਸ ਦਰਿਆ ਦੇ ਪਾਣੀ ਦੀ ਮਾਰ ਝੱਲ ਰਹੇ ਹਨ। ਅੱਜ ਸਵੇਰ ਤੋਂ ਹੀ ਸੰਤ ਸੀਚੇਵਾਲ ਤੇ ਉਹਨਾਂ ਦੇ ਸੇਵਾਦਾਰਾਂ ਵੱਲੋਂ ਵੱਧਦੇ ਪਾਣੀ ਦੇ ਪੱਧਰ ਨੂੰ ਦੇਖਦਿਆਂ 100 ਦੇ ਕਰੀਬ ਲੋਕਾਂ ਤੇ ਉਹਨਾਂ ਦੇ ਸਮਾਨ ਨੂੰ ਹੜ੍ਹਾਂ ਦੇ ਸਭ ਤੋਂ ਪ੍ਰਭਾਵਿਤ ਥਾਵਾਂ ਤੋਂ ਕੱਢ ਕਿ ਸੁਰੱਖਿਅਤ ਥਾਵਾਂ 'ਤੇ ਪਹੁੰਚਦਾ ਕੀਤਾ ਗਿਆ। ਉਹਨਾਂ ਵੱਲੋਂ ਜੋ ਲੋਕ ਹਲੇ ਵੀ ਆਪਣੇ ਘਰਾਂ ਵਿੱਚ ਹਨ ਉਹਨਾਂ ਨੂੰ ਪ੍ਰਸ਼ਾਦਾ ਪਾਣੀ ਪਹੁੰਚਦਾ ਕੀਤਾ ਗਿਆ। ਸੰਤ ਸੀਚੇਵਾਲ ਨੇ ਹਲਾਤ ਸਥਿਰ ਹੋਣ ਤੱਕ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਰਹਿਣ ਦੀ ਅਪੀਲ ਕੀਤੀ।



## ਰਿਆਤ ਬਾਹਰਾ 'ਵਰਸਿਟੀ ਵਿਖੇ ਖੇਡ ਦਿਵਸ ਨੂੰ ਵੱਡਾ ਹੁੰਗਾਰਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਵਿੱਚ ਖੇਡ ਦਿਵਸ ਯੂਨੀਵਰਸਿਟੀ ਦੇ ਡਾਇਰੈਕਟਰ ਖੇਡ ਸਪੋਰਟਸ ਡਾ. ਮਹੇਸ਼ ਜੇਟਲੀ ਦੀ ਨਿਗਰਾਨੀ ਹੇਠ ਖੇਡ ਮੈਦਾਨ ਵਿੱਚ ਬੜੇ ਉਤਸ਼ਾਹ ਅਤੇ ਜਜ਼ਬੇ ਨਾਲ ਮਨਾਇਆ ਗਿਆ।ਵਿਦਿਆਰਥੀਆਂ ਵੱਲੋਂ ਮਿਲੇ ਭਰਪੂਰ ਹੁੰਗਾਰੇ ਨੇ ਯੂਨੀਵਰਸਿਟੀ ਦੀ ਸਰੀਰਕ ਤੰਦਰੁਸਤੀ ਅਤੇ ਸੰਪੂਰਨ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਸਾਬਤ ਕੀਤਾ।ਸਮਾਰੋਹ ਦਾ ਉਦਘਾਟਨ ਗਰੁੱਪ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਕੀਤਾ।ਇਸ ਮੌਕੇ 'ਯੂ ਐਸ ਏ ਮੈਂਬ ਐਸ' ਦੇ ਡੀਨ ਡਾ. ਪੰਕਜ ਕੌਲ ਅਤੇ 'ਯੂਐਸਪੀਅਰ' ਦੇ ਡੀਨ ਡਾ. ਲਲਿਤ ਵੀ ਹਾਜ਼ਰ ਸਨ।ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰੋ. (ਡਾ.) ਸੰਜੇ ਕੁਮਾਰ ਨੇ ਵਿਦਿਆਰਥੀਆਂ ਨੂੰ ਅਕਾਦਮਿਕ ਅਤੇ ਖੇਡਾਂ ਦੋਵਾਂ ਖੇਤਰਾਂ ਵਿੱਚ ਮਹਾਨਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਲਚਕੀਲਾਪਣ ਦਾ ਵਿਕਾਸ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਇਸੇ ਤਰ੍ਹਾਂ, ਖੋਜ ਨਿਰਦੇਸ਼ਕ ਡਾ. ਰਮਨ ਕੁਮਾਰ ਅਤੇ ਡਾਇਟੀਸ਼ੀਅਨ ਕਮਲਪ੍ਰੀਤ ਕੌਰ ਚਾਹਲ ਨੇ ਵੀ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ ਅਤੇ ਸਿਹਤ, ਸਮਰਪਣ ਤੇ ਅਨੁਸ਼ਾਸਨ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ।ਖੇਡ ਦਿਵਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਟਰੈਕ ਐਂਡ ਫੀਲਡ ਇਵੈਂਟਾਂ, ਟੀਮ ਗੇਮਾਂ ਅਤੇ ਫਿਟਨੈਸ



ਗਤੀਵਿਧੀਆਂ ਵਿੱਚ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ, ਜ਼ਜਬੇ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਗਰੁੱਪ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਡਾ. ਮਹੇਸ਼ ਜੇਟਲੀ ਨੇ ਕਿਹਾ ਕਿ ਸਰੀਰਕ ਤੰਦਰੁਸਤੀ, ਟੀਮ ਵਰਕ ਅਤੇ ਖੇਡ ਭਾਵਨਾ ਸੁਚੱਜੀਆਂ ਤੇ ਗਤੀਸ਼ੀਲ ਸ਼ਖਸੀਅਤਾਂ ਨੂੰ ਨਿਖਾਰਨ ਲਈ ਬਹੁਤ ਜ਼ਰੂਰੀ ਹਨ।

## ਮੌਸਮ ਵਿਭਾਗ ਵੱਲੋਂ ਕਪੂਰਥਲਾ 'ਚ ਮੀਂਹ ਦਾ ਰੈੱਡ ਅਲਰਟ

**ਕਪੂਰਥਲਾ (ਪ੍ਰੀਤ ਸੰਗੋਜਲਾ, ਮਨਜੀਤ ਮਾਨ, ਬਲਵੀਰ ਸ਼ਾਲ੍ਹਾਪੁਰੀ)**- ਉਪਰਲੇ ਪਹਾੜੀ ਖੇਤਰਾਂ ਵਿਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਬਿਆਸ ਦਰਿਆ ਵਿਚ ਪਾਣੀ ਦੇ ਵਧੇ ਪੱਧਰ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਨੇ ਅਲਰਟ ਜਾਰੀ ਕਰਦਿਆਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਆਉਣ ਦੀ ਅਪੀਲ ਕੀਤੀ ਹੈ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਭਾਰੀ ਮੀਂਹ ਕਾਰਨ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ 2.35 ਲੱਖ ਕਿਊਸਕ ਹੋ ਗਿਆ ਹੈ, ਜਿਸ ਕਾਰਨ ਨੀਂਵੇ ਖੇਤਰਾਂ ਵਿਚ ਰਹਿ ਰਹੇ ਲੋਕ ਤੁਰੰਤ ਸੁਰੱਖਿਅਤ ਥਾਵਾਂ ਉਪਰ ਆ ਜਾਣ। ਉਨ੍ਹਾਂ ਇਹ ਵੀ ਦੱਸਿਆ ਕਿ ਮੌਸਮ ਵਿਭਾਗ ਵੱਲੋਂ ਕਪੂਰਥਲਾ ਜ਼ਿਲ੍ਹੇ ਵਿੱਚ ਭਾਰੀ ਮੀਂਹ ਦਾ ਅਲਰਟ ਜਾਰੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਲੰਘੀ ਰਾਤ ਤੋਂ ਹੋ ਰਹੀ ਭਾਰੀ ਬਾਰਿਸ਼ ਕਾਰਨ ਬਿਆਸ ਦਰਿਆ ਵਿੱਚ ਪਾਣੀ ਦਾ ਪੱਧਰ ਵੱਧ ਰਿਹਾ ਹੈ। ਜ਼ਿਲ੍ਹਾ ਪ੍ਰਸ਼ਾਸਨ ਦਾ ਕੰਟਰੋਲ ਰੂਮ ਨੰਬਰ 62800-49331, 01822-231990 ਅਤੇ ਸੁਲਤਾਨਪੁਰ ਲੋਧੀ ਸਬ ਡਵੀਜ਼ਨ ਦੇ ਹੜ੍ਹ ਰੋਕੂ ਕੰਟਰੋਲ ਰੂਮ 01828-222169 24 ਘੰਟੇ ਕਾਰਜਸ਼ੀਲ ਹਨ।

## ਕਿਸ਼ਤੀ ਰਾਹੀਂ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਦਿੱਤੀਆਂ ਜਾ ਰਹੀਆਂ ਹਨ ਸਿਹਤ ਸੇਵਾਵਾਂ : ਡਾ. ਪ੍ਰੇਮ ਕੁਮਾਰ

**ਸੁਲਤਾਨਪੁਰ ਲੋਧੀ/ ਕਾਲਾ ਸੰਘਿਆ (ਬਲਵਿੰਦਰ ਸਿੰਘ ਧਾਲੀਵਾਲ, ਮਨਜੀਤ ਮਾਨ)**- ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਢਿੱਲਵਾਂ ਦੀਆਂ ਦੋ ਮੈਡੀਕਲ ਟੀਮਾਂ ਬੁਤਾਲਾ ਮੰਡ ਅਤੇ ਮੰਡ ਸਰਦਾਰ ਸਿੰਘ ਵਾਲਾ ਵਿਖੇ ਤਾਇਨਾਤ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀ ਸਾਡੀ ਮੈਡੀਕਲ ਟੀਮ ਨੂੰ ਹੜ੍ਹ ਪ੍ਰਭਾਵਿਤ ਪਿੰਡ ਤੋਂ ਇੱਕ ਗਰਭਵਤੀ ਮਹਿਲਾ ਦੇ ਪੈਰ 'ਤੇ ਸੱਟ ਲਗਣ ਦੀ ਸੂਚਨਾ ਮਿਲੀ ਸੀ, ਜਿਸ ਉਪਰੰਤ ਤੁਰੰਤ ਕਾਰਵਾਈ ਕਰਦਿਆਂ ਉਨ੍ਹਾਂ ਐਸ ਡੀ ਆਰ ਐਫ ਦੀ ਟੀਮ ਨਾਲ ਕਿਸ਼ਤੀ ਰਾਹੀਂ



ਜਾ ਕਿ ਗਰਭਵਤੀ ਮਹਿਲਾ ਦੀ ਸਿਹਤ ਜਾਂਚ ਦੇ ਹੁਕਮ ਦਿੱਤੇ। ਜਿਸ ਤੋਂ ਬਾਅਦ ਡਾਕਟਰ ਨਵਦੀਪ ਕੌਰ ਅਤੇ ਨਰਿੰਦਰ ਸਿੰਘ ਕਿਸ਼ਤੀ ਰਾਹੀਂ ਗਰਭਵਤੀ ਮਹਿਲਾ ਦੇ ਘਰ ਪਹੁੰਚੇ। ਡਾਕਟਰ ਨਵਦੀਪ ਕੌਰ ਵੱਲੋਂ ਗਰਭਵਤੀ ਮਹਿਲਾ ਦੀ ਸਿਹਤ ਜਾਂਚ ਕੀਤੀ ਗਈ ਅਤੇ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਨਵਦੀਪ ਕੌਰ ਨੇ ਦੱਸਿਆ ਕਿ ਗਰਭਵਤੀ ਮਹਿਲਾ ਬਿਲਕੁਲ ਤੰਦਰੁਸਤ ਹੈ, ਉਸ ਦੇ ਪੈਰ 'ਤੇ ਸੱਟ ਲਗੀ ਸੀ ਜਿਸ ਦਾ ਉਨ੍ਹਾਂ ਵੱਲੋਂ ਯੋਗ ਇਲਾਜ ਕੀਤਾ ਗਿਆ। ਉਨ੍ਹਾਂ ਘਰ ਵਿੱਚ ਰਹਿ ਰਹੇ ਸਮੂਹ ਪਰਿਵਾਰਕ ਮੈਂਬਰਾਂ ਨੂੰ ਘਰ ਤੋਂ ਬਾਹਰ ਆਉਣ ਅਤੇ ਪ੍ਰਸ਼ਾਸਨ ਦਾ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ।

## ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਪਾਵਰਕਾਮ ਸਰਕਲ ਡਵੀਜ਼ਨ ਕਪੂਰਥਲਾ ਦੇ ਸੁਪਰਡੈਂਟ ਖਿਲਾਫ ਰੋਸ ਧਰਨਾ

**ਕਾਲਾ ਸੰਘਿਆਂ (ਮਨਜੀਤ ਮਾਨ)** ਪੈਨਸ਼ਨ ਐਸੋਸੀਏਸ਼ਨ ਪਾਵਰਕਾਮ/ਟਰਾਸਕੋ ਸਬ ਅਰਬਨ ਸਿਟੀ ਡਵੀਜ਼ਨ ਕਪੂਰਥਲਾ ਦੇ ਪ੍ਰਧਾਨ ਰੇਸ਼ਮ ਸਿੰਘ ਮਾਨ,



ਸਕੱਤਰ ਬਲਦੇਵ ਰਾਜ ਤੇ ਸਿਟੀ ਡਵੀਜ਼ਨ ਵਰਕਿੰਗ ਕਮੇਟੀ ਦੇ ਅਹੁਦੇਦਾਰਾਂ ਨੇ ਪ੍ਰੈੱਸ ਨੂੰ ਇੱਕ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ ਦੇ ਖਿਲਾਫ਼ ਮੁਹਿੰਮ ਚਲਾਈ ਹੋਈ ਹੈ, ਪਰ ਪਾਵਰਕਾਮ ਸਰਕਲ ਕਪੂਰਥਲਾ ਵਿੱਚ ਸੁਪਰਡੈਂਟ ਰਕੇਸ਼ ਕੁਮਾਰ ਗੁਪਤਾ ਭ੍ਰਿਸ਼ਟ ਭਾਵਨਾ ਨਾਲ ਕੰਮ ਕਰ ਰਿਹਾ ਹੈ ਬਜ਼ੁਰਗ ਪੈਨਸਨਰ ਬਿਮਾਰੀ ਦੀ ਹਾਲਤ ਵਿਚ ਪਹਿਲਾਂ ਹੀ ਪ੍ਰੇਸ਼ਾਨ ਹਨ ਕਿਉਂਕਿ ਡਿਊਟੀ ਕਰਦੇ ਸਮੇਂ ਇੰਨਾਂ ਨੂੰ ਕਈ ਵਾਰ ਕਰੰਟ ਲੱਗੇ ਸੱਟਾ ਲੱਗੀਆਂ ਜਿਹੜੀਆਂ ਬੁਢਾਪੇ ਵਿੱਚ ਪ੍ਰੇਸ਼ਾਨ ਕਰਦੀਆਂ ਹਨ ਪੈਨਸ਼ਨਰ ਲੱਖਾਂ ਰੁਪਏ ਖਰਚ ਕੇ ਬਿਲ ਡਵੀਜ਼ਨ ਦਫਤਰ ਦਿੰਦੇ ਹਨ ਐਕਸੀਅਨ ਵੱਲੋਂ ਚੈੱਕ ਕਰਕੇ ਸੀ ਐਮ ਓ ਨੂੰ ਸ਼ਿਵਲ ਹਸਪਤਾਲ ਕਪੂਰਥਲਾ ਨੂੰ ਭੇਜਦੇ ਹਨ ਉਥੋਂ ਪੀ ਜੀ ਆਈ ਚੰਡੀਗੜ੍ਹ ਭੇਜੇ ਜਾਂਦੇ ਹਨ ਪੀ ਜੀ ਆਈ ਚੰਡੀਗੜ੍ਹ ਕਈ ਕਈ ਸਾਲਾਂ ਬਾਅਦ ਪਾਸ ਹੋ ਕਿ ਆਉਂਦੇ ਹਨ ਪਾਸ ਹੋਇਆ ਬਿਲ ਮੰਜੂਰੀ ਵਾਸਤੇ ਸਰਕਲ ਦਫਤਰ ਕਪੂਰਥਲਾ ਜਾਦਾ ਹੈ ਜਿਥੇ ਸਰਕਲ ਦਫਤਰ ਕਪੂਰਥਲਾ ਵੱਲੋਂ ਬੇਲੋੜੇ ਇਤਰਾਜ ਲਗਾ ਕੇ ਕਈ ਕਈ ਮਹੀਨੇ ਖੱਜਲਖੁਆਰ ਕੀਤਾ ਜਾ ਰਿਹਾ ਹੈ। ਜਦੋਂ ਕਿ ਇਹ ਚੈਕ ਕਰਨ ਦੀ ਐਕਸੀਅਨ ਦੀ ਜਿੰਮੇਵਾਰੀ ਹੈ, ਜਿਸਨੇ ਚੈਕ ਕਰਕੇ ਪਾਸ ਕਰਵਾਏ ਹੁੰਦੇ ਹਨ ਸਰਕਲ ਕਪੂਰਥਲਾ ਦਾ ਸੁਪਰਡੈਂਟ ਰਕੇਸ਼ ਕੁਮਾਰ ਗੁਪਤਾ ਭ੍ਰਿਸ਼ਟ ਭਾਵਨਾ ਨਾਲ ਬੇਬੁਨਿਆਦ ਇਤਰਾਜ ਲਗਾ ਰਿਹਾ ਉਕਤ ਆਗੂਆਂ ਨੇ ਮੌਜੂਦਾ ਸਰਕਾਰ 'ਤੇ ਪਾਵਰਕਾਮ ਦੇ ਉੱਚ ਅਧਿਕਾਰੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਕਤ ਭ੍ਰਿਸ਼ਟ ਸੁਪਰਡੈਂਟ ਨੂੰ ਬਠਿੰਡਾ ਜਾ ਗੁਰਦਾਸਪੁਰ ਸਾਈਡ ਦੀ ਬਦਲੀ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਭ੍ਰਿਸ਼ਟ ਸੁਪਰਡੈਂਟ ਖਿਲਾਫ਼ ਸਰਕਲ ਕਮੇਟੀ ਵੱਲੋਂ 3 ਸਤੰਬਰ ਨੂੰ ਧਰਨਾ ਮੁਜਾਹਰਾ ਕੀਤਾ ਜਾਵੇਗਾ।

## ਲੁੱਕ ਪਲਾਂਟ ਨੂੰ ਬੰਦ ਕਰਾਉਣ ਸਬੰਧੀ ਪਿੰਡ ਵਾਸੀਆਂ ਨੇ ਦਿੱਤਾ ਮੰਗ ਪੱਤਰ



**ਫਿਲੌਰ (ਨਿਰਮਲ)**- ਨੇੜਲੇ ਪਿੰਡ ਤੇਹਿੰਗ ਦੀ ਪੰਚਾਇਤ ਅਤੇ ਇਲਾਕੇ ਦੇ ਪਤਵੰਤਿਆਂ ਨੇ ਇੱਕ ਅਹਿਮ ਮੀਟਿੰਗ ਕੀਤੀ ਜਿਸ ਵਿੱਚ ਪਿੰਡ ਤੇਹਿੰਗ 'ਚ ਲਾਏ ਜਾ ਰਹੇ ਲੁੱਕ ਪਲਾਂਟ ਸਬੰਧੀ ਚਰਚਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਉਕਤ ਲੁਕ ਪਲਾਂਟ ਕਾਰਨ ਪਿੰਡ ਤੇਹਿੰਗ ਅਤੇ ਆਲੇ ਦੁਆਲੇ ਦੇ ਪਿੰਡ ਪ੍ਰਦੂਸ਼ਣ ਦਾ ਸ਼ਿਕਾਰ ਹੋਣਗੇ ਜਿਸ ਨਾਲ ਇਲਾਕੇ ਦੇ ਸੈਂਕੜੇ ਲੋਕ ਬਿਮਾਰੀਆਂ ਦਾ ਸ਼ਿਕਾਰ ਹੋਣਗੇ। ਆਗੂਆਂ ਨੇ ਦੱਸਿਆ ਕਿ ਉਕਤ ਮਾਮਲੇ ਸਬੰਧੀ ਪਿੰਡ ਤੇਹਿੰਗ ਅਤੇ ਇਲਾਕੇ ਦੇ ਲੋਕ ਐਸ ਡੀ ਐਮ ਫਿਲੌਰ ਨੂੰ ਮੰਗ ਪੱਤਰ ਦੇ ਚੁੱਕੇ ਹਨ ਪਰ ਲੁੱਕ ਪਲਾਂਟ ਦੀ ਉਸਾਰੀ ਨਿਰੰਤਰ ਜਾਰੀ ਹੈ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਉਕਤ ਲੁੱਕ ਪਲਾਂਟ ਚਾਲੂ ਕੀਤਾ ਗਿਆ ਤਾਂ ਆਲੇ ਦੁਆਲੇ ਦੇ ਪਿੰਡਾਂ ਦੇ ਲੋਕ ਮਜਬੂਰਨ ਐਸ ਡੀ ਐਮ ਫਿਲੌਰ ਦੇ ਦਫਤਰ ਦੇ ਬਾਹਰ ਰੋਸ ਧਰਨੇ ਤੇ ਬੈਠ ਜਾਣਗੇ। ਉਹਨਾਂ ਦੱਸਿਆ ਕਿ ਉਨਾਂ ਨੇ ਇੱਕ ਮੰਗ ਪੱਤਰ ਲੁੱਕ ਪਲਾਂਟ ਦੇ ਕਰਮਚਾਰੀਆਂ ਨੂੰ ਵੀ ਦੇ ਦਿੱਤਾ ਹੈ ਅਤੇ ਲੁੱਕ ਪਲਾਂਟ ਦੀ ਉਸਾਰੀ ਤੁਰੰਤ ਬੰਦ ਕਰਨ ਦੀ ਮੰਗ ਕੀਤੀ ਹੈ।

## ਡਿਪਟੀ ਕਮਿਸ਼ਨਰ ਵੱਲੋਂ ਝੋਨੇ ਦੀ ਖਰੀਦ ਦੇ ਮੱਦੇਨਜ਼ਰ ਤਿਆਰੀਆਂ ਤੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼

**ਨਵਾਂਸ਼ਹਿਰ (ਮਨੋਜ ਲਾਡੀ)** ਆਗਾਮੀ ਖਰੀਫ ਸੀਜ਼ਨ 2025-26 ਦੇ ਮੱਦੇਨਜਰ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਖਰੀਦ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਸੰਬੰਧਤ ਅਧਿਕਾਰੀਆਂ



ਅਤੇ ਏਜੰਸੀਆਂ ਨੂੰ ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਇਸ ਸੀਜਨ ਦੌਰਾਨ ਜਿਲੇ ਵਿਚ ਲਗਭਗ 3,88000 ਮੀਟਰਿਕ ਟਨ ਝੋਨੇ ਦੀ ਖਰੀਦ ਹੋਣ ਦੀ ਸੰਭਾਵਨਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੱਕੀਆਂ ਅਤੇ ਆਰਜ਼ੀ ਤੌਰ 'ਤੇ ਸਥਾਪਤ ਕੀਤੇ ਜਾਣ ਵਾਲੇ ਖ਼ਰੀਦ ਕੇਂਦਰਾਂ ਵਿਖੇ ਕਿਸਾਨਾਂ, ਆੜ੍ਹਤੀਆਂ ਅਤੇ ਲੇਬਰ ਦੀ ਸਹੂਲਤ ਲਈ ਢੁਕਵੇਂ ਪ੍ਰਬੰਧ ਅਮਲ ਵਿਚ ਲਿਆਂਦੇ ਜਾਣ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ।ਉਨ੍ਹਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਝੋਨਾ ਚੰਗੀ ਤਰਾਂ ਸੁਕਾ ਕੇ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਇਆ ਜਾ ਸਕੇ।ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਜਿਲ੍ਹੇ ਵਿੱਚ 30 ਪੱਕੀਆਂ ਅਤੇ 10 ਆਰਜੀ ਮੰਡੀਆਂ ਸਥਾਪਤ ਕੀਤੀਆਂ ਜਾ ਰਹੀਆਂ ਹਨ ਜਿੱਥੇ ਸਮੁੱਚੇ ਖਰੀਦ ਪ੍ਰਬੰਧ ਯਕੀਨੀ ਬਣਾਏ ਜਾਣਗੇ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਖਰੀਦ ਸ਼ੁਰੂ ਹੋਣ 'ਤੇ ਮੰਡੀਆਂ ਵਿੱਚ 17 ਨਮੀਂ ਵਾਲਾ ਝੋਨਾ ਹੀ ਲੈ ਕੇ ਆਉਣ।

## ਗੁਰੂ ਨਾਨਕ ਖਾਲਸਾ ਕਾਲਜ 'ਚ ਸਪੋਰਟਸ ਦਿਵਸ ਮਨਾਇਆ




**ਸੁਲਤਾਨਪੁਰ ਲੋਧੀ (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਵਿਚ ਅਤੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਹਰਜਾਪ ਸਿੰਘ ਤੇ ਐਨ ਐਸ ਐਸ ਵਿਭਾਗ ਦੇ ਮੁਖੀ ਪ੍ਰੋ. ਰਿਸ਼ੂ ਬਾਲਾ ਦੀ ਦੇਖ ਰੇਖ ਵਿਚ ਸਪੋਰਟਸ ਦਿਵਸ ਮਨਾਇਆ ਗਿਆ।ਜਿਸ ਵਿਚ ਵਿਦਿਆਰਥੀਆਂ ਨੇ ਬੈਡਮਿੰਟਨ, ਬਾਸਕਿਟ ਬਾਲ, ਸ਼ਤਰੰਜ ਆਦਿ ਖੇਡਾਂ ਵਿੱਚ ਭਾਗ ਲਿਆ।ਗੌਤਮ ਸਿੰਘ ਬੀ.ਸੀ.ਏ ਭਾਗ ਪਹਿਲਾ ਬੈਡਮਿੰਟਨ ਵਿੱਚ ਜੇਤੂ ਰਿਹਾ, ਜਦਕਿ ਰਾਜਨਦੀਪ ਸਿੰਘ ਬੀ ਏ ਭਾਗ ਦੂਜਾ ਉਪ ਜੇਤੂ ਅਤੇ ਯੁਵਰਾਜ ਕੁਮਾਰ ਬੀ.ਏ ਭਾਗ ਪਹਿਲਾ ਤੀਜੇ ਸਥਾਨ 'ਤੇ ਰਿਹਾ।ਬਾਸਕਿਟ ਬਾਲ ਵਿੱਚ ਬੀ ਏ ਭਾਗ ਦੂਜਾ ਲੜਕੀਆਂ ਦੀ ਟੀਮ ਜੇਤੂ ਰਹੀ, ਜਦਕਿ ਬੀ ਏ ਭਾਗ ਤੀਜਾ ਲੜਕੀਆਂ ਦੀ ਟੀਮ ਉਪ ਜੇਤੂ ਅਤੇ ਬੀ ਏ ਭਾਗ ਪਹਿਲਾ ਲੜਕੀਆਂ ਦੀ ਟੀਮ ਤੀਜੇ ਸਥਾਨ 'ਤੇ ਰਹੀ।ਪ੍ਰੋ. ਹਰਜਾਪ ਸਿੰਘ ਨੇ ਵਿਦਿਆਰਥੀਆਂ ਨੂੰ ਖੇਡਾਂ ਦੇ ਮਹੱਤਵ ਬਾਰੇ ਦੱਸਦੇ ਹੋਏ ਕਿਹਾ ਕਿ ਖੇਡਾਂ ਜਿੱਥੇ ਸਾਡੇ ਸਰੀਰ ਨੂੰ ਤੰਦਰੁਸਤ ਤੇ ਨਿਰੋਗ ਬਣਾਉਂਦੀਆਂ ਹਨ, ਉਥੇ ਹੀ ਸਾਡੇ ਮਨ ਨੂੰ ਤਰੋਤਾਜਾ ਵੀ ਰੱਖਦੀਆਂ ਹਨ। ਇਸ ਮੌਕੇ ਪ੍ਰੋ. ਸੁਖਪਾਲ ਸਿੰਘ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਜੁਗਰਾਜ ਸਿੰਘ, ਪ੍ਰੋ. ਜਸਵੀਰ ਕੌਰ, ਪ੍ਰੋ. ਸੰਦੀਪ ਕੌਰ, ਪ੍ਰੋ. ਅਮਨਦੀਪ ਆਦਿ ਸਟਾਫ਼ ਮੈਂਬਰ ਹਾਜਰ ਸਨ।

## ਸਿੱਖ ਵੈੱਲਫੇਅਰ ਸੋਸਾਇਟੀ ਵੱਲੋਂ ਗੁਰਮਤਿ ਸਮਾਗਮ

**ਟਾਂਡਾ ਉੜਮੁੜ, ਅੱਡਾਂ ਸਰਾਂ (ਜਸਵਿੰਦਰ ਸੰਧੂ, ਓਂਕਾਰ ਸਿੰਘ, ਜਸਬੀਰ ਕਾਜਲ)**- ਸੰਤ ਅਨੂਪ ਸਿੰਘ ਜੀ ਉਨਾਂ ਸਾਹਿਬ ਵਾਲੇ ਤੇ ਸਿੱਖ ਵੈਲਫੇਅਰ ਸੋਸਾਇਟੀ ਹੁਸ਼ਿਆਰਪੁਰ ਵੱਲੋਂ 11 ਅਕਤੂਬਰ ਨੂੰ ਰੋਸ਼ਨ ਗਰਾਊਂਡ ਹੁਸ਼ਿਆਰਪੁਰ ਵਿੱਚ ਕਰਵਾਏ ਜਾ ਰਹੇ 35ਵੇਂ ਅੰਤਰਰਾਸ਼ਟਰੀ ਕੀਰਤਨ ਦਰਬਾਰ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ ਪਿੰਡ ਕੰਧਾਲਾ ਜੱਟਾਂ ਵਿਖੇ ਰਾਤਰੀ ਦਾ ਗੁਰਮਤਿ ਸਮਾਗਮ ਕਰਵਾਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾ ਗੱਦੀ ਦਿਵਸ ਨੂੰ ਸਮਰਪਿਤ ਕਰਵਾਏ ਗਏ ਇਸ ਕੀਰਤਨ ਦਰਬਾਰ ਦੌਰਾਨ ਸਭ ਤੋਂ ਪਹਿਲਾਂ ਪਿੰਡ ਦੇ ਬੱਚਿਆਂ ਨੇ ਸ਼ਬਦ ਕੀਰਤਨ ਦੁਆਰਾ ਸਮੂਹ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਸੰਬੋਧਨ ਕਰਦੇ ਹੋਏ ਸਿੱਖ ਵੈਲਫੇਅਰ ਸੋਸਾਇਟੀ ਹੁਸ਼ਿਆਰਪੁਰ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਪਰਮਾਰ ਨੇ ਸਮੂਹ ਸੰਗਤ ਨੂੰ 11 ਅਕਤੂਬਰ ਨੂੰ ਕਰਵਾਏ ਜਾ ਰਹੇ ਮਹਾਨ ਕੀਰਤਨ ਦਰਬਾਰ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੰਦੇ ਹੋਏ ਇਸ ਵਿੱਚ ਹਾਜ਼ਰੀਆਂ ਲਗਵਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਹਨਾਂ ਦੱਸਿਆ ਕਿ ਇਸ ਸਮਾਗਮ ਤੋਂ ਇਲਾਵਾ 6 ਸਤੰਬਰ ਨੂੰ ਹਰਸੀ ਪਿੰਡ ਅਤੇ 7 ਸਤੰਬਰ ਨੂੰ ਪਿੰਡ ਖੁਣ ਖੁਣ ਕਲਾਂ ਵਿਖੇ ਵੀ ਧਾਰਮਿਕ ਸਮਾਗਮ ਧੰਨ-ਧੰਨ ਬਾਬਾ ਬੁੱਢਾ ਸਾਹਿਬ ਜੀ ਗ੍ਰੰਥੀ ਸਭਾ ਪੰਜਾਬ, ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ ਮੂਨਕ ਖੁਰਦ ਤੇ ਸਥਾਨਕ ਗੁਰਦੁਆਰਾ ਪ੍ਰਬੰਧਕ




ਕਮੇਟੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਹੈੱਡ ਗ੍ਰੰਥੀ ਬਾਬਾ ਅਵਤਾਰ ਸਿੰਘ, ਬਾਬਾ ਰਣਜੀਤ ਸਿੰਘ, ਪ੍ਰਧਾਨ ਗੁਰਵਿੰਦਰ ਸਿੰਘ ਗਿੱਤਾ, ਮਨਜੀਤ ਸਿੰਘ ਧਾਲੀਵਾਲ, ਇੰਦਰਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ, ਅਵਤਾਰ ਸਿੰਘ ਯੂ. ਐਸ. ਏ, ਕੁਲਵਿੰਦਰ ਸਿੰਘ, ਜਥੇਦਾਰ ਪਰਮਜੀਤ ਸਿੰਘ ਖਾਲਸਾ, ਹਰਪ੍ਰੀਤ ਸਿੰਘ ਹੈਪੀ ਬਾਬਾ ਵੀ ਹਾਜ਼ਰ ਸਨ।

## ਕੈਬਨਿਟ ਮੰਤਰੀ ਤੇ ਵਿਧਾਇਕਾਂ ਨੇ ਰਾਹਤ ਕਾਰਜਾਂ ਦੀ ਸੰਭਾਲੀ ਕਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿੱਚ ਪਈ ਭਾਰੀ ਬਾਰਿਸ਼ ਕਾਰਨ ਪੈਦਾ ਹੋਈ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੰਗੀ ਪੱਧਰ 'ਤੇ ਰਾਹਤ ਕਾਰਜ ਚਲਾਏ ਜਾ ਰਹੇ ਹਨ।ਪੰਜਾਬ ਦੇ ਕੈਬਨਿਟ ਮੰਤਰੀ, ਸਥਾਨਕ ਵਿਧਾਇਕ ਵਿਭਿੰਨ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਜਾ ਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਲੋਕਾਂ ਦੀ ਅਗਵਾਈ ਅਤੇ ਮਦਦ ਕਰ ਰਹੇ ਹਨ। ਇਸ ਮੌਕੇ ਲੋੜਵੰਦ ਲੋਕਾਂ ਨੂੰ ਖਾਧ ਪਦਾਰਥ, ਪਸ਼ੂਆਂ ਲਈ ਚਾਰਾ, ਮੈਡੀਕਲ ਜ਼ਰੂਰਤ ਦੀਆਂ ਦਵਾਈਆਂ ਆਦਿ ਰਾਹਤ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ ਹੈ।ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਧਾਨ ਸਭਾ ਹਲਕਾ ਭੋਆ ਦੇ ਖੇਤਰ ਬਮਿਆਲ ਅਤੇ ਨਰੋਟ ਜੈਮਲ ਸਿੰਘ ਦਾ ਦੌਰਾ ਕੀਤਾ।ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਲੋਕਾਂ ਦੇ ਨਾਲ ਹੈ ਅਤੇ ਹਰ ਸਥਿਤੀ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ ਤੇ ਲੋਕਾਂ ਦੇ ਹੋਏ ਨੁਕਸਾਨ ਵਿੱਚ ਪੰਜਾਬ ਸਰਕਾਰ ਉਨ੍ਹਾਂ ਦਾ ਹਰ ਤਰ੍ਹਾਂ ਨਾਲ ਸਹਿਯੋਗ ਕਰੇਗੀ।ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸੁਲਤਾਨਪੁਰ ਲੋਧੀ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ। ਪਿੰਡ ਕੰਮੇਵਾਲ, ਬਾਗੂਵਾਲ ਵਿਖੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣੀਆਂ ਅਤੇ ਪੀੜਤ ਲੋਕਾਂ ਨੂੰ ਤਰਪਾਲਾਂ, ਮੱਛਰਦਾਨੀਆਂ, ਰਾਸ਼ਨ ਸਮੱਗਰੀ ਅਤੇ ਹੋਰ ਲੋੜੀਦੀਆਂ ਚੀਜ਼ਾਂ ਵੰਡੀਆਂ। ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੇਅਰ ਅਤੇ ਚੇਅਰਮੈਨ ਸਮੇਤ ਹੋਰਨਾਂ ਆਗੂਆਂ ਦੀ ਹਾਜ਼ਰੀ 'ਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਵੱਲੋਂ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਰਾਹਤ ਸਮੱਗਰੀ ਦੇ ਟਰੱਕ ਰਵਾਨਾ ਕੀਤੇ।ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਤਰਨ ਤਾਰਨ ਨੇੜਲੇ ਹੜ੍ਹ ਪੀੜਤ ਇਲਾਕਿਆਂ 'ਚ ਜਾ ਕੇ ਲੋਕਾਂ ਦੀ ਅਗਵਾਈ ਕੀਤੀ। ਸੌਂਦ ਨੇ ਖੰਨਾ ਤੋਂ ਫਾਜ਼ਿਲਕਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਫੀਡ ਦਾ ਇੱਕ ਟਰੱਕ ਵੀ ਭੇਜਿਆ ਗਿਆ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਦੋ ਟਰੱਕਾਂ ਨੂੰ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

## ਰਾਸ਼ਟਰੀ ਖੇਡ ਦਿਵਸ ਮਨਾਇਆ



**ਮਾਹਿਲਪੁਰ (ਸ਼ਫਰੀ)**- ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਕਾਲਜ ਦੇ ਸਰੀਰਕ ਸਿੱਖਿਆ ਅਤੇ ਸਪੋਰਟਸ ਵਿਭਾਗ ਵੱਲੋਂ ਰਾਸ਼ਟਰੀ ਖੇਡ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਅੰਤਰਰਾਸ਼ਟਰੀ ਫੁਟਬਾਲ ਖਿਡਾਰੀ ਹਰਮਨਜੋਤ ਸਿੰਘ ਖਾਬੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਦੀ ਕਰੌਸ ਕੰਟਰੀ ਰੇਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਖੇਡਾਂ ਦੇ ਖੇਤਰ ਵਿੱਚ ਮਾਹਿਲਪੁਰ ਕਾਲਜ ਦੇ ਯੋਗਦਾਨ ਬਾਰੇ ਵਿਚਾਰ ਰੱਖੇ। ਇਸ ਮੌਕੇ ਓਲੰਪੀਅਨ ਖਿਡਾਰੀ ਸੰਜੀਵ ਕੁਮਾਰ ਨੇ ਵੀ ਰਾਸ਼ਟਰੀ ਖੇਡ ਦਿਵਸ ਦੀ ਵਿਦਿਆਰਥੀ ਜੀਵਨ ਵਿੱਚ ਮਹੱਤਤਾ ਬਾਰੇ ਵਿਚਾਰ ਰੱਖੇ। ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋਫੈਸਰ ਰਾਜਕੁਮਾਰ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ। ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਸਮੂਹ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

## ਡੀ ਟੀ ਐੱਫ਼ ਦਾ ਵਫ਼ਦ ਡੀ ਈ ਓ ਲਲਿਤਾ ਅਰੋੜਾ ਨੂੰ ਮਿਲਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ (ਡੀ ਟੀ ਐੱਫ਼) ਜ਼ਿਲ੍ਹਾ ਇਕਾਈ ਹੁਸ਼ਿਆਰਪੁਰ ਦਾ ਇੱਕ ਵਫ਼ਦ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ ਅਤੇ ਪ੍ਰੈੱਸ ਸਕੱਤਰ ਬਲਜੀਤ ਸਿੰਘ ਮਹਿਮੋਵਾਲ ਆਦਿ ਆਗੂਆਂ ਦੀ ਅਗਵਾਈ ਹੇਠ ਡੀ ਈ ਓ ਮੈਡਮ ਲਲਿਤਾ ਅਰੋੜਾ ਅਤੇ ਸੀਨੀਅਰ ਸਹਾਇਕ ਅਨਿਰੁੱਧ ਮੋਦਗਿਲ ਨੂੰ



ਮਿਲਿਆ ਅਤੇ ਅਧਿਆਪਕ ਮੰਗਾਂ ਸੰਬੰਧੀ ਚਰਚਾ ਕੀਤੀ।ਮੀਟਿੰਗ ਵਿੱਚ ਵਫ਼ਦ ਨੇ ਮੰਗ ਕੀਤੀ ਕਿ ਬਦਲੀ ਹੋਣ ਉਪਰੰਤ ਰਿਲੀਵ ਅਤੇ ਜੁਆਇੰਨ ਹੋਣ ਵਾਲ਼ੇ ਅਧਿਆਪਕਾਂ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ ਅਤੇ ਈ-ਪੰਜਾਬ ਪੋਰਟਲ ਉੱਤੇ ਡਾਟਾ ਸ਼ਿਫਟ ਹੋਣ 'ਤੇ ਹੀ ਰੀਲੀਵ ਕਰਨ ਅਤੇ ਜੁਆਇੰਨ ਕਰਨ ਦੀ ਬੇਲੋੜੀ ਸ਼ਰਤ ਨਾ ਰੱਖੀ ਜਾਵੇ, ਨਵੀਂ 5994 ਭਰਤੀ ਅਧੀਨ ਭਰਤੀ ਹੋਏ ਈ ਟੀ ਟੀ ਅਧਿਆਪਕਾਂ ਦੀ ਤਨਖ਼ਾਹ ਸਮੇਂ ਸਿਰ ਦੇਣੀ ਯਕੀਨੀ ਬਣਾਈ ਜਾਵੇ। ਵਫ਼ਦ ਦੀਆਂ ਮੰਗਾਂ 'ਤੇ ਡੀ ਈ ਓ ਮੈਡਮ ਨੇ ਕਿਹਾ ਕਿ ਕਿਸੇ ਵੀ ਅਧਿਆਪਕ ਨੂੰ ਫਾਰਗੀ, ਜੋਇਨਿੰਗ ਵਿੱਚ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। 5994 ਅਧਿਆਪਕਾਂ ਦੀਆਂ ਤਨਖ਼ਾਹਾਂ ਦੇਣ ਉਨ੍ਹਾਂ ਮੌਕੇ 'ਤੇ ਹੀ ਬਲਾਕ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ, ਸਰਵਿਸ ਰਿਕਾਰਡ ਪੂਰਾ ਕਰਵਾਉਣ ਸੰਬੰਧੀ ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਪਹਿਲਾਂ ਹੀ ਪੱਤਰ ਜਾਰੀ ਕਰ ਦਿੱਤਾ ਗਿਆ ਹੈ, ਹੁਣ ਦੋਬਾਰਾ ਵੀ ਕਹਿ ਦਿੱਤਾ ਜਾਵੇਗਾ।ਸਵੈ ਸਹਾਇਤਾ ਗਰੁੱਪਾਂ ਵੱਲੋਂ ਦਿੱਤੀਆਂ ਗੈਰ ਮਿਆਰੀ ਵਰਦੀਆਂ ਸੰਬੰਧੀ ਉਨ੍ਹਾਂ ਕਿਹਾ ਕਿ ਜਿਨ੍ਹਾਂ ਸਕੂਲਾਂ ਵਿੱਚ ਇਹ ਸਮੱਸਿਆ ਆਈ ਹੈ ਓਹ ਲਿਖਤੀ ਰੂਪ ਵਿੱਚ ਇਸ ਬਾਰੇ ਆਪਣੇ ਬੀ ਪੀ ਈ ਓ ਦਫ਼ਤਰ ਦੇਣ। ਹੈੱਡ ਟੀਚਰਾਂ ਅਤੇ ਸੈਂਟਰ ਹੈੱਡ ਟੀਚਰਾਂ ਦੀਆਂ ਤਰੱਕੀਆਂ ਸੰਬੰਧੀ ਉਨ੍ਹਾਂ ਕਿਹਾ ਕਿ ਆਮ ਬਦਲੀਆਂ ਉਪਰੰਤ ਜ਼ਿਲ੍ਹੇ ਵਿੱਚ 16 ਹੈੱਡ ਟੀਚਰਾਂ ਅਤੇ 10 ਸੈਂਟਰ ਹੈੱਡ ਟੀਚਰਾਂ ਦੀਆਂ ਤਰੱਕੀਆਂ ਕਰ ਦਿੱਤੀਆਂ ਜਾਣਗੀਆਂ। ਇਸ ਵਫ਼ਦ ਵਿੱਚ ਜ਼ਿਲ੍ਹਾ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ, ਨੰਦ ਰਾਮ, ਵਰਿੰਦਰ ਸੈਣੀ, ਬਲਬੀਰ ਸਿੰਘ ਧਾਮੀ, ਬਲਜਿੰਦਰ ਸਹੋਤਾ, ਰੇਸ਼ਮ ਸਿੰਘ ਧੁੱਗਾ, ਸਤਪਾਲ ਕਲੇਰ, ਮਨਦੀਪ ਕੁਮਾਰ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਕੁਲਵਿੰਦਰ ਸਿੰਘ ਚਾਹਲ ਵੀ ਸ਼ਾਮਲ ਸਨ।

## ਦ ਨੋਰਵੁੱਡ ਸਕੂਲ ਦੇ ਵਿਦਿਆਰਥੀਆਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਬਲਾਚੌਰ (ਜਸਵਿੰਦਰ ਬੈਂਸ)** ਦ ਨੋਰਵੁੱਡ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਜੋਨਲ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਜਿਸ ਵਿੱਚ ਬੈਡਮਿੰਟਨ(ਲੜਕੇ) ਅੰਡਰ-14 ਤੀਜਾ ਸਥਾਨ, ਬੈਡਮਿੰਟਨ(ਲੜਕੀਆਂ) ਅੰਡਰ-14 ਤੀਜਾ ਸਥਾਨ, ਕ੍ਰਿਕਟ (ਲੜਕੇ) ਅੰਡਰ-14 ਦੂਜਾ ਸਥਾਨ 'ਤੇ 6 ਖਿਡਾਰੀ ਜਿਲ੍ਹੇ



ਲਈ ਚੁਣੇ ਗਏ, ਕ੍ਰਿਕਟ (ਲੜਕੇ) ਅੰਡਰ-17 ਪਹਿਲਾ ਸਥਾਨ 'ਤੇ 10 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਕ੍ਰਿਕਟ (ਲੜਕੇ) ਅੰਡਰ-19 ਤੀਜਾ ਸਥਾਨ 'ਤੇ 3 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਫੁੱਟਬਾਲ (ਲੜਕੇ) ਅੰਡਰ-14 ਪਹਿਲਾ ਸਥਾਨ 'ਤੇ 10 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਫੁੱਟਬਾਲ (ਲੜਕੇ) ਅੰਡਰ-17 ਪਹਿਲਾ ਸਥਾਨ 'ਤੇ 10 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਵਾਲੀਬਾਲ (ਲੜਕੇ) ਅੰਡਰ-14 ਪਹਿਲਾ ਸਥਾਨ 'ਤੇ 12 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਵਾਲੀਬਾਲ (ਲੜਕੀਆਂ) ਅੰਡਰ-14 ਪਹਿਲਾ ਸਥਾਨ 'ਤੇ 12 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਵਾਲੀਬਾਲ (ਲੜਕੇ) ਅੰਡਰ-17 ਪਹਿਲਾ ਸਥਾਨ 'ਤੇ 10 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਵਾਲੀਬਾਲ (ਲੜਕੀਆਂ) ਅੰਡਰ-17 ਪਹਿਲਾ ਸਥਾਨ 'ਤੇ 10 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਵਾਲੀਬਾਲ (ਲੜਕੀਆਂ) ਅੰਡਰ-19 ਪਹਿਲਾ ਸਥਾਨ 'ਤੇ 12 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਬਾਸਕਿਟਬਾਲ (ਲੜਕੀਆਂ) ਅੰਡਰ-14 ਪਹਿਲਾ ਸਥਾਨ 'ਤੇ 12 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਬਾਸਕਿਟਬਾਲ (ਲੜਕੀਆਂ) ਅੰਡਰ-17 ਪਹਿਲਾ ਸਥਾਨ 'ਤੇ 12 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਖੋ-ਖੋ (ਲੜਕੀਆਂ) ਅੰਡਰ-14 ਦੇ 3 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਚੈੱਸ (ਲੜਕੇ) ਅੰਡਰ-14 ਪਹਿਲਾ ਸਥਾਨ ਤੇ 3 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਚੈੱਸ (ਲੜਕੇ) ਅੰਡਰ-17 ਤੀਜਾ ਸਥਾਨ, ਸਰਕਲ ਕਬੱਡੀ (ਲੜਕੇ) ਅੰਡਰ-14 ਦੂਜਾ ਸਥਾਨ, ਸਰਕਲ ਕਬੱਡੀ (ਲੜਕੀਆਂ) ਅੰਡਰ-14 ਪਹਿਲਾ ਸਥਾਨ 'ਤੇ 12 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਟੈਨਿਸ (ਲੜਕੇ) ਅੰਡਰ-17 ਪਹਿਲਾ ਸਥਾਨ ਤੇ 2 ਖਿਡਾਰੀ ਜਿਲ੍ਹੇ ਲਈ ਚੁਣੇ ਗਏ, ਟੈਨਿਸ (ਲੜਕੀਆਂ) ਅੰਡਰ-14 ਪਹਿਲਾ ਸਥਾਨ 'ਤੇ 4 ਖਿਡਾਰੀ ਜਿਲ੍ਹੇ ਲਈ ਚੁਣੇ ਗਏ। ਸਕੂਲ ਮੈਨੇਜਮੈਂਟ ਨੇ ਮਾਣ ਮਹਿਸੂਸ ਕਰਦੇ ਹੋਏ ਦੱਸਿਆ ਕਿ ਇਹ ਵਿਦਿਆਰਥੀਆਂ ਤੇ ਦੀ ਮਿਹਨਤ ਦਾ ਹੀ ਨਤੀਜਾ ਹੈ।

### ਬਰਸਾਤ ਦੇ ਮੌਸਮ ਦੌਰਾਨ ਸਿਹਤ ਦਾ ਰੱਖਿਆ ਜਾਵੇ ਖ਼ਾਸ ਖਿਆਲ : ਡਾ. ਗੀਤਾਂਜਲੀ ਸਿੰਘ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਮੁੱਢਲਾ ਸਿਹਤ ਕੇਂਦਰ, ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਨੇ ਸ਼ੁੱਕਰਵਾਰ ਨੂੰ ਉਪ ਸਿਹਤ ਕੇਂਦਰ, ਲੰਗੜੋਆ ਦਾ ਅਚਨਚੇਤ ਦੌਰਾ ਕੀਤਾ ਅਤੇ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ, ਡਾਕੂਮੈਂਟੇਸ਼ਨ ਤੇ ਸਾਫ-ਸਫਾਈ ਪ੍ਰਬੰਧਾਂ ਦਾ ਨਿਰੀਖਣ ਕੀਤਾ। ਇਸ ਮੌਕੇ ਡਾ. ਗੀਤਾਂਜਲੀ ਸਿੰਘ ਨੇ ਇਸ ਉਪ ਸਿਹਤ ਕੇਂਦਰ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਦੇ ਮੱਦੇਨਜ਼ਰ ਜੀਵਾਣੂਆਂ ਤੇ



ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ ਹੁੰਦਾ ਹੈ, ਇਸ ਲਈ ਲੋੜੀਂਦੀਆਂ ਸਾਵਧਾਨੀਆਂ ਵਰਤੀਆਂ ਜਾਣ ਅਤੇ ਜੀਵਾਣੂਆਂ ਤੇ ਦੂਸ਼ਿਤ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਢੁਕਵੇਂ ਕਦਮ ਉਠਾਉਣ ਦੇ ਨਾਲ-ਨਾਲ ਲੋਕਾਂ ਵਿੱਚ ਜਾਗਰੂਕਤਾ ਫੈਲਾਈ ਜਾਵੇ।

## ਸੂਬਾ ਪੱਧਰੀ ਰੈਲੀ 11 ਅਕਤੂਬਰ ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਅੰਦਰ ਹੜ੍ਹਾਂ ਨਾਲ ਬਣੀ ਨਾਜ਼ੁਕ ਸਥਿਤੀ ਨੂੰ ਮੁੱਖ ਰੱਖਦਿਆਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਆਨਲਾਈਨ ਵਰਚੂਅਲ ਮੀਟਿੰਗ ਸਾਂਝਾ ਫਰੰਟ ਦੇ ਕਨਵੀਨਰ ਸੁਖਦੇਵ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਉਪਰੰਤ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਜਰਮਨਜੀਤ ਸਿੰਘ, ਰਣਜੀਤ ਸਿੰਘ ਰਾਣਵਾਂ, ਧਨਵੰਤ ਸਿੰਘ ਭੱਠਲ, ਕਰਮ ਸਿੰਘ ਧਨੋਆ, ਗੁਰਪ੍ਰੀਤ ਸਿੰਘ ਗੰਡੀਵਿੰਡ,ਗਗਨਦੀਪ ਸਿੰਘ ਭੁੱਲਰ, ਬਾਜ ਸਿੰਘ ਖਹਿਰਾ, ਜਸਵੀਰ ਸਿੰਘ ਤਲਵਾੜਾ, ਰਾਧੇ ਸ਼ਾਮ, ਪ੍ਰੇਮ ਚਾਵਲਾ, ਕਰਮਜੀਤ ਸਿੰਘ ਬੀਹਲਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਪੰਜਾਬ ਅੰਦਰ ਲਗਾਤਾਰ ਪੈ ਰਹੀ ਬਾਰਿਸ਼ ਅਤੇ ਡੈਮਾਂ ਤੋਂ ਛੱਡੇ ਜਾ ਰਹੇ ਵਾਧੂ ਪਾਣੀ ਕਾਰਨ ਪੰਜਾਬ ਅੰਦਰ ਹੜ੍ਹ ਪ੍ਰਭਾਵਿਤ ਇਲਾਕਿਆਂ ਅੰਦਰ ਬਣੀ ਹੋਈ ਨਾਜ਼ੁਕ ਸਥਿਤੀ ਅਤੇ ਵੱਡੇ ਪੱਧਰ ਤੇ ਜਾਨੀ ਅਤੇ ਮਾਲੀ ਹੋ ਰਹੇ ਨੁਕਸਾਨ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ। ਆਗੂਆਂ ਨੇ ਆਖਿਆ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਸੂਬਾ ਪੱਧਰੀ ਮਹਾਰੈਲੀ ਜੋ 5 ਅਕਤੂਬਰ ਨੂੰ ਸੰਗਰੂਰ ਵਿਖੇ ਕੀਤੀ ਜਾਣੀ ਸੀ, ਉਹ ਹੁਣ 11 ਅਕਤੂਬਰ ਨੂੰ ਕੀਤੀ ਜਾਵੇਗੀ। ਇਸ ਤੋਂ ਪਹਿਲਾਂ 6 ਤੇ 7 ਸਤੰਬਰ ਨੂੰ ਜ਼ਿਲ੍ਹਾ ਪੱਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ 13 ਤੇ 14 ਸਤੰਬਰ ਨੂੰ ਮਾਸ ਡੈਪੂਟੇਸ਼ਨ ਰਾਹੀਂ ਕੈਬਨਿਟ ਮੰਤਰੀਆਂ ਨੂੰ ਰੋਸ ਪੱਤਰ ਦੇ ਨੋਟਿਸ ਮਿਥੇ ਪ੍ਰੋਗਰਾਮ ਅਨੁਸਾਰ ਦਿੱਤੇ ਜਾਣਗੇ। ਇਹਨਾਂ ਡੈਪੂਟੇਸ਼ਨਾਂ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਦੇ ਮਸਲੇ ਪਹਿਲ ਦੇ ਆਧਾਰ ਤੇ ਚੁੱਕੇ ਜਾਣਗੇ।

## ਸੰਤ ਸਮਨ ਦਾਸ ਦੀ ਯਾਦ 'ਚ ਖੁਰਾਲਗੜ੍ਹ ਸਾਹਿਬ ਵਿਖੇ ਮੈਡੀਕਲ ਕੈਂਪ ਲਗਾਇਆ

**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐੱਸ ਸੈਣੀ)** ਮਹਾਨ ਤਪੱਸਵੀ ਸੰਤ ਸਮਨ ਦਾਸ ਡੇਰਾ ਗੱਦੀ ਸ਼ੁਕਰਤਾਲ ਸਹਾਰਨਪੁਰ (ਯੂ ਪੀ,) ਦੀ ਯਾਦ ਵਿਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨਛੋਹ ਇਤਿਹਾਸਕ ਅਸਥਾਨ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਮੁਫਤ ਮੈਡੀਕਲ ਚੈੱਕਅਪ ਕੈਂਪ ਲਗਾਏ ਗਏ ਜਿਸ ਵਿੱਚ ਵੱਖ ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜਾਂ ਨੂੰ ਚੈੱਕਅਪ ਕੀਤਾ ਗਿਆ ਅਤੇ ਮੁਫਤ ਦਵਾਈਆਂ ਵੀ



ਦਿੱਤੀਆਂ।ਇਸ ਮੌਕੇ ਪੰਜਾਬ, ਸਹਾਰਨਪੁਰ (ਉੱਤਰ ਪ੍ਰਦੇਸ਼) ਅਤੇ ਵੱਖ ਵੱਖ ਪਿੰਡਾਂ ਤੋਂ ਸੰਗਤਾਂ ਨੇ ਇਸ ਮੈਡੀਕਲ ਚੈੱਕਅਪ ਕੈਂਪ ਦਾ ਲਾਭ ਲਿਆ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ, ਸੰਤ ਧਰਮਪਾਲ ਸ਼ੇਰਗੜ੍ਹ ਸਟੇਜ ਸਕੱਤਰ, ਸੰਤ ਮਨਜੀਤ ਦਾਸ ਵਿਛੋਹੀ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ ਤੋਂ ਇਲਾਵਾ ਸੰਤ ਸੰਮਨ ਦਾਸ ਦੇ ਪਰਮ ਸੇਵਕ ਸੰਤ ਰਾਜ ਕੁਮਾਰ ਮੌਜੂਦਾ ਗੱਦੀ ਨਸ਼ੀਨ ਡੇਰਾ ਸ਼ੁਕਰਤਾਲ ਸਹਾਰਨ ਪੁਰ (ਯੂ ਪੀ) ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।ਇਸ ਮੌਕੇ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ ਨੇ ਕਿਹਾ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਆਸ ਪਾਸ ਦੀਆਂ ਸੰਗਤਾਂ ਦੀ ਸੁਵਿਧਾ ਲਈ ਪੀ ਜੀ ਆਈ ਵਰਗਾ ਵੱਡਾ ਹਸਪਤਾਲ ਖੋਹਲਣ ਦੀ ਸਖਤ ਲੋੜ ਹੈ।ਇਸ ਇਲਾਕੇ ਵਿੱਚ ਹਸਪਤਾਲ, ਸਕੂਲ ਅਤੇ ਟੈਕਨੀਕਲ ਕਾਲਜ ਖੋਲ੍ਹੇ ਜਾਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਸੁਸਾਇਟੀ ਵੱਲੋਂ ਕਰੀਬ 41 ਏਕੜ ਜ਼ਮੀਨ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸੰਗਤ ਦੀ ਸੁਵਿਧਾ ਲਈ ਅਜਿਹੇ ਵੱਡੇ ਪ੍ਰੋਜੈਕਟ ਖੋਹਲਣ ਲਈ ਖਰੀਦ ਕੀਤੀ ਹੈ ਜਿਸ 'ਤੇ ਕੁਝ ਸਵਾਰਥੀ ਤੇ ਸਮਾਜ ਵਿਰੋਧੀ ਲੋਕਾਂ ਨੇ ਕਬਜਾ ਜਮਾਇਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਲਈ ਖਰੀਦ ਕੀਤੀ ਜ਼ਮੀਨ ਤੋਂ ਕਬਜਧਾਰੀਆਂ ਦਾ ਕਬਜਾ ਹਟਾਏ ਤਾਂ ਕਿ ਸੰਗਤਾਂ ਲਈ ਸਕੂਲ, ਹਸਪਤਾਲ, ਟੈਕਨੀਕਲ ਕਾਲਿਜ ਆਦਿ ਪ੍ਰੋਜੈਕਟ ਆਰੰਭ ਕੀਤੇ ਜਾ ਸਕਣ।ਇਸ ਮੌਕੇ ਜਗਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਬਸਪਾ ਸਹਾਰਨ ਪੁਰ (ਯੂ ਪੀ), ਪ੍ਰੀਤ ਹਰਿਆਣਾ, ਸਤਪਾਲ ਪਾਲੀ ਬੇਗਮਪੁਰਾ ਭਜਨ ਮੰਡਲੀ, ਪ੍ਰਦੀਪ ਹਰਿਆਣਾ, ਸੰਤ ਟੇਕ ਚੰਦ, ਗਿਆਨੀ ਭੁਪਿੰਦਰ ਸਿੰਘ ਗ੍ਰੰਥੀ ਵੀ ਹਾਜ਼ਰ ਸਨ।

## ਭੁਪਿੰਦਰ ਮੱਲ੍ਹੀ ਨਾਲ ਸਾਹਿਤਕ ਮਿਲਣੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਭੁਪਿੰਦਰ ਮੱਲੀ ਹੋਰਾਂ ਨਾਲ 'ਸਾਹਿਤਕ ਅਤੇ ਸਮਾਜਿਕ ਮਿਲਣੀ' ਦਾ ਇੰਤਜ਼ਾਮ ਸਵਪਨ ਫਾਊਂਡੇਸ਼ਨ, ਪਟਿਆਲਾ ਅਤੇ ਸਰਘੀ ਕਲਾ ਕੇਂਦਰ, ਮੁਹਾਲੀ ਵੱਲੋਂ ਪੰਜਾਬ ਕਲਾ ਪ੍ਰੀਸ਼ਦ ਦੇ ਸਹਿਯੋਗ ਨਾਲ ਪੰਜਾਬ ਕਲਾ ਭਵਨ ਦੇ ਸੈਮੀਨਾਰ ਹਾਲ ਵਿਚ ਸਾਬਕਾ ਆਈ. ਏ. ਐਸ. ਅਧਿਕਾਰੀ, ਵਿਸ਼ਵ ਕਲਾਸਿਕ ਸਾਹਿਤ ਨੂੰ ਪੰਜਾਬੀ ਪਾਠਕ ਕੋਲ ਸੌਖਾਲੀ ਸ਼ਬਦਵਾਲੀ ਵਿਚ ਲਿਜਾਣ ਵਾਲੇ ਸ੍ਰੀ ਜੰਗ ਬਹਾਦਰ ਗੋਇਲ ਦੀ ਪ੍ਰਧਾਨਗੀ ਅਤੇ ਸਵਪਨ ਫਾਊਂਡੇਸ਼ਨ ਦੇ ਜਨਰਲ ਸਕੱਤਰ ਸੰਭਨਾਵਾਂ ਭਰਪੂਰ ਪੰਜਾਬੀ ਸ਼ਾਇਰ ਜਗਦੀਪ ਸਿੱਧੂ ਅਤੇ ਨਾਟਕਕਾਰ



ਸੰਜੀਵਨ ਸਿੰਘ ਦੀ ਰਹਿਨੁਮਾਈ ਹੇਠ ਚੌਣਵੇਂ ਬੁੱਧੀਜੀਵੀਆਂ, ਵਿਦਵਾਨਾਂ, ਲੇਖਕਾਂ ਅਤੇ ਰੰਗਕਰਮੀਆਂ ਦੀ ਸ਼ਮੂਲੀਅਤ ਵਾਲੀ ਬੈਠਕ ਵਿਚ ਹੋਇਆ। ਜਗਦੀਪ ਸਿੱਧੂ ਨੇ ਤਿੰਨੇ ਸੰਸਥਾਵਾਂ ਵੱਲੋਂ ਹਾਜ਼ਰੀਨ ਦਾ ਸਵਾਗਤ ਕਰਦੇ ਕਿਹਾ, ਭੁਪਿੰਦਰ ਮੱਲੀ ਹੋਰਾਂ ਨਾਲ 'ਸਾਹਿਤਕ ਅਤੇ ਸਮਾਜਿਕ ਮਿਲਣੀ' ਦਾ ਮਨੋਰਥ ਇਕ ਅਜਿਹੇ ਸਖ਼ਸ਼ ਦੇ ਵਿਚਾਰ ਸੁਣਨਾ ਹੈ।ਜਿਸ ਨੇ ਲੰਮਾ ਅਰਸਾ ਵਿਦੇਸ਼ਾਂ ਵਿਚ ਗੁਜ਼ਾਰਕੇ, ਜੋ ਖੱਟੇ-ਮਿੱਠੇ ਅਨੁਭਵ ਕੀਤੇ, ਉਨ੍ਹਾਂ ਨਾਲ ਸਾਝ ਪਾਉਂਣਾ-ਪੁਆਉਂਣਾ ਦਾ ਯਤਨ ਹੈ। ਭੁਪਿੰਦਰ ਮੱਲੀ ਨੇ ਕਿਹਾ ਜੇ ਬੋਲੀ ਸਾਡੀ ਮਾਂ ਹੈ ਤਾਂ ਸਭਿਆਚਾਰ ਅਤੇ ਵਿਰਸਾ ਸਾਡਾ ਪਿਓ ਹੈ।ਜਿਵੇਂ ਮਾਂ-ਪਿਓ ਦੀ ਟਹਿਲ ਸੇਵਾ ਕਰਨਾ ਸਾਡਾ ਧਰਮ ਹੈ, ਤਾਂ ਬੋਲੀ, ਸਭਿਆਚਾਰ ਅਤੇ ਵਿਰਸਾ ਦੀ ਸੰਭਾਲ ਕਰਨਾ ਸਾਡਾ ਪਰਮ-ਧਰਮ ਹੈ।ਜੇ ਅਸੀਂ ਬੋਲੀ, ਸਾਹਿਤ ਅਤੇ ਸਭਿਆਚਾਰ ਬਚਾਉਂਣਾ ਹੈ ਤਾਂ ਮਿਸ਼ਨਰੀ ਭਾਵਨਾ ਲਾਜ਼ਮੀ ਹੈ।

## ਕਿਸਾਨ ਤੇ ਵਪਾਰ ਵਿੰਗ ਦੇ ਨਵੇਂ ਅਹੁਦੇਦਾਰਾਂ ਦਾ ਐਲਾਨ



**ਬਲਾਚੌਰ (ਜਸਵਿੰਦਰ ਬੈਂਸ)**- ਆਮ ਆਦਮੀ ਪਾਰਟੀ ਪੰਜਾਬ ਨੇ ਸੰਗਠਨਾਤਕ ਢਾਂਚੇ ਦਾ ਵਿਸਥਾਰ ਕਰਦਿਆ ਹੋਇਆ ਕਿਸਾਨ ਵਿੰਗ ਅਤੇ ਵਪਾਰ ਵਿੰਗ ਵਿੱਚ ਨਵੇਂ ਅਹੁਦੇਦਾਰਾਂ ਲਗਾਏ ਗਏ। ਹਲਕਾ ਬਲਾਚੌਰ ਦੇ ਵਿਧਾਇਕ ਸੰਤੋਸ਼ ਕਟਾਰੀਆ ਨੇ ਹਨੀ ਡੱਬ ਜਿਲ੍ਹਾ ਟ੍ਰੇਡ ਵਿੰਗ ਇੰਚਾਰਜ ਨਵਾਂਸ਼ਹਿਰ,ਜਸਵੀਰ ਸਿੰਘ ਘੁੰਮਣ ਨੂੰ ਟ੍ਰੇਡ ਵਿੰਗ ਹਲਕਾ ਬਲਾਚੌਰ ਦਾ ਕੋਆਰਡੀਨੇਟਰ ਅਤੇ ਰਸ਼ਪਾਲ ਮੰਡੇਰ ਕਿਸਾਨ ਵਿੰਗ ਹਲਕਾ ਕੋਆਰਡੀਨੇਟਰ ਨਿਯੁਕਤ ਕਰਨ ਲਈ ਪਾਰਟੀ ਦੀ ਸਾਰੀ ਉੱਚ ਪੱਧਰੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮਹੱਤਵਪੂਰਨ ਜ਼ਿੰਮੇਵਾਰੀ ਲਈ ਹਨੀ ਡੱਬ, ਜਸਵੀਰ ਸਿੰਘ ਘੁੰਮਣ ਅਤੇ ਰਸ਼ਪਾਲ ਮੰਡੇਰ ਨੂੰ ਦਿਲੋਂ ਮੁਬਾਰਕਬਾਦ ਦਿੰਦਿਆਂ ਸੰਤੋਸ਼ ਕਟਾਰੀਆ ਨੇ ਕਿਹਾ ਕਿ ਮੈਨੂੰ ਪੂਰਾ ਭਰੋਸਾ ਹੈ ਕਿ ਪਾਰਟੀ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਇਮਾਨਦਾਰੀ, ਤਨਦੇਹੀ ਅਤੇ ਲਗਨ ਨਾਲ ਨਿਭਾਉਣਗੇ।

## ਰਾਮਾਂ ਵਾਸੀਆਂ ਵੱਲੋਂ ਗੁਰੂ ਗੋਬਿੰਦ ਸਿੰਘ ਮਾਰਗ ਤੋਂ ਹੱਡਾ ਰੋੜੀ ਪਟਾਉਣ ਦੀ ਮੰਗ



**ਬੱਧਨੀ ਕਲਾਂ (ਲਵਲੀ ਕੁਮਾਰ)**-ਪਿੰਡ ਰਾਮਾਂ ਵਿਖੇ ਗੁਰੂ ਗੋਬਿੰਦ ਸਿੰਘ ਮਾਰਗ ਚਕਰ ਰੋਡ 'ਤੇ ਹੱਡਾ ਰੋੜੀ ਦੀ ਇੱਕ ਵੱਡੀ ਸਮੱਸਿਆ ਬਣੀ ਹੋਈ ਹੈ।ਇਹ ਮੇਨ ਰੋਡ ਹੋਣ ਕਰਕੇ ਟ੍ਰੈਫਿਕ ਬਹੁਤ ਜ਼ਿਆਦਾ ਰਹਿੰਦਾ ਹੈ।ਇਸ ਰੋਡ 'ਤੇ ਪੈਟਰੋਲ ਪੰਪ ਤੇ ਘਰ ਨਜ਼ਦੀਕ ਹੋਣ ਕਾਰਨ ਬਹੁਤ ਜ਼ਿਆਦਾ ਬਦਬੂ ਆਉਂਦੀ ਰਹਿੰਦੀ ਹੈ। ਇਸ ਗੁਰੂ ਗੋਬਿੰਦ ਸਿੰਘ ਮਾਰਗ ਉੱਪਰ ਬੱਚੇ ਪੜ੍ਹਨ ਜਾਂਦੇ ਹੋਣ ਕਰਕੇ ਲੰਘਣਾ ਬਹੁਤ ਔਖਾ ਹੋਇਆ ਪਿਆ ਹੈ। ਇਸ ਮਾਰਗ ਉੱਪਰ ਦੀ ਨਗਰ ਕੀਰਤਨ, ਜੋ ਅਨੰਦਪੁਰ ਸਾਹਿਬ ਤੋਂ ਚਲਦਾ ਹੈ, ਉਹ ਵੀ ਅੱਗੋਂ ਦੀ ਲੰਘਦਾ ਹੈ, ਸਵੇਰ ਸਮੇਂ ਬੱਚੇ ਬਜ਼ੁਰਗਾਂ ਨੂੰ ਸੈਰ ਕਰਨ ਵਿੱਚ ਬਹੁਤ ਤਕਲੀਫ਼ ਹੁੰਦੀ ਹੈ।ਹੁਣ ਤੱਕ 25 ਤੋਂ 30 ਦੇ ਕਰੀਬ ਛੋਟੇ ਬੱਚਿਆਂ ਨੂੰ ਕੁੱਤਿਆਂ ਨੇ ਆਪਣੀ ਹਵਸ਼ ਦਾ ਸ਼ਿਕਾਰ ਬਣਾਇਆ ਹੈ ਅਤੇ ਐਕਸੀਡੈਂਟ ਦਾ ਵੀ ਕਾਰਨ ਬਣਦੇ ਹਨ। ਸੋ ਸਾਡੀ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਤੋਂ ਮੰਗ ਹੈ ਕਿ ਇਹ ਰਾਮਾ ਨਿਵਾਸੀਆਂ ਦੀ ਸੱਮਸਿਆ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ। ਇਸ ਸਮੱਸਿਆ ਦਾ ਹੱਲ ਨਾ ਹੋਣ 'ਤੇ ਉਨ੍ਹਾਂ ਤਿੱਖਾ ਸੰਘਰਸ਼ ਵਿੱਢਣ ਦੀ ਚੇਤਾਵਨੀ ਦਿੱਤੀ, ਜੇਕਰ ਕਿਸੇ ਵਿਅਕਤੀ ਜਾਂ ਬੱਚੇ ਉੱਪਰ ਇਨ੍ਹਾਂ ਕੁੱਤਿਆਂ ਵੱਲੋਂ ਹਮਲਾ ਹੁੰਦਾ ਹੈ ਤਾਂ ਪ੍ਰਸ਼ਾਸਨ ਦੀ ਜ਼ੁੰਮੇਵਾਰੀ ਹੋਵੇਗੀ।ਇਸ ਮੌਕੇ ਸਰਪੰਚ ਜਰਨੈਲ ਸਿੰਘ, ਪ੍ਰਧਾਨ ਅਮਨਦੀਪ ਸਿੰਘ, ਗੁਰਸੇਵਕ ਸਿੰਘ ਮੈਂਬਰ, ਜਸਪ੍ਰੀਤ ਸਿੰਘ ਮੈਂਬਰ, ਲਛਮਣ ਸਿੰਘ ਮੈਂਬਰ, ਜਗਦੇਵ ਸਿੰਘ ਸੁਸਾਇਟੀ ਪ੍ਰਧਾਨ ਨਛੱਤਰ ਸਿੰਘ ਕਿਸਾਨ ਯੂਨੀਅਨ ਉਗਰਾਹਾਂ, ਅਮਨਾ ਗਿੱਲ, ਮੇਜਰ ਸਿੰਘ, ਦੀਪਾ ਮੈਂਬਰ, ਜਗਦੀਪ ਲਾਲੀ, ਅਮਰਜੀਤ ਸਿੰਘ, ਬੁੱਗਰ ਸਿੰਘ, ਕਾਲਾ ਸਿੰਘ, ਗੁਰਪ੍ਰੀਤ ਸਿੰਘ, ਮਲਕੀਤ ਗਿੱਲ, ਮੰਧਾ ਗਿੱਲ, ਮੱਘਰ ਸਿੰਘ ਗਿੱਲ, ਮਾਸਟਰ ਸਵਰਨ ਸਿੰਘ ਪੰਪ ਵਾਲਾ, ਮਲਕੀਤ ਸਿੰਘ, ਹਰਦੀਪ ਗਿੱਲ ਆਦਿ ਹਾਜ਼ਰ ਸਨ।

## ਸਮਾਜਿਕ ਪ੍ਰਭਾਵ ਤੇ ਨਵੀਨਤਾ ਫਾਊਂਡੇਸ਼ਨ ਦੀ ਮੀਟਿੰਗ



**ਲੌਂਗੋਵਾਲ (ਪ੍ਰਦੀਪ ਸੱਪਲ)**-ਸੈਕਸ਼ਨ-8 ਕੰਪਨੀ ਸੋਸ਼ਲ ਇੰਪੈਕਟ ਐਂਡ ਇਨੋਵੇਸ਼ਨ ਫਾਊਂਡੇਸ਼ਨ (ਐਸ ਆਈ ਆਈ ਐਫ) ਦੀ ਇੱਕ ਅਹਿਮ ਮੀਟਿੰਗ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਲੌਂਗੋਵਾਲ ਵਿਖੇ ਕੀਤੀ ਗਈ।ਇਸ ਮੀਟਿੰਗ ਦਾ ਸੰਚਾਲਨ ਤੇ ਮਾਰਗ ਦਰਸ਼ਨ ਪ੍ਰੋਫੈਸਰ ਏ. ਐੱਸ. ਅਰੋੜਾ ਵੱਲੋਂ ਕੀਤਾ ਗਿਆ।ਡਾਇਰੈਕਟਰ ਸਲਾਇਟ ਪ੍ਰੋ. ਮਣੀਕਾਂਤ ਪਾਸਵਾਨ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਸੀਨੀਅਰ ਫੈਕਲਟੀ ਮੈਂਬਰਾਂ ਸੁਰਿਤਾ ਮੈਣੀ ਤੇ ਹਰੀ ਮੋਹਨ ਅਰੋੜਾ ਦੀ ਮੌਜੂਦਗੀ ਨਾਲ ਇਸ ਪ੍ਰੋਗਰਾਮ ਵਿੱਚ ਸਮਾਜ ਤੇ ਤਕਨੀਕੀ ਵਿਕਾਸ ਨਾਲ ਸਬੰਧਤ ਵੱਖ-ਵੱਖ ਮਹੱਤਵਪੂਰਨ ਨੁਕਤਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਵਿੱਚ ਐੱਸ. ਆਈ. ਆਈ. ਐੱਫ. ਦੇ ਉਦੇਸ਼ਾਂ, ਸਮਾਜ ਵਿਚ ਤਕਨੀਕੀ ਨਵੀਨਤਾ ਨੂੰ ਉਤਸ਼ਾਹਤ ਕਰਨਾ ਨੌਜਵਾਨਾਂ ਨੂੰ ਉਦਮਤਾ ਤੇ ਸਟਾਰਟ ਅੱਪ ਵੱਲ ਪ੍ਰੇਰਿਤ ਕਰਨਾ ਅਤੇ ਸਮਾਜਿਕ ਸਰੋਕਾਰਾਂ ਨਾਲ ਸਬੰਧਤ ਜੈਕਟਾਂ ਨੂੰ ਉਤਸ਼ਾਹਤ ਕਰਨ 'ਤੇ ਵਿਸ਼ੇਸ਼ ਤੌਰ 'ਤੇ ਵਿਚਾਰ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਹੋਰਨਾਂ ਅਧਿਆਪਕਾਂ ਤੇ ਭਾਗੀਦਾਰਾਂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਭਰੋਸਾ ਦਿੱਤਾ ਕਿ ਸਮਾਜਿਕ ਵਿਕਾਸ ਤੇ ਤਕਨੀਕੀ ਉੱਨਤੀ ਲਈ ਐੱਸ.ਆਈ.ਆਈ.ਐੱਫ. ਦੀ ਪਹਿਲਕਦਮੀ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

## ਪੀ ਜੀ ਆਈ ਨੇ ਨੇਤਰ-ਦਾਨ ਜਾਗਰੂਕਤਾ ਪੰਦਰਵਾੜਾ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚਡੀਗੜ੍ਹ ਵੱਲੋਂ ਆਮ ਜਨ ਨੂੰ ਨੇਤਰ ਦਾਨ ਪ੍ਰਤੀ ਜਾਗਰੂਕ ਕਰਨ ਲਈ 40ਵਾਂ ਰਾਸ਼ਟਰੀ ਨੇਤਰ ਦਾਨ ਪੰਦਰਵਾੜਾ ਆਯੋਜਿਤ ਕੀਤਾ ਗਿਆ, ਜਿਸ ਵਿੱਚ ਨੌਜਵਾਨਾਂ ਨੂੰ ਨੇਤਰਦਾਨ ਵਰਗੇ ਪਵਿੱਤਰ ਤੇ ਮਹਾਨ ਕਾਰਜ ਦੀ ਮਹੱਤਤਾ ਬਾਰੇ ਪ੍ਰੇਰਤ ਕੀਤਾ ਗਿਆ।ਇਸ ਸਬੰਧੀ ਕਰਵਾਏ ਗਏ ਇੱਕ ਸੈਮੀਨਾਰ ਵਿੱਚ ਡਾ. ਸ਼ਿਵਮ ਨੇ ਹਾਜ਼ਰ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੇਤਰ ਦਾਨ ਪ੍ਰਾਪਤਕਰਤਾ ਲਈ ਰੌਸ਼ਨੀ ਦਾ ਤੋਹਫ਼ਾ ਹੈ।ਇਸ ਸਬੰਧੀ ਗੱਲ ਕਰਦਿਆਂ ਪੀਜੀਆਈ ਦੇ ਨੇਤਰ ਰੋਗ ਵਿਭਾਗ ਦੇ ਮੁਖੀ ਪ੍ਰੋ. ਐੱਸ. ਐੱਸ. ਪਾਂਡਵ ਨੇ ਕਿਹਾ ਕਿ ਨਜ਼ਰ ਦਾ ਤੋਹਫ਼ਾ ਮਨੁੱਖਤਾ ਦੇ ਸਭ ਤੋਂ ਉੱਚੇ ਕਾਰਜਾਂ ਵਿਚੋਂ ਇੱਕ ਹੈ।ਨੇਤਰ ਦਾਨ ਸਿਰਫ਼ ਨਜ਼ਰ ਹੀ ਨਹੀਂ, ਸਗੋਂ ਉਨ੍ਹਾਂ ਲਈ ਆਸ ਤੇ ਇਜ਼ਤ ਵੀ ਵਾਪਸ ਲਿਆਉਂਦਾ ਹੈ, ਜੋ ਹਨੇਰੇ ਵਿੱਚ ਜੀਵਨ ਬਤੀਤ ਕਰ ਰਹੇ ਹਨ।ਇਹ ਦੇਖ ਕੇ ਖੁਸ਼ੀ ਹੁੰਦੀ ਹੈ ਕਿ ਸਾਡੇ ਨੌਜਵਾਨ ਵੱਡੇ ਉਤਸ਼ਾਹ ਨਾਲ ਇਨ੍ਹਾਂ ਜਾਗਰੂਕਤਾ ਪ੍ਰੋਗਰਾਮਾਂ ਵਿੱਚ ਭਾਗ ਲੈ ਰਹੇ ਹਨ।ਨੇਤਰ ਦਾਨ ਲਈ ਸਹੁੰ ਚੁੱਕ ਕੇ ਉਹ ਨਾ ਸਿਰਫ਼ ਦਾਨ ਕਰਨ ਦਾ ਵਾਅਦਾ ਕਰ ਰਹੇ ਹਨ, ਸਗੋਂ ਇਸ ਪਵਿੱਤਰ ਕਾਰਜ ਦੇ ਅਲੰਬਰਦਾਰ ਵਜੋਂ ਸਮਾਜ ਵਿੱਚ ਸੁਨੇਹਾ ਵੀ ਫੈਲਾਅ ਰਹੇ ਹਨ।

## ਕਾਂਗਰਸ ਦੀ ਸਰਕਾਰ ਆਉਣ 'ਤੇ ਡਰੇਨ ਨਾਲੇ ਦੀਆਂ ਪਟੜੀਆਂ ਨੂੰ ਪੱਕਾ ਕੀਤਾ ਜਾਵੇਗਾ : ਆਗੂ



**ਬਰੇਟਾ (ਰੀਤਵਾਲ)**-ਲਗਾਤਾਰ ਭਾਰੀ ਬਾਰਸ਼ ਪੈਣ ਕਾਰਨ ਪਾਣੀ ਨੇ ਚਾਰ ਚੁਫੇਰੇ ਤਬਾਹੀ ਮਚਾਈ ਹੋਈ ਹੈ।ਡਰੇਨ ਨੰਬਰ 84 ਦਾ ਬੰਨ੍ਹ ਟੁੱਟਣ ਕਾਰਨ ਤਕਰੀਬਨ 500 ਏਕੜ ਖੇਤਾਂ ਦੀ ਫਸਲ ਪਾਣੀ ਵਿੱਚ ਡੁੱਬ ਜਾਣ ਕਾਰਨ ਤਬਾਹ ਹੋ ਗਈ ਅਤੇ ਮਹਿੰਗੀਆਂ ਕੋਠੀਆਂ ਤੇ ਘਰਾਂ ਦੇ ਘਰ ਡਿੱਗਣ ਦੇ ਕਗਾਰ 'ਤੇ ਹਨ।ਇਸ ਤਬਾਹੀ ਨੂੰ ਧਿਆਨ ਵਿੱਚ ਰੱਖਦੇ ਹੋਏ ਕਾਂਗਰਸ ਪਾਰਟੀ ਦੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਗਿਆਨ ਚੰਦ ਸਿੰਗਲਾ ਬਰੇਟਾ, ਬਲਾਕ ਪ੍ਰਧਾਨ ਸਵਰਨ ਸਿੰਘ ਖੁਡਾਲ, ਅਵਤਾਰ ਸਿੰਘ ਸਾਬਕਾ ਨਗਰ ਕੌਂਸਲ ਵਾਇਸ ਪ੍ਰਧਾਨ ਬਰੇਟਾ ਤੇ ਸੁੱਖਾ ਸਿੰਘ ਦਲਿਓ ਤੋਂ ਇਲਾਵਾ ਹੋਰ ਵੀ ਪਿੰਡ ਦੇ ਸਾਥੀ ਪੀੜਤ ਲੋਕਾਂ ਦੇ ਦੁੱਖ ਵਿੱਚ ਆ ਕੇ ਹਾਜ਼ਰੀ ਲਵਾਉਣ ਪਹੁੰਚੇ ਅਤੇ ਮੌਕਾ ਦੇਖਦਿਆਂ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਸਰਕਾਰ ਆਉਣ 'ਤੇ ਡਰੇਨ ਨਾਲੇ ਦੀਆਂ ਪਟੜੀਆਂ ਨੂੰ ਉੱਚਾ ਕਰਕੇ ਪੱਕਾ ਕੀਤਾ ਜਾਵੇਗਾ। ਕਾਂਗਰਸ ਦੇ ਆਗੂਆਂ ਨੇ ਕਿਹਾ ਕਿ ਅੱਗੇ ਤੋਂ ਕੋਈ ਇਹੋ ਜਿਹਾ ਭਾਣਾ ਨਾ ਵਰਤੇ ਤੇ ਲੋਕਾਂ ਨੂੰ ਮੌਕੇ 'ਤੇ ਬਣਦੀ ਸਹਾਇਤਾ ਵੀ ਦਿੱਤੀ।ਉਨ੍ਹਾਂ ਡਰੇਨ ਨਾਲ ਲੱਗਦੇ ਪਿੰਡ ਜਲਵੇੜਾ ਦੀ ਟੀਮ ਵੱਲੋਂ ਆਏ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸ਼ਿਵਾਲਾ ਮੰਦਰ 'ਚ ਗਣਪਤੀ ਮਹਾਂਉਤਸਵ ਦੀਆਂ ਰੌਣਕਾਂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਤੇ ਪੁਰਾਤਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ ਵਿਖੇ ਗਣਪਤੀ ਉਤਸਵ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ, ਜਿੱਥੇ ਸ਼ਰਧਾਲੂਆਂ ਦੀਆਂ ਖੂਬ ਰੌਣਕਾਂ ਲੱਗ ਰਹੀਆਂ ਹਨ।

ਪ੍ਰਬੰਧਕਾਂ ਅਨੁਸਾਰ ਮੰਦਰ ਵਿੱਚ ਰੋਜ਼ਾਨਾ ਸ਼ਾਮ ਨੂੰ ਗਣਪਤੀ ਜੀ ਦੀ ਪੂਜਾ ਕੀਤੀ ਜਾਂਦੀ ਹੈ ਅਤੇ ਪ੍ਰਸਿੱਧ ਗਾਇਕ ਵੱਲੋਂ ਗਣਪਤੀ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਂਦਾ ਹੈ। ਬੀਤੀ ਰਾਤ ਵੀ ਭਜਨ ਗਾਇਕ ਪ੍ਰਦੀਪ ਮਾਨ ਨੇ ਗਣਪਤੀ ਜੀ ਦੇ ਇਤਿਹਾਸ ਤੇ ਉਤਸਵ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਵੱਲੋਂ ਪੇਸ਼ ਕੀਤੇ ਭਜਨਾਂ 'ਤੇ ਸ਼ਰਧਾਲੂ ਝੂਮ ਉੱਠੇ। ਸੰਗਤਾਂ ਲਈ ਵੱਖ ਵੱਖ ਪਕਵਾਨਾਂ ਦੇ ਲੰਗਰ ਵਰਤਾਏ ਜਾਂਦੇ ਹਨ।

## ਬਲੌਜ਼ਮਜ਼ ਦੇ ਵਿਦਿਆਰਥੀਆਂ ਇੰਟਰੈਕਟ ਕਲੱਬ ਅਧੀਨ ਲੋੜਵੰਦਾਂ ਦੀ ਕੀਤੀ ਮਦਦ




**ਜਗਰਾਓਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਵਿਦਿਆਰਥੀ ਹਰ ਖਿੱਤੇ ਵਿੱਚ ਮੂਹਰਲੀ ਕਤਾਰ ਵਿੱਚ ਸ਼ਾਮਲ ਹੋ ਰਹੇ ਹਨ, ਉਸੇ ਲੜੀ ਤਹਿਤ ਹਰ ਵਰ੍ਹੇ ਦੀ ਤਰ੍ਹਾਂ ਪਿਛਲੇ ਦਿਨੀਂ ਸਕੂਲ ਵਿੱਚ ਚੱਲ ਰਹੇ ਰੋਟਰੀ ਕਲੱਬ ਦੇ ਅਧੀਨ ਇੰਟਰੈਕਟ ਕਲੱਬ ਵੱਲੋਂ ਸਕੂਲੀ ਵਿਦਿਆਰਥੀਆਂ ਨੇ ਸਕੂਲ, ਆਪਣੇ ਵੱਲੋਂ ਅਤੇ ਅਧਿਆਪਕ ਸਾਹਿਬਾਨ ਦੇ ਸਹਿਯੋਗ ਸਦਕਾ ਇਕੱਤਰ ਕੀਤੇ ਫੰਡ ਦਾ ਰਾਸ਼ਨ ਤੇ ਹੋਰ ਜ਼ਰੂਰੀ ਵਸਤਾਂ ਮਨੁੱਖਤਾ ਦੀ ਸੇਵਾ ਹਸਨਪੁਰ ਵਿਖੇ ਲੋੜਵੰਦਾਂ ਦੀ ਮਦਦ ਲਈ ਪਹੁੰਚਦੀਆਂ ਕੀਤੀਆਂ।ਉਨ੍ਹਾਂ ਇਹ ਸੇਵਾ ਇੱਥੋਂ ਦੇ ਪਹਿਲੇ ਪ੍ਰਿੰ. ਸਵ. ਡਾ. ਅਮਰਜੀਤ ਕੌਰ ਨਾਜ਼ ਜੀ ਦੀ ਯਾਦ ਨੂੰ ਸਮਰਪਤ ਕੀਤੀ।ਇਹ ਕਾਰਜ ਕਲੱਬ ਦੇ ਇੰਚਾਰਜ ਮਿ. ਨਵਜੀਤ ਸਿੰਘ ਤੇ ਮਿਸਿਜ਼ ਰਵਿੰਦਰ ਕੌਰ ਦੀ ਯੋਗ ਅਗਵਾਈ ਹੇਠ ਹੋਇਆ। ਇਸ ਮੌਕੇ ਸਕੂਲ ਦੇ ਪ੍ਰਿੰ. ਡਾ. ਨਵਨੀਤ ਕੌਰ ਨੇ ਕਿਹਾ ਕਿ ਡਾ. ਨਾਜ਼ ਦੁਆਰਾ ਚਲਾਏ ਇਸ ਇੰਟਰੈਕਟ ਕਲੱਬ ਨੂੰ ਅਸੀਂ ਹਮੇਸ਼ਾ ਚੱਲਦਾ ਰੱਖਾਂਗੇ ਤੇ ਵਿਦਿਆਰਥੀਆਂ ਨੂੰ ਲੋਕ-ਭਲਾਈ ਕਾਰਜਾਂ ਵੱਲ ਜੋੜ ਕੇ ਮਨੁੱਖਤਾ ਦੀ ਸੇਵਾ ਵੱਲ ਪ੍ਰੇਰਿਤ ਕਰਦੇ ਰਹਾਂਗੇ, ਜੋ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਇਨ੍ਹਾਂ ਵਿੱਚ ਆਪਣੇ ਪਰਿਵਾਰ ਪ੍ਰਤੀ ਸਤਿਕਾਰ ਦੀ ਭਾਵਨਾ ਵਧਦੀ ਹੈ।ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ, ਰਛਪਾਲ ਸਿੰਘ ਤੇ ਗੁਰਜਿੰਦਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਪੂਰਾ ਸਹਿਯੋਗ ਦਿੱਤਾ।

## ਅਮਰੀਕਾ ਦੇ 50 ਫੀਸਦੀ ਟੈਰਿਫ ਕਾਰਨ ਪੰਜਾਬ ਦੇ ਉਦਯੋਗ ਨੂੰ 30,000 ਕਰੋੜ ਦਾ ਨੁਕਸਾਨ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਅਮਰੀਕਾ ਦੇ 50 ਪ੍ਰਤੀਸ਼ਤ ਟੈਰਿਫ ਕਾਰਨ ਪੰਜਾਬ ਦੇ ਉਦਯੋਗ ਨੂੰ 30,000 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ।ਇਸ ਦਾ ਪ੍ਰਭਾਵ ਵੀ ਦਿਖਾਈ ਦੇਣਾ ਸ਼ੁਰੂ ਹੋ ਗਿਆ ਹੈ।ਕਈ ਉਦਯੋਗਪਤੀਆਂ ਦੇ ਆਰਡਰ ਰੁਕ ਗਏ ਹਨ।ਟੈਰਿਫ ਕਾਰਨ ਇਕੱਲੇ ਪੰਜਾਬ ਦੇ 7 ਉਦਯੋਗਿਕ ਖੇਤਰਾਂ ਨੂੰ 20,000 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ।ਇਨ੍ਹਾਂ 'ਚ ਟੈਕਸਟਾਈਲ, ਮਸ਼ੀਨ ਟੂਲ, ਫਾਸਟਨਰ, ਆਟੋ ਪਾਰਟਸ, ਖੇਡਾਂ ਤੇ ਚਮੜਾ, ਖੇਤੀਬਾੜੀ ਉਪਕਰਨ ਉਦਯੋਗ ਸ਼ਾਮਲ ਹਨ।ਇਨ੍ਹਾਂ ਉਦਯੋਗਾਂ ਨਾਲ ਜੁੜੇ ਉਦਯੋਗਪਤੀਆਂ ਨੇ ਕਿਹਾ ਕਿ ਅਮਰੀਕਾ ਵੱਲੋਂ ਭਾਰਤ 'ਤੇ ਵਧੇ ਹੋਏ ਟੈਰਿਫ ਦਾ ਫਾਇਦਾ ਗੁਆਂਢੀ ਦੇਸ਼ਾਂ ਪਾਕਿਸਤਾਨ, ਬੰਗਲਾਦੇਸ਼ ਤੇ ਚੀਨ ਨੂੰ ਹੋਵੇਗਾ।ਪੰਜਾਬ ਦੇ ਸਭ ਤੋਂ ਵੱਡੇ ਖੇਡ ਉਦਯੋਗ ਏ ਐੱਮ ਇੰਟਰਨੈਸ਼ਨਲ ਦੇ ਮਾਲਕ ਮੁਕੁਲ ਵਰਮਾ ਅਨੁਸਾਰ ਅਮਰੀਕਾ ਖੇਡ ਉਤਪਾਦਾਂ ਲਈ ਇੱਕ ਵੱਡਾ ਬਾਜ਼ਾਰ ਹੈ।ਹੁਣ ਕੇਂਦਰ ਸਰਕਾਰ ਨੂੰ ਇਸ ਮੁਸ਼ਕਲ ਸਮੇਂ ਵਿੱਚ ਕਦਮ ਚੁੱਕਣੇ ਚਾਹੀਦੇ ਹਨ।ਪੰਜਾਬ ਹਰ ਸਾਲ ਲਗਭਗ 54 ਹਜ਼ਾਰ ਕਰੋੜ ਰੁਪਏ ਦਾ ਨਿਰਯਾਤ ਕਰਦਾ ਹੈ, ਜਿਸ ਵਿੱਚ 20 ਹਜ਼ਾਰ ਕਰੋੜ ਰੁਪਏ ਦਾ ਹਿੱਸਾ ਅਮਰੀਕਾ ਨੂੰ ਜਾਂਦਾ ਹੈ।ਟੈਰਿਫ ਕਾਰਨ, ਬਹੁਤ ਸਾਰੇ ਗਾਹਕਾਂ ਨੇ ਆਰਡਰ ਰੋਕ ਦਿੱਤੇ ਹਨ।

## ਸਰਪੰਚ ਰਾਜਾ ਮੱਲਕੇ ਦੀ ਅਗਵਾਈ 'ਚ ਪੰਚਾਇਤ ਵੱਲੋਂ ਹੜ੍ਹ ਪੀੜਤਾਂ ਦੀ ਮਦਦ

### ਅਚਾਰ ਦੀਆਂ ਟਰਾਲੀਆਂ ਭਰ ਕੇ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਕੀਤੀਆਂ ਰਵਾਨਾ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਇੱਥੋਂ ਥੋੜ੍ਹੀ ਦੂਰ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਸਮਾਜ ਸੇਵੀ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ, ਜਦੋਂ ਵੀ ਕਦੇ ਵੀ ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਲੋੜ ਹੁੰਦੀ ਹੈ ਤਾਂ ਉਹ ਅੱਗੇ ਹੋ ਕੇ ਉਨ੍ਹਾਂ ਦੀ ਮਦਦ ਕਰਦੇ ਹਨ, ਜਿਸ ਕਰ ਕੇ ਪਿੰਡ ਮੱਲਕੇ ਵਿੱਚ ਹੀ ਨਹੀਂ ਸਗੋਂ ਹਲਕਾ ਬਾਘਾ ਪੁਰਾਣਾ ਅੰਦਰ ਸਰਪੰਚ ਰਾਜਾ ਮੱਲਕੇ ਦਾ ਵੱਡਾ ਨਾਮ ਹੈ ਤੇ ਹੁਣ ਜਦੋਂ ਸੂਬੇ ਦੇ ਕਈ ਜ਼ਿਲ੍ਹਿਆਂ ਅੰਦਰ ਹੜ੍ਹਾਂ ਨੇ ਤਬਾਹੀ ਮਚਾਈ ਹੋਈ ਹੈ ਤਾਂ ਉਹ ਹੜ੍ਹ ਪੀੜਤਾਂ ਦੀ ਮਦਦ ਕਰਨ ਤੋਂ ਵੀ ਪਿੱਛੇ ਨਹੀਂ ਹਟੇ ਅਤੇ ਉਨ੍ਹਾਂ ਦੀ ਅਗਵਾਈ ਹੇਠ ਪਿੰਡ ਦੀ ਸਮੁੱਚੀ ਗ੍ਰਾਮ ਪੰਚਾਇਤ ਵੱਲੋਂ ਹੜ੍ਹ ਪੀੜਤ ਖੇਤਰਾਂ ਲਈ ਅਚਾਰ ਨਾਲ ਭਰੀਆਂ ਪਿੰਡ ਮੱਲਕੇ ਤੋਂ ਟਰਾਲੀਆਂ ਨੂੰ ਰਵਾਨਾ ਕੀਤਾ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਰਾਜਾ ਮੱਲਕੇ ਨੇ ਆਖਿਆ ਕਿ ਸਾਨੂੰ ਇਸ ਮੁਸੀਬਤ ਦੀ ਘੜੀ ਵਿੱਚ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਪੀੜਤ ਲੋਕਾਂ ਦੀ ਬਾਂਹ ਫੜ੍ਹਨੀ ਚਾਹੀਦੀ ਹੈ ਤੇ ਹਰ ਇਕ ਨੂੰ ਪਾਰਟੀ ਬਾਜ਼ੀ ਤੋਂ ਉਪਰ ਉੱਠ ਕੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜਾ ਕੇ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ ਤਾਂ ਜੋ ਉਨ੍ਹਾਂ ਨੂੰ ਰਾਹਤ ਮਹਿਸੂਸ ਹੋ ਸਕੇ।ਉਨ੍ਹਾਂ ਕਿਹਾ ਕਿ ਸਮਾਜ ਸੇਵਾ ਦੇ ਕੰਮ ਕਰ ਕੇ ਉਨ੍ਹਾਂ ਦੇ ਮਨ ਨੂੰ ਸਕੂਨ ਮਿਲਦਾ ਹੈ, ਜਿਸ ਕਰ ਕੇ ਉਹ ਆਪਣੇ ਰੋਜ਼ਾਨਾ ਜੀਵਨ ਵਿੱਚ ਸਮਾਜ ਸੇਵਾ ਦੇ ਕੰਮਾਂ ਨੂੰ ਪਹਿਲ ਦਿੰਦੇ ਹਨ।ਇਸ ਮੌਕੇ ਸਰਪੰਚ ਰਾਜਾ ਮੱਲਕੇ ਦੇ ਨਾਲ ਰਤਨ ਸਿੰਘ, ਪਾਲ ਸਿੰਘ, ਮਨਦੀਪ ਸਿੰਘ, ਸੀਰਾ ਸਿੰਘ, ਦਵਿੰਦਰ ਸਿੰਘ, ਬਚਿੱਤਰ ਸਿੰਘ, ਸਹਿਜਪ੍ਰੀਤ ਸਿੰਘ, ਪਰਮਿੰਦਰ ਸਿੰਘ, ਮਾਸਟਰ ਬਲਜੀਤ ਸਿੰਘ ਦੇ ਇਲਾਵਾ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ, ਜਿਨ੍ਹਾਂ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਦਾ ਐਲਾਨ ਕਰਦਿਆਂ ਕਿਹਾ ਕਿ ਉਹ ਪਿੰਡ ਦੇ ਸਰਪੰਚ ਰਾਜਾ ਮੱਲਕੇ ਦੀ ਅਗਵਾਈ ਹੇਠ ਪਿੰਡ ਵਿੱਚੋਂ ਹੋਰ ਵੀ ਰਾਹਤ ਸਮੱਗਰੀ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਭੇਜਣਗੇ।ਅਖੀਰ ਵਿੱਚ ਸਰਪੰਚ ਰਾਜਾ ਨੇ ਆਖਿਆ ਕਿ ਸਰਕਾਰ ਤਾਂ ਆਪਣਾ ਕੰਮ ਕਰ ਹੀ ਰਹੀ ਤੇ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਆਪਣੇ ਭੈਣ ਭਰਾਵਾਂ ਨਾਲ ਇਸ ਮੁਸੀਬਤ ਦੀ ਘੜੀ ਵਿੱਚ ਖੜ੍ਹੀਏ।

## ਹੜ੍ਹ-ਪੀੜਤ ਭਰਾਵਾਂ ਨਾਲ ਖੜਨਾ ਸਾਡਾ ਪਹਿਲਾ ਤੇ ਨੈਤਿਕ ਫਰਜ਼ : ਸੁਖਜਿੰਦਰ



**ਮਾਨਸਾ (ਆਤਮਾ ਸਿੰਘ ਪਮਾਰ)**-ਕੁਦਰਤ ਦੀ ਕਰੋਪੀ ਤੇ ਸਰਕਾਰਾਂ ਦੀ ਬੇਧਿਆਨੀ ਕਾਰਨ ਪੰਜਾਬ ਦੇ ਬਹੁਤ ਸਾਰੇ ਜ਼ਿਲ੍ਹੇ ਹੜ੍ਹਾਂ ਦੀ ਮਾਰ ਹੇਠ ਆ ਗਏ ਹਨ।ਪੰਜਾਬੀਆਂ ਦੀ ਇਹ ਫ਼ਿਤਰਤ ਰਹੀ ਹੈ ਕਿ ਜਦੋਂ ਵੀ ਭਾਰਤ ਦੇ ਕਿਸੇ ਵੀ ਸੂਬੇ ਵਿੱਚ ਕੁਦਰਤ ਨੇ ਕਹਿਰ ਢਾਹਿਆ ਤਾਂ ਪੰਜਾਬੀ ਸਭ ਤੋਂ ਅੱਗੇ ਹੋ ਕੇ ਖਲੋਤੇ ਹਨ।ਇਸ ਵਾਰ ਪੰਜਾਬ ਦੇ ਬਹੁਤ ਸਾਰੇ ਹਿੱਸੇ ਨੂੰ ਹੜ੍ਹਾਂ ਨੇ ਆਪਣੀ ਲਪੇਟ ਵਿੱਚ ਲੈ ਲਿਆ ਹੈ, ਜਿਸ ਕਰਕੇ ਉਨਾਂ ਲੋਕਾਂ ਦਾ ਸਭ ਕੁੱਝ ਰੁੜ੍ਹ ਗਿਆ ਹੈ, ਜੋ ਜ਼ਿਲ੍ਹੇ ਹੜ੍ਹਾਂ ਦੀ ਮਾਰ ਤੋਂ ਬਚੇ ਹਨ, ਉਹ ਹੜ੍ਹ-ਪੀੜਤ ਲੋਕ ਦੀ ਅੱਗੇ ਆ ਕੇ ਮਦਦ ਕਰ ਰਹੇ ਹਨ।ਸੋ ਇਸੇ ਲੜੀ ਤਹਿਤ ਪਿੰਡ ਭੈਣੀ ਬਾਘਾ ਜ਼ਿਲ੍ਹਾ ਮਾਨਸਾ ਦੀ ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀ ਤੇ ਨੌਜਵਾਨਾਂ ਵੱਲੋਂ ਹੜ੍ਹ ਪੀੜਤਾਂ ਲਈ ਜ਼ਰੂਰੀ ਵਸਤਾਂ ਦੀ ਮਦਦ ਕਰਨ ਦਾ ਫੈਸਲਾ ਲਿਆ ਗਿਆ ਹੈ।ਜਾਣਕਾਰੀ ਦਿੰਦੇ ਹੋਏ ਸੁਖਜਿੰਦਰ ਸਿੰਘ ਸਰਾਂ ਨੇ ਕਿਹਾ ਕਿ ਦੁੱਖ ਦੀ ਘੜੀ ਵਿੱਚ ਆਪਣੇ ਭਰਾਵਾਂ ਨਾਲ ਖੜਨਾ ਸਾਡਾ ਪਹਿਲਾ ਫਰਜ਼ ਹੈ, ਅਸੀਂ ਆਪਣੇ ਪਿੰਡ ਵਿੱਚੋਂ ਪਾਣੀ ਦੀ ਮਾਰ ਝੱਲ ਰਹੇ ਪਿੰਡਾਂ ਦੀ ਹਰ ਸੰਭਵ ਮੱਦਦ ਕਰਨ ਦੀ ਕੋਸ਼ਿਸ਼ ਕਰਾਂਗੇ।ਪਿੰਡ ਦੇ ਨੌਜਵਾਨ ਅਮਨੇ ਤੇ ਬੱਲੀ ਦੀ ਟੀਮ ਵੱਲੋਂ ਪਾਣੀ ਨੂੰ ਬੰਨ੍ਹ ਮਾਰਨ ਲਈ ਮਿੱਟੀ ਦੇ ਗੱਟੇ ਭਰ ਕੇ ਭੇਜੇ ਜਾ ਰਹੇ ਹਨ ਤਾਂ ਕਿ ਕੁੱਝ ਬਚਾ ਹੋ ਸਕੇ।

## ਪੱਛੜੀਆਂ ਸ਼੍ਰੇਣੀਆਂ ਦੇ ਰਿਜ਼ਰਵੇਸ਼ਨ ਕੋਟੇ ਦੇ ਵਾਧੇ ਲਈ ਮੰਗ ਪੱਤਰ ਸੌਂਪਿਆ




**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹੀਦ ਊਧਮ ਸਿੰਘ ਯਾਦਗਾਰੀ ਕਮੇਟੀ ਮੇਨ ਦੇ ਪ੍ਰਧਾਨ ਮਨਦੀਪ ਸਿੰਘ ਜੋਸਨ ਦੀ ਅਗਵਾਈ ਹੇਠ ਇੱਕ ਵਫ਼ਦ ਨੇ ਪੱਛੜੀਆਂ ਸ਼੍ਰੇਣੀਆਂ ਦੇ ਰਿਜ਼ਰਵੇਸ਼ਨ ਕੋਟੇ ਵਿੱਚ ਵਾਧੇ ਦੀ ਮੰਗ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਮੰਗ ਪੱਤਰ ਸੌਂਪਿਆ।ਇਸ ਮੌਕੇ ਉਨ੍ਹਾਂ ਨਾਲ ਮਨੀਸ਼ ਸਿਸੋਦੀਆ, ਸਿੱਖਿਆ ਮੰਤਰੀ ਹਰਜੋਤ ਬੈਂਸ, ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਤੇ ਪੱਛੜੀਆਂ ਸ਼੍ਰੇਣੀਆਂ ਦੇ ਚੇਅਰਮੈਨ ਡਾ. ਮਲਕੀਅਤ ਸਿੰਘ ਥਿੰਦ ਵੀ ਮੌਜੂਦ ਸਨ।ਮਨਦੀਪ ਸਿੰਘ ਜੋਸਨ ਨੇ ਦੱਸਿਆ ਕਿ ਪਹਿਲਾਂ ਪੱਛੜੀਆਂ ਸ਼੍ਰੇਣੀਆਂ ਦੀਆਂ 74 ਜਾਤੀਆਂ ਲਈ ਸਿਰਫ 13 ਫੀਸਦੀ ਰਿਜ਼ਰਵੇਸ਼ਨ ਹੀ ਹੈ, ਜੋਕਿ ਬਹੁਤ ਘੱਟ ਹੈ ਅਤੇ ਉਨ੍ਹਾਂ ਵੱਲੋਂ ਆਪ ਕਨਵੀਨਰ ਅਰਵਿੰਦ ਕੇਜਰੀਵਾਲ, ਸਹਿ ਕਨਵੀਨਰ ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸੂਬਾ ਪ੍ਰਧਾਨ ਕੈਬਨਟ ਮੰਤਰੀ ਅਮਨ ਅਰੋੜਾ ਨੂੰ ਮੰਗ ਪੱਤਰ ਸੌਂਪਿਆ ਹੈ, ਜਿਸ ਵਿੱਚ ਉਨ੍ਹਾਂ ਰਿਜ਼ਰਵੇਸ਼ਨ ਕੋਟੇ ਨੂੰ 27 ਫੀਸਦੀ ਕਰਨ ਦੀ ਮੰਗ ਕੀਤੀ ਹੈ।ਜੋਸਨ ਨੇ ਦੱਸਿਆ ਕਿ ਹਾਜ਼ਰ ਆਗੂਆਂ ਨੇ ਉਨ੍ਹਾਂ ਦੀ ਗੱਲ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੀ ਮੰਗ ਨੂੰ ਪ੍ਰਵਾਨ ਕਰਵਾਉਣ ਲਈ ਮੁੱਖ ਮੰਤਰੀ ਨਾਲ ਗੱਲਬਾਤ ਕਰਕੇ ਪ੍ਰਵਾਨ ਕਰਵਾਉਣ ਦਾ ਭਰੋਸਾ ਦਿਵਾਇਆ।ਇਸ ਮੌਕੇ ਜਸਪਾਲ ਹਾਂਡਾ, ਪਾਲਾ ਭੱਟੀ, ਇਕਬਾਲ ਸਿੰਘ, ਗੁਰਦੀਪ ਸਿੰਘ, ਵਿੱਕੀ, ਸੰਜੀਵ ਕੰਬੋਜ ਤੇ ਕੋਈ ਹੋਰ ਸੱਜਣ ਮੌਜੂਦ ਸਨ।

## 14 ਦੇ ਅਜਲਾਸ ਸੰਬੰਧੀ ਨੌਜਵਾਨ ਭਾਰਤ ਸਭਾ ਵੱਲੋਂ ਪਿੰਡਾਂ 'ਚ ਮੀਟਿੰਗਾਂ

### ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਲਈ ਮੁਆਵਜ਼ੇ ਦੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਨੌਜਵਾਨ ਭਾਰਤ ਸਭਾ ਵੱਲੋਂ 14 ਸਤੰਬਰ ਨੂੰ ਮੋਗਾ ਦੇ ਕੀਤੇ ਜਾ ਰਹੇ ਅਜਲਾਸ ਦੀ ਤਿਆਰੀ ਸਬੰਧੀ ਪਿੰਡ ਬਹੋਨਾ ਤੇ ਢੁੱਡੀਕੇ ਵਿਖੇ ਨੌਜਵਾਨਾਂ ਦੀਆਂ ਮੀਟਿੰਗਾਂ ਕਰਕੇ ਮੈਂਬਰਸ਼ਿਪ ਦੀ ਸ਼ੁਰੂ ਕੀਤੀ ਗਈ।ਮੈਂਬਰਸ਼ਿਪ ਮੁਕੰਮਲ ਕਰਨ ਉਪਰੰਤ ਕਮੇਟੀਆਂ ਦੀ ਚੋਣ ਕੀਤੀ ਜਾਵੇਗੀ।

ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਜ਼ਿਲ੍ਹਾ ਖਜ਼ਾਨਚੀ ਸਤਨਾਮ ਸਿੰਘ ਡਾਲਾ ਤੇ ਹਰਜਿੰਦਰ ਸਿੰਘ ਨੇ ਦਸਿਆ ਕਿ ਸ਼ਹੀਦਾਂ ਦੀਆਂ ਇਤਿਹਾਸਕ ਯਾਦਗਾਰਾਂ ਰੁਲ ਰਹੀਆਂ ਹਨ, ਸਰਕਾਰ ਸਾਂਭ ਨਹੀਂ ਰਹੀ।ਪਿੰਡਾਂ ਵਿੱਚ ਖਿਡਾਰੀਆਂ ਲਈ ਨਾ ਖੇਡ ਮੈਦਾਨ ਹਨ ਤੇ ਨਾ ਹੀ ਕੋਈ ਕੋਚ ਤੇ ਨਾ ਹੀ ਖਿਡਾਰੀਆਂ ਦੀ ਖੁਰਾਕ ਲਈ ਪ੍ਰਬੰਧ।ਪਿੰਡ ਬਹੋਨਾ ਵਿਖੇ ਬਾਕਸਿੰਗ ਦੀ ਟ੍ਰੇਨਿੰਗ ਬੰਦ ਪਈ ਹੈ। ਮੀਂਹ ਆਉਣ 'ਤੇ ਖੇਡ ਮੈਦਾਨ ਪਾਣੀ ਨਾਲ ਭਰ ਜਾਂਦੇ ਹਨ।ਪਿੰਡ ਢੁੱਡੀਕੇ ਵਿਖੇ ਹਾਕੀ ਦਾ ਮੈਦਾਨ ਬਣਨ ਕਰਕੇ ਦੂਜਿਆਂ ਖੇਡਾਂ ਲਈ, ਪ੍ਰੈਕਟਿਸ ਲਈ ਅਤੇ ਨੌਜਵਾਨਾਂ ਦੀ ਮੰਗ ਹੈ ਕਿ ਕਬੱਡੀ ਦਾ ਮੈਦਾਨ ਤਿਆਰ ਕਰਕੇ ਦਿੱਤਾ ਜਾਵੇ।ਸਰਕਾਰ ਪਿੰਡਾਂ ਵਿੱਚ ਆਧੁਨਿਕ ਖੇਡ ਢਾਂਚਾ ਵਿਕਸਤ ਕਰੇ, ਹਰ ਪਿੰਡ ਨੂੰ ਖੇਡ ਮੈਦਾਨ, ਸਰਕਾਰੀ ਕੋਚ, ਖੁਰਾਕ, ਕਿੱਟਾਂ ਦਾ ਪ੍ਰਬੰਧ ਕਰਕੇ ਦੇਵੇ।ਉਨ੍ਹਾਂ ਕਿਹਾ ਕਿ ਪੁਲਸ ਸਿਆਸੀ ਨਸ਼ਾ ਸਮਗਲਰ ਗੱਠਜੋੜ ਨੂੰ ਤੋੜਨ ਲਈ ਲਾਮਬੰਦੀ ਜ਼ਰੂਰੀ ਹੈ।ਨਸ਼ਾ, ਗੈਂਗਵਾਰ ਦਾ ਹੱਲ ਰੁਜ਼ਗਾਰ ਹੈ। ਸਰਕਾਰ ਨੌਜਵਾਨਾਂ ਲਈ ਪੱਕੇ ਤੇ ਸਰਕਾਰੀ ਰੁਜ਼ਗਾਰ ਦਾ ਪ੍ਰਬੰਧ ਕਰੇ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਨੌਜਵਾਨਾਂ ਨੂੰ ਨੌਜਵਾਨ ਭਾਰਤ ਸਭਾ ਮੈਂਬਰ ਬਣ ਕੇ ਇਨ੍ਹਾਂ ਮੰਗਾਂ ਲਈ ਸੰਘਰਸ਼ਾਂ ਵਿੱਚ ਪਾਇਆ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਦੇ ਮਾੜੇ ਨਹਿਰੀ ਪ੍ਰਬੰਧ ਕਰਕੇ ਆਏ ਸਾਲ ਹੜ੍ਹ ਮਾਰ ਕਰਦੇ ਹਨ।ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਲਈ ਮੁਆਵਜ਼ੇ ਦਾ ਪ੍ਰਬੰਧ ਕੀਤਾ ਜਾਵੇ, ਨਹਿਰੀ ਢਾਂਚੇ ਨੂੰ ਵਿਕਸਤ ਕੀਤਾ ਜਾਵੇ, ਦਰਿਆ ਦੇ ਕੰਢੇ ਕੰਕਰੀਟ ਨਾਲ ਪੱਕੇ ਕੀਤੇ ਜਾਣ।ਇਸ ਮੌਕੇ ਉਕਤ ਤੋਂ ਇਲਾਵਾ ਰਾਜਾ ਸਿੰਘ, ਮਨਪ੍ਰੀਤ ਸਿੰਘ ਸਿੱਧੂ, ਲਵਪ੍ਰੀਤ ਸਿੰਘ, ਵਿਕਰਾਂਤ, ਗੁਰਜੰਟ ਸਿੰਘ, ਮੇਘਾ ਸਿੰਘ, ਆਸ਼ੂ ਸਿੰਘ, ਕਰਨ ਸਿੰਘ, ਅਰਜੁਨ ਸਿੰਘ, ਅਨਮੋਲ , ਸਿੰਘ, ਹੈਰੀ ਆਦਿ ਹਾਜ਼ਰ ਸਨ।

## ਐਲੂਮੀਨੀਅਮ ਚੋਰੀ ਦੇ ਮਾਮਲੇ 'ਚ ਪੰਜ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਦੇ ਇੱਕ ਕਾਰੋਬਾਰੀ ਦੇ ਗੁਦਾਮ 'ਚੋਂ ਅਲਮੀਨੀਅਮ ਚੋਰੀ ਹੋਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸਤੀਸ਼ ਕੁਮਾਰ ਨੇ ਨਾਮਕ ਵਿਅਕਤੀ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਮੰਡੀ ਗੋਬਿੰਦਗੜ੍ਹ ਦੇ ਪ੍ਰੇਮ ਨਗਰ ਇਲਾਕੇ ਵਿੱਚ ਉਸ ਦਾ ਗੋਇਲ ਅਲਾਇਜ਼ ਨਾਮਕ ਲੋਹੇ ਸਕਰੈਪ ਦਾ ਗੁਦਾਮ ਹੈ।ਸਤੀਸ਼ ਕੁਮਾਰ ਨੇ ਦੱਸਿਆ ਕਿ ਬੀਤੀ 23-24 ਅਗਸਤ ਦੀ ਦਰਮਿਆਨੀ ਰਾਤ ਨੂੰ ਕਰੀਬ 2.30 ਵਜੇ ਉਸ ਦੇ ਗੋਦਾਮ 'ਚ ਦਾਖਲ ਹੋਏ ਪੰਜ ਨਾਮਾਲੂਮ ਵਿਅਕਤੀ 20 ਥੈਲਿਆਂ 'ਚ ਪਿਆ ਐਲਮੀਨੀਅਮ ਚੋਰੀ ਕਰਕੇ ਲੈ ਗਏ। ਸ਼ਿਕਾਇਤਕਰਤਾ ਤੇ ਬਿਆਨਾਂ 'ਤੇ ਪੰਜ ਨਾਮਾਲੂਮ ਵਿਅਕਤੀਆਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## 2 ਪੇਟੀਆਂ ਸ਼ਰਾਬ ਸਮੇਤ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 2 ਪੇਟੀਆਂ ਸ਼ਰਾਬ ਸਮੇਤ ਇੱਕ ਵਿਅਕਤੀ ਰਾਮ ਸਰਨ ਵਾਸੀ ਚੱਕ ਸ਼ੰਮੂ ਨੂੰ ਕਾਬੂ ਕੀਤਾ ਹੈ। ਐੱਸ.ਐੱਚ.ਓ. ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਗੜ੍ਹੀ ਨਹਿਰ ਪੁਲ 'ਤੇ ਗਸ਼ਤ ਕੀਤੀ ਜਾ ਰਹੀ ਸੀ ਕਿ ਚਮਕੌਰ ਸਾਹਿਬ ਵੱਲੋਂ ਆ ਰਹੇ ਮੋਟਰਸਾਈਕਲ ਚਾਲਕ ਨੂੰ ਜਾਂਚ ਲਈ ਰੋਕਿਆ। ਮੋਟਰਸਾਈਕਲ ਚਾਲਕ ਪੁਲਸ ਪਾਰਟੀ ਨੂੰ ਦੇਖ ਕੇ ਮੌਕੇ ਤੋਂ ਆਪਣਾ ਵਾਹਨ ਭਜਾਉਣ ਲੱਗਾ, ਜਿਸ ਨੂੰ ਕਾਬੂ ਕਰ ਲਿਆ ਗਿਆ। ਚਾਲਕ ਨੇ ਆਪਣਾ ਨਾਮ ਰਾਮ ਸਰਨ ਦੱਸਿਆ ਤੇ ਉਸ ਨੇ ਆਪਣੇ ਮੋਟਰਸਾਈਕਲ 'ਤੇ ਪਲਾਸਟਿਕ ਦਾ ਥੈਲਾ ਲੱਦਿਆ ਸੀ, ਜਿਸ 'ਚੋਂ 24 ਬੋਤਲਾਂ ਨਾਜਾਇਜ਼ ਸ਼ਰਾਬ ਮਿਲੀਆਂ, ਜੋ ਕਿ ਪੰਜਾਬ ਵਿੱਚ ਨਾ ਵਿਕਣਯੋਗ ਹਨ। ਪੁਲਸ ਨੇ ਉਸ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਬੇਟੀ ਪਰਨੀਤ ਕੌਰ ਦੀ ਯਾਦ 'ਚ 23 ਯੂਨਿਟ ਖ਼ੂਨ ਦਾਨ

### ਨੌਜਵਾਨਾਂ ਨੂੰ ਖ਼ੂਨ ਦਾਨ ਜ਼ਰੂਰ ਕਰਨਾ ਚਾਹੀਦੈ : ਵਿਰਕ



**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਪਸਿਆਣਾ ਨੇੜੇ ਗਰੀਨ ਪਾਰਕ ਕਲੋਨੀ 'ਚ ਸਥਿਤ ਪ੍ਰੀਤ ਟੇਲਰਜ਼ ਤੇ ਬੇਟੀ ਪਰਨੀਤ ਕੌਰ ਜੋਸਨ ਦੀ ਤੀਜੀ ਬਰਸੀ ਨੂੰ ਸਮਰਪਤ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ।ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ।ਇਸ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਕੈਂਪ ਕਮਾਂਡਰ ਹਰਮੀਤ ਸਿੰਘ ਬਡੂੰਗਰ ਦੀ ਅਗਵਾਈ ਹੇਠ ਖ਼ੂਨਦਾਨ ਕੈਂਪ, ਮੈਡੀਕਲ ਚੈੱਕਅਪ ਤੇ ਅੱਖਾਂ ਦਾ ਚੈੱਕਅੱਪ ਕੈਂਪ ਲਗਾਇਆ ਗਿਆ, ਜਿਸ ਵਿੱਚ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਤੇ ਆਈ ਡਰਾਪਸ ਵੰਡੇ ਗਏ।ਕੈਂਪ ਵਿੱਚ ਕੁਲਦੀਪ ਸਿੰਘ ਜੋਸਨ ਪਿਤਾ, ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਦਵਿੰਦਰ ਸਿੰਘ ਜੋਸਨ, ਬੀਬੀ ਮਨਦੀਪ ਕੌਰ ਤੇ ਜੋਗਾ ਸਿੰਘ (ਪਤੀ-ਪਤਨੀ), ਗੁਰਭੇਜ ਰਣਬੀਰਪੁਰਾ, ਰਵੀ ਪਸਿਆਣਾ, ਜਸਵਿੰਦਰ ਸਿੰਘ, ਕਮਲਦੀਪ ਲਲੋਛੀ, ਸਤਵੀਰ ਸਿੰਘ ਸੂਲਰ, ਸੰਦੀਪ ਮੁੰਜਾਲ ਖੁਰਦ, ਜਗਬੀਰ ਤੇ ਸਤਵੀਰ ਸੈਣੀਮਾਜਰਾ, ਲਖਵਿੰਦਰ ਪਸਿਆਣਾ ਤੇ ਅਮਰਿੰਦਰ ਸਿੰਘ ਫ਼ੌਜੀ ਸਮੇਤ 23 ਵਲੰਟੀਅਰਾਂ ਨੇ ਖ਼ੂਨਦਾਨ ਕੀਤਾ, ਜਿਨ੍ਹਾਂ ਨੂੰ ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ ਕੀਤਾ ਗਿਆ।ਖ਼ੂਨਦਾਨੀਆਂ ਨੂੰ ਸਨਮਾਨਤ ਕਰਦੇ ਹੋਏ ਇੰਸਪੈਕਟਰ ਅਮਨਪਾਲ ਸਿੰਘ ਵਿਰਕ ਇੰਚਾਰਜ ਥਾਣਾ ਪਸਿਆਣਾ ਨੇ ਮਨੁੱਖਤਾ ਦੇ ਭਲੇ ਲਈ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਨੌਜਵਾਨਾਂ ਨੂੰ ਖ਼ੂਨਦਾਨ ਜ਼ਰੂਰ ਕਰਨਾ ਚਾਹੀਦੈ ਤਾਂ ਜੋ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਵਿੱਚ ਮਦਦ ਹੋ ਸਕੇ।ਉਨ੍ਹਾਂ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਪਿਛਲੇ 20 ਸਾਲਾਂ ਤੋਂ ਕੀਤੀ ਜਾ ਰਹੀ ਸੇਵਾ ਦੀ ਵੀ ਸ਼ਾਲਾਘਾ ਕੀਤੀ।ਕੈਂਪ ਦੌਰਾਨ ਬਾਬਾ ਬਲਬੀਰ ਸਿੰਘ ਸਨੌਰ, ਅਮਰਿੰਦਰ ਸਿੰਘ ਮਿਲਣ, ਗੁਰਜੀਤ ਸਿੰਘ ਗਾਜੇਵਾਸ, ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਅਨਿਲ ਖੋਸਲਾ, ਹਰਜੋਤ ਸਿੰਘ, ਮੈਡਮ ਰਾਜ ਬਾਲਾ, ਸੁਖਬੀਰ ਸਿੰਘ ਭੱਟੀ, ਡਾਕਟਰ ਸੀਮਾ, ਮੇਹਰ ਹਸਪਤਾਲ ਪਟਿਆਲਾ ਦੀ ਡਾਕਟਰੀ ਟੀਮ, ਕਰਮ ਸਿੰਘ, ਧਰਮਪਾਲ ਸਿੰਘ, ਕਾਲਾ ਭਾਨਰਾ, ਭਾਈ ਜਰਨੈਲ ਸਿੰਘ ਝੰਡੀ, ਸੁਰਜਨ ਸਿੰਘ, ਹਰਪ੍ਰੀਤ ਸਿੰਘ ਤੇ ਭਗਵਾਨ ਸਿੰਘ ਹਾਜ਼ਰ ਸਨ।

## ਬਾਬਾ ਮੋਨੀ ਜੀ ਕਾਲਜ ਵਿਖੇ ਆਚਰਣ-ਨੈਤਿਕਤਾ ਸੰਬੰਧੀ ਭਾਸ਼ਣ ਮੁਕਾਬਲੇ ਕਰਵਾਏ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਵਿਖੇ ਵਿਦਿਆਰਥੀਆਂ ਵੱਲੋਂ ਆਚਰਣ ਤੇ ਨੈਤਿਕਤਾ ਸੰਬੰਧੀ ਭਾਸ਼ਣ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਕਾਲਜ ਦੇ ਬੀ ਏ ਭਾਗ ਪਹਿਲਾ, ਦੂਜਾ ਤੇ ਤੀਜਾ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਵਿੱਚ ਵਿਦਿਆਰਥੀਆਂ ਨੇ ਆਪਣੇ ਵੱਖ-ਵੱਖ ਵਿਚਾਰ ਪੇਸ਼ ਕੀਤੇ। ਵਿਦਿਆਰਥੀਆਂ ਨੇ ਆਪਣੇ ਸਰਵ-ਪੱਖੀ ਵਿਕਾਸ, ਚੰਗੇ ਵਿਚਾਰ ਤੇ ਨੈਤਿਕ ਸਿੱਖਿਆ ਬਾਰੇ ਜਾਣਕਾਰੀ ਦਿੱਤੀ ਅਤੇ ਵੱਡਿਆਂ ਦਾ ਆਦਰ, ਸਤਿਕਾਰ ਦੀ ਭਾਵਨਾ ਤੇ ਭਵਿੱਖ ਵਿੱਚ ਅੱਗੇ ਵਧਣ ਬਾਰੇ ਨਵੇਂ ਵਿਚਾਰ ਪੇਸ਼ ਕੀਤੇ। ਅਖੀਰ ਵਿੱਚ ਕਾਲਜ ਦੇ ਪ੍ਰੋਫੈਸਰ ਜਸਕਰਨ ਸਿੰਘ (ਸਰੀਰਕ ਸਿੱਖਿਆ ਅਧਿਆਪਕ) ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਚੰਗਾ ਆਚਰਣ ਅਤੇ ਨੈਤਿਕ ਸਿੱਖਿਆ ਬਾਰੇ ਪ੍ਰੇਰਿਤ ਕੀਤਾ। ਇਸ ਸੰਮੇਲਨ ਵਿੱਚ ਪ੍ਰੋਫੈਸਰ ਕੁਲਦੀਪ ਸਿੰਘ, ਪ੍ਰੋ. ਰਮਨਦੀਪ ਕੌਰ ਤੇ ਪ੍ਰੋ. ਜਗਪ੍ਰੀਤ ਕੌਰ ਆਦਿ ਸਟਾਫ ਮੈਂਬਰ ਮੌਜੂਦ ਸਨ।

## ਪੀ ਜੀ ਆਈ ਦੇ 11 ਮੁਲਾਜ਼ਮਾਂ ਨੂੰ ਰਿਟਾਇਰਮੈਂਟ ਮੌਕੇ ਕੀਤਾ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ 11 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਰਿਟਾਇਰਮੈਂਟ ਮੌਕੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਪ੍ਰੋ. ਆਰ. ਕੇ. ਰਾਠੌੜ ਡੀਨ (ਅਕੈਡਮਿਕਸ), ਪ੍ਰੋ. ਸੰਜੈ ਜੈਨ ਡੀਨ (ਰਿਸਰਚ), ਪ੍ਰੋ. ਵਿਪਿਨ ਕੌਸ਼ਲ ਮੈਡੀਕਲ ਸੁਪਰਿਟੈਂਡੈਂਟ ਤੇ ਮੁਖੀ ਹਸਪਤਾਲ ਐਡਮਿਨਿਸਟ੍ਰੇਸ਼ਨ ਵਿਭਾਗ, ਪੰਕਜ ਰਾਏ ਆਈ.ਏ.ਐੱਸ. ਡੀ.ਡੀ.ਏ, ਪ੍ਰੋ. ਅਤੁਲ ਪਰਾਸ਼ਰ ਮੁਖੀ ਪਲਾਸਟਿਕ ਸਰਜਰੀ ਵਿਭਾਗ, ਪ੍ਰੋ. ਨੀਲਮ ਤਨੇਜਾ ਮੁਖੀ ਮੈਡੀਕਲ ਮਾਈਕਰੋਬਾਇਓਲੋਜੀ ਵਿਭਾਗ, ਪ੍ਰੋ. ਵਾਈ. ਐੱਸ. ਬਾਂਸਲ ਮੁਖੀ ਫੋਰੈਂਸਿਕ ਮੈਡੀਸਨ ਵਿਭਾਗ, ਜਸਪਾਲ ਕੌਰ ਮੁੱਖ ਨਰਸਿੰਗ ਅਧਿਕਾਰੀ, ਡਾ. ਨੈਂਸੀ ਸਹਨੀ ਮੁੱਖ ਡਾਇਟੀਸ਼ੀਅਨ ਹਾਜ਼ਰ ਸਨ।ਰਵਿੰਦਰ ਸਿੰਘ, ਆਈ.ਏ.ਏ.ਐੱਸ., ਫਾਈਨੈਂਸ਼ਲ ਐਡਵਾਇਜ਼ਰ ਨੇ ਲਾਭਪਾਤਰੀਆਂ ਨੂੰ ਵਿੱਤੀ ਭੁਗਤਾਨ ਪੱਤਰ ਵੰਡੇ।ਪ੍ਰੋ. ਬੀ. ਆਰ. ਮਿੱਤਲ ਸਬ-ਡੀਨ (ਅਕੈਡਮਿਕ) ਤੇ ਮੁਖੀ ਨਿਊਕਲੀਅਰ ਮੈਡੀਸਨ ਵਿਭਾਗ, ਪ੍ਰੋ. ਸੁਰਜੀਤ ਸਿੰਘ ਮੁਖੀ ਬਾਲ ਰੋਗ ਵਿਭਾਗ, ਤਰਸੇਮ ਲਾਲ, ਪ੍ਰਿੰਸੀਪਲ ਪ੍ਰਾਈਵੇਟ ਸੈਕਟਰੀ, ਡੀਨ (ਅਕੈਡਮਿਕ) ਦਫ਼ਤਰ, ਗੀਤਾ ਰਾਣੀ ਧਰੀਵਾਲ ਡਿਪਟੀ ਨਰਸਿੰਗ ਸੁਪਰਿਟੈਂਡੈਂਟ ਮੈਨ ਓ ਟੀ, ਅਜੇ ਕੁਮਾਰ ਟਿਊਟਰ ਟੈਕਨੀਸ਼ੀਅਨ, ਰੇਡੀਓਡਾਇਗਨੋਸਿਸ ਤੇ ਇਮੀਜਿੰਗ ਵਿਭਾਗ, ਕੁਸੁਮ ਲਤਾ, ਮੈਡੀਕਲ ਸੋਸ਼ਲ ਵੈੱਲਫੇਅਰ ਅਫ਼ਸਰ, ਗ੍ਰੇਡ-9, ਪਲਾਸਟਿਕ ਸਰਜਰੀ ਵਿਭਾਗ, ਰਾਮ ਕੁਮਾਰ, ਮਿਊਜ਼ੀਅਮ ਟੈਕਨੀਸ਼ੀਅਨ, ਫੋਰੈਂਸਿਕ ਮੈਡੀਸਨ ਵਿਭਾਗ, ਦੁਨੀ ਚੰਦ, ਜੂ. ਐਡਮਿਨਿਸਟ੍ਰੇਟਿਵ ਅਫ਼ਸਰ, ਕਰਮਚਾਰੀ ਕੈਂਟਿਨ, ਨਵੀਨ ਚੰਦਰ ਸ਼ਰਮਾ, ਲੈਬ ਅਟੈਂਡੈਂਟ ਪੀ.ਆਰ.ਸੀ. ਮੈਡੀਕਲ ਮਾਈਕਰੋਬਾਇਓਲੋਜੀ ਵਿਭਾਗ, ਮਹੇਸ਼ ਕੁਮਾਰ ਮਦਾਨ ਐਡਮਿਨਿਸਟ੍ਰੇਟਿਵ ਅਸਿਸਟੈਂਟ ਫੋਰੈਂਸਿਕ ਮੈਡੀਸਨ ਵਿਭਾਗ, ਸ਼ਿਵ ਰਾਜ ਹੈੱਡ ਕੁੱਕ ਡਾਇਟੀਟਿਕਸ ਵਿਭਾਗ ਹਾਜ਼ਰ ਸਨ।

## ਸਿਵਲ ਹਸਪਤਾਲ ਵਿਖੇ ਕੌਮੀ ਅੱਖਾਂ ਦਾਨ ਪੰਦਰਵਾੜਾ ਮਨਾਇਆ





**ਜਗਰਾਓਂ (ਅਮਿਤ ਖੰਨਾ)**-ਸਿਵਲ ਹਸਪਤਾਲ ਜਗਰਾਓਂ ਵਿਖੇ 40ਵਾਂ ਕੌਮੀ ਅੱਖਾਂ ਦਾਨ ਦਾ ਪੰਦਰਵਾੜਾ 25 ਅਗਸਤ ਤੋਂ 8 ਸਤੰਬਰ 2025 ਤੱਕ ਮਨਾਇਆ ਜਾ ਰਿਹਾ ਹੈ। ਇਹ ਪੰਦਰਵਾੜਾ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਪੰਜਾਬ ਵੱਲੋਂ ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਆਹਲੂਵਾਲੀਆ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਡਾ. ਹਰਜੀਤ ਸਿੰਘ ਐੱਸ ਐੱਮ ਓ ਦੀ ਯੋਗ ਅਗਵਾਈ ਹੇਠ ਮਨਾਇਆ ਜਾ ਰਿਹਾ ਹੈ।ਇਸ ਮੌਕੇ ਐੱਸ ਐੱਨ ਓ ਸਾਹਿਬ ਡਾ. ਹਰਜੀਤ ਸਿੰਘ ਨੇ ਕਿਹਾ ਕਿ ਅੰਨ੍ਹਾਪਣ ਨੂੰ ਖ਼ਤਮ ਕਰਨ ਲਈ ਸਾਨੂੰ ਸਭ ਨੂੰ ਅੱਖਾਂ ਦਾ ਦਾਨ ਕਰਨ ਦਾ ਪ੍ਰਣ ਕਰਨਾ ਚਾਹੀਦਾ ਹੈ ਅਤੇ ਮਰਨ ਉਪਰੰਤ ਅੱਖਾਂ ਦਾ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਅਸੀਂ ਸੰਸਾਰ ਵਿੱਚੋਂ ਅੰਨ੍ਹੇਪਣ ਦਾ ਖ਼ਾਤਮਾ ਕਰ ਸਕੀਏ।ਇਸ ਮੌਕੇ ਡਾ. ਅਮਨਦੀਪ ਕੌਰ ਅੱਖਾਂ ਦੇ ਮਾਹਰ ਨੇ ਕਿਹਾ ਕਿ ਦਾਨ ਕੀਤੀਆਂ ਗਈਆਂ ਅੱਖਾਂ ਨੂੰ ਮਰਨ ਉਪਰੰਤ ਹੀ ਲਿਆ ਜਾਂਦਾ ਹੈ।ਮ੍ਰਿਤਕ ਸਰੀਰ ਵਿੱਚੋਂ ਲਈਆਂ ਅੱਖਾਂ ਨੂੰ ਲੋੜਵੰਦ ਮਰੀਜ਼, ਜਿਸ ਦੀ ਅੱਖ ਦੀ ਪੁਤਲੀ (ਕੋਰਨੀਆ) ਖਰਾਬ ਜਾਂ ਜਾਲ਼ਾ ਪਿਆ ਹੋਵੇ ਜਾਂ ਕਿਸੇ ਸੱਟ ਲੱਗਣ ਕਾਰਨ ਪੁਤਲੀ ਖਰਾਬ ਹੋਵੇ, ਉਸ ਮਰੀਜ਼ ਦੇ ਦਾਨ ਕੀਤੀ ਅੱਖ ਦੀ ਪੁਤਲੀ ਲਗਾ ਦਿੱਤੀ ਜਾਂਦੀ ਹੈ ਤੇ ਮਰੀਜ਼ ਨੂੰ ਫਿਰ ਤੋਂ ਦਿਖਾਈ ਦੇਣ ਲੱਗ ਪੈਂਦਾ ਹੈ।ਉਨ੍ਹਾਂ ਕਿਹਾ ਕਿ ਜਿਸ ਵਿਅਕਤੀ ਨੂੰ ਕੋਈ ਗੰਭੀਰ ਬਿਮਾਰੀ ਹੋਵੇ ਜਿਵੇਂ ਕਿ ਕੈਂਸਰ, ਏਡਜ਼, ਕਾਲਾ ਪੀਲ਼ੀਆਂ ਇਨ੍ਹਾਂ ਬਿਮਾਰੀਆਂ ਦੇ ਰੋਗੀ ਦੀਆਂ ਅੱਖਾਂ ਦਾਨ ਕਰਨ ਦੇ ਯੋਗ ਨਹੀਂ ਹਨ।ਸਿਰਫ ਸਿਹਤਮੰਦ ਵਿਅਕਤੀ ਦੀਆਂ ਹੀ ਅੱਖਾਂ ਦਾਨ ਯੋਗ ਹੁੰਦੀਆਂ ਹਨ।ਚਾਹੇ ਅੱਖਾਂ ਦਾ ਉਪ੍ਰੇਸ਼ਨ ਹੋਇਆ ਹੋਵੇ ਜਾਂ ਲੈਂਜ ਪਿਆ ਹੋਵੇ ਜਾਂ ਫਿਰ ਐਨਕ ਲੱਗੀ ਹੋਵੇ।ਇਸ ਸਮੇਂ ਪੁਨੀਤ ਕੁਮਾਰ ਸ਼ਰਮਾ ਅਪਥਾਲਮਿਕ ਅਫ਼ਸਰ ਨੇ ਕਿਹਾ ਸਾਨੂੰ ਵੱਧ ਤੋਂ ਵੱਧ ਅੱਖਾਂ ਦਾ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਆਪਾਂ ਸਭ ਮਿਲ ਕੇ ਸੰਸਾਰ ਵਿੱਚੋਂ ਅੰਨ੍ਹਾਪਣ ਨੂੰ ਖ਼ਤਮ ਕਰ ਸਕੀਏ।

## ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਕਾਮੇ ਅੱਜ ਕਰਨਗੇ ਹੈੱਡ ਆਫਿਸ ਚੰਡੀਗੜ੍ਹ ਦਾ ਘਿਰਾਓ

**ਬਰੇਟਾ (ਰੀਤਵਾਲ)**-ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਦੀ ਅਗਵਾਈ ਵਿੱਚ ਚੱਲ ਰਹੀ ਪੰਜਾਬ ਪੱਧਰੀ ਹੜਤਾਲ 27ਵੇਂ ਦਿਨ ਵਿੱਚ ਸ਼ਾਮਲ ਹੋ ਗਈ ਹੈ।ਇਸ ਮੌਕੇ ਪੰਜਾਬ ਪ੍ਰਧਾਨ ਗੁਰਦੇਵ ਸਿੰਘ ਨਿਹੰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਕਾਮਿਆਂ ਦੀਆਂ ਮੰਗਾਂ ਮੰਨਣ ਦੀ ਬਜਾਏ ਮੌੜ ਮੰਡੀ ਦੇ ਜੇ ਈ ਲਖਨ ਕੁਮਾਰ ਵੱਲੋਂ ਸੀਵਰੇਜ ਕਾਮਿਆਂ 'ਤੇ ਝੂਠੇ ਪਰਚੇ ਦਰਜ ਕਰਕੇ ਬਠਿੰਡਾ ਜੇਲ੍ਹ ਭੇਜੇ ਗਏ।ਜ਼ਿਕਰਯੋਗ ਹੈ ਕਿ ਇੱਕ ਦਸ ਹਜ਼ਾਰ ਰੁਪਏ 'ਤੇ ਕੰਮ ਕਰਨ ਵਾਲਾ ਕਾਮਾ ਜਦੋਂ ਆਪਣੇ ਹੱਕ ਆਪਣਾ ਮਿਹਨਤਾਨਾ ਮੰਗਦਾ ਹੈ ਤਾਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਝੂਠੇ ਪਰਚੇ ਦਰਜ ਕਰਕੇ ਜੇਲ੍ਹਾਂ ਵਿੱਚ ਸੁਟ ਰਹੀ ਹੈ।ਪੰਜਾਬ ਸਰਕਾਰ ਵੱਲੋਂ ਜਥੇਬੰਦੀ ਨਾਲ ਪਿਛਲੇ ਲਗਭਗ ਸੱਤ ਅੱਠ ਮਹੀਨਿਆਂ ਤੋਂ ਮੀਟਿੰਗ ਦਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਪਰ ਮੀਟਿੰਗ ਵਿੱਚ ਲੋਲੀਪੋਪ ਤੋਂ ਬਿਨਾਂ ਹੋਰ ਕੁੱਝ ਨਹੀਂ ਨਿਕਲਦਾ, ਜਦ ਕਿ ਸਰਕਾਰ ਵੱਲੋਂ ਪਰਚੇ ਜ਼ਰੂਰ ਕੱਚੇ ਕਾਮਿਆਂ 'ਤੇ ਕੀਤੇ ਜਾ ਰਹੇ ਹਨ।ਮੌੜ ਮੰਡੀ ਦੇ ਸੀਵਰੇਜ ਕਾਮਿਆਂ 'ਤੇ ਬਿਲਕੁੱਲ ਝੂਠੇ ਪਰਚੇ ਦਰਜ ਕਰਕੇ ਦਿਹਾੜੀਦਾਰ ਮਜ਼ਦੂਰਾਂ ਨੂੰ ਜੇਲ੍ਹ ਭੇਜਿਆ ਗਿਆ ਹੈ, ਇਸ ਦੇ ਰੋਸ ਵਜੋਂ 1 ਸਤੰਬਰ ਤੋਂ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਹੈੱਡ ਆਫਿਸ ਚੰਡੀਗੜ੍ਹ ਦਫ਼ਤਰ ਦਾ ਅਣਮਿੱਥੇ ਸਮੇਂ ਲਈ ਘਿਰਾਓ ਕੀਤਾ ਜਾਵੇਗਾ।ਇਹ ਘਿਰਾਓ ਮੋਰਚਾ ਓਦੋਂ ਤੱਕ ਜਾਰੀ ਰਹੇਗਾ, ਜਦੋਂ ਤੱਕ ਸਾਡੇ ਵਰਕਰਾਂ 'ਤੇ ਝੂਠੇ ਪਰਚੇ ਰੱਦ ਨਹੀਂ ਕੀਤੇ ਜਾਂਦੇ ਅਤੇ ਸਾਡੀਆਂ ਹੱਕੀ ਮੰਗਾਂ ਦਾ ਕੋਈ ਨੋਟੀਫਿਕੇਸ਼ਨ ਨਹੀਂ ਹੋ ਜਾਂਦਾ।ਇਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਪ੍ਰਸ਼ਾਸਨ ਦੀ ਹੋਵੇਗੀ।

## ਇੰਪ. ਫੈੱਡ. ਪੀ ਐੱਸ ਪੀ ਸੀ ਐੱਲ (ਚਾਹਲ) ਡਵੀਜ਼ਨ ਕਮੇਟੀ ਦੀ ਚੋਣ

### ਹੱਕਾਂ ਲਈ ਜਥੇਬੰਦਕ ਹੋਣਾ ਜ਼ਰੂਰੀ : ਪੂਰਨ ਸਿੰਘ ਖਾਈ



**ਮੂਣਕ (ਰਾਜਪਾਲ ਸਿੰਗਲਾ)**-ਇੰਪ. ਫੈੱਡ. ਪੀ ਐੱਸ ਪੀ ਸੀ ਐੱਲ (ਚਾਹਲ) ਦੇ ਸਰਕਲ ਪ੍ਰਧਾਨ ਪੂਰਨ ਸਿੰਘ ਖਾਈ ਤੇ ਸੂਬਾਈ ਆਗੂ ਰਾਮ ਚੰਦਰ ਸਿੰਘ ਖਾਈ ਦੀ ਪ੍ਰਧਾਨਗੀ ਹੇਠ ਡਵੀਜ਼ਨ ਕਮੇਟੀ ਦੀ ਚੋਣ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਪ੍ਰਧਾਨ ਅਮਨਦੀਪ ਗਰਗ ਸੁਪਰਡੈਂਟ, ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਮੂਨਕ, ਮੀਤ ਪ੍ਰਧਾਨ ਹਰਦੀਪ ਸਿੰਘ ਦੇਹਲਾ, ਮੀਤ ਪ੍ਰਧਾਨ ਭੁਪਿੰਦਰ ਸਿੰਘ ਕਾਕਾ, ਸਕੱਤਰ ਬਲਵਿੰਦਰ ਸਿੰਘ ਬੱਲਰਾਂ, ਸਹਾਇਕ ਸਕੱਤਰ ਮਨਜੀਤ ਸ਼ਰਮਾ, ਜਥੇਬੰਦਕ ਸਕੱਤਰ ਸੁਖਵਿੰਦਰ ਸਿੰਘ ਖਾਈ, ਜਥੇਬੰਦਕ ਸਕੱਤਰ ਬੁੱਧੂ ਸਿੰਘ ਆਲਮਪੁਰ, ਪ੍ਰੈੱਸ ਸਕੱਤਰ ਖੁਸ਼ਦੀਪ ਸਿੰਘ ਦੀਪੀ, ਖਜ਼ਾਨਚੀ ਰਣਜੀਤ ਸਿੰਘ ਲਹਿਰਾ ਚੁਣੇ ਗਏ।ਇਸ ਮੌਕੇ ਪੂਰਨ ਸਿੰਘ ਖਾਈ ਨੇ ਨਵੀਂ ਚੁਣੀ ਗਈ ਕਮੇਟੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਥੇਬੰਦਕ ਹੋਣ ਤੋਂ ਬਿਨਾਂ ਹੋਰ ਕੋਈ ਵੀ ਚਾਰਾ ਨਹੀਂ ਹੈ ਕਿ ਆਪਾਂ ਆਪਣੇ ਹੱਕ ਲੈ ਸਕੀਏ, ਕਿਉਂਕਿ ਅੱਜ ਸਰਕਾਰ ਸਮੁੱਚੇ ਰੂਪ ਵਿੱਚ ਕਾਰਪੋਰੇਟ ਘਰਾਣਿਆਂ ਦੇ ਹੁਕਮਾਂ ਅਨੁਸਾਰ ਪੰਜਾਬ ਵਿੱਚ ਕੰਮ ਕਰ ਰਹੀ ਹੈ।ਸਾਰੇ ਪਬਲਿਕ ਅਦਾਰਿਆਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ।ਹਜ਼ਾਰਾਂ ਹੀ ਅਸਾਮੀਆਂ ਖਾਲੀ ਪਈਆਂ ਹਨ, ਪਰ ਨਵੀਆਂ ਭਰਤੀਆਂ ਬੰਦ ਕਰ ਰੱਖੀਆਂ ਹਨ।ਜਿਹੜੇ ਵੀ ਨਵੇਂ ਮੁਲਾਜ਼ਮ ਭਰਤੀ ਕੀਤੇ ਜਾਂਦੇ ਹਨ, ਉਨ੍ਹਾਂ ਨੂੰ 7ਵਾਂ ਪੇ ਕਮਿਸ਼ਨ ਲਾਗੂ ਕਰਕੇ ਨਿਗੂਣੀਆਂ ਤਨਖ਼ਾਹਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਰਿਟਾਇਰਡ ਹੋਣ 'ਤੇ ਪੈਨਸ਼ਨ ਬੰਦ ਕਰ ਦਿੱਤੀ ਹੈ।1 ਜਨਵਰੀ 2016 ਤੋਂ 6ਵੇਂ ਪੇ ਕਮਿਸ਼ਨ ਮੁਤਾਬਕ ਫਿਕਸ ਕੀਤੀਆਂ ਤਨਖਾਹਾਂ ਦਾ ਬਕਾਇਆ ਮਿੱਟੀ ਵਿੱਚ ਰੋਲ ਦਿੱਤਾ ਹੈ।ਮੁਲਾਜ਼ਮਾਂ ਦੇ ਹੋਰ ਬਹੁਤ ਸਾਰੇ ਮਸਲੇ ਹਨ, ਜਿਨ੍ਹਾਂ ਦਾ ਹੱਲ ਸਿਰਫ਼ ਤੇ ਸਿਰਫ਼ ਆਪਣੇ ਸਾਰਿਆਂ ਦੇ ਇਕਜੁੱਟਤਾ ਜਥੇਬੰਦਕ ਹੋਇਆ ਤੋਂ ਬਿਨਾਂ ਨਹੀਂ ਹੈ।ਇਸ ਮੌਕੇ ਗੁਰਛੈਬਰ ਸਿੰਘ ਸ਼ਹਿਰੀ ਪ੍ਰਧਾਨ ਲਹਿਰਾ, ਦਿਹਾਤੀ ਪ੍ਰਧਾਨ ਜਗਸੀਰ ਸਿੰਘ ਰਾਮਗੜ੍ਹ, ਮੀਤ ਪ੍ਰਧਾਨ ਸੰਦੀਪ ਸਿੰਘ ਨੰਗਲਾ, ਮੂਨਕ ਦੇ ਪ੍ਰਧਾਨ ਰਾਮਫਲ਼ ਸਿੰਘ, ਬੰਗਾ ਦੇ ਪ੍ਰਧਾਨ ਛਿੰਦਰਪਾਲ ਮਾਣੀ, ਪਰਵਿੰਦਰ ਸਿੰਘ ਰਾਜੂ, ਗੁਰਪਿਆਰ ਸਿੰਘ ਖਾਈ, ਗੁਰਪ੍ਰੀਤ ਸਿੰਘ ਜਵਾਹਰ ਵਾਲਾ ਸ਼ਾਮਲ ਹੋਏ।

## ਸੰਗਰੂਰ ਸੋਸ਼ਲ ਵੈੱਲਫੇਅਰ ਐਸੋ. ਵੱਲੋਂ ਸੱਭਿਆਚਾਰਕ ਤੇ ਸਨਮਾਨ ਸਮਾਰੋਹ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ, ਜੋ ਕਿ ਸਮਾਜ ਸੇਵਾ, ਲੋਕ ਭਲਾਈ, ਬਜ਼ੁਰਗਾਂ ਦੇ ਸਤਿਕਾਰ ਨੂੰ ਸਮਰਪਤ ਹੈ ਅਤੇ ਨਾਲ ਹੀ ਸਿਹਤ ਸਿੱਖਿਆ ਤੇ ਵਾਤਾਵਰਨ ਦੀ ਸ਼ੁੱਧਤਾ ਲਈ ਕੰਮ ਕਰ ਰਹੀ ਹੈ, ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਮਹੀਨੇ ਵੀ ਸੱਭਿਆਚਾਰਕ ਤੇ ਸਨਮਾਨ ਸਮਾਰੋਹ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿੱਚ ਹੋਇਆ। ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਖ਼ਾਲਸਾ, ਕਰਨੈਲ ਸਿੰਘ ਸੇਖੋਂ, ਡਾ. ਮਨਮੋਹਨ ਸਿੰਘ, ਕਿਸ਼ੋਰੀ ਲਾਲ, ਮੀਤ ਪ੍ਰਧਾਨ ਰਜਿੰਦਰ ਸਿੰਘ ਚੰਗਾਲ, ਰਜਿੰਦਰ ਗੋਇਲ, ਜਨਕ ਰਾਜ ਜੋਸ਼ੀ, ਜਗਦੀਸ਼ ਕਾਲੜਾ, ਵਰਿੰਦਰ ਗੁੱਪਤਾ, ਜਨਰਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਆਰਗੇਨਾਈਜ਼ਰ ਰਾਜ ਕੁਮਾਰ ਬਾਂਸਲ, ਅਸ਼ੋਕ ਕੁਮਾਰ ਡੱਲਾ, ਵਿਪਨ ਮਲਿਕ, ਬਲਦੇਵ ਰਾਜ ਮਦਾਨ ਆਦਿ ਮੌਜੂਦ ਸਨ। ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ ਧਾਰਮਿਕ ਸਮਾਜਿਕ ਸਮਾਗਮ ਕੀਤੇ ਜਾਂਦੇ ਹਨ।ਬਜ਼ੁਰਗਾਂ ਦਾ ਖ਼ਾਸ ਕਰਕੇ ਧਿਆਨ ਰੱਖਿਆ ਜਾਂਦਾ ਹੈ।ਉਨ੍ਹਾਂ ਦੇ ਮੰਨੋਰੰਜਨ ਤੇ ਨਿਰੋਈ ਸਿਹਤ ਲਈ ਸੈਮੀਨਾਰ ਲਗਾਏ ਜਾਂਦੇ ਹਨ।ਉਨ੍ਹਾਂ ਕਿਹਾ ਕਿ ਸਾਡੀ ਐਸੋਸੀਏਸ਼ਨ ਸਿਹਤ, ਸਿੱਖਿਆ, ਵਾਤਾਵਰਨ ਤੇ ਬਜ਼ੁਰਗਾਂ ਦੀ ਸਾਂਭ ਸੰਭਾਲ ਨੂੰ ਸਮਰਪਤ ਹੈ।ਐਸੋਸੀਏਸ਼ਨ ਵਿੱਚ ਵੱਖ-ਵੱਖ ਸਰਕਾਰੀ, ਅਰਧ-ਸਰਕਾਰੀ ਬੈਂਕ ਤੇ ਜੁਡੀਸ਼ਰੀ ਵਿੱਚੋਂ ਸ਼ਾਨਦਾਰ ਸੇਵਾਵਾਂ ਕਰਕੇ ਸੇਵਾਮੁਕਤ ਹੋਏ ਅਤੇ ਅਧਿਕਾਰੀ ਤੇ ਕਰਮਚਾਰੀ ਸਮਾਜ ਸੇਵਾ ਤੇ ਲੋਕ ਭਲਾਈ ਦੇ ਕੰਮਾਂ ਵਿੱਚ ਲੱਗੇ ਹੋਏ ਹਨ।ਇਸ ਮੌਕੇ ਗੋਬਿੰਦਰ ਸ਼ਰਮਾ, ਰਾਜ ਕੁਮਾਰ ਬਾਂਸਲ, ਕੁਲਵੰਤ ਰਾਏ ਬਾਂਸਲ, ਫਕੀਰ ਚੰਦ ਗਰਗ, ਓ. ਪੀ. ਛਾਬੜਾ, ਮੈਡਮ ਹਰਵਿੰਦਰ ਕੌਰ, ਮੰਗਤ ਰਾਜ ਸਖੀਜਾ, ਲਾਲ ਚੰਦ ਸੈਣੀ, ਬਲਦੇਵ ਕਿਸ਼ਨ ਗੁਪਤਾ, ਨਰੇਸ਼ ਭੱਲਾ, ਜੀਵਨ ਸਿੰਘ ਮਿੱਤਲ, ਮਦਨ ਗੋਪਾਲ ਸਿੰਗਲਾ, ਕੈਪਟਨ ਅਨਿਲ ਗੋਇਲ, ਪਵਨ ਕੁਮਾਰ ਗੁੱਪਤਾ ਸੁਖਦੇਵ ਸ਼ਰਮਾ, ਜਸਪਾਲ ਸਕਸੈਨਾ, ਡਾ. ਸੁਰਿੰਦਰ ਸ਼ੋਰੀ, ਜਗਦੀਸ਼ ਰਾਏ ਸਿੰਗਲਾ, ਸਤਪਾਲ ਸਿੰਗਲਾ, ਅਮਰ ਕੁਮਾਰ ਲਾਲੀ, ਹਰੀ ਗੋਪਲਾ ਗਾਬਾ, ਓ. ਪੀ. ਅਰੋੜਾ ਆਦਿ ਨੇ ਕਿਹਾ ਕਿ ਸਾਨੂੰ ਆਪਣੀ ਰਿਟਾਇਰਮੈਂਟ ਜ਼ਿੰਦਗੀ ਵਧਿਆ ਢੰਗ ਨਾਲ ਆਪਣੇ ਪਰਿਵਾਰ ਵਿੱਚ ਰਹਿ ਕੇ ਬਿਤਾਉਣੀ ਚਾਹੀਦੀ ਹੈ ਤੇ ਖਾਸ ਕਰਕੇ ਆਪਣੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ।ਖਾਸ ਕਰਕੇ ਸਵੇਰੇ-ਸਾਮ ਸੈਰ ਤੇ ਹਲਕੀ ਐਕਸਰਸਾਈਜ਼ ਕਰਨੀ ਚਾਹੀਦੀ ਹੈ।ਮਾਹਰ ਡਾ. ਕੋਲੋਂ ਸਮੇਂ-ਸਮੇਂ ਤੇ ਸਰੀਰ ਦਾ ਚੈੱਕਅਪ ਕਰਵਾਉਣਾ ਚਾਹੀਦਾ ਹੈ ਅਤੇ ਸਾਨੂੰ ਯੋਗਾ ਨੂੰ ਆਪਣੇ ਜੀਵਨ ਦਾ ਅੰਗ ਬਣਾ ਲੈਣਾ ਚਾਹੀਦਾ ਹੈ।ਇਸ ਮੌਕੇ ਸੱਭਿਆਚਾਰਕ ਸਮਾਗਮ ਵਿੱਚ ਸੱਭਿਆਚਾਰਕ ਗੀਤਾਂ ਨਾਲ ਸੀਨੀਅਰ ਸਿਟੀਜਨ ਦਾ ਮਨੋਰੰਜਨ ਕੀਤਾ ਗਿਆ।ਅਗਸਤ ਮਹੀਨੇ ਵਿੱਚ ਜਿਨ੍ਹਾਂ ਦੇ ਜਨਮ ਦਿਨ ਸਨ, ਨੂੰ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਵੱਲੋਂ ਕੀਤੇ ਜਾਂਦੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤਾ ਗਈ।

ਇਸ ਮੌਕੇ ਡਾ. ਸੁਰਿੰਦਰ ਸ਼ੋਰੀ, ਦਰਸ਼ਨ ਸਿੰਘ ਚੀਮਾ, ਬਲਵੰਤ ਸਿੰਘ, ਹਰੀਚੰਦ ਮਹਿਤਾ, ਸੂਬੇਦਾਰ ਨਛੱਤਰ ਸਿੰਘ, ਜਸਵੰਤ ਸਿੰਘ, ਬਲਦੇਵ ਕ੍ਰਿਸ਼ਨ ਗਰਗ, ਵੈਦ ਹਾਕਮ ਸਿੰਘ, ਸੁਰਿੰਦਰਪਾਲ ਗਰਗ, ਜਗਦੀਸ਼ ਸਿੰਘ ਵਾਲੀਆ, ਮੁਕੇਸ਼ ਕੁਮਾਰ, ਅਮਨਦੀਪ ਕੌਰ, ਵਰਿੰਦਰ ਬਾਂਸਲ, ਸਤਪਾਲ ਸਿੰਗਲਾ, ਜਵਾਹਰ ਲਾਲ ਸ਼ਰਮਾ, ਰਘੂਨਾਥ ਸਹਾਏ, ਯੁਧੀਸ਼ਟਰ ਕੁਮਾਰ, ਸੁਭਾਸ਼ ਚੰਦਰ, ਮੁਕੇਸ਼ ਕੁਮਾਰ, ਓ. ਪੀ. ਗਰੋਵਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

01-Sept -page-11-Majha-2025.qxd 8/31/2025 10:10 PM Page 1



# ਮੁੱਖ ਸਕੱਤਰ ਸਿਨਹਾ ਤੇ ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਦੇ ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਅਤੇ ਜਲ ਸਰੋਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਵੱਲੋਂ ਰਾਵੀ ਦਰਿਆ ਦੇ ਮਕੌੜਾ ਪੱਤਣ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਐੱਸਐੱਸਪੀ ਆਦਿੱਤਯ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸਡੀਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ, ਡੀਐੱਸਪੀ ਦੀਨਾਨਗਰ ਰਜਿੰਦਰ ਮਿਨਹਾਸ ਵੀ ਮੌਜੂਦ ਸਨ।ਮੁੱਖ ਸਕੱਤਰ ਸਿਨਹਾ ਵੱਲੋਂ ਮਕੌੜਾ ਪੱਤਣ ਲਾਗੇ ਹੜ੍ਹ ਕਾਰਨ ਟੁੱਟੇ ਧੁੱਸੀ ਬੰਨ੍ਹ ਨੂੰ ਪੂਰੇ ਜਾਣ ਦੇ ਕੰਮ ਦਾ ਜਾਇਜ਼ਾ ਲਿਆ।ਉਨ੍ਹਾਂ ਕਿਹਾ ਕਿ ਰਾਵੀ ਦਰਿਆ ਵਿੱਚ ਬਹੁਤ ਜ਼ਿਆਦਾ ਪਾਣੀ ਆਉਣ ਕਾਰਨ ਧੁੱਸੀ ਬੰਨ੍ਹ ਨੂੰ ਨੁਕਸਾਨ ਪਹੁੰਚਿਆ ਹੈ ਜਿਸ ਕਾਰਨ ਰਾਵੀ ਦੇ ਨਾਲ ਲੱਗਦੇ ਜ਼ਿਲ੍ਹਾ ਗੁਰਦਾਸਪੁਰ ਦੇ 324 ਪਿੰਡ ਹੜ੍ਹ ਦੀ ਲਪੇਟ ਵਿੱਚ ਆਏ ਹਨ।ਉਨ੍ਹਾਂ ਕਿਹਾ ਕਿ ਹੁਣ ਦਰਿਆ ਵਿੱਚ ਪਾਣੀ ਦਾ ਪੱਧਰ ਘਟਿਆ ਹੈ, ਜਿਸ ਕਾਰਨ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਵੀ ਪਾਣੀ ਘੱਟ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਜੇਕਰ ਬਹੁਤ ਜ਼ਿਆਦਾ ਬਾਰਸ਼ ਨਾ ਹੋਈ ਅਤੇ ਦਰਿਆ ਵਿੱਚ ਵੀ ਸਮਰੱਥਾ ਤੋਂ ਜ਼ਿਆਦਾ ਪਾਣੀ ਨਾ ਆਇਆ ਤਾਂ ਖ਼ਤਰੇ ਦੀ ਕੋਈ ਗੱਲ ਨਹੀਂ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਧੁੱਸੀ ਬੰਨ੍ਹ ਵਿੱਚ ਪਏ ਪਾੜਾਂ ਨੂੰ ਪੂਰਿਆ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜਾਂ ਨੂੰ ਹੋਰ ਤੇਜ਼ ਕਰਨ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਦਿੱਤੀ ਜਾ ਸਕੇ।ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਵੱਧ ਤੋਂ ਵੱਧ ਮੈਡੀਕਲ ਟੀਮਾਂ ਦੀ ਤਾਇਨਾਤੀ ਕੀਤੀ ਜਾਵੇ ਅਤੇ ਹੋਰ ਲੋੜਵੰਦ ਤੱਕ ਸਰਕਾਰ ਵੱਲੋਂ ਰਾਹਤ ਪਹੁੰਚਾਈ ਜਾਵੇ।ਉਨ੍ਹਾਂ ਕਿਹਾ ਕਿ ਸੰਕਟ ਦੀ ਇਸ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਦੇ ਨਾਲ ਹੈ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਹੜ੍ਹਾਂ ਸਬੰਧੀ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਦੀ ਪਾਲਣਾ ਕਰਨ।

# ਗੁਰਦਾਸਪੁਰ ਤੋਂ ਦਿੱਲੀ ਸਿੱਧੀ ਬੱਸ ਸਰਵਿਸ ਸ਼ੁਰੂ ਕਰਨ ਦੀ ਮੰਗ ਨੇ ਜ਼ੋਰ ਫੜਿਆ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਜ਼ਿਲ੍ਹਾ ਹੈੱਡ ਕੁਆਰਟਰ ਹੋਣ ਦੇ ਬਾਵਜੂਦ ਵੀ ਇੱਥੇ ਦਿੱਲੀ ਨੂੰ ਸਵੇਰ ਸਮੇਂ ਕੋਈ ਸਿੱਧੀ ਬੱਸ ਸਰਵਿਸ ਨਹੀਂ ਹੈ ਜਦਕਿ ਪ੍ਰਾਈਵੇਟ ਬੱਸਾਂ ਰਾਤ ਦੇ ਸਮੇਂ ਗੁਰਦਾਸਪੁਰ ਤੋਂ ਦਿੱਲੀ ਜਾਂਦੀਆਂ ਹਨ ਜਿਨ੍ਹਾਂ ਦਾ ਕਰਾਇਆ ਕਾਫੀ ਜ਼ਿਆਦਾ ਹੈ। ਪੰਜਾਬ ਸਰਕਾਰ ਅਤੇ ਲੋਕਾਂ ਦੀ ਜਾਣਕਾਰੀ ਲਈ ਕਾਫੀ ਸਾਲ ਪਹਿਲਾਂ ਗੁਰਦਾਸਪੁਰ ਤੋਂ ਵਾਇਆ ਕਪੂਰਥਲਾ ਪੈਪਸੂ ਰੋਡਵੇਜ਼ (ਪੀਆਰਟੀਸੀ) ਦੀ ਇਕ ਬੱਸ ਸਵੇਰ ਵੇਲੇ ਵਾਇਆ ਕਪੂਰਥਲਾ ਦਿੱਲੀ ਜਾਂਦੀ ਸੀ ਜਦ ਕਿ ਪੰਜਾਬ ਰੋਡਵੇਜ਼ ਦੀ ਦੂਜੀ ਬੱਸ ਵੀ ਸਵੇਰ ਵੇਲੇ ਹੀ ਗੁਰਦਾਸਪੁਰ ਤੋਂ ਵਾਇਆ ਜਲੰਧਰ, ਦਿੱਲੀ ਜਾਂਦੀ ਸੀ ਅਤੇ ਇਸੇ ਤਰ੍ਹਾਂ ਇਨ੍ਹਾਂ ਰੂਟਾਂ ਰਾਹੀਂ ਸ਼ਾਮ ਨੂੰ ਦੋ ਬੱਸਾਂ ਦਿੱਲੀ ਤੋਂ ਗੁਰਦਾਸਪੁਰ ਆਉਂਦੀਆਂ ਸਨ। ਹੁਣ ਮੌਜੂਦਾ ਸਮੇਂ ਵਿਚ ਗੁਰਦਾਸਪੁਰ ਤੋਂ ਦਿੱਲੀ ਲਈ ਬੱਸਾਂ ਦੀ ਗਿਣਤੀ ਵਧਾਉਣ ਦੀ ਬਜਾਏ ਸਰਕਾਰ ਨੇ ਪਹਿਲਾਂ ਵਾਲੀਆਂ ਚੱਲਦੀਆਂ ਬੱਸਾਂ ਵੀ ਬੰਦ ਕਰ ਦਿੱਤੀਆਂ ਹਨ ਜਿਸ ਕਾਰਨ ਲੋਕਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਭ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੂੰ ਗੁਰਦਾਸਪੁਰ ਜ਼ਿਲ੍ਹਾ ਹੈੱਡਕੁਆਰਟਰ ਹੋਣ ਕਾਰਨ ਇੱਥੋਂ ਦਿੱਲੀ ਨੂੰ ਵੱਧ ਤੋਂ ਵੱਧ ਬੱਸਾਂ ਸਵੇਰ ਵੇਲੇ ਚਲਾਉਣੀਆਂ ਚਾਹੀਦੀਆਂ ਹਨ ਅਤੇ ਇਸ ਤਰ੍ਹਾਂ ਦਿੱਲੀ ਤੋਂ ਸਵੇਰੇ ਸਮੇਂ ਗੁਰਦਾਸਪੁਰ ਲਈ ਬੱਸਾਂ ਆਉਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ। ਲੋਕਾਂ ਦੀ ਮੰਗ ਹੈ ਕਿ ਪੰਜਾਬ ਸਰਕਾਰ ਨੂੰ ਨਾਈਟ ਬੱਸ ਸਰਵਿਸ ਵੀ ਸ਼ੁਰੂ ਕਰਕੇ ਇਸ ਪਛੜੇ ਇਲਾਕੇ ਦੀ ਸਾਰ ਲੈਣੀ ਚਾਹੀਦੀ ਹੈ ਤਾਂ ਜੋ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋ ਸਕੇ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ 538ਵਾਂ ਵਿਆਹ ਪੁਰਬ ਸ਼੍ਰੋਮਣੀ ਕਮੇਟੀ ਨੇ ਖਾਲਸਾਈ ਜਾਹੋ-ਜਲਾਲ ਨਾਲ ਮਨਾਇਆ

## * ਆਕਾਸ਼ ਗੁੰਜਾਊ ਜੈਕਾਰਿਆਂ ਦੀ ਗੂੰਜ 'ਚ ਗੁਰਦੁਆਰਾ ਡੇਹਰਾ ਸਾਹਿਬ ਤੋਂ ਸਜਾਇਆ ਮਹਾਨ ਨਗਰ ਕੀਰਤਨ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ 538 ਵਾਂ ਵਿਆਹ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਬਹੁਤ ਸ਼ਰਧਾ ਸਤਿਕਾਰ ਨਾਲ ਮਨਾਇਆ ਗਿਆ।ਵਿਆਹ ਪੁਰਬ ਦੀ ਖੁਸ਼ੀ ਵਿੱਚ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਪੰਜ ਪਿਆਰੇ ਸਾਹਿਬਾਨ ਨੇ ਅਰਦਾਸ ਬੇਨਤੀ ਕੀਤੀ।ਸਟੇਜ ਸਕੱਤਰ ਦੀ ਸੇਵਾ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਿਭਾਈ।ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲੇ, ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਸੁਰਜੀਤ ਸਿੰਘ ਤੁਗਲਵਾਲ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਗੁਰਨਾਮ ਸਿੰਘ ਜੱਸਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬੀਬੀ ਜਸਬੀਰ ਕੌਰ ਜਫਰਵਾਲ ਮੈਂਬਰ ਸ਼੍ਰੋਮਣੀ ਕਮੇਟੀ, ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਨਰੇਸ਼ ਮਹਾਜਨ ਹਲਕਾ ਇੰਚਾਰਜ ਬਟਾਲਾ,ਬਾਬਾ ਸੁਖਵਿੰਦਰ ਸਿੰਘ ਮਲਕਪੁਰ ਵਾਲੇ, ਬਾਬਾ ਸਰਵਨ ਸਿੰਘ ਮਲਕਪੁਰ ਵਾਲੇ, ਸੁਖਜਿੰਦਰ ਸਿੰਘ ਸੋਨੂੰ ਲੰਗਾਹ ਹਲਕਾ ਇੰਚਾਰਜ ਡੇਰਾ ਬਾਬਾ ਨਾਨਕ, ਰਮਨਦੀਪ ਸਿੰਘ ਸੰਧੂ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ,ਜਸਪ੍ਰੀਤ ਸਿੰਘ ਰਾਣਾ ਜ਼ਿਲ੍ਹਾ ਪ੍ਰਧਾਨ ਯੂਥ ਅਕਾਲੀ ਦਲ, ਪਰਮਵੀਰ ਸਿੰਘ ਲਾਡੀ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ, ਕੰਵਲਪ੍ਰੀਤ ਸਿੰਘ ਕਾਕੀ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਸ਼੍ਰੋਮਣੀ ਅਕਾਲੀ ਦਲ, ਹਰਦੇਵ ਸਿੰਘ ਬਾਜੇਚੱਕ ਸਾਬਕਾ ਜਿਲਾ ਪ੍ਰਧਾਨ ਯੂਥ ਅਕਾਲੀ ਦਲ, ਸੁਖਬੀਰ ਸਿੰਘ ਵਾਹਲਾ ਸਾਬਕਾ ਚੇਅਰਮੈਨ ਸ਼ੂਗਰਫੈੱਡ ਪੰਜਾਬ,ਬੀਬੀ ਸ਼ਰਨਜੀਤ ਕੌਰ ਜਿੰਦੜ ਜ਼ਿਲ੍ਹਾ ਪ੍ਰਧਾਨ ਇਸਤਰੀ ਅਕਾਲੀ ਦਲ, ਸਤਬੀਰ ਸਿੰਘ ਧਾਮੀ ਓਐੱਸਡੀ ਪ੍ਰਧਾਨ ਸ਼੍ਰੋਮਣੀ ਕਮੇਟੀ, ਪ੍ਰਤਾਪ ਸਿੰਘ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਤਿੰਦਰ ਪਾਲ ਸਿੰਘ ਭਾਟੀਆ ਐਡੀਸ਼ਨਲ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ , ਸ੍ ਜਤਿੰਦਰ ਸਿੰਘ ਚੀਮਾ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਮਨਜੀਤ ਸਿੰਘ ਜ਼ਫਰਵਾਲ ਮੈਨੇਜਰ ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਸਾਹਿਬ, ਸਤਨਾਮ ਸਿੰਘ ਰਿਆੜ ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ , ਦਵਿੰਦਰ ਸਿੰਘ ਲਾਲੀ ਬਾਜਵਾ ਮੈਨੇਜਰ ਗੁਰਦੁਆਰਾ ਓਠੀਆਂ ਸਾਹਿਬ ਵਿਸ਼ੇਸ਼ ਤੌਰ ਤੇ ਪਹੁੰਚ ਕੇ ਨਤਮਸਤਕ ਹੋਏ।ਐਡਵੋਕੇਟ ਧਾਮੀ , ਜਥੇਦਾਰ ਗੋਰਾ, ਜਥੇਦਾਰ ਜੱਸਲ, ਜਥੇਦਾਰ ਤੁਗਲਵਾਲ ਨੇ ਪੰਜਾਂ ਪਿਆਰਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਉਪਰੰਤ ਗੁਰਦੁਆਰਾ ਡੇਹਰਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਅਕਾਸ਼ ਗੁੰਜਾਊ ਜੈਕਾਰਿਆਂ, ਫੁੱਲਾਂ ਦੀ ਵਰਖਾ ਕਰਕੇ ਖਾਲਸਾ ਜਾਹੋ ਜਲਾਲ ਨਾਲ ਸਜਾਇਆ ਗਿਆ। ਨਗਰ ਕੀਰਤਨ ਵਿੱਚ ਵੱਖ-ਵੱਖ ਗਤਕੇ ਵਾਲਿਆਂ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਜਾ ਰਹੇ ਸਨ।ਲੱਖਾਂ ਸੰਗਤਾਂ ਪਰਿਵਾਰਾਂ ਸਮੇਤ ਨਤਮਸਤਕ ਹੋਈਆਂ।ਇਲਾਕੇ ਦੀਆਂ ਸੰਗਤਾਂ ਵੱਲੋਂ ਵੱਖ-ਵੱਖ ਸਥਾਨਾਂ ਤੇ ਲੰਗਰ, ਮਠਿਆਈਆਂ, ਚਾਹ ਪਕੌੜੇ, ਫਲ ਫਰੂਟ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਸਨ।

# ਵਿਧਾਇਕ ਸਰਕਾਰੀਆ ਵੱਲੋਂ ਧੁੱਸੀ ਬੰਨ੍ਹ ਦੀ ਮਜ਼ਬੂਤੀ ਲਈ ਇੱਕ ਲੱਖ ਰੁਪਏ ਦੀ ਰਾਸ਼ੀ ਭੇਟ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਵਿਧਾਇਕ ਸੁਖਵਿੰਦਰ ਸਿੰਘ ਸਰਕਾਰੀਆ ਹਮੇਸ਼ਾ ਹਲਕਾ ਰਾਜਾ ਸਾਂਸੀ ਦੀ ਜਨਤਾ ਨੂੰ ਆਪਣਾ ਪਰਿਵਾਰ ਸਮਝਦੇ ਹੋਏ ਹਰ ਵੇਲੇ ਲੋਕਾਂ ਦੀ ਸੇਵਾ ਲਈ ਤਿਆਰ ਰਹਿੰਦੇ ਹਨ।ਸ੍ਰੀ ਸਰਕਾਰੀਆ ਵੱਲੋਂ ਆਪਣੇ ਸਾਥੀਆਂ ਦਿਲਰਾਜ ਸਿੰਘ ਸਰਕਾਰੀਆ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਅਤੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਸਮੇਤ ਹਲਕਾ ਰਾਜਾ ਸਾਂਸੀ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਗਿਆ।ਉਨ੍ਹਾਂ ਚੰਨ ਕੋਲੋਵਾਲ, ਡੱਗਤੂਤ, ਸੈਦਪੁਰ ਕਲਾਂ, ਰਾਣੇਆਂ, ਕੱਕੜ, ਲੋਧੀ ਗੁੱਜਰ, ਨੰਗੂਪੁਰ ਆਦਿ ਪਿੰਡਾਂ ਵਿੱਚ ਜਾ ਕੇ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਦਾ ਹਾਲ ਜਾਣਿਆ।ਇਸ ਮੌਕੇ ਉਨ੍ਹਾਂ ਆਪਣੀ ਨੇਕ ਕਮਾਈ ਵਿੱਚੋਂ ਬਾਬਾ ਮੁਖਤਾਰ ਸਿੰਘ ਨੂੰ ਧੁੱਸੀ ਬੰਨ੍ਹ ਦੀ ਮਜ਼ਬੂਤੀ ਲਈ ਚਲ ਰਹੀ ਸੇਵਾ ਲਈ ਇੱਕ ਲੱਖ ਰੁਪਏ ਦੀ ਸੇਵਾ ਦਿੱਤੀ।ਪਿੰਡ ਵਾਸੀਆਂ ਅਤੇ ਹਲਕੇ ਦੇ ਲੋਕਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰ ਲਈ ਯੋਗਦਾਨ ਪਾਉਣ ਲਈ ਸ੍ਰੀ ਸਰਕਾਰੀਆ ਦਾ ਧੰਨਵਾਦ ਕੀਤਾ ਗਿਆ।ਅਮਨਦੀਪ ਸਿੰਘ ਕੱਕੜ ਵੱਲੋਂ ਵੀ ਸੁੱਖ ਸਰਕਾਰੀਆ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਕੀਤੇ ਜਾ ਰਹੇ ਬਚਾਅ ਕਾਰਜਾਂ ਲਈ ਕੀਤੀ ਗਈ ਸਹਾਇਤਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਸੁਖਬੀਰ ਬਾਦਲ ਵੱਲੋਂ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ

## * ਕਰਤਾਰਪੁਰ ਕੋਰੀਡੋਰ ਸਾਹਿਬ ਵਿਖੇ ਲਹਿੰਦੇ ਅਤੇ ਚੜ੍ਹਦੇ ਪੰਜਾਬ ਲਈ ਕੀਤੀ ਅਰਦਾਸ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪੀੜਤ ਇਲਾਕੇ ਦਾ ਜਾਇਜ਼ਾ ਲੈਣ ਅਤੇ ਪੀੜਤ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਲਈ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਪੁੱਜੇ ਜਿੱਥੇ ਉਨ੍ਹਾਂ ਵੱਲੋਂ ਸਰਹੱਦੀ ਲੀਡਰਸ਼ਿਪ ਸਮੇਤ ਗੁਰਦੁਆਰਾ ਸ੍ਰੀ ਕਰਤਾਰਪੁਰ ਕੋਰੀਡੋਰ ਸਾਹਿਬ ਤੇ ਸਨਮੁਖ ਹੋ ਕੇ ਲਹਿੰਦੇ ਅਤੇ ਚੜ੍ਹਦੇ ਪੰਜਾਬ ਲਈ ਅਰਦਾਸ ਕੀਤੀ ਗਈ।ਇਸ ਮੌਕੇ ਉਨ੍ਹਾਂ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਦੇ ਹੜ੍ਹ ਪੀੜਤ ਪਰਿਵਾਰਾਂ ਲਈ ਰਾਹਤ ਸਮੱਗਰੀ ਦੀ ਵਰਤਾ ਕੀਤੀ ਗਈ ਤੇ ਉਨ੍ਹਾਂ ਵੱਲੋਂ ਸਰਹੱਦੀ ਇਲਾਕਿਆਂ ਦੇ ਹੜ੍ਹ ਦੀ ਮਾਰ ਹੇਠ ਆਏ ਲੋਕਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਗਈਆਂ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਉਹ ਆਪਣੇ ਪਾਰਟੀ ਵਰਕਰਾਂ ਸਮੇਤ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਨਾਲ ਪ੍ਰਭਾਵਿਤ ਪਿੰਡਾਂ ਦਾ ਜਾਇਜ਼ਾ ਲੈਣ ਲਈ ਪੁੱਜੇ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਸਨਮੁਖ ਹੋ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਹ ਹੜ੍ਹ ਸਰਕਾਰ ਦੀ ਨਲਾਇਕੀ ਨਾਲ ਆਇਆ ਹੈ। ਪਿਛਲੇ ਛੇ ਮਹੀਨਿਆਂ ਤੋਂ ਮਹਿਕਮੇ ਦੇ ਅਧਿਕਾਰੀ ਸਰਕਾਰ ਨੂੰ ਕੋਸ ਰਹੇ ਸਨ ਕਿ ਇਨ੍ਹਾਂ ਬੰਨ੍ਹਾਂ ਦੀ ਹਾਲਤ ਮਾੜੀ ਹੈ। ਪਰ ਸਰਕਾਰ ਨੇ ਇਨ੍ਹਾਂ ਬੰਨ੍ਹਾਂ ਵੱਲ ਕੋਈ ਖਾਸ ਧਿਆਨ ਨਹੀਂ ਦਿੱਤਾ।ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਖਰਾਬ ਹੋਈਆਂ ਫਸਲਾਂ ਲਈ ਇੱਕ ਲੱਖ ਰੁਪਏ ਪਰ ਏਕੜ ਦੀ ਸਹਾਇਤਾ ਦਿੱਤੀ ਜਾਵੇ ਅਤੇ ਹੜ੍ਹ ਪੀੜਤ ਇਲਾਕੇ ਲਈ ਵੀ ਕੋਈ ਸਪੈਸ਼ਲ ਗਰਾਂਟਾਂ ਭੇਜੀਆਂ ਜਾਣ।ਇਸ ਮੌਕੇ ਉਨ੍ਹਾਂ ਸਰਹੱਦੀ ਇਲਾਕੇ ਦੇ ਪੀੜਤਾਂ ਦੇ ਦੁਖੜੇ ਵੀ ਸੁਣੇ।ਇਸ ਮੌਕੇ ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ, ਸਾਬਕਾ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ, ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਚੇਅਰਮੈਨ ਤਲਵੰਡੀ ਰਾਮਾ ਸਿੰਘ ਬਾਠ, ਚੇਅਰਮੈਨ ਸੁਖਬੀਰ ਸਿੰਘ ਵਾਹਲਾ, ਨਰਿੰਦਰ ਸਿੰਘ ਵਾੜਾ, ਜਸਪ੍ਰੀਤ ਸਿੰਘ ਰਾਣਾ, ਸਿਮਰਨਜੀਤ ਸਿੰਘ ਢਿੱਲੋਂ, ਪਰਮਵੀਰ ਸਿੰਘ ਲਾਡੀ, ਚੇਅਰਮੈਨ ਗੁਰਦੇਵ ਸਿੰਘ ਧਾਰੋਵਾਲੀ, ਮੈਨੇਜਰ ਸਤਨਾਮ ਸਿੰਘ ਗੋਸਲ, ਮੈਨੇਜਰ ਰਣਜੀਤ ਸਿੰਘ, ਇੰਸਪੈਕਟਰ ਸਰਵਜੀਤ ਸਿੰਘ, ਰਜਿੰਦਰ ਸਿੰਘ ਬਾਜਵਾ ਵੇਰੋਕੇ, ਪੀ ਏ ਤੇਜਬੀਰ ਸਿੰਘ, ਪਰਵਿੰਦਰ ਸਿੰਘ ਲੰਬੜਦਾਰ, ਸਰਵਜੀਤ ਸਿੰਘ ਵੱਡੂਘਰ, ਅੰਮ੍ਰਿਤਪਾਲ ਸਿੰਘ ਡਿੱਗਰ, ਸਤਨਾਮ ਸਿੰਘ ਪਟਵਾਰੀ, ਗੁਰਪ੍ਰੀਤ ਸਿੰਘ ਬਾਠ, ਹਰਸਿਮਰਤ ਸਿੰਘ ਬਾਜਵਾ, ਨਿਰਮਲ ਸਿੰਘ ਹਰੂਵਾਲ, ਸਾਹਿਲ ਲੰਗਾਹ, ਦਿਲਬਾਗ ਸਿੰਘ, ਸਤਬੀਰ ਸਿੰਘ ਬਿੱਟੂ, ਬਾਬਾ ਅਨੂਪ ਸਿੰਘ, ਥਾਣੇਦਾਰ ਸਵਰਨ ਸਿੰਘ, ਸਿਮਰਨਜੀਤ ਸਿੰਘ ਸਾਬ, ਨਵਜੀਤ ਸਿੰਘ ਉਦੋਵਾਲੀ, ਅਮਰਜੀਤ ਸ਼ਰਮਾ, ਡਾ. ਕੇਵਲ ਸਿੰਘ, ਜਗਦੀਪ ਸਿੰਘ ਜੱਗਾ ਸ਼ਿਕਾਰ, ਜਗਦੀਪ ਸਿੰਘ ਪ੍ਰਚਾਰਕ ਕਲਾਨੌਰ, ਸੁਖਵੰਤ ਸਿੰਘ, ਮਲਕੀਤ ਸਿੰਘ, ਹਰਵੰਤ ਸਿੰਘ ਗੋਸਲ, ਮਨਪ੍ਰੀਤ ਸਿੰਘ ਦਾਦੂਜੋਧ, ਪ੍ਰਗਟ ਸਿੰਘ, ਹਰਜਿੰਦਰ ਸਿੰਘ ਸਮੇਤ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਵਰਕਰ ਤੇ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਪ੍ਰਸਿੱਧ ਲੇਖਕ ਤੇ ਸਾਹਿਤਕਾਰ ਦਿਲਜੀਤ ਸਿੰਘ ਬੇਦੀ ਪੰਜ ਤੱਤਾਂ 'ਚ ਵਲੀਨ



ਅੰਮ੍ਰਿਤਸਰ: (ਜਸਬੀਰ ਸਿੰਘ ਪੱਟੀ)-ਪ੍ਰਸਿੱਧ ਲੇਖਕ ਤੇ ਸਾਹਿਤਕਾਰ ਦਿਲਜੀਤ ਸਿੰਘ ਬੇਦੀ ਦਾ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਨੇੜਲੇ ਸ਼ਮਸ਼ਾਨ ਘਾਟ ਵਿਖੇ ਅੰਤਿਮ ਸਸਕਾਰ ਕੀਤਾ ਗਿਆ।ਇਸ ਦੌਰਾਨ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਤੋਂ ਇਲਾਵਾ ਸ਼ਹਿਰ ਦੀਆਂ ਧਾਰਮਿਕ ਅਤੇ ਸਮਾਜਿਕ ਸਖ਼ਸ਼ੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੂਹਰ ਸਟਾਫ ਮੈਂਬਰ ਅਤੇ ਮੁਲਾਜ਼ਮਾਂ ਨੇ ਵੀ ਸ਼ਿਰਕਤ ਕੀਤੀ।ਚਿਖਾ ਵਿਖਾਉਣ ਦੀ ਰਸਮ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵਿੱਚ ਰੁਪਿੰਦਰ ਸਿੰਘ ਬੇਦੀ ਨੇ ਨਿਭਾਈ।ਇਸ ਮੌਕੇ ਗੱਲਬਾਤ ਕਰਦਿਆਂ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਕਿਹਾ ਕਿ ਜਿਥੇ ਦਿਲਜੀਤ ਸਿੰਘ ਬੇਦੀ ਨੇ ਬੁੱਢਾ ਦਲ ਵਿੱਚ ਬਤੌਰ ਪ੍ਰੈਸ ਸਕੱਤਰ ਆਪਣੀਆਂ ਸੇਵਾਵਾਂ ਨਿਭਾ ਕੇ ਸਦੀਵੀ ਵਿਛੋੜਾ ਦੇ ਗਏ ਹਨ, ਉਥੇ ਹੀ ਉਨ੍ਹਾਂ ਦੀ ਘਾਟ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ।ਉਨ੍ਹਾਂ ਨੇ ਕਿਹਾ ਕਿ ਦਿਲਜੀਤ ਸਿੰਘ ਬੇਦੀ ਨੇ ਇੱਕ ਦਰਜਨ ਤੋਂ ਵੱਧ ਪੁਸਤਕਾਂ ਵੀ ਦਿੱਤੀਆਂ ਜੋ ਵਡਮੁੱਲਾ ਖਜ਼ਾਨਾ ਤੇ ਸਰਮਾਇਆ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਫਲਸਫਾ ਸਾਰਿਆਂ ਨੂੰ ਪਰਮਾਤਮਾ ਦੇ ਭਾਣੇ ਵਿੱਚ ਰਹਿਣ ਦੀ ਜੀਵਨ ਜਾਚ ਪ੍ਰਦਾਨ ਕਰਦਾ ਹੈ। ਗੁਰੂ ਦੇ ਭਾਣੇ ਅੱਗੇ ਆਪਾਂ ਸਾਰੇ ਹੀ ਬੇਵਸ ਹਾਂ ਅਤੇ ਗੁਰੂ ਸਾਹਿਬ ਸ. ਦਿਲਜੀਤ ਸਿੰਘ ਬੇਦੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਦੇ ਪਰਿਵਾਰ ਨੂੰ ਵੀ ਭਾਣਾ ਮੰਨਣ ਦਾ ਬਲ ਬਖਸ਼ਣ।

# ਹੜ੍ਹ ਪੀੜਤਾਂ ਦੀ ਸਰਕਾਰ ਸਾਰ ਲਵੇ : ਕਾਮਰੇਡ ਅਜਨਾਲਾ



ਅੰਮ੍ਰਿਤਸਰ, (ਮਨੋਜ ਕੁਮਾਰ)-ਸੀਆਈਟੀਯੂ ਦੇ ਸੂਬਾ ਵਿੱਤ ਸਕੱਤਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੋਸ਼ ਲਾਏ ਹਨ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਤ ਕਾਂਗਰਸ, ਭਾਜਪਾ, ਸ਼੍ਰੋਮਣੀ ਅਕਾਲੀ ਦਲ ਆਦਿ ਸਿਆਸੀ ਪਾਰਟੀਆਂ ਹੜ੍ਹ ਪ੍ਰਭਾਵਿਤ ਪਿੰਡਾਂ ਤੇ ਕਸਬਿਆਂ ਵਿਚ ਜਾ ਕੇ ਕੇਵਲ ਆਪਣੇ ਵਰਕਰਾਂ ਤੱਕ ਰਾਸ਼ਨ ਪਹੁੰਚਾ ਰਹੀਆਂ ਹਨ, ਜਦੋਂਕਿ ਆਪਣੇ ਘਰਾਂ ਵਿਚ ਕੈਦ ਮਜ਼ਦੂਰ ਵਰਗ ਦੇ ਲੋਕ ਭੁੱਖੇ-ਭਾਣੇ ਦਿਨ ਕੱਟਣ ਨੂੰ ਮਜਬੂਰ ਹਨ।

ਉਨ੍ਹਾਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਦਿਨ-ਰਾਤ ਆਪਣੀ ਟੀਮ ਨਾਲ ਰਾਹਤ ਕਾਰਜਾਂ ਵਿਚ ਲੱਗਣ ਦੀ ਤਾਰੀਫ਼ ਕੀਤੀ ਅਤੇ ਨਾਲ ਹਿ ਅਪੀਲ ਵੀ ਕੀਤੀ ਕਿ ਰਾਸ਼ਨ-ਪਾਣੀ ਹਰੇਕ ਹੜ੍ਹ ਪੀੜਤ ਤੱਕ ਪੁੱਜਦਾ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਉਨ੍ਹਾਂ ਵੱਲੋਂ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਮਜੀਠਾ ਦੀ ਅਗਵਾਈ ਹੇਠ ਹੜ੍ਹ ਨਾਲ ਪ੍ਰਭਾਵਿਤ ਪਿੰਡਾਂ ਰਹਰਾਲੀਆਂ, ਅਵਾਣ, ਸੁਫ਼ੀਆਂ ਤੇ ਡਿਆਲ ਭੱਟੀ ਦਾ ਦੌਰਾ ਕੀਤਾ ਗਿਆ ਅਤੇ ਦੇਖਿਆ ਕਿ ਹਾਲਾਤ ਬਹੁਤ ਮਾੜੇ ਬਣੇ ਹੋਏ ਹਨ। ਉਨ੍ਹਾਂ ਦੱਸਿਆ ਕਿ ਐਤਵਾਰ ਪਾਰਟੀ ਦਫ਼ਤਰ ਪੁੱਜੇ ਹੜ੍ਹ ਪੀੜਤ ਰਾਜੂ ਨੂੰ ਰਾਸ਼ਨ ਦਿੱਤਾ ਗਿਆ ਅਤੇ ਆਉਣ ਵਾਲੇ ਦਿਨਾਂ ਵਿਚ ਹੋਰਨਾਂ ਦੀ ਮਦਦ ਕਰਨ ਦਾ ਵੀ ਭਰੋਸਾ ਦਿੱਤਾ ਗਿਆ। ਉਨ੍ਹਾਂ ਸੂਬਾ ਸਰਕਾਰ ਨੂੰ ਵੀ ਹੜ੍ਹ ਪੀੜਤਾਂ ਦੀ ਸਾਰ ਲੈਣ ਦੀ ਅਪੀਲ ਕੀਤੀ। ਇਸ ਮੌਕੇ ਨਰਿੰਦਰਪਾਲ ਚਮਿਆਰੀ, ਕਿਸਾਨ ਆਗੂ ਸਵਿੰਦਰ ਸਿੰਘ ਮੀਰਾਂਕੋਟ, ਐਡਵੋਕੇਟ ਕੰਵਲਜੀਤ ਕੌਰ, ਗੁਰਨਾਮ ਸਿੰਘ ਤਲਵੰਡੀ ਆਦਿ ਵੀ ਹਾਜ਼ਰ ਸਨ।

# ਮੱਲ੍ਹੀ ਟ੍ਰਾਂਸਪੋਰਟ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ 2 ਲੱਖ 51 ਹਜ਼ਾਰ ਦਾ ਚੈੱਕ ਭੇਟ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):ਪੰਜਾਬ ਨੂੰ ਇਸ ਵਕਤ ਹੜ੍ਹਾਂ ਦੀ ਮਾਰ ਹੇਠ ਗੁਜ਼ਰਨਾ ਪੈ ਰਿਹਾ ਹੈ ਅਤੇ ਪੰਜਾਬ ਵਿੱਚ ਲੋਕਾਂ ਦਾ ਬਹੁਤ ਹੀ ਜਾਨੀ ਤੇ ਮਾਲੀ ਨੁਕਸਾਨ ਹੋ ਗਿਆ ਹੈ। ਫਸਲ ਪਾਣੀ ਵਿੱਚ ਡੁੱਬ ਕੇ ਤਹਿਸ ਨਹਿਸ ਹੋ ਗਈ।ਲੋਕ ਹਰ ਵੇਲੇ ਸਹਿਮ ਦੇ ਮਾਹੌਲ ਵਿੱਚ ਜ਼ਿੰਦਗੀ ਕੱਟ ਰਹੇ ਹਨ॥ ਜਿੱਥੇ ਪੰਜਾਬ ਸਰਕਾਰ ਹੜ੍ਹ ਪੀੜਤਾਂ ਦੀ ਮਦਦ ਲਈ ਉਪਰਾਲੇ ਕਰ ਰਹੀ ਹੈ ਉੱਥੇ ਹੀ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਸੇਵਾਦਾਰ ਵੀ ਮਦਦ ਲਈ ਅੱਗੇ ਆ ਰਹੇ ਹਨ।ਸੁਹਿਰਦ ਉਪਰਾਲੇ ਵਜੋਂ ਮੱਲ੍ਹੀ ਟ੍ਰਾਂਸਪੋਰਟ ਦੇ ਡਾਇਰੈਕਟਰ ਨਵਤੇਜ ਸਿੰਘ ਮੱਲ੍ਹੀ ਨੇ ਆਪਣੀ ਕਿਰਤ ਕਮਾਈ ਵਿੱਚੋਂ ਹੜ੍ਹ ਪੀੜਤਾਂ ਦੀ ਮਦਦ ਲਈ 2 ਲੱਖ 51000 ਰੁਪਏ ਦਾ ਚੈੱਕ ਅੰਮ੍ਰਿਤਸਰ ਦੇ ਡੀਸੀ ਮੈਡਮ ਸਾਕਸ਼ੀ ਸਾਹਨੀ ਨੂੰ ਸਮਰਪਿਤ ਕੀਤਾ।ਸਾਨੂੰ ਸਭਨਾਂ ਨੂੰ ਚਾਹੀਦਾ ਹੈ ਕਿ ਆਪਣੀ ਦਸਾਂ ਨਹੁੰਆਂ ਦੀ ਕਿਰਤ ਕਮਾਈ ਵਿੱਚੋਂ ਕੁਝ ਨਾ ਕੁਝ ਦਾਨ ਕਰਕੇ ਆਪਣਾ ਜੀਵਨ ਸਫਲਾ ਬਣਾਉਣਾ ਚਾਹੀਦਾ ਹੈ। ਇਸ ਮੌਕੇ ਮੱਲ੍ਹੀ ਟਰਾਂਸਪੋਰਟ ਦੇ ਡਾਇਰੈਕਟਰ ਨਵਤੇਜ ਸਿੰਘ ਮੱਲ੍ਹੀ ਨਾਲ ਫੋਨ 'ਤੇ ਗੱਲਬਾਤ ਹੋਈ। ਉਨ੍ਹਾਂ ਨੇ ਦੱਸਿਆ ਕਿ ਇਸ ਵਕਤ ਅੰਮ੍ਰਿਤਸਰ ਦੇ ਡੀਸੀ ਮੈਡਮ ਸਾਕਸ਼ੀ ਸਾਹਨੀ ਅਤੇ ਐੱਸਐੱਸਪੀ ਮਨਿੰਦਰ ਸਿੰਘ ਹੜ੍ਹ ਪੀੜਤਾਂ ਦੇ ਬਚਾਓ ਵਾਸਤੇ ਅਣਥੱਕ ਮਿਹਨਤ ਕਰ ਰਹੇ ਹਨ।ਉਨ੍ਹਾਂ ਦੀ ਮਿਹਨਤ ਤੋਂ ਪ੍ਰਭਾਵਿਤ ਹੋ ਕੇ ਅਸੀਂ ਇਹ ਚੈੱਕ ਡੀਸੀ ਸਾਕਸ਼ੀ ਸਾਹਨੀ ਨੂੰ ਹੜ੍ਹ ਪੀੜਤਾਂ ਦੀ ਮਦਦ ਲਈ ਦਿੱਤਾ ਹੈ।

# ਵਿਧਾਇਕ ਧਾਲੀਵਾਲ ਨੇ ਹੁਣ ਤੱਕ 1700 ਬੰਦਿਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸਾਬਕਾ ਕੈਬਨਿਟ ਮੰਤਰੀ ਅਤੇ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਦਾ ਹਲਕਾ ਹੜਾਂ ਕਾਰਨ ਸਭ ਤੋਂ ਵੱਧ ਪ੍ਰਭਾਵਿਤ ਹੋਇਆ ਹੈ, ਉਹ ਆਪਣੇ ਪਰਿਵਾਰ ਅਤੇ ਵਰਕਰਾਂ ਦੀ ਟੀਮ ਨਾਲ ਪਹਿਲੇ ਦਿਨ ਤੋਂ ਲੈ ਕੇ ਹੁਣ ਤੱਕ ਨਿਰੰਤਰ ਲੋਕ ਸੇਵਾ ਵਿੱਚ ਲੱਗੇ ਹੋਏ ਹਨ।ਸਵੇਰੇ ਦਿਨ ਚੜ੍ਹਦੇ ਤੋਂ ਲੈ ਕੇ ਦੇਰ ਰਾਤ ਤੱਕ ਰਾਹਤ ਦੇ ਇਹ ਕੰਮ ਲਗਾਤਾਰ ਜਾਰੀ ਰਹਿੰਦੇ ਹਨ, ਜਿਸ ਵਿੱਚ ਉਹਨਾਂ ਦੇ ਬੇਟੇ ਖੁਸ਼ਹਾਲ ਸਿੰਘ ਧਾਲੀਵਾਲ, ਨੂੰਹ ਐਡਵੋਕੇਟ ਅਮਨਦੀਪ ਕੌਰ ਅਤੇ ਪਾਰਟੀ ਦੇ ਦਰਜ਼ਾ ਬ-ਦਰਜਾ ਵਰਕਰ ਉਨਾਂ ਦੇ ਨਾਲ ਇਸ ਕੰਮ ਵਿੱਚ ਵੱਡਾ ਸਾਥ ਦੇ ਰਹੇ ਹਨ।ਉਨ੍ਹਾਂ ਦੇ ਨਾਲ ਜ਼ਿਲਾ ਪ੍ਰਸ਼ਾਸਨ ਦੇ ਅਧਿਕਾਰੀ ਅਤੇ ਟੀਮਾਂ ਵੀ ਨਿਰੰਤਰ ਲੋਕਾਂ ਨੂੰ ਰਾਸ਼ਨ, ਪੀਣ ਵਾਲਾ ਪਾਣੀ, ਪਸ਼ੂਆਂ ਦਾ ਚਾਰਾ ਅਤੇ ਦਵਾਈਆਂ ਪਹੁੰਚਾਉਣ ਲਈ ਕੰਮ ਕਰ ਰਹੀਆਂ ਹਨ।ਹਲਕੇ ਵਿੱਚ ਟੁੱਟੀ ਨਹਿਰ ਨੂੰ ਬੰਨਣ ਤੱਕ ਵੀ ਉਹ ਮੌਕੇ ਤੋਂ ਨਹੀਂ ਹਟੇ ਅਤੇ ਨਾਲ ਲੱਗ ਕੇ ਕਹੀ ਅਤੇ ਟੋਕਰੀ ਦੀ ਸੇਵਾ ਕਰਦੇ ਰਹੇ।ਉਨ੍ਹਾਂ ਦੀਆਂ ਇਨ੍ਹਾਂ ਕੋਸ਼ਿਸ਼ਾਂ ਸਦਕਾ ਹੀ ਹਲਕਾ ਅਜਨਾਲਾ ਵਿੱਚ 1700 ਤੋਂ ਵੱਧ ਬੰਦਿਆਂ ਨੂੰ ਰੈਸਕਿਊ ਕਰਕੇ ਸੁਰੱਖਿਤ ਥਾਵਾਂ ਉਤੇ ਪਹੁੰਚਾਇਆ ਜਾ ਚੁੱਕਾ ਹੈ ਅਤੇ ਹਜ਼ਾਰਾਂ ਹੀ ਬੰਦਿਆਂ ਨੂੰ ਲੰਗਰ ਅਤੇ ਰਾਸ਼ਨ ਦੀ ਸੁਵਿਧਾ ਪਹੁੰਚ ਸਕੀ ਹੈ।

# ਵਿਧਾਇਕਾ ਅਰੁਣਾ ਚੌਧਰੀ ਨੇ ਹੜ੍ਹਾਂ ਨਾਲ ਝੰਬੇ ਪੀੜਤ ਲੋਕਾਂ ਲਈ ਫ਼ੌਰੀ ਮੁਆਵਜ਼ਾ ਦੇਣ ਦੀ ਮੰਗ ਉਠਾਈ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਹੜ੍ਹ ਦੀ ਮਾਰ ਨਾਲ ਬੁਰੀ ਤਰ੍ਹਾਂ ਝੰਬੇ ਗਏ ਹਲਕਾ ਦੀਨਾਨਗਰ ਦੇ ਵੱਖ-ਵੱਖ ਪਿੰਡਾਂ ਵਿੱਚ ਹਰ ਰੋਜ਼ ਦੀ ਤਰ੍ਹਾਂ ਪਹੁੰਚ ਕੇ ਵਿਧਾਇਕਾ ਅਰੁਣਾ ਚੌਧਰੀ ਵੱਲੋਂ ਉਨ੍ਹਾਂ ਦਾ ਹਾਲਚਾਲ ਜਾਣਿਆ ਗਿਆ ਅਤੇ ਘਰ-ਘਰ ਜਾ ਕੇ ਮੌਜੂਦਾ ਸਥਿਤੀ ਅਤੇ ਲੋਕਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਕਈਆਂ ਪਿੰਡਾਂ ਦਾ ਦੌਰਾ ਕਰਦਿਆਂ ਹੜ੍ਹ ਪੀੜਤਾਂ ਨੂੰ ਖਾਣ ਪੀਣ ਦੀਆਂ ਚੀਜ਼ਾਂ ਸਮੇਤ ਹੋਰ ਰਾਹਤ ਸਮੱਗਰੀ ਵੀ ਵੰਡੀ।ਉਨ੍ਹਾਂ ਨਾਲ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਵੀ ਮੌਜੂਦ ਸਨ।ਅਰੁਣਾ ਚੌਧਰੀ ਨੇ ਪਿੰਡ ਆਬਾਦੀ ਚੰਡੀਗੜ੍ਹ, ਨਵਾਂ ਟਾਂਡਾ ਬਸਤੀ ਅਤੇ ਜੱਗੋਚੱਕ ਟਾਂਡਾ ਵਿਖੇ ਹੋਏ ਭਾਰੀ ਨੁਕਸਾਨ ਲਈ ਸਰਕਾਰ ਕੋਲੋਂ ਫ਼ੌਰੀ ਤੌਰ 'ਤੇ ਵਿਸ਼ੇਸ਼ ਪੈਕੇਜ ਜਾਰੀ ਕਰਨ ਦੀ ਮੰਗ ਕੀਤੀ ਅਤੇ ਕਿਹਾ ਕਿ ਸਰਕਾਰ ਇਸਦੇ ਲਈ ਹੋਰ ਦੇਰੀ ਨਾ ਕਰੇ।ਉਨ੍ਹਾਂ ਕਿਹਾ ਕਿ ਆਪਣੇ ਦੌਰੇ ਦੌਰਾਨ ਉਨ੍ਹਾਂ ਪਿੰਡ ਮਕੌੜਾ, ਝਬਕਰਾ, ਗੁਰੂ ਨਾਭਾ ਦਾਸ ਕਾਲੋਨੀ ਝਬਕਰਾ ਅਤੇ ਜੋਗਰ ਵਿੱਚ ਵੀ ਹੜ੍ਹਾਂ ਦੀ ਮਾਰ ਦੇਖੀ ਹੈ ਪਰ ਨਵਾਂ ਟਾਂਡਾ ਬਸਤੀ ਅਤੇ ਜੱਗੋਚੱਕ ਟਾਂਡਾ ਨੂੰ ਜੋੜਦੇ ਧੁੱਸੀ ਬੰਨ੍ਹ ਦੇ ਟੁੱਟਣ ਕਾਰਨ ਇਹ ਪਿੰਡ ਰਿਹਾਇਸ਼ੀ ਇਲਾਕਾ ਨਾ ਹੋ ਕੇ ਦਰਿਆ ਦਾ ਰੂਪ ਹੀ ਲੈ ਗਿਆ ਅਤੇ ਪਾਣੀ ਦੇ ਤੇਜ਼ ਵਹਾਅ ਨੇ ਲੋਕਾਂ ਨੂੰ ਆਪਣੇ ਘਰਾਂ ਦਾ ਸਮਾਨ ਸੰਭਾਲਣ ਦਾ ਸਮਾਂ ਵੀ ਨਹੀਂ ਦਿੱਤਾ।

ਉਨ੍ਹਾਂ ਡੀਸੀ ਗੁਰਦਾਸਪੁਰ ਅਤੇ ਐੱਸਡੀਐੱਮ ਦੀਨਾਨਗਰ ਨੂੰ ਅਪੀਲ ਕੀਤੀ ਕਿ ਭਾਰੀ ਨੁਕਸਾਨ ਝੱਲਣ ਵਾਲੇ ਅਜਿਹੇ ਪਿੰਡਾਂ ਵਿੱਚ ਤੁਰੰਤ ਅਫ਼ਸਰ ਭੇਜ ਕੇ ਨੁਕਸਾਨ ਦਾ ਜਾਇਜ਼ਾ ਲਿਆ ਜਾਵੇ ਅਤੇ ਸਪੈਸ਼ਲ ਕੇਸ ਵਜੋਂ ਇਨ੍ਹਾਂ ਨੂੰ ਤੁਰੰਤ ਮੁਆਵਜ਼ਾ ਦਿਵਾਉਣ ਦਾ ਪ੍ਰਬੰਧ ਕੀਤਾ ਜਾਵੇ।

ਉਨ੍ਹਾਂ ਨਵੇਂ ਘਰ ਬਣਾ ਕੇ ਦਿੱਤੇ ਜਾਣ ਦੀ ਲੋਕਾਂ ਦੀ ਮੰਗ ਦਾ ਜਵਾਬ ਦਿੰਦਿਆਂ ਕਿਹਾ ਕਿ ਇਹ ਕੰਮ ਸਰਕਾਰਾਂ ਹੀ ਕਰ ਸਕਦੀਆਂ ਹਨ ਅਤੇ ਲੋਕਾਂ ਦੀ ਇਸ ਮੰਗ ਨੂੰ ਉਹ ਸਰਕਾਰ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕਰਨਗੇ।

# ਹੜ੍ਹ ਪ੍ਰਭਾਵਿਤ ਇਲਾਕੇ ਦੇ ਲੋਕਾਂ ਲਈ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਐਡਵਾਈਜ਼ਰੀ ਜਾਰੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਵਿੱਚ ਭਿਆਨਕ ਹੜ੍ਹਾਂ ਦੀ ਸਥਿਤੀ ਦੇ ਵਿਚਕਾਰ ਹੁਣ ਦਸਤ, ਹੈਜ਼ਾ, ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਦਾ ਖ਼ਤਰਾ ਮੰਡਰਾ ਰਿਹਾ ਹੈ।ਇਸ ਚੁਣੌਤੀ ਨਾਲ ਨਜਿੱਠਣ ਲਈ, ਪੰਜਾਬ ਸਿਹਤ ਵਿਭਾਗ ਨੇ ਹਾਈ ਅਲਰਟ ਐਲਾਨ ਕਰਦਿਆਂ ਲੋਕਾਂ ਦੀ ਸੁਰੱਖਿਆ ਲਈ ਇੱਕ ਜਾਰੀ ਕੀਤੀ ਹੈ। ਵਿਭਾਗ ਨੇ ਬਿਮਾਰੀਆਂ ਨੂੰ ਰੋਕਣ ਲਈ ਵੱਡੇ ਪੱਧਰ ਤੇ ਮੈਡੀਕਲ ਟੀਮਾਂ ਅਤੇ ਸਰੋਤ ਤਾਇਨਾਤ ਕੀਤੇ ਹਨ।ਗੁਰਦਾਸਪੁਰ ਦੇ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਨੇ ਲੋਕਾਂ ਨੂੰ ਹੜ੍ਹਾਂ ਦੌਰਾਨ ਆਪਣੀ ਅਤੇ ਆਪਣੇ ਪਰਿਵਾਰ ਦੀ ਸਿਹਤ ਦਾ ਵਿਸ਼ੇਸ਼ ਧਿਆਨ ਰੱਖਣ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਕੇ ਕਈ ਗੰਭੀਰ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਪਾਣੀ ਅਤੇ ਭੋਜਨ ਵਿੱਚ ਸਾਵਧਾਨੀਆਂ ਵਰਤੇ ਹੋਏ ਕੇਵਲ ਸਾਫ਼ ਪਾਣੀ ਪੀਓ, ਸਿਰਫ਼ ਉਬਾਲੇ ਜਾਂ ਕਲੋਰੀਨ ਵਾਲਾ ਪਾਣੀ ਹੀ ਪੀਓ।ਜੇਕਰ ਪਾਣੀ ਨੂੰ ਉਬਾਲਣਾ ਸੰਭਵ ਨਹੀਂ ਹੈ, ਤਾਂ ਕਲੋਰੀਨ ਦੀਆਂ ਗੋਲੀਆਂ ਦੀ ਵਰਤੋਂ ਕਰੋ।ਪਾਣੀ ਨੂੰ ਹਮੇਸ਼ਾ ਸਾਫ਼ ਅਤੇ ਢੱਕੇ ਹੋਏ ਭਾਂਡਿਆਂ ਵਿੱਚ ਰੱਖੋ।ਉਨ੍ਹਾਂ ਕਿਹਾ ਕਿ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਵਾਰ-ਵਾਰ ਧੋਵੋ, ਖਾਸ ਕਰਕੇ ਖਾਣ ਤੋਂ ਪਹਿਲਾਂ।ਹੜ੍ਹ ਦੇ ਪਾਣੀ ਦੇ ਸੰਪਰਕ ਵਿੱਚ ਆਇਆ ਕੋਈ ਵੀ ਖਾਣਾ ਨਾ ਖਾਓ।

# ਬੱਦਲ ਫੱਟਣ ਨਾਲ ਮਰੇ ਤਿੰਨ ਮੈਂਬਰਾਂ ਦੇ ਪਰਿਵਾਰ ਨਾਲ ਤਲਬੀਰ ਗਿੱਲ ਨੇ ਕੀਤਾ ਦੁੱਖ ਸਾਂਝਾ



ਮਜੀਠਾ (ਸੋਇਮ ਆਨੰਦ)-ਕਸਬਾ ਮਜੀਠਾ ਨਜ਼ਦੀਕ ਪੈਂਦੇ ਪਿੰਡ ਗਾਲੋਵਾਲੀ ਕੁੱਲੀਆਂ ਦੇ ਮਾਤਾ ਵੈਸ਼ਨੂੰ ਦੇਵੀ ਦੀ ਯਾਤਰਾ ਦੌਰਾਨ ਇੱਕੋ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਹੋਈ ਮੌਤ 'ਤੇ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਪਿੰਡ ਗਾਲੋਵਾਲੀ ਕੁੱਲੀਆਂ ਪਹੁੰਚੇ। ਇਹ ਪਰਿਵਾਰ ਮਾਤਾ ਵੈਸ਼ਨੋ ਦੇਵੀ ਦਰਸ਼ਨਾਂ ਲਈ ਗਿਆ ਸੀ ਜਿੱਥੇ ਬੱਦਲ ਫਟਣ ਨਾਲ ਸੁਰਜੀਤ ਤਾਂ ਬਚ ਗਿਆ ਪ੍ਰੰਤੂ ਉਸ ਦੀ ਪਤਨੀ ਰੇਖਾ ਤੇ ਦੋ ਬੱਚੇ ਦਵਿੰਦਰ ਤੇ ਮਨਪ੍ਰੀਤ ਦੀ ਮੌਤ ਹੋ ਗਈ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਇਹ ਘਟਨਾ ਅਤਿ ਦੁੱਖਦਾਈ ਹੈ, ਜਿਸ ਦੀ ਪੂਰਤੀ ਸੰਭਵ ਨਹੀਂ।ਉਨ੍ਹਾਂ ਸਰਕਾਰ ਤੋ ਮੰਗ ਕਰਦਿਆਂ ਕਿਹਾ ਕਿ ਪੀੜਤ ਪਰਿਵਾਰ ਨੂੰ ਵਿੱਤੀ ਸਹਾਇਤਾ ਅਤੇ ਹਰ ਪ੍ਰਕਾਰ ਦੀ ਮਦਦ ਦਿੱਤੀ ਜਾਵੇ।ਉਨ੍ਹਾਂ ਕਿਹਾ ਆਮ ਆਦਮੀ ਪਾਰਟੀ ਪਰਿਵਾਰ ਦੇ ਨਾਲ ਹਰ ਕਦਮ ਤੇ ਖੜ੍ਹੀ ਹੈ।ਇਸ ਮੌਕੇ ਤਲਬੀਰ ਗਿੱਲ ਨਾਲ ਬਲਜਿੰਦਰ ਸਿੰਘ ਛੀਨਾ ਸਿਆਸੀ ਸਲਾਹਕਾਰ ਗਿੱਲ, ਸਰਪੰਚ ਪਰਮਿੰਦਰ ਸਿੰਘ ਸਿੱਖਿਆ ਕੋਆਰਡੀਨੇਟਰ, ਕੌਂਸਲਰ ਪਿੰਕਾ ਮਜੀਠਾ, ਸਰਪੰਚ ਰਾਜ ਕੁਮਾਰ, ਸਰਪੰਚ ਹਰਗੁਰਿੰਦਰ ਸਿੰਘ ਮਾਨ, ਸਰਪੰਚ ਚਰਨਜੀਤ ਵਡਾਲਾ, ਬਲਬੀਰ ਸਿੰਘ ਧਰਮਪੁਰਾ, ਸਾਬਕਾ ਸਰਪੰਚ ਸੁਖਚੈਨ ਸਿੰਘ ਭੰਗਵਾਂ ਆਦਿ ਹਾਜ਼ਰ ਸਨ।

# ਸ਼ੈਰੀ ਕਲਸੀ ਤੇ ਗੁਰਦੀਪ ਸਿੰਘ ਰੰਧਾਵਾ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ

ਬਟਾਲਾ, (ਤਰਲੋਕ ਬੱਗਾ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਮੌਕੇ ਗੁਰਦੁਆਰਾ ਡੇਹਰਾ ਸਾਹਿਬ ਤੋਂ ਸਜਾਏ ਨਗਰ ਕੀਰਤਨ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਫਤਿਹਗੜ੍ਹ ਚੂੜੀਆਂ ਹਲਕੇ ਦੇ ਇੰਚਾਰਜ ਬਲਬੀਰ ਸਿੰਘ ਪਨੂੰ ਅਤੇ ਜੋਬਨ ਰੰਧਾਵਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੇ ਜ਼ਿਲ੍ਹਾ ਪ੍ਰਧਾਨ ਆਪ ਪਾਰਟੀ ਨੇ ਹਾਜ਼ਰੀ ਭਰੀ ਤੇ ਨਤਮਸਤਕ ਹੋ ਕੇ ਗੁਰੂ ਜੀ ਦਾ ਆਸ਼ੀਰਵਾਦ ਲਿਆ।ਵਿਧਾਇਕ ਸ਼ੈਰੀ ਕਲਸੀ ਨੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਤੋਂ ਸਜਾਏ ਨਗਰ ਕੀਰਤਨ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਸ਼ੈਰੀ ਕਲਸੀ ਵੱਲੋਂ ਲੰਗਰ ਦੀ ਸੇਵਾ ਕੀਤੀ ਗਈ ਤੇ ਸਮੂਹ ਦੇਸ਼ ਵਿਦੇਸ਼ ਵਿਚੋਂ ਪਹੁੰਚੀਆਂ ਸੰਗਤਾਂ ਨੂੰ ਪਾਵਨ ਦਿਹਾੜੇ ਦੀ ਮੁਬਾਰਕਬਾਦ ਦਿੱਤੀ।ਉਨ੍ਹਾਂ ਅੱਗੇ ਕਿਹਾ ਕਿ ਸ਼ਹਿਰ ਅੰਦਰ ਵੱਖ-ਵੱਖ



ਥਾਵਾਂ ਤੇ ਸੰਗਤਾਂ ਲਈ ਲੰਗਰ ਚੱਲ ਰਹੇ ਹਨ ਅਤੇ ਸੰਗਤਾਂ ਦੀ ਸਹੂਲਤ ਲਈ ਸਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ।ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ, ਸਮਾਜ ਸੇਵੀ ਅੰਮ੍ਰਿਤ ਕਲਸੀ, ਤਰੁਨ ਕਲਸੀ, ਚੇਅਰਮੈਨ ਰਾਜੀਵ ਸ਼ਰਮਾ, ਮੁੱਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ, ਜਗਜੀਤ ਸਿੰਘ ਪਿੰਟਾ ਮੈਂਬਰ ਜਿਲਾ ਯੋਜਨਾ ਬੋਰਡ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਕੁਲਦੀਪ ਸਿੰਘ ਆਦਿ ਹਾਜ਼ਰ ਸਨ।

# ਤਬਾਹ ਹੋ ਚੁੱਕੀ ਕਿਸਾਨੀ ਦੀ ਪੰਜਾਬ ਸਰਕਾਰ ਵੱਡਾ ਮੁਆਵਜ਼ਾ ਦੇ ਕੇ ਬਾਂਹ ਫੜੇ: ਪ੍ਰਿੰ. ਤਰਸਿੱਕਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪਿਛਲੇ ਦਿਨੀਂ ਅਚਾਨਕ ਆਏ ਹੜ੍ਹਾਂ ਦੇ ਪਾਣੀਆਂ ਨਾਲ ਪੰਜਾਬ ਦੇ ਬਹੁਤ ਸਾਰੇ ਕਿਸਾਨ ਵੀਰਾਂ ਦੀ ਪੱਕ ਕੇ ਤਿਆਰ ਹੋਈ ਝੋਨੇ ਅਤੇ ਹੋਰ ਫ਼ਸਲ ਲਗਭਗ ਤਬਾਹ ਹੋ ਚੁੱਕੀ, ਜਿਸ ਕਾਰਨ ਕਿਸਾਨ ਨਿਰਾਸ਼ਾ ਦੇ ਆਲਮ ਵਿੱਚ ਗੁਜ਼ਰ ਰਿਹਾ ਹੈ। ਕਿਸਾਨ ਹਰ ਪਾਸੇ ਤੋਂ ਲੁੱਟਿਆ ਪੁੱਟਿਆ ਮਹਿਸੂਸ ਕਰ ਰਿਹਾ ਹੈ।

ਇਸ ਸਮੇਂ ਪੰਜਾਬ ਸਰਕਾਰ ਉਨ੍ਹਾਂ ਕਿਸਾਨ ਵੀਰਾਂ ਦੀ ਬਾਂਹ ਜ਼ਰੂਰ ਫੜੇ ਜਿਨ੍ਹਾਂ ਦੀਆਂ ਧੀਆਂ ਪੁੱਤਰਾਂ ਵਾਂਗ ਪਾਲੀਆਂ ਫਸਲਾਂ ਤਬਾਹ ਹੋ ਚੁੱਕੀਆਂ ਹਨ। ਪੰਜਾਬ ਸਰਕਾਰ ਵੱਡਾ ਮੁਆਵਜ਼ਾ ਹਰ ਕਿਸਾਨ ਨੂੰ ਜ਼ਰੂਰ ਦੇਵੇ। ਇਹ ਪ੍ਰਗਟਾਵਾ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰ. ਬਚਿੱਤਰ ਸਿੰਘ ਤਰਸਿੱਕਾ ਨੇ ਪਿੰਡ ਤਰਸਿੱਕਾ ਦੇ ਮੋਹਤਬਰਾਂ ਦੀ ਹਾਜ਼ਰੀ ਵਿੱਚ ਕਾਤਿਾ। ਇਸ ਸਮੇਂ ਹਰਜੀਤ ਸਿੰਘ ਗੋਲੂ, ਬਲਜੀਤ ਸਿੰਘ ਲਾਲੀ, ਮਨਜੀਤ ਸਿੰਘ ਤਰਸਿੱਕਾ, ਤਰਲੋਕ ਸਿੰਘ ਸੈਕਟਰੀ, ਜਸਪਾਲ ਸਿੰਘ ਸ਼ਾਹ, ਅਜਮੇਰ ਸਿੰਘ, ਦਵਿੰਦਰ ਸਿੰਘ, ਡਾ. ਗੋਲਡੀ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਜੰਗੀ ਪੱਧਰ 'ਤੇ ਰਾਹਤ ਕਾਰਜ ਜਾਰੀ : ਡੀ ਸੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜ ਦਿਨ-ਰਾਤ ਜਾਰੀ ਹਨ।ਰਾਵੀ ਦਰਿਆ ਦੇ ਹੜ੍ਹ ਕਾਰਨ ਜ਼ਿਲ੍ਹਾ ਗੁਰਦਾਸਪੁਰ ਦੇ 324 ਪਿੰਡਾਂ ਦੇ 145000 ਦੇ ਕਰੀਬ ਵਿਅਕਤੀ ਪ੍ਰਭਾਵਿਤ ਹੋਏ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਬੀਤੀ ਸ਼ਾਮ ਤੱਕ 5500 ਤੋਂ ਵੱਧ ਵਿਅਕਤੀਆਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਲੋਕਾਂ ਲਈ ਜ਼ਿਲ੍ਹੇ ਅੰਦਰ 25 ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ ਜਿਨ੍ਹਾਂ ਵਿੱਚੋਂ 15 ਐਕਟਿਵ ਹਨ।ਇਨ੍ਹਾਂ ਕੈਂਪਾਂ ਵਿੱਚ ਖਾਣੇ ਤੋਂ ਇਲਾਵਾ ਸੌਣ ਲਈ ਗੱਦੇ, ਸੁੱਕਾ ਰਾਸ਼ਨ, ਬਿਸਕੁਟ ਅਤੇ ਛੋਟੇ ਬੱਚਿਆਂ ਦੇ ਲਈ ਦੁੱਧ ਤੋਂ ਇਲਾਵਾ ਮੁੱਢਲੀ ਸਹਾਇਤਾ ਮੁਹੱਈਆ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਦੀ ਸਹਾਇਤਾ ਲਈ ਐਂਬੂਲੈਂਸ ਵੀ ਤੈਨਾਤ ਕੀਤੀਆਂ ਗਈਆਂ ਹਨ ਅਤੇ ਨਾਲ ਹੀ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਲਈ ਮੁਫ਼ਤ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਐੱਨਡੀਆਰਐੱਫ਼ ਦੀਆਂ 6 ਟੀਮਾਂ, ਭਾਰਤੀ ਫ਼ੌਜ ਦੀਆਂ 3 ਟੀਮਾਂ ਅਤੇ ਬੀਐੱਸਐੱਫ਼. ਦੀ 1 ਟੀਮ ਰਾਹਤ ਕਾਰਜਾਂ ਵਿੱਚ ਸ਼ਾਮਲ ਹੈ।ਇਨ੍ਹਾਂ ਟੀਮਾਂ ਵੱਲੋਂ ਕਿਸ਼ਤੀਆਂ ਅਤੇ ਹੋਰ ਸਾਧਨਾਂ ਰਾਹੀਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਫਸੇ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਸੁਰੱਖਿਅਤ ਟਿਕਾਣਿਆ ਤੇ ਪਹੁੰਚਾਇਆ ਜਾ ਰਿਹਾ ਹੈ।5000 ਤੋਂ ਵੱਧ ਰਾਹਤ ਸਮਗਰੀ ਦੀਆਂ ਕਿੱਟਾਂ ਹੜ੍ਹ ਪ੍ਰਭਾਵਿਤ ਵਿਅਕਤੀਆਂ ਤੱਕ ਪਹੁੰਚਾਈਆਂ ਗਈਆਂ ਹਨ।ਪਸ਼ੂ ਪਾਲਣ ਵਿਭਾਗ ਦੀ



ਰਿਪੋਰਟ ਅਨੁਸਾਰ ਜ਼ਿਲ੍ਹੇ ਵਿੱਚ 300 ਦੇ ਕਰੀਬ ਪਸ਼ੂਆਂ ਦੀ ਹੜ੍ਹਾਂ ਕਾਰਨ ਮੌਤ ਹੋਈ ਹੈ।ਉਨ੍ਹਾਂ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਵਿਸ਼ੇਸ਼ ਟੀਮਾਂ ਬਣਾ ਕੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜਾ ਕੇ ਪਸ਼ੂਆਂ ਨੂੰ ਬਚਾਇਆ ਜਾ ਰਿਹਾ ਹੈ।ਉਨ੍ਹਾਂ ਹੜ੍ਹ ਪ੍ਰਭਾਵਿਤ ਖੇਤਰ ਦੇ ਵਸਨੀਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬਿਲਕੁਲ ਨਾ ਘਬਰਾਉਣ ਨਾ ਜ਼ਿਲ੍ਹਾ ਪ੍ਰਸ਼ਾਸਨ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹੈ।

# ਸਿਮਰਨ ਹਸਪਤਾਲ ਦੇ ਡਾਕਟਰਾਂ ਨੇ ਸੱਪ ਦੇ ਡੰਗੇ ਜਵਾਨ ਦੀ ਜਾਨ ਬਚਾਈ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਬੀਐੱਸਐੱਫ ਅਮਰਕੋਟ ਦੀ 103 ਬਟਾਲੀਅਨ ਦੇ ਜਵਾਨ ਜਿਸ ਨੂੰ ਸੁੱਤਿਆਂ ਹੋਇਆਂ ਸੱਪ ਨੇ ਡੰਗ ਮਾਰ ਦਿੱਤਾ ਸੀ, ਦੀ ਸਿਮਰਨ ਹਸਪਤਾਲ ਭਿੱਖੀਵਿੰਡ ਦੇ ਡਾਕਟਰਾਂ ਵੱਲੋਂ ਜਾਨ ਬਚਾਉਣ ਦੀ ਖ਼ਬਰ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਰਮੇਸ਼ ਕੁਮਾਰ ਨਾਮਕ ਜਵਾਨ ਸਰਹੱਦ 'ਤੇ ਡਿਊਟੀ ਖ਼ਤਮ ਕਰਨ ਮਗਰੋਂ ਚੌਕੀ ਵਿੱਚ ਆ ਕੇ ਸੌਂ ਗਿਆ ਸੀ।ਸੁੱਤਿਆਂ ਹੋਇਆਂ ਜਵਾਨ ਦੇ ਕੰਨ 'ਤੇ ਜ਼ਹਿਰੀਲੇ ਸੱਪ ਨੇ ਡੰਗ ਮਾਰ ਦਿੱਤਾ।

ਥਕਾਵਟ ਜ਼ਿਆਦਾ ਹੋਣ ਕਾਰਨ ਜਵਾਨ ਨੂੰ ਸੱਪ ਦੇ ਡੰਗਣ ਦਾ ਵੀ ਪਤਾ ਨਹੀਂ ਲੱਗਾ।ਬਟਾਲੀਆਨ ਦੀ ਮੈਡੀਕਲ ਵਿੰਗ ਦੇ ਕਮਾਂਡੈਂਟ ਡਾਕਟਰ ਐੱਚਐੱਲ ਜਾਟ (ਸੀਐੱਮਓ, ਐੱਸਜੀ), ਫਾਰਮਾਸਿਸਟ ਬਿਕਰਮ ਸਿੰਘ ਤੇ ਨਰਸਿੰਗ ਅਸਿਸਟੈਂਟ ਟੀ ਰਾਏ ਵੱਲੋਂ ਮੁੱਢਲੀ ਸਹਾਇਤਾ ਦੇਣ ਮਗਰੋਂ ਜਵਾਨ ਨੂੰ ਸਿਮਰਨ ਹਸਪਤਾਲ ਭਿੱਖੀਵਿੰਡ ਵਿੱਚ ਦਾਖ਼ਲ ਕਰਵਾਇਆ ਗਿਆ ਜਿੱਥੇ ਡਾਕਟਰ ਜਸ਼ਨਦੀਪ ਸਿੰਘ ਸੰਧੂ (ਐੱਮਬੀਬੀਐੱਸ, ਐੱਮਡੀ ਮੈਡੀਸਨ) ਨੇ ਆਪਣੀ ਟੀਮ ਨਾਲ ਮਿਲ ਕੇ ਫੌਰੀ ਜਾਂਚ ਕਰਕੇ ਵੈਂਟੀਲੇਟਰ ਦੀ ਮਦਦ ਨਾਲ ਮਰੀਜ਼ ਦੀ ਜਾਨ ਬਚਾ ਲਈ।ਇਸ ਮੌਕੇ ਬੀਐੱਸਐੱਫ ਦੇ ਅਫਸਰਾਂ ਨੇ ਜਵਾਨ ਨੂੰ ਨਵਾਂ ਜੀਵਨਦਾਨ ਦੇਣ ਲਈ ਡਾਕਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਡਾਕਟਰਾਂ ਵੱਲੋਂ ਕੀਤੇ ਸਹੀ ਇਲਾਜ ਸਦਕਾ ਹੀ ਉਹ ਆਪਣੇ ਸਾਥੀ ਨੂੰ ਮੁੜ ਸਿਹਤਮੰਦ ਦੇਖ ਰਹੇ ਹਨ।ਇਸ ਮੌਕੇ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਗੁਰਮੇਜ ਸਿੰਘ ਸੰਧੂ, ਡਾ. ਜਸ਼ਨਦੀਪ ਸਿੰਘ ਸੰਧੂ (ਐੱਮਬੀਬੀਐੱਸ, ਐੱਮਡੀ ਮੈਡੀਸਨ), ਡਾ. ਜਸਕਰਨ ਸਿੰਘ (ਐੱਮਬੀ ਬੀਐੱਸ,ਐੱਮਐੱਸ ਆਰਥੋ), ਮੈਡੀਕਲ ਅਫਸਰ ਡਾ. ਦਾਨਿਸ਼, ਡਾ. ਕਮਲ, ਡਾ. ਆਮਿਰ, ਡਾ. ਅਜੇਪਾਲ, ਜਰਮਨਜੋਤ ਕੌਰ, ਦਾਨਿਸ਼, ਮਨਪ੍ਰੀਤ ਕੌਰ, ਬਲਜਿੰਦਰ ਕੌਰ, ਕੋਮਲਦੀਪ ਕੌਰ, ਸੁਮਨਦੀਪ ਕੌਰ, ਹਰਪ੍ਰੀਤ ਕੌਰ, ਜਗਰੂਪ ਕੌਰ, ਬੱਬਲ ਅਤੇ ਸੁਖਰਾਜ ਆਦਿ ਹਾਜ਼ਰ ਸਨ।

# ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਹੋ ਰਹੀ ਤਬਾਹੀ ਨੂੰ ਰੋਕਣ ਅਤੇ ਸਰਬੱਤ ਦੇ ਭਲੇ ਲਈ ਖੱਜ ਅੱਡਾ ਝਬਾਲ ਦੇ ਮੁਹੱਲਾ ਨਾਨਕਸਰ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਵਾਏ ਗਏ ਅਤੇ ਹੜ੍ਹਾਂ ਕਾਰਨ ਹੋ ਰਹੀ ਤਬਾਹੀ ਨੂੰ ਰੋਕਣ ਲਈ ਪ੍ਰਮਾਤਮਾ ਅੱਗੇ ਅਰਦਾਸ ਬੇਨਤੀ ਕੀਤੀ ਗਈ।ਇਸ ਮੌਕੇ ਗੁਰਦੁਆਰਾ ਪ੍ਰਬੰਧਕਾਂ ਨੇ ਕਿਹਾ ਕਿ ਪੰਜਾਬ ਵਿੱਚ ਹੜ੍ਹਾਂ ਕਾਰਨ ਜੋ ਬਰਬਾਦੀ ਹੋ ਰਹੀ ਹੈ ਉਸ ਨੂੰ ਠੱਲ੍ਹ ਪਾਉਣ ਲਈ ਅਸੀਂ ਪ੍ਰਮਾਤਮਾ ਨੂੰ ਬੇਨਤੀ ਕਰਦੇ ਹਾਂ ਕਿ ਜੇਕਰ ਕੋਈ ਗਲਤੀ ਇਨਸਾਨੀਅਤ ਕੋਲੋਂ ਹੋਈ ਹੈ ਉਹ ਪ੍ਰਮਾਤਮਾ ਆਪ ਬਖਸ਼ਣਹਾਰ ਹੈ।ਉਨ੍ਹਾਂ ਕਿਹਾ ਕਿ ਜਦੋਂ ਵੀ ਕੋਈ ਕਰੋਪੀ ਦੁਨੀਆ ਤੇ ਆਉਂਦੀ ਹੈ ਤਾਂ ਪ੍ਰਮਾਤਮਾ ਇਸੇ ਤਰ੍ਹਾਂ ਆਪਣਾ ਗੁੱਸਾ ਪ੍ਰਗਟ ਕਰਦਾ ਹੈ ਪਰ ਦੁਨੀਆ ਰੱਬ ਨੂੰ ਭੁੱਲ ਕੇ ਕੋਈ ਨਾ ਕੋਈ ਭੁੱਲ ਕਰ ਦਿੰਦੀ ਹੈ।ਇਸ ਮੌਕੇ ਸਮੂਹ ਸੰਗਤਾਂ ਵਲੋਂ ਗੁਰੂ ਦੇ ਲੰਗਰ ਤਿਆਰ ਕਰਕੇ ਵਰਤਾਏ ਗਏ।ਇਸ ਮੌਕੇ ਪ੍ਰਧਾਨ ਦਿਲਬਾਗ ਸਿੰਘ, ਮੈਂਬਰ ਮਨਜੀਤ ਸਿੰਘ ਭੋਜੀਆਂ, ਮੁੱਖ ਸੇਵਾਦਾਰ ਬਾਬਾ ਅਵਤਾਰ ਸਿੰਘ, ਕੈਪਟਨ ਸਾਹਿਬ ਸਿੰਘ, ਅਮਰਜੀਤ ਸਿੰਘ, ਸਿਮਰਨ ਭੋਜੀਆਂ ਅਤੇ ਵੱਡੀ ਗਿਣਤੀ ਵਿੱਚ ਮੁਹੱਲਾ ਨਾਨਕਸਰ ਅਤੇ ਬਾਬਾ ਲੰਗਾਹ ਐਵੀਨਿਊ ਦੀਆਂ ਸੰਗਤਾਂ ਹਾਜਿਰ ਸਨ।

# ਸ਼ਿਵ ਸੈਨਾ ਬਾਲਾ ਸਾਹਿਬ ਠਾਕਰੇ ਨੇ ਹੜ੍ਹ ਪੀੜਤਾਂ ਨੂੰ ਰਾਸ਼ਨ ਵੰਡਿਆ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸ਼ਿਵ ਸੈਨਾ ਬਾਲਾ ਸਾਹਿਬ ਠਾਕਰੇ ਦੇ ਪੰਜਾਬ ਪ੍ਰਵਕਤਾ ਯੁਵਾ ਵਿੰਗ ਅਜੈ ਕੁਮਾਰ ਅਤੇ ਪੰਜਾਬ ਸਕੱਤਰ ਸੁਮਿਤ ਦੀ ਪ੍ਰਧਾਨਗੀ ਹੇਠ ਦੀਨਾਨਗਰ 'ਚ ਹੜ੍ਹ ਮਾਰੇ ਇਲਾਕਿਆਂ ਦਾ ਦੌਰਾ ਕੀਤਾ ।ਜ਼ਰੂਰਤਮੰਦ ਲੋਕਾਂ ਦੀ ਮਦਦ ਲਈ ਉਨ੍ਹਾਂ ਨਾਲ ਸੰਪਰਕ ਕੀਤਾ ਅਤੇ ਰਾਸ਼ਨ ਪਾਣੀ ਪਹੁੰਚਿਆ। ਇਸ ਮੌਕੇ ਉਨ੍ਹਾਂ ਦੇ ਨਾਲ ਕੇਵਲ ਮਸੀਹ ਅਤੇ ਔਰਤਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।ਅਜੈ, ਸੁਮਿਤ ਅਤੇ ਮੇਜਰ ਕੇਵਲ ਮਸੀਹ ਨੇ ਕਿਹਾ ਕਿ ਇਸ ਸਮੇਂ ਪੰਜਾਬ ਪੂਰਾ ਹੜ੍ਹ ਦੀ ਚਪੇਟ ਵਿੱਚ ਆਇਆ ਹੋਇਆ ਹੈ ਜਿਸ ਨਾਲ ਕਿਸਾਨਾਂ ਦੀਆਂ ਫਸਲਾਂ, ਪਸ਼ੂਆਂ ਅਤੇ ਲੋਕਾਂ ਦੇ ਘਰਾਂ ਦਾ ਬਹੁਤ ਨੁਕਸਾਨ ਹੋਇਆ ਹੈ।ਉਨ੍ਹਾਂ ਕਿਹਾ ਕਿ ਇਸ ਔਖੀ ਘੜੀ ਵਿੱਚ ਇੱਕਜੁਟ ਹੋ ਕੇ ਹਲਕੇ ਦੇ ਲੋਕਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਗੋਪਾਲ ਸ਼ਰਮਾ, ਹਿੰਦੂ ਨੇਤਾ ਦਿਛਿਤ ਬੱਬਰ, ਪਵਨ ਵਰਮਾ, ਸੂਰਜ ਪ੍ਰਕਾਸ਼ , ਏਐੱਸਆਈ ਤੀਰਥ, ਮਨਦੀਪ ਪਠਾਨੀਆ, ਸੰਜੀਵ ਭੋਗਲ, ਸਚਿਨ ਕੁਮਾਰ, ਮੇਜਰ ਸੁਨੀਤਾ, ਸਰੋਜ ਰਾਣੀ, ਗੀਤ ਮਸੀਹ ਲਤਾ ਰਾਣੀ, ਭੂਪੇਸ਼ ਕੁਮਾਰ, ਆਕਾਸ਼ ਕਾਂਗਲਾ ਆਦਿ ਮੌਜੂਦ ਸਨ।

# ਆਈਡੀਬੀਆਈ ਬੈਂਕ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲਾਂ ਨੂੰ ਇਨਵਰਟਰ ਤੇ ਬੈਟਰੀਆਂ ਭੇਟ

ਬਟਾਲਾ (ਡਾ. ਮਲਵਿੰਦਰ ਸਿੰਘ)-ਆਈ.ਡੀ.ਬੀ.ਆਈ. ਬੈਂਕ ਬ੍ਰਾਂਚ ਬਟਾਲਾ ਵੱਲੋਂ ਬਲਾਕ ਬਟਾਲਾ-1 ਦੇ 7 ਸਰਕਾਰੀ ਪ੍ਰਾਇਮਰੀ ਸਕੂਲਾਂ ਨੂੰ ਇਨਵਰਟਰ ਤੇ ਬੈਟਰੀਆਂ ਦਿੱਤੀਆਂ ਗਈਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਆਈ.ਡੀ.ਬੀ.ਆਈ. ਬੈਂਕ ਬਟਾਲਾ ਦੇ ਬ੍ਰਾਂਚ ਹੈੱਡ ਅਜੀਤ ਵਾਲੀਆ, ਟੀ. ਐੱਸ. ਐੱਮ. ਵਰਿੰਦਰ ਮਹਿਤਾ ਅਤੇ ਹੋਰ ਸਟਾਫ਼ ਵੱਲੋਂ ਕਾਰਪੋਰੇਟ ਸਮਾਜਿਕ ਜ਼ੁੰਮੇਵਾਰੀ ਤਹਿਤ ਇਹ ਸਮਾਨ ਸਰਕਾਰੀ ਸਕੂਲਾਂ ਨੂੰ ਭੇਟ ਕੀਤਾ ਗਿਆ ਹੈ।ਉਨ੍ਹਾਂ ਆਈ.ਡੀ.ਬੀ.ਆਈ. ਬੈਂਕ ਬ੍ਰਾਂਚ ਬਟਾਲਾ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ।ਇਸ ਮੌਕੇ ਸੈਂਟਰ ਮੁੱਖ ਅਧਿਆਪਕ ਗੁਰਪ੍ਰਤਾਪ ਸਿੰਘ, ਹਰਪਿੰਦਰਪਾਲ ਕੌਰ, ਹੈੱਡ ਟੀਚਰ ਭੁਪਿੰਦਰ ਸਿੰਘ, ਸੰਜੀਵ ਕੁਮਾਰ, ਬਾਊ ਨਿਰਮਲ ਸਿੰਘ, ਮੈਡਮ ਸੰਤੋਸ਼ , ਸੰਦੀਪ ਕੁਮਾਰ, ਮਨੋਜ ਕੁਮਾਰ, ਬਲਾਕ ਦਫ਼ਤਰ ਤੋ ਮੈਡਮ ਨੀਤੂ, ਮੈਡਮ ਪੂਜਾ, ਮੈਡਮ ਜੋਤੀ, ਰਣਜੀਤ ਸਿੰਘ ਆਦਿ ਹਾਜ਼ਰ ਸਨ।




# ਕਾਂਗਰਸ ਯੂਥ ਵਿੰਗ ਦੇ ਨਵਤੇਜ ਸਿੰਘ ਅਮਰਕੋਟ ਹੜ੍ਹ ਪੀੜਤਾਂ ਲਈ ਸਮੱਗਰੀ ਲੈ ਕੇ ਰਵਾਨਾ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਜੰਡਿਆਲਾ ਗੁਰੂ ਦੇ ਪਿੰਡ ਅਮਰਕੋਟ ਤੋਂ ਕਾਂਗਰਸ ਪਾਰਟੀ ਦੇ ਯੂਥ ਵਿੰਗ ਦੇ ਸੀਨੀਅਰ ਜਨਰਲ ਸਕੱਤਰ ਨਵਤੇਜ ਸਿੰਘ ਅਮਰਕੋਟ ਆਪਣੇ ਸਾਥੀਆਂ ਨਾਲ ਕਪੂਰਥਲਾ ਦੇ ਨਜ਼ਦੀਕ ਪਿੰਡਾਂ ਲਾਗੇ ਹੜ੍ਹ ਪੀੜਤਾਂ ਲਈ ਰਾਸ਼ਨ ਸਮੱਗਰੀ ਲੈ ਕੇ ਰਵਾਨਾ ਹੋਏ। ਹੜ੍ਹਾਂ ਦੇ ਮੱਦੇਨਜ਼ਰ ਯੂਥ ਕਾਂਗਰਸ ਪਾਰਟੀ ਦੇ ਸੀਨੀਅਰ ਜਨਰਲ ਸਕੱਤਰ ਨਵਤੇਜ ਸਿੰਘ ਅਮਰਕੋਟ ਨੇ ਕਹਾ ਕਿ ਇਸ ਸਮੇਂ ਸਾਡੇ ਕਿਸਾਨ ਭਰਾ ਬੜੀ ਔਖੀ ਘੜੀ ਵਿੱਚ ਹਨ। ਸਾਨੂੰ ਹਰ ਇੱਕ ਨੂੰ ਇੱਕ ਦੂਜੇ ਦਾ ਸਹਾਰਾ ਬਣ ਕੇ ਸਾਹਮਣੇ ਆਉਂਦਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਨਾਲ ਸਾਥੀ ਮਨਦੀਪ ਸਿੰਘ ਬਾਦਲ, ਕੈਪਟਨ ਭੁਪਿੰਦਰ ਸਿੰਘ, ਸੁਖਬੀਰ ਸਿੰਘ, ਮੇਜਰ ਸਿੰਘ, ਬਲਰਾਜ ਸਿੰਘ, ਅਮਰੀਕ ਰਾਮ, ਜੋਬਨ ਸਿੰਘ ਆਦਿ ਹਾਜ਼ਰ ਸਨ।

# ਭਾਰਤੀ ਕਿਸਾਨ-ਮਜ਼ਦੂਰ ਯੂਨੀਅਨ ਨੇ ਹੜ੍ਹ ਪੀੜਤਾਂ ਲਈ ਸਹਾਇਤਾ ਭੇਜੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪਿਛਲੇ ਕੁਝ ਦਿਨਾਂ ਤੋਂ ਭਾਰੀ ਬਰਸਾਤ ਅਤੇ ਬੱਦਲਾਂ ਦੇ ਫਟਣ ਨਾਲ ਜਿੱਥੇ ਪਹਾੜੀ ਇਲਾਕਿਆਂ ਵਿੱਚ ਭਾਰੀ ਤਬਾਹੀ ਵੇਖਣ ਨੂੰ ਮਿਲੀ ਉੱਥੇ ਲਗਾਤਾਰ ਹੋਈ ਬਾਰਿਸ਼ ਨਾਲ ਪੰਜਾਬ ਨੂੰ ਵੀ ਹੜ੍ਹਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ੍ਰੀ ਅਨੰਦਪੁਰ ਸਾਹਿਬ ਤੋਂ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਅਹੁਦੇਦਾਰਾਂ ਅਤੇ ਸੇਵਾਦਾਰਾਂ ਵੱਲੋਂ ਸ਼ਲਾਘਾਯੋਗ ਕਦਮ ਚੁੱਕਦਿਆਂ ਯੂਨੀਅਨ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ ਦੀ ਅਗਵਾਈ ਵਿੱਚ ਸਰਹੱਦੀ ਇਲਾਕੇ ਡੇਰਾ ਬਾਬਾ ਨਾਨਕ ਦੇ ਹੜ੍ਹ ਪੀੜਤਾਂ ਲਈ ਜ਼ਰੂਰੀ ਵਰਤੋਂ ਦਾ ਸਮਾਨ ਭੇਜਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ ਨੇ ਦੱਸਿਆ ਕਿ 'ਮਨੁੱਖਤਾ ਹੀ ਸਭ ਤੋਂ ਵੱਡੀ ਸੇਵਾ ਹੈ' ਦੇ ਵਾਕ ਅਨੁਸਾਰ ਸ੍ਰੀ ਆਨੰਦਪੁਰ ਸਾਹਿਬ ਦੇ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਹੜ੍ਹ ਪੀੜਤਾਂ ਦੀ ਮਦਦ ਲਈ ਜ਼ਰੂਰੀ ਵਰਤੋਂ ਦਾ ਸਮਾਨ ਇਕੱਠਾ ਕੀਤਾ ਗਿਆ ਤਾਂ ਜੋ ਹੜ੍ਹ ਪੀੜਤਾਂ ਦੀ ਵਰਤੋਂ ਲਈ ਇਹ ਜ਼ਰੂਰੀ ਸਮਾਨ ਭੇਜਿਆ ਜਾ ਸਕੇ। ਪ੍ਰਧਾਨ ਸ਼ੇਰਾ ਨੇ ਦੱਸਿਆ ਕਿ ਇਸ ਖੇਪ ਵਿੱਚ 500 ਥੈਲੀ ਆਟਾ, 500 ਕਿੱਟ ਰਾਸ਼ਨ ਦੀ, 500 ਪੇਟੀ ਪਾਣੀ, ਬਰੈਡ 200 ਪੈਕਟ, ਬਿਸਕੁਟ 1500 ਪੇਕੈਟ, ਆਲੂ 10ਕੱਟੇ ਪਿਆਜ 10ਕੱਟੇ, ਦੁੱਧ ਤੇ ਹੋਰ ਲੋੜੀਂਦਾ ਘਰੇਲੂ ਸਮਾਨ ਦੋ ਟਰਾਲਿਆਂ ਵਿੱਚ ਭਰ ਕੇ ਭੇਜਿਆ ਗਿਆ। ਉਨਾਂ ਦੱਸਿਆ ਕਿ ਇਸ ਸੇਵਾ ਵਿੱਚ ਮੁੱਖ ਤੌਰ ਤੇ ਸਰਕਲ ਪ੍ਰਧਾਨ ਓਂਕਾਰ ਸਿੰਘ ਮਜਾਰੀ, ਮੁੱਖ ਬੁਲਾਰਾ ਢਾਡੀ ਮਨਜੀਤ ਸਿੰਘ ਰਾਹੀ, ਸੰਤ ਸਿੰਘ ਹਜਾਰਾ ਸਰਕਲ ਪ੍ਰਧਾਨ ਫੌਜੀ ਜਸਬੀਰ ਸਿੰਘ ਸੰਗਤਪੁਰ, ਬੀਬੀ ਮਨਜੀਤ ਕੌਰ ਬੂੰਗਾ ਸਾਹਿਬ, ਕੈਪਟਨ ਤਰਲੋਚਨ ਸਿੰਘ ਸਰਪੰਚ, ਨਿਰਮਲ ਸਿੰਘ ਸੁਰੇਵਾਲ, ਮਾਸਟਰ ਪਰਮਿੰਦਰ ਸਿੰਘ ਬੇਲਾ, ਜਰਨੈਲ ਸਿੰਘ ਚਹਿੜ ਮੁਜ਼ਾਰਾ, ਗੁਰਪ੍ਰੀਤ ਸਿੰਘ ਬਬਲੂ, ਮਾਸਟਰ ਹਰਦਿਆਲ ਸਿੰਘ, ਮਾਸਟਰ ਜਿੰਦਰ ਸਿੰਘ ਭਉਵਾਲ, ਸੰਤ ਸਿੰਘ ਹਜਾਰਾ, ਅਮਰਜੀਤ ਸਿੰਘ ਲਾਡੀ ਲੈਕਚਰਾਰ, ਨੰਬਰਦਾਰ ਮਨਜੀਤ ਸਿੰਘ ਝੱਖੀਆਂ, ਮਾਸਟਰ ਬੰਤ ਸਿੰਘ ਅਨੰਦਪੁਰ ਸਾਹਿਬ, ਮੈਡਮ ਕਰਮਜੀਤ ਕੌਰ, ਕਰਨਲ ਅੰਮ੍ਰਿਤ ਪਾਲ ਸਿੰਘ ਬੱਲ, ਬੂੰਗਾ ਸਾਹਿਬ ਦੀਆਂ ਸੰਗਤਾਂ ਸ਼ਾਮਿਲ ਹਨ।





# ਵਿਦਿਆਰਥੀਆਂ ਨੂੰ ਮੀਡੀਆ ਕੋਪਸ ਵੱਲੋਂ ਕੀਤਾ ਸਨਮਾਨਤ

**ਭਲਾਣ (ਹਰਭਜਨ ਢਿਲੋਂ)**- ਤਹਿਸੀਲ ਨੰਗਲ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸੁਖਸਾਲ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭਲਾਣ ਅਤੇ ਸੰਤ ਬਾਬਾ ਸੇਵਾ ਸਿੰਘ ਜੀ ਖਾਲਸਾ ਮਾਡਲ ਸੀਨੀਅਰ ਸੈਕੰਡਰੀ ਸਕੂਲ ਭੱਲੜੀ ਦੇ ਬਾਰਵੀਂ ਕਲਾਸ ਦੇ 80 ਫੀਸਦੀ ਤੋਂ ਵੱਧ ਨੰਬਰ ਲੈਣ ਵਾਲੇ ਵਿਦਿਆਰਥੀਆਂ ਨੂੰ ਮੀਡੀਆ ਕੋਪਸ ਵੱਲੋਂ ਸਨਮਾਨਿਤ ਕੀਤਾ ਗਿਆ। ਇਸੇ ਤਹਿਤ ਪਿੰਡ ਛੋਟੇਵਾਲ ਊਸ਼ਾ ਫਾਰਮ ਵਿੱਚ ਸ਼ਾਨਦਾਰ ਸਮਾਗਮ ਰੱਖਿਆ ਗਿਆ। ਜਿਸ ਵਿੱਚ ਸੰਤ ਰਵਿੰਦਰ ਦਾਸ ਖਾਨਪੁਰ, ਬਾਬਾ ਗੋਪਾਲਾ ਨੰਦ ਪੱਸੀਵਾਲ, ਬਾਬਾ ਅਵਤਾਰ ਗਿਰੀ ਅਤੇ ਸਾਧਵੀ ਮੀਰਾਂ ਗਿਰੀ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਖਾਲਸਾ ਮਾਡਲ ਸਕੂਲ ਭੱਲੜੀ ਦੇ ਡਾਇਰੈਕਟਰ ਸੁੱਚਾ ਸਿੰਘ ਸਿੱਧੂ ਅਤੇ ਸੰਤ ਰਵਿੰਦਰ ਦਾਸ ਖਾਨਪੁਰ ਵਾਲਿਆਂ ਨੇ ਸਾਂਝੇ ਤੌਰ ਤੇ ਕਿਹਾ ਕਿ ਸਕੂਲ ਇੱਕ ਮੰਦਰ ਹੈ, ਜਿੱਥੇ ਬੱਚੇ ਪੜ੍ਹ, ਲਿਖ ਕੇ ਚੰਗੇ ਮੁਕਾਮ ਤੇ ਪਹੁੰਚਦੇ ਹਨ। ਇਸ ਮੌਕੇ ਐਡਵੋਕੇਟ ਅਸ਼ੋਕ ਮਨੋਚਾ, ਮੀਡੀਆ ਕੋਪਸ ਦੇ ਮੈਨੇਜਿੰਗ ਡਾਇਰੈਕਟਰ ਅਨੀਤਾ ਸ਼ਰਮਾ, ਐਡੀਟਰ ਸੁਧੀਰ ਸ਼ਰਮਾ, ਪ੍ਰਿੰਸੀਪਲ ਲਛਮੀ ਕਾਂਤ ਭਾਟੀਆ, ਜਗਜੀਤ ਸਿੰਘ ਜੱਗੀ ਹਾਜੀਪੁਰ ਤੋਂ ਇਲਾਵਾ ਵਿਦਿਆਰਥੀ ਅਤੇ ਉਹਨਾਂ ਦੇ ਮਾਪੇ ਹਾਜ਼ਰ ਸਨ।

# ਕਾਂਗਰਸ, ਭਾਜਪਾ ਤੇ ਅਕਾਲੀ ਦਲ ਬਿਆਨਬਾਜ਼ੀ ਤੋਂ ਇਲਾਵਾ ਕੋਈ ਕੰਮ ਨਹੀਂ ਕਰ ਰਹੇ : ਤਰਣਦੀਪ

**ਜਲੰਧਰ : (ਨ ਜ਼ ਸ)** ਦੋਆਬਾ ਮੀਡੀਆ ਪ੍ਰਭਾਰੀ ਤਰਣਦੀਪ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਆਈ ਹਾਲੀਆ ਹੜ੍ਹ ਦੀ ਸਥਿਤੀ ਨੂੰ ਦੇਖਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੇ ਦਿਨ ਤੋਂ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਸਨ।ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਰਾਹਤ ਕੰਮਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਦੱਸਿਆ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕੈਂਪ ਲਗਾਏ ਗਏ ਹਨ, ਜਿੱਥੇ ਲੋਕਾਂ ਤੱਕ ਸਮੇਂ ਸਿਰ ਰਾਸ਼ਨ, ਦਵਾਈਆਂ ਅਤੇ ਹੋਰ ਜ਼ਰੂਰੀ ਸਮੱਗਰੀ ਪਹੁੰਚਾਈ ਜਾ ਰਹੀ ਹੈ।ਪਸ਼ੂਆਂ ਦੇ ਚਾਰੇ ਲਈ ਵੀ ਖ਼ਾਸ ਪ੍ਰਬੰਧ ਕੀਤੇ ਗਏ ਹਨ ਅਤੇ ਭੁੱਖੇ ਪਸ਼ੂਆਂ ਨੂੰ ਚਾਰੇ ਦੀ ਵਿਆਵਸਥਾ ਕਰਕੇ ਪਹੁੰਚਾਈ ਜਾ ਰਹੀ ਹੈ।ਹੜ੍ਹ ਕੰਟਰੋਲ ਲਈ ਦਰਿਆਵਾਂ ਅਤੇ ਨਾਲਿਆਂ ਦੇ ਕਿਨਾਰਿਆਂ 'ਤੇ ਮਜ਼ਬੂਤ ਪ੍ਰਬੰਧ ਕੀਤੇ ਜਾ ਰਹੇ ਹਨ।ਮੰਤਰੀ, ਵਿਧਾਇਕ ਅਤੇ ਪਾਰਟੀ ਦੇ ਵਾਲੰਟੀਅਰ ਖ਼ੁਦ ਜ਼ਮੀਨੀ ਪੱਧਰ 'ਤੇ ਜਾ ਕੇ ਪੀੜਤਾਂ ਦੀ ਮਦਦ ਕਰ ਰਹੇ ਹਨ।ਇਸ ਤੋਂ ਇਲਾਵਾ ਪ੍ਰਸ਼ਾਸਨ ਨੂੰ ਸਖ਼ਤ ਹੁਕਮ ਦਿੱਤੇ ਗਏ ਹਨ ਕਿ ਕਿਸੇ ਵੀ ਪ੍ਰਭਾਵਿਤ ਪਰਵਾਰ ਨੂੰ ਮਦਦ ਤੋਂ ਵਾਂਝਾ ਨਾ ਰੱਖਿਆ ਜਾਵੇ। ਤਰਣਦੀਪ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦਾ ਸਪੱਸ਼ਟ ਵਾਅਦਾ ਹੈ ਕਿ ਹਰ ਪ੍ਰਭਾਵਿਤ ਪਰਵਾਰ ਦੀ ਮਦਦ ਕੀਤੀ ਜਾਵੇਗੀ ਅਤੇ ਪੁਨਰਵਾਸ ਕਾਰਜ ਪੂਰੀ ਜ਼ਿੰਮੇਵਾਰੀ ਨਾਲ ਸਮੇਂ ਸਿਰ ਮੁਕੰਮਲ ਕੀਤੇ ਜਾਣਗੇ।



# ਅਸ਼ੋਕ ਕਟਾਰੀਆ ਨੇ ਹੜ੍ਹ ਪ੍ਰਭਾਵਤ ਖੇਤਰਾਂ ਦਾ ਕੀਤਾ ਦੌਰਾ

**ਬਲਾਚੌਰ (ਜਸਵਿੰਦਰ ਬੈਂਸ)**- ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨੇ ਅਧਿਕਾਰੀਆ ਨਾਲ ਸਤਲੁਜ ਦਰਿਆ ਨਾਲ ਲੱਗਦੇ ਸੰਭਾਵਿਤ ਹੜ੍ਹ ਵਾਲੇ ਖੇਤਰਾਂ ਦਾ ਦੌਰਾ ਕੀਤਾ ਅਤੇ ਦਰਿਆ ਕੰਢੇ ਵਸੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਹੜ੍ਹ ਵਰਗੀ ਕਿਸੇ ਵੀ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਕਟਾਰੀਆ ਨੇ ਖੋਜਾ ਬੇਟ ਅਤੇ ਵੱਖ ਵੱਖ ਪਿੰਡਾਂ ਦੇ ਦੌਰੇ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਦਰਿਆ ਨਾਲ ਲੱਗਦੇ ਹੜ੍ਹ ਸੰਭਾਵਿਤ ਖੇਤਰਾਂ ਵਿੱਚ ਸਥਿਤੀ 'ਤੇ 24x7 ਚੌਕਸੀ ਨਾਲ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸੰਭਾਵੀ ਹੜ੍ਹਾਂ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪਹਿਲਾਂ ਹੀ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ। ਲੋੜੀਂਦੀ ਮਸ਼ੀਨਰੀ, ਰੈਸਕਿਊ ਟੀਮਾਂ, ਰੇਤੇ ਦੇ ਥੈਲੇ, ਸੁਰੱਖਿਅਤ ਥਾਵਾਂ ਦੀ ਪਛਾਣ ਸਮੇਤ ਹੋਰ ਲੋੜੀਂਦੀਆਂ ਤਿਆਰੀਆਂ ਪਹਿਲਾਂ ਹੀ ਕੀਤੀਆਂ ਜਾ ਚੁੱਕੀਆਂ ਹਨ। ਲੋਕਾਂ ਦੀ ਸਹੂਲਤ ਲਈ ਪ੍ਰਸ਼ਾਸਨ ਵੱਲੋਂ ਹੜ੍ਹ ਕੰਟਰੋਲ ਰੂਮ ਵੀ ਸਥਾਪਤ ਕੀਤੇ ਗਏ ਹਨ। ਇਸ ਮੌਕੇ ਐਸ ਡੀ ਓ ਹਰਜਿੰਦਰ ਕੁਮਾਰ, ਅਨਮੋਲ ਸਿੰਘ ਜੇ ਈ,ਰਣਵੀਰ ਸਿੰਘ ਬਲਾਕ ਪ੍ਰਧਾਨ, ਜਸਵੀਰ ਸਿੰਘ ਘੁੰਮਣ ਬਲਾਕ ਪ੍ਰਧਾਨ,ਥਾਣੇਦਾਰ ਸਤਪਾਲ ਸਿੰਘ, ਅਵਤਾਰ ਸਿੰਘ ਲਾਡੀ, ਹਰਜਿੰਦਰ ਸਿੰਘ ਸਾਬੀ ਆਦਿ ਹਾਜ਼ਰ ਸਨ।



# ਫਰੀ ਚੈੱਕਅੱਪ ਕੈਂਪ ਅੱਜ ਤੋਂ 15 ਤੱਕ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਯੂਰੋਲੋਜੀ ਵਿਭਾਗ ਵਿਚ ਗੁਰਦਿਆਂ ਦੀਆਂ ਬਿਮਾਰੀਆਂ, ਪੱਥਰੀਆਂ ਅਤੇ ਪਿਸ਼ਾਬ ਦੇ ਰੋਗਾਂ ਦਾ 15 ਦਿਨਾਂ ਫਰੀ ਚੈੱਕਅੱਪ ਕੈਂਪ 1 ਸਤੰਬਰ ਤੋਂ 15 ਸਤੰਬਰ ਤੱਕ ਲੱਗੇਗਾ। ਇਹ ਜਾਣਕਾਰੀ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਇਲਾਕੇ ਦੇ ਲੋੜਵੰਦ ਮਰੀਜ਼ਾਂ ਵਾਸਤੇ ਯੂਰੋਲੋਜੀ ਵਿਭਾਗ ਵਿਚ ਲਗਾਏ ਜਾ ਰਹੇ 15 ਦਿਨਾਂ ਫਰੀ ਚੈੱਕਅੱਪ ਕੈਂਪ ਵਿਚ ਹਸਪਤਾਲ ਦੇ ਯੂਰੋਲੋਜੀ ਵਿਭਾਗ ਦੇ ਮਾਹਿਰ ਡਾਕਟਰ ਡਾ. ਅਮਿਤ ਸੰਧੂ ਐਮ.ਐਸ., ਐਮ.ਸੀ.ਐਚ. ਵੱਲੋਂ ਗੁਰਦਿਆਂ ਦੀਆਂ ਪੱਥਰੀਆਂ, ਗਦੂਦਾਂ, ਪਿਸ਼ਾਬ ਦੀਆਂ ਬਿਮਾਰੀਆਂ, ਗੁਰਦਿਆਂ ਦੀਆਂ ਬਿਮਾਰੀਆਂ, ਪਿਸ਼ਾਬ ਦੀ ਥੈਲੀ (ਬਲੈਡਰ) ਦੇ ਕੈਂਸਰ ਦੇ ਮਰੀਜ਼ਾਂ ਦੀਆਂ ਬਿਮਾਰੀਆਂ ਦਾ ਫਰੀ ਚੈੱਕਅੱਪ ਰੋਜ਼ਾਨਾ ਸਵੇਰੇ 9 ਵਜੇ ਤੋਂ 12 ਵਜੇ ਤੱਕ ਕੀਤਾ ਜਾਵੇਗਾ। ਇਸ ਮੌਕੇ ਮਰੀਜ਼ਾਂ ਦੀ ਰਜਿਸਟ੍ਰੇਸ਼ਨ ਮੁਫਤ ਹੋਵੇਗੀ ਅਤੇ ਅਲਟਰਾ ਸਾਊਂਡ ਸਕੈਨ ਸਿਰਫ 300/- ਰੁਪਏ ਵਿਚ ਕੀਤਾ ਜਾਵੇਗਾ।ਇਸ ਤੋਂ ਇਲਾਵਾ ਕੈਂਪ ਦੌਰਾਨ ਹਸਪਤਾਲ ਵੱਲੋਂ ਮਰੀਜ਼ਾਂ ਨੂੰ ਲੈਬ ਟੈਸਟਾਂ ਜਿਵੇਂ ਪੀ ਐਸ ਏ, ਆਰ ਐਫ ਟੀ, ਸੀ ਬੀ ਸੀ ਅਤੇ ਪਿਸ਼ਾਬ ਦੇ ਟੈਸਟਾਂ ਵਿਚ ਵੀ 50 ਫੀਸਦੀ ਛੋਟ ਮਿਲੇਗੀ। ਮਰੀਜ਼ਾਂ ਦੇ ਅਪਰੇਸ਼ਨ ਵੀ ਰਿਆਇਤੀ ਦਰਾਂ 'ਤੇ ਹੋਣਗੇ । ਇਸ ਮੌਕੇ ਡਾ. ਜਸਦੀਪ ਸਿੰਘ ਸੈਣੀ ਮੈਡੀਕਲ ਸੁਪਰਡੈਂਟ, ਡਾ. ਬਲਵਿੰਦਰ ਸਿੰਘ ਡੀ ਐਮ ਐਸ, ਡਾ. ਅਮਿਤ ਸੰਧੂ ਸੀਨੀਅਰ ਯੂਰੋਲੋਜਿਸਟ ਤੇ ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ ਵੀ ਹਾਜ਼ਰ ਸਨ।

# ਕੂੜੇ ਵਾਲੀਆਂ ਅਣਢੱਕੀਆਂ ਟਰੈਕਰ-ਟਰਾਲੀਆਂ ਤੋਂ ਲੋਕ ਪ੍ਰੇਸ਼ਾਨ

**ਚਮਕੌਰ ਸਾਹਿਬ (ਅਮਰਜੀਤ ਸਿੰਘ ਕਲਸੀ)**- ਸਾਹਿਬ ਨਗਰ ਕੌਂਸਲ ਦੇ 13 ਵਾਰਡਾਂ ਵਿੱਚੋਂ ਕੂੜਾ ਚੁੱਕਣ ਵਾਲੀਆਂ ਅਣਢੱਕੀਆਂ ਟਰਾਲੀਆਂ ਤੋਂ ਲੋਕ ਬੇਹੱਦ ਪ੍ਰੇਸ਼ਾਨ ਹਨ । ਟਰੈਕਟਰ ਦੇ ਪਿੱਛੇ ਟਰਾਲੀਆਂ ਅਣਢੱਕੀਆਂ ਹੋਣ ਕਾਰਨ ਇਨ੍ਹਾਂ ਵਿੱਚੋਂ ਬਹੁਤ ਸਾਰਾ ਕੂੜਾ ਰਾਹ ਵਿੱਚ ਡਿੱਗ ਪੈਂਦਾ ਹੈ , ਜਿਸ ਨਾਲ ਬਦਬੂ ਫੈਲ ਜਾਂਦੀ ਹੈ । ਬਰਸਾਤ ਦਾ ਮੌਸਮ ਕਾਰਨ ਬਿਮਾਰੀ ਫੈਲਣ ਦਾ ਵੀ ਖਦਸ਼ਾ ਹੈ । ਸ਼ਹਿਰ ਵਾਸੀਆਂ ਜਿਨ੍ਹਾਂ ਵਿੱਚ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਅਮਨਦੀਪ ਸਿੰਘ ਮਾਂਗਟ, ਪੰਜਾਬ ਕਲਾਂ ਮੰਚ ਦੇ ਪ੍ਰਧਾਨ ਕੁਲਜਿੰਦਰਜੀਤ ਸਿੰਘ ਬੱਬਰ, ਕੱਪੜਾ ਵਪਾਰੀ ਡਿੰਪਲ ਬਜਾਜ ਅਤੇ ਯੂਥ ਆਗੂ ਗੁਰਵਿੰਦਰ ਸਿੰਘ ਸੋਨਾ ਆਦਿ ਨੇ ਮੰਗ ਕੀਤੀ ਹੈ ਕਿ ਕੂੜਾ ਚੁੱਕਣ ਵਾਲੀਆਂ ਟਰਾਲੀਆਂ ਅਤੇ ਉਨ੍ਹਾਂ ਤੇ ਕੰਮ ਕਰਦੇ ਕਾਮਿਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਟਰਾਲੀਆਂ ਨੂੰ ਢੱਕ ਕੇ ਸਹੀ ਢੰਗ ਨਾਲ ਕੂੜੇ ਦਾ ਪ੍ਰਬੰਧਨ ਕਰਨ ਤਾਂ ਜੋ ਕਿ ਸ਼ਹਿਰ ਨਿਵਾਸੀ ਇਸ ਸਮੱਸਿਆ ਤੋਂ ਨਿਜਾਤ ਹਾਸਿਲ ਕਰ ਸਕਣ । ਨਗਰ ਕੌਂਸਲ ਦੇ ਸੈਨੇਟਰੀ ਇੰਸਪੈਕਟਰ ਸਤਨਾਮ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਉਹ ਸਬੰਧਤ ਮੁਲਾਜ਼ਮਾਂ ਨੂੰ ਸਖ਼ਤ ਤਾੜਨਾ ਕਰਨਗੇ ਕਿ ਉਹ ਅੱਗੇ ਤੋਂ ਕੂੜੇ ਵਾਲੀਆਂ ਟਰਾਲੀਆਂ ਨੂੰ ਕੱਪੜੇ ਨਾਲ ਹੀ ਢੱਕ ਕੇ ਲਿਜਾਣ ਤਾਂ ਜੋ ਕਿ ਕੋਈ ਵੀ ਦੁਕਾਨਦਾਰ ਤੇ ਰਾਹਗੀਰ ਪ੍ਰੇਸ਼ਾਨ ਨਾ ਹੋ ਸਕਣ।



# ਭਾਰਤਮਾਲਾ ਪ੍ਰੋਜੈਕਟ ਦੇ ਸਾਈਨ ਬੋਰਡ ਪੰਜਾਬੀ ਭਾਸ਼ਾ 'ਚ ਲੱਗਣੇ ਸ਼ੁਰੂ

**ਖਰੜ (ਹਰਨਾਮ ਸਿੰਘ ਡੱਲਾ)**- ਭਾਰਤਮਾਲਾ ਪ੍ਰਜੈਕਟ ਆਈ ਟੀ ਸਿਟੀ ਤੋਂ ਕੁਰਾਲੀ ਤੱਕ ਨਵੇਂ ਬਣਾਏ ਜਾਂ ਰਹੇ ਰੋਡ ਤੇ ਜੋ ਸਾਈਨ ਬੋਰਡ ਲਗਾਏ ਜਾਂ ਰਹੇ ਹਨ।ਉਹਨਾਂ 'ਤੇ ਸਿਰਫ ਅੰਗਰੇਜ਼ੀ ਅਤੇ ਹਿੰਦੀ ਭਾਸ਼ਾ ਵਿੱਚ ਹੀ ਲਿਖਿਆ ਜਾ ਰਿਹਾ ਸੀ।ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਨੇ ਕੁੱਝ ਦਿਨ ਪਹਿਲਾਂ ਐੱਸ ਡੀ ਐਮ ਰਾਹੀਂ ਡੀ ਸੀ ਮੋਹਾਲੀ ਨੂੰ ਮੰਗ ਪੱਤਰ ਦੇ ਕੇ ਮੰਗ ਕੀਤੀ ਸੀ ਕਿ ਜਲਦ ਤੋਂ ਜਲਦ ਇਸ ਮਸਲੇ ਤੇ ਕਾਰਵਾਈ ਕਰੇ ਤੇ ਨਵੀਆਂ ਬਣ ਰਹੀਆਂ ਸੜਕਾਂ ਤੇ ਅੰਗਰੇਜ਼ੀ ਤੇ ਹਿੰਦੀ ਭਾਸ਼ਾ ਦੇ ਨਾਲ ਨਾਲ ਪੰਜਾਬੀ ਭਾਸ਼ਾ ਵਿੱਚ ਵੀ ਲਿਖਿਆ ਜਾਵੇ। ਹੁਣ ਬੀ ਕੇ ਯੂ ਲੱਖੋਵਾਲ ਦੀ ਇਸ ਮੰਗ ਨੂੰ ਮੰਨ ਲਿਆ ਗਿਆ ਹੈ। ਨੈਸ਼ਨਲ ਹਾਈਵੇ ਭਾਰਤਮਾਲਾ ਪ੍ਰੋਜੈਕਟ 205 ਏ ਤੇ ਪੰਜਾਬੀ ਭਾਸ਼ਾ ਵਿੱਚ ਬੋਰਡ ਲੱਗਣੇ ਸ਼ੁਰੂ ਹੋ ਗਏ ਹਨ।ਇਸ ਨਾਲ ਕਿਸਾਨ ਆਗੂ ਦਵਿੰਦਰ ਸਿੰਘ ਦੇਹਕਲਾ ਨਛੱਤਰ ਸਿੰਘ ਬੈਦਵਾਨ,ਜਸਪਾਲ ਸਿੰਘ ਨਿਆਮੀਆ, ਦਰਸ਼ਨ ਸਿੰਘ ਦੁਰਾਲੀ, ਗੁਰਮੀਤ ਸਿੰਘ ਖੁਨੀਮਾਜਰਾ,ਰਣਬੀਰ ਸਿੰਘ ਗਰੇਵਾਲ ਆਦਿ ਕਿਸਾਨਾਂ ਨੇ ਬੀ ਕੇ ਯੂ ਲੱਖੋਵਾਲ ਵੱਲੋ ਐਸ ਡੀ ਐਮ ਮੋਹਾਲੀ ਤੇ ਡੀ ਸੀ ਮੋਹਾਲੀ ਦਾ ਵੀ ਧੰਨਵਾਦ ਕੀਤਾ ।




# ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੇ ਨਤੀਜੇ ਰਹੇ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀ-ਅਧਿਆਪਕਾਂ ਨੇ ਜੀ ਐਨ ਡੀ ਯੂ ਬੀ.ਐੱਡ., ਮਈ-2025 ਪ੍ਰੀਖਿਆ ਦੇ ਨਤੀਜੇ ਵਿੱਚ ਯੂਨੀਵਰਸਿਟੀ ਪੱਧਰ 'ਤੇ 4 ਮੈਰਿਟ ਪੁਜੀਸ਼ਨਾਂ ਪ੍ਰਾਪਤ ਕਰਕੇ ਯੂਨੀਵਰਸਿਟੀ ਟਾਪਰ ਵਜੋਂ ਚਮਕਿਆ। ਕਾਲਜ ਦੇ ਸਾਰੇ ਵਿਦਿਆਰਥੀ-ਅਧਿਆਪਕਾਂ ਨੇ ਫਸਟ ਡਿਵੀਜ਼ਨ ਪ੍ਰਾਪਤ ਕੀਤੇ ਹਨ ਅਤੇ 57% ਵਿਦਿਆਰਥੀ-ਅਧਿਆਪਕਾਂ ਨੇ ਡਿਸਟਿੰਕਸ਼ਨ ਪ੍ਰਾਪਤ ਕੀਤੇ ਹਨ। ਗੀਤਿਕਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ 10 ਵਿੱਚੋਂ 8.20 ਸੀ ਜੀ ਪੀ ਏ (ਸੰਚਤ ਗ੍ਰੇਡ ਪੁਆਇੰਟ ਔਸਤ) ਨਾਲ ਬੀ.ਏਡ. ਪਹਿਲੇ ਸਾਲ ਲਈ ਮੈਰਿਟ ਪੁਜੀਸ਼ਨ ਪ੍ਰਾਪਤ ਕੀਤੀ। ਮਨਦੀਪ ਸ਼ਾਹੀ, ਪੁਨੀਤ ਕੌਰ ਅਤੇ ਵਿਭਾ ਚਾਵਲਾ ਨੇ ਵੀ 8.10 ਸੀ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਮੈਰਿਟ ਪੁਜੀਸ਼ਨ ਪ੍ਰਾਪਤ ਕੀਤੀ। ਮਨਦੀਪ ਸ਼ਾਹੀ ਅਤੇ ਗੀਤਿਕਾ ਨੇ 8.30 ਸੀ ਜੀ ਪੀ ਏ (ਸਮੈਸਟਰ ਗ੍ਰੇਡ ਪੁਆਇੰਟ ਔਸਤ) ਨਾਲ ਦੂਜੇ ਸੈਮੇਸਟਰ ਵਿੱਚ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਸਿਮਰਨਦੀਪ ਕੌਰ ਨੇ 8.20 ਸੀ ਜੀ ਪੀ ਏ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ। ਪੁਨੀਤ ਕੌਰ ਅਤੇ ਵਿਭਾ ਚਾਵਲਾ ਨੇ 8.10 ਸੀ ਜੀ ਪੀ ਏ ਨਾਲ ਕਾਲਜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਗੀਤਿਕਾ ਨੇ ਕਾਲਜ ਪ੍ਰਤੀ ਆਪਣੇ ਪਿਆਰ ਦਾ ਧੰਨਵਾਦ ਕੀਤਾ।



# 3 ਕਿਲੋ 424 ਗ੍ਰਾਮ ਹੈਰੋਇਨ, 2 ਲੱਖ ਰੁਪਏ ਡਰੱਗ ਮਨੀ ਤੇ ਫਾਰਚੂਨਰ ਸਮੇਤ ਇੱਕ ਕਾਬੂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਰਾਜੇਸ਼ ਥਾਪਾ)**- ਸ਼ਹਿਰ ਅੰਦਰ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਅਧੀਨ ਸਪੈਸ਼ਲ ਸੈੱਲ ਜਲੰਧਰ ਵੱਲੋਂ ਵੱਡੀ ਕਾਰਵਾਈ ਕਰਦਿਆਂ ਇੱਕ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ 3 ਕਿਲੋ 424 ਗ੍ਰਾਮ ਹੈਰੋਇਨ ਅਤੇ 2 ਲੱਖ ਰੁਪਏ ਭਾਰਤੀ ਕਰੰਸੀ (ਡਰੱਗ ਮਨੀ) ਬਰਾਮਦ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਜਲੰਧਰ, ਸ੍ਰੀਮਤੀ ਧਨਪ੍ਰੀਤ ਕੌਰ ਨੇ ਕਿਹਾ ਕਿ ਨਸ਼ਿਆਂ ਦੇ ਨੈੱਟਵਰਕ ਨੂੰ ਤੋੜਨ ਲਈ ਜਾਰੀ ਕਾਰਵਾਈ ਅਧੀਨ, ਮਨਪ੍ਰੀਤ ਸਿੰਘ (ਡੀ ਸੀ ਪੀ ਇਨਵੈਸਟਿਗੇਸ਼ਨ), ਪਰਮਜੀਤ ਸਿੰਘ (ਏ ਡੀ ਸੀ ਪੀ) ਤੇ ਹੋਰ ਸੀਨੀਅਰ ਅਧਿਕਾਰੀਆਂ ਦੀ ਦੇਖ-ਰੇਖ ਹੇਠ ਇੰਸਪੈਕਟਰ ਜਸਪਾਲ ਸਿੰਘ ਇੰਚਾਰਜ ਸਪੈਸ਼ਲ ਸੈੱਲ ਦੀ ਅਗਵਾਈ ਵਿੱਚ ਨਸ਼ਾ ਸਮੱਗਲਰਾਂ ਵਿਰੁੱਧ ਵਿਸ਼ੇਸ਼ ਓਪਰੇਸ਼ਨ ਚਲਾਇਆ ਗਿਆ। ਜਿਸ ਦੌਰਾਨ ਮਿਤੀ 29/30.08.2025 ਨੂੰ ਗਸ਼ਤ ਦੌਰਾਨ ਸੁਦਾਮਾ ਵਿਹਾਰ ਰੋਡ ਤੋਂ ਜਲੰਧਰ ਇਨਕਲੇਵ ਰੋਡ ਵੱਲ ਜਾ ਰਹੀ ਪੁਲਿਸ ਟੀਮ ਨੇ ਘਰ ਨੰਬਰ 9, ਜਲੰਧਰ ਇਨਕਲੇਵ ਨੇੜੇ ਤੋਂ ਇੱਕ ਵਿਅਕਤੀ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕੀਤਾ। ਤਲਾਸ਼ੀ ਦੌਰਾਨ ਉਸ ਕੋਲੋਂ 3 ਕਿਲੋ 424 ਗ੍ਰਾਮ ਹੈਰੋਇਨ ਅਤੇ 2 ਲੱਖ ਰੁਪਏ ਭਾਰਤੀ ਕਰੰਸੀ ਬਰਾਮਦ ਕੀਤੀ ਗਈ। ਦੋਸ਼ੀ ਦੀ ਪਛਾਣ ਮਨਜੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਘਰ ਨੰਬਰ 9 ਜਲੰਧਰ ਇਨਕਲੇਵ ਨੇੜੇ ਖਾਂਬਰਾ ਕਲੋਨੀ ਥਾਣਾ ਸਦਰ ਜਲੰਧਰ ਵਜੋਂ ਹੋਈ ਹੈ। ਇਸ ਸਬੰਧ ਵਿੱਚ ਥਾਣਾ ਸਦਰ ਕਮਿਸ਼ਨਰੇਟ ਜਲੰਧਰ ਵਿੱਚ ਮੁੱਕਦਮਾ ਨੰਬਰ ਅਧੀਨ ਦਰਜ ਕਰ ਲਿਆ ਗਿਆ ਹੈ। ਉਹਨਾਂ ਦੱਸਿਆ ਕਿ ਦੋਸ਼ੀ ਕੋਲੋਂ ਇੱਕ ਫਾਰਚੂਨਰ ਗੱਡੀ ਨੰਬਰ PB-08-CL-0006 ( ਰੰਗ ਚਿੱਟਾ) ਵੀ ਬਰਾਮਦ ਕੀਤੀ ਗਈ ਹੈ। ਮੁਢਲੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਮਨਜੀਤ ਸਿੰਘ ਉਕਤ ਦੇ ਖ਼ਿਲਾਫ ਪਹਿਲਾਂ ਵੀ 3 ਅਪਰਾਧਿਕ ਮੁੱਕਦਮੇ ਦਰਜ ਹਨ।




# 11ਵਾਂ ਵਿਸ਼ਾਲ ਜਾਗਰਣ ਕਰਵਾਇਆ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** : ਬਾਬਾ ਸੁਲਤਾਨ ਅਲੀ ਸ਼ਾਹ ਜੀ ਅਤੇ ਬ੍ਰਹਮਲੀਨ ਮਹੰਤ ਸ਼੍ਰੀ ਸ਼ਾਂਤੀ ਗਿਰੀ ਜੀ ਮਹਾਰਾਜ ਜੀ ਦੀ ਅਪਾਰ ਕ੍ਰਿਪਾ ਸਦਕਾ ਨਾਲ ਜੈ ਮਾਂ ਜਾਗਰਣ ਕਮੇਟੀ ਲੋਹੀਆਂ ਖਾਸ ਵੱਲੋਂ 11ਵਾਂ ਵਿਸ਼ਾਲ ਜਾਗਰਣ ਬੜੀ ਧੂਮ-ਧਾਮ ਨਾਲ ਤੇ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਜੈ ਮਾਂ ਸੇਵਾ ਦਲ ਵੱਲੋਂ ਮਾਤਾ ਜੀ ਦੀਆਂ ਪਵਿੱਤਰ 13 ਜੋਤਾਂ ਜਾਗਰਣ ਵਿੱਚ ਲਿਆਂਦੀਆਂ ਗਈਆਂ। ਇਸ ਮੌਕੇ ਮਾਤਾ ਜੀ ਦਾ ਭਵਨ ਫੁੱਲਾਂ ਨਾਲ ਸਜਾਇਆ ਹੋਇਆ ਸੀ ਤੇ ਭਵਨ ਵੇਖਣ ਯੋਗ ਸੀ। ਇਸ ਮੌਕੇ ਜਾਗਰਣ ਵਿੱਚ ਮਾਸ਼ਾ ਅਲੀ, ਰੋਬਿੰਨ ਰਾਜ, ਧਰਮਪਾਲ ਧੰਮਾ ਵੱਲੋਂ ਮਾਤਾ ਜੀ ਦਾ ਗੁਣਗਾਨ ਕੀਤਾ ਗਿਆ ਅਤੇ ਜਾਗਰਣ ਵਿੱਚ ਮਾਤਾ ਜੀ ਦਾ ਲੰਗਰ ਅਤੁੱਟ ਵਰਤਾਇਆ ਗਿਆ ਤੇ ਜਾਗਰਣ ਦੀ ਸ਼ੁਰੂਆਤ ਧਰਮਪਾਲ ਧੰਮਾ ਵੱਲੋਂ ਗਣੇਸ਼ ਵੰਦਨਾ ਗਾ ਕੇ ਕੀਤੀ ਗਈ ਅਤੇ ਇਹ ਜਾਗਰਣ ਐਨ.ਆਰ.ਆਈ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਹੈ। ਇਸ ਮੌਕੇ ਪ੍ਰਸਿੱਧ ਗਾਇਕ ਮਾਸ਼ਾ ਅਲੀ ਵੱਲੋਂ 'ਨੀ ਮੈਂ ਵਿੱਚ ਜਗਰਾਤੇ ਨੱਚਣਾ ਨੱਚਣਾ ਭਗਤਾਂ ਦੀ ਟੋਲੀ ਨਾਲ' ਭਜਨ ਗਾ ਕੇ ਸੰਗਤਾਂ ਨੂੰ ਨੱਚਣ ਲਾ ਦਿੱਤਾ। ਇਸ ਮੌਕੇ ਲਵਲੀ ਸਾਂਈ, ਮਾਤਾ ਕਮਲੇਸ਼ ਰਾਣੀ ਜੀ, ਮੰਗਤ ਰਾਮ ਮੰਗਾ, ਐੱਮ.ਐੱਲ.ਏ ਸ਼ਾਹਕੋਟ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਬੀਬੀ ਰਣਜੀਤ ਕੌਰ ਕਾਕੜ ਕਲਾਂ, ਬਚਿੱਤਰ ਸਿੰਘ ਕੋਹਾੜ ਤੇ ਭਾਜਪਾ ਆਗੂ ਰਾਣਾ ਹਰਦੀਪ ਸਿੰਘ, ਸਰਬਜੀਤ ਸਿੰਘ ਚੱਤਰਥ ਵਿਸ਼ੇਸ਼ ਤੌਰ ਤੇ ਜਾਗਰਣ ਵਿੱਚ ਪਹੁੰਚੇ।



# ਜਿੰਪਾ ਨੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਕੀਤਾ ਦੌਰਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਬੱਸੀ ਅਲੀ ਖਾਂ ਅਤੇ ਬੱਸੀ ਜਮਾਲ ਖਾਂ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਤੇ ਮੌਜੂਦ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਸਥਿਤੀ ਬਾਰੇ ਜਾਣਕਾਰੀ ਲਈ ਅਤੇ ਪ੍ਰਭਾਵਿਤ ਪਰਵਾਰਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਦੌਰਾਨ ਵਿਧਾਇਕ ਜਿੰਪਾ ਨੇ ਅਧਿਕਾਰੀਆਂ ਨੂੰ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਲੋੜੀਂਦੀ ਰਾਹਤ ਸਮੱਗਰੀ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਸਾਨਾਂ ਅਤੇ ਮਜ਼ਦੂਰ ਵਰਗ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਫ਼ਸਲਾਂ ਅਤੇ ਜਾਇਦਾਦ ਦੇ ਨੁਕਸਾਨ ਦਾ ਸਰਵੇਖਣ ਪੂਰੀ ਪਾਰਦਰਸ਼ਤਾ ਨਾਲ ਕੀਤਾ ਜਾਵੇਗਾ ਅਤੇ ਮੁਆਵਜ਼ਾ ਜਲਦੀ ਵੰਡਿਆ ਜਾਵੇਗਾ।



# ਨੈਸ਼ਨਲ ਸਪੋਰਟਸ ਡੇਅ ਮਨਾਇਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ, ਐਸ ਦੇ ਐਸ ਨਗਰ (ਮੁਹਾਲੀ) ਵੱਲੋਂ ਪ੍ਰਿਸੀਪਲ, ਗੁਰਿੰਦਰਜੀਤ ਕੌਰ ਦੀ ਅਗਵਾਈ ਹੇਠ ਮੇਜਰ ਧਿਆਨ ਚੰਦ ਨੂੰ ਸਮਰਪਿਤ, ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਵੱਲੋਂ ਨੈਸ਼ਨਲ ਸਪੋਰਟਸ ਡੇਅ ਮਨਾਇਆ ਗਿਆ। ਇਸ ਮੌਕੇ ਤੇ ਵਿਭਾਗ ਵੱਲੋਂ ਟੇਬਲ ਟੈਨਿਸ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਕਾਲਜ ਦੇ ਲਗਭਗ 300 ਵਿਦਿਆਰਥੀ ਅਤੇ ਵਿਦਿਆਰਥਣਾਂ ਨੇ ਭਾਗ ਲਿਆ। ਇਨਾਂ ਮੁਕਾਬਲਿਆਂ ਵਿਚ ਮੁੰਡਿਆਂ ਵਿਚੋਂ ਸੰਜੀਵ ਗਿਰ ਨੇ ਪਹਿਲਾ ਸਥਾਨ, ਸ਼ੁਭਮ ਨਾਟਾ ਨੇ ਦੂਜਾ ਅਤੇ ਜਸਨਪ੍ਰੀਤ ਸਿੰਘ ਨੇ ਕ੍ਰਮਵਾਰ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਕੁੜੀਆਂ ਵਿਚੋਂ ਸਿਮਰਜੀਤ ਕੌਰ ਨੇ ਪਹਿਲਾ, ਅਰਸ਼ਪ੍ਰੀਤ ਕੌਰ ਨੇ ਦੂਜਾ ਅਤੇ ਲਵਲੀਨ ਸੋਢੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਕਾਲਜ ਦੀ ਵਿਦਿਆਰਥਣ ਈਸ਼ਾ ਨੇ ਨੈਸ਼ਨਲ ਸਪੋਰਟਸ ਡੇਅ ਨੂੰ ਸਮਰਪਿਤ ਬਹੁਤ ਸੋਹਣੇ ਚਾਰਟ ਤਿਆਰ ਕੀਤੇ। ਇਸ ਮੌਕੇ ਉੱਤੇ ਕਾਲਜ ਦੇ ਵਾਈਸ ਪ੍ਰਿੰਸੀਪਲ ਗੁਰਜੀਤ ਕੌਰ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਉਨਾਂ ਦੀ ਹੌਂਸਲਾ ਅਫਜਾਈ ਕੀਤੀ। ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋਫੈਸਰ ਸਿਮਰਪ੍ਰੀਤ ਵੱਲੋਂ ਬੱਚਿਆਂ ਨੂੰ ਮੇਜਰ ਧਿਆਨ ਚੰਦ ਦੇ ਜੀਵਨ ਅਤੇ ਖੇਡ ਪ੍ਰਾਪਤੀਆਂ ਬਾਰੇ ਜਾਣੂ ਕਰਵਾਦਿਆ ਗਿਆ। ਸਰੀਰਕ ਸਿੱਖਿਆ ਵਿਭਾਗ ਵੱਲੋਂ ਪ੍ਰੋਫੈਸਰ ਜਗਤਾਰ ਸਿੰਘ ਚਿੱਲਾ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਵਿਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਗਿਆ।



# ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਦੌਰਾ

**ਡੇਰਾ ਬਾਬਾ ਨਾਨਕ, ਗੁਰਦਾਸਪੁਰ, ਧਾਰੀਵਾਲ (ਰਮੇਸ਼ ਸ਼ਰਮਾ, ਦਿਨੇਸ਼ ਕੁਮਾਰ, ਮਨਦੀਪ ਸਿੰਘ ਵਿੱਕੀ)**- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਡੇਰਾ ਬਾਬਾ ਨਾਨਕ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਨਾਲ ਹਲਕਾ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੇ ਪਿੰਡ ਨੜ੍ਹਾਂਵਾਲੀ, ਕਲਾਨੌਰ, ਮਛਰਾਲਾ, ਪੱਖੋਕੇ ਟਾਹਲੀ ਸਾਹਿਬ ਤੇ ਡੇਰਾ ਬਾਬਾ ਨਾਨਕ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਏ ਗਏ ਰਾਹਤ ਕੈਂਪਾਂ ਵਿੱਚ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ।ਇਸ ਮੌਕੇ ਡਾ. ਬਲਬੀਰ ਸਿੰਘ ਨੇ ਹੜ੍ਹ ਪ੍ਰਭਾਵਿਤ ਖੇਤਰਾਂ 'ਚੋਂ ਰਾਹਤ ਕੈਂਪਾਂ ਵਿੱਚ ਪਹੁੰਚੇ ਵਿਅਕਤੀਆਂ ਨੂੰ ਰਾਹਤ ਸਮੱਗਰੀ ਵੰਡੀ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਸੰਕਟ ਦੀ ਇਸ ਘੜੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਸਿਹਤ ਸੇਵਾਵਾਂ ਦੇਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸਿਹਤ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਕੋਲੋਂ 100 ਐਂਬੂਲੈਂਸਾਂ ਤੇ ਨਾਲ ਪੈਰਾ ਮੈਡੀਕਲ ਸਟਾਫ਼ ਦੀ ਮੰਗ ਕੀਤੀ ਹੈ ਜੋ ਜਲਦੀ ਹੀ ਪਹੁੰਚ ਜਾਣਗੀਆਂ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਹੜ੍ਹਾਂ ਨਾਲ ਲੋਕਾਂ ਦੀਆਂ ਫਸਲਾਂ ਤੇ ਘਰਾਂ ਦਾ ਬਹੁਤ ਨੁਕਸਾਨ ਹੋਇਆ ਹੈ।ਉਨ੍ਹਾਂ ਕਿਹਾ ਕਿ ਹੜ੍ਹ ਪੀੜ੍ਹਤ ਪਰਿਵਾਰਾਂ ਦੀ ਜਿੱਥੇ ਪੰਜਾਬ ਸਰਕਾਰ ਵੱਲੋਂ ਹਰ ਤਰਾਂ ਨਾਲ ਮਦਦ ਕੀਤੀ ਜਾ ਰਹੀ ਹੈ ਓਥੇ ਉਹ ਆਪਣੇ ਵੱਲੋਂ ਵੀ ਇੱਕ ਹੜ੍ਹ ਪੀੜ੍ਹਤ ਕਿਸਾਨ ਦਾ ਪਰਿਵਾਰ ਤੇ ਇੱਕ ਮਜ਼ਦੂਰ ਦਾ ਪਰਿਵਾਰ ਦੀ ਇੱਕ-ਇੱਕ ਲੱਖ ਰੁਪਏ ਦੀ ਮਾਲੀ ਸਹਾਇਤਾ ਕਰਨਗੇ। ਉਨ੍ਹਾਂ ਕਮਿਊਨਿਟੀ ਹੈਲਥ ਸੈਂਟਰ ਕਲਾਨੌਰ ਦਾ ਦੌਰਾ ਵੀ ਕੀਤਾ।ਇਸ ਮੌਕੇ ਸਿਹਤ ਮੰਤਰੀ ਨਾਲ ਉਨ੍ਹਾਂ ਦੀ ਧਰਮ ਪਤਨੀ ਰੁਪਿੰਦਰਜੀਤ ਸੈਣੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਐੱਸਡੀਐੱਮ ਕਲਾਨੌਰ ਜਯੋਤਸਨਾ ਸਿੰਘ, ਐੱਸਡੀਐੱਮ ਡਾ. ਅਦਿੱਤਯ ਸ਼ਰਮਾ, ਐੱਸਡੀਐੱਮ ਫਤਹਿਗੜ੍ਹ ਚੂੜੀਆਂ ਗੁਰਮੰਦਰ ਸਿੰਘ, ਤਹਿਸੀਲਦਾਰ ਰਜਿੰਦਰ ਸਿੰਘ, ਜ਼ਿਲ੍ਹਾ ਮੀਡੀਆ ਇੰਚਾਰਜ ਮੁਖਦੇਵ ਸਿੰਘ ਆਲੋਵਾਲ ਤੋਂ ਇਲਾਵਾ ਸਿਹਤ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।



# ਗੁਰਦੀਪ ਸਿੰਘ ਆਹਲੂਵਾਲੀਆ ਸਪੁਰਦ-ਏ-ਆਤਿਸ਼

**ਸ਼ਾਹਕੋਟ (ਗਿਆਨ ਸੈਦਪੁਰੀ)**- ਸੋਸ਼ਲ ਇਮਪਾਵਰਮੈਂਟ ਐਂਡ ਵੈਲਫੇਅਰ ਅਲਾਇੰਸ ਦੇ ਚੇਅਰਮੈਨ ਦਵਿੰਦਰ ਸਿੰਘ ਆਹਲੂਵਾਲੀਆ ਤੇ ਜਸਵੀਰ ਸਿੰਘ ਆਹਲੂਵਾਲੀਆ ( ਯੂ ਐਸ ਏ) ਦੇ ਪਿਤਾ ਗੁਰਦੀਪ ਸਿੰਘ ਆਹਲੂਵਾਲੀਆ ਐਤਵਾਰ ਨੂੰ ਸਪੁਰਦੇ ਆਤਿਸ਼ ਕਰ ਦਿੱਤੇ ਗਏ। ਉਹ ਪਿਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦੀ ਚਿਤਾ ਨੂੰ ਅਗਨੀ ਉਹਨਾਂ ਦੇ ਦੋਹਾਂ ਪੁੱਤਰਾਂ ਅਤੇ ਪੋਤਰੇ ਹਨੀ ਆਹਲੂਵਾਲੀਆ ਨੇ ਦਿਖਾਈ। ਗੁਰਦੀਪ ਸਿੰਘ ਆਹਲੂਵਾਲੀਆ ਦੀ ਅੰਤਿਮ ਯਾਤਰਾ ਵਿੱਚ ਭਾਜਪਾ ਆਗੂ ਰਾਣਾ ਹਰਦੀਪ ਸਿੰਘ, ਰਾਣਾ ਹਰਦੀਪ ਸਿੰਘ ਭਾਜਪਾ ਆਗੂ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ, ਸਾਬਕਾ ਪ੍ਰਧਾਨ ਸਤੀਸ਼ ਰਿਹਾਨ, ਪਵਨ ਪੁਰੀ ਸਾਬਕਾ ਪ੍ਰਧਾਨ,ਪਵਨ ਅਗਰਵਾਲ, ਸਾਬਕਾ ਵਾਈਸ ਪ੍ਰਧਾਨ ਪਰਮਜੀਤ ਕੌਰ ਬਾਜ਼ਾਜ, ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਪੀਏ ਸੁਖਦੀਪ ਸਿੰਘ ਕੰਗ , ਬੀਪੀਈਓ ਰਾਮੇਸ਼ਵਰ ਚੰਦਰ, ਰਾਕੇਸ਼ ਚੰਦ ਅਰੋੜਾ, ਐਮ.ਸੀ ਪਰਵੀਨ ਗਰੋਵਰ, ਅਮਨਦੀਪ ਸੈਦਪੁਰੀ, ਮਾਰਕੀਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਰੈਡ ਰੀਬਨ ਕਲੱਬ ਦੇ ਪ੍ਰਧਾਨ ਮਾਸਟਰ ਰਮਨ ਗੁਪਤਾ, ਤਰਲੋਕ ਸਿੰਘ ਰੂਪਰਾ ਪ੍ਰਧਾਨ ਰਾਮਗੜ੍ਹੀਆ ਪਬਲਿਕ ਸਕੂਲ ਸ਼ਾਹਕੋਟ, ਜਤਿੰਦਰਪਾਲ ਸਿੰਘ ਬੱਲਾ, ਕਮਲ ਨਾਹਰ, ਹਰਭਜਨ ਸਿੰਘ ਰੂਪਰਾ, ਪਵਨ ਰਿਹਾਨ, ਡਾ ਅਜਮੇਰ ਸਿੰਘ,ਤਰਸੇਮ ਅਗਰਵਾਲ ਸੀਏ, ਸੁਨੀਲ ਉੱਪਲ, ਬਲਬੀਰ ਸਿੰਘ ਬਾਹਮਣੀਆ ਆਦਿ ਮੌਜੂਦ ਸਨ। ਉਹਨਾਂ ਨਮਿੱਤ ਪਾਠ ਦੇ ਭੋਗ ਤੇ ਅੰਤਿਮ ਅਰਦਾਸ ਪੰਜ ਸਤੰਬਰ ਨੂੰ ਗੁਰਦੁਆਰਾ ਸਿੰਘ ਸਭਾ ਸ਼ਾਹਕੋਟ ਵਿਖੇ ਹੋਵੇਗੀ।



# ਹੜ੍ਹ ਪੀੜਤਾਂ ਲਈ ਰਸਦ ਦੇ ਭਰੇ ਟਰੈਕਟਰ ਟਰਾਲੀਆਂ ਕੀਤੀਆਂ ਰਵਾਨਾ



**ਭਲਾਣ (ਹਰਭਜਨ ਢਿਲੋਂ)**- ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ, ਸਰਕਲ ਪ੍ਰਧਾਨ ਓਂਕਾਰ ਸਿੰਘ ਮਜਾਰੀ, ਮੁੱਖ ਬੁਲਾਰਾ ਢਾਡੀ ਮਨਜੀਤ ਸਿੰਘ ਰਾਹੀ, ਸੰਤ ਸਿੰਘ ਹਜਾਰਾ, ਸਰਕਲ ਪ੍ਰਧਾਨ ਫੌਜੀ ਜਸਵੀਰ ਸਿੰਘ ਸੰਗਤਪੁਰ, ਬੀਬੀ ਮਨਜੀਤ ਕੌਰ ਬੁੰਗਾ ਸਾਹਿਬ, ਕੈਪਟਨ ਤਰਲੋਚਨ ਸਿੰਘ, ਸਰਪੰਚ ਨਿਰਮਲ ਸਿੰਘ ਸੁਰੇਵਾਲ, ਮਾਸਟਰ ਪਰਮਿੰਦਰ ਸਿੰਘ ਬੇਲਾ, ਜੈਮਲ ਸਿੰਘ ਭੜੀ ਆਦਿ ਦੇ ਸਹਿਯੋਗ ਨਾਲ ਹੜ ਪੀੜਤਾਂ ਲਈ ਗੁਰਦੁਆਰਾ ਬਾਬਾ ਜਵਾਹਰ ਸਿੰਘ ਜੀ ਮਜਾਰੀ ਤੋਂ ਅਰਦਾਸ ਕਰਨ ਉਪਰੰਤ ਰਸਦ ਦੇ ਭਰੇ ਟਰੈਕਟਰ ਟਰਾਲੀਆਂ ਰਵਾਨਾ ਕੀਤੀਆਂ । ਇਸ ਮੌਕੇ ਆਗੂਆਂ ਨੇ ਦੱਸਿਆ ਕਿ ਅਸੀਂ ਲੋਕਾਂ ਦੇ ਸਹਿਯੋਗ ਨਾਲ ਇੱਕਠੇ ਕੀਤੇ 500 ਥੈਲੀ ਆਟੇ ਦੀ, 500 ਕਿੱਟ ਰਾਸ਼ਨ ਦੀ, 500 ਪੇਟੀ ਪਾਣੀ, ਬਰੈਡ 200 ਪੈਕਟ, ਬਿਸਕੁਟ 1500 ਪੈਕੇਟ, ਆਲੂ 10 ਕੱਟੇ, ਪਿਆਜ 10 ਕੱਟੇ, ਦੁੱਧ ਤੇ ਹੋਰ ਲੋੜੀਂਦਾ ਘਰੇਲੂ ਸਮਾਨ ਦੋ ਟਰਾਲੇ ਰਵਾਨਾ ਕੀਤੇ। ਉਨ੍ਹਾਂ ਦੱਸਿਆ ਕਿ ਸੁਲਤਾਨਪੁਰ ਲੋਧੀ ਅਤੇ ਡੇਰਾ ਬਾਬਾ ਨਾਨਕ ਇਲਾਕੇ ਵਿੱਚ ਹੜ ਪੀੜਤਾਂ ਨੂੰ ਵੰਡੇ ਜਾਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਸਥਾਨਕ ਸੇਵਾਦਾਰ, ਸੇਵਾ ਲਈ ਟਰਾਲੀਆਂ ਵਿੱਚ ਰਵਾਨਾ ਹੋਏ।

# ਨੌਜਵਾਨ ਖੇਡ ਨੂੰ ਆਪਣੇ ਜੀਵਨ ਦਾ ਅਭਿੰਨ ਅੰਗ ਬਣਾਉਣ : ਮੁੱਖ ਮੰਤਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨੌਜੁਨਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡ ਨੂੰ ਆਪਣੇ ਜੀਵਨ ਦਾ ਅਭਿੰਨ ਅੰਗ ਬਨਾਉਣ ਅਤੇ ਹਾਕੀ ਦੇ ਜਾਦੂਗਰ ਮੇਜਰ ਧਿਆਨਚੰਦ ਦੀ ਤਰ੍ਹਾ ਅਨੁਸਾਸ਼ਨ, ਮਿਹਨਤ ਅਤੇ ਸਮਰਪਣ ਦੇ ਮਾਰਗ 'ਤੇ ਚੱਲਣ। ਉਨ੍ਹਾਂ ਨੇ ਸਾਲ 2036 ਦੇ ਓਲੰਪਿਕ ਖੇਡਾਂ ਵਿੱਚ ਹਰਿਆਣਾ ਦੇ ਖਿਡਾਰੀਆਂ ਵੱਲੋਂ ਸੱਭ ਤੋਂ ਵੱਧ ਮੈਡਲ ਜਿੱਤਣ ਲਈ ਪ੍ਰੇਰਿਤ ਵੀ ਕੀਤਾ। ਮੁੱਖ ਮੰਤਰੀ ਕੁਰੂਕਸ਼ੇਤਰ ਵਿੱਚ ਰਾਸ਼ਟਰੀ ਖੇਡ ਦਿਵਸ ਮੌਕੇ 'ਤੇ ਆਯੋਜਿਤ 'ਸਾਈਕਲੋਥਾਨ' ਪ੍ਰੋਗਰਾਮ ਵਿੱਚ ਨੌਜਵਾਨਾਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸ਼੍ਰਮਦਾਨ ਕਰ ਕੇ 'ਸਵੱਛ ਕੁਰੂਕਸ਼ੇਤਰ, ਮੇਰਾ ਕੁਰੂਕਸ਼ੇਤਰ, ਮੇਰਾ ਅਭਿਆਨ' ਦੀ ਸ਼ੁਰੂਆਤ ਕੀਤੀ। ਹਰਿਆਣਾ ਦੇ ਖੇਡ ਵਿਭਾਗ ਵੱਲੋਂ ਆਯੋਜਿਤ ਇਸ ਪ੍ਰੋਗਰਾਮ ਵਿੱਚ ਸਾਈਕਲੋਥਾਨ ਅਤੇ ਸਵੱਛਤਾ ਨੂੰ ਜੋੜ ਕੇ ਨੌਜੁਆਨਾਂ ਨੂੰ ਸਵੱਛ ਅਤੇ ਸਿਹਤਮੰਦ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

# ਰਾਜਪਾਲ ਨੇ ਕਪੂਰਥਲਾ 'ਚ ਹੜ੍ਹਾਂ ਦੀ ਗੰਭੀਰ ਸਥਿਤੀ 'ਤੇ ਚਿੰਤਾ ਪ੍ਰਗਟਾਈ

## ● ਸੀਚੇਵਾਲ ਨਾਲ ਫੋਨ 'ਤੇ ਗੱਲ ਕਰਕੇ ਹੜ੍ਹ ਪੀੜਤਾਂ ਦਾ ਜਾਣਿਆ ਹਾਲ

**ਸੁਲਤਨਾਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਦੇ ਰਾਜਪਾਲ ਮਾਣਯੋਗ ਗੁਲਾਬ ਚੰਦ ਕਟਾਰੀਆ ਨੇ ਸੁਲਤਾਨਪੁਰ ਲੋਧੀ ਦੇ ਮੰਡ ਖੇਤਰਾਂ ਵਿੱਚ ਹੜ੍ਹਾਂ ਦੀ ਗੰਭੀਰ ਸਥਿਤੀ 'ਤੇ ਆਪਣੀ ਚਿੰਤਾ ਪ੍ਰਗਟਾਈ। ਪੰਜਾਬ ਦੇ ਰਾਜਪਾਲ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਟੈਲੀਫੋਨ 'ਤੇ ਗੱਲਬਾਤ ਕਰਕੇ ਮੰਡ ਇਲਾਕੇ ਵਿੱਚ ਹੜ੍ਹਾਂ ਦੀ ਸਥਿਤੀ ਬਾਰੇ ਪੁੱਛਿਆ ਅਤੇ ਕਪੂਰਥਲਾ ਵਿੱਚ ਵਿਗੜਦੀ ਹੜ੍ਹ ਦੀ ਸਥਿਤੀ 'ਤੇ ਆਪਣੀ ਚਿੰਤਾ ਪ੍ਰਗਟ ਕੀਤੀ। ਉਹਨਾਂ ਇਸ ਨਾਜ਼ੁਕ ਸਥਿਤੀ ਦੌਰਾਨ ਹੜ੍ਹ ਪੀੜਤਾਂ ਦੀ ਸੇਵਾ ਲਈ ਪਹਿਲੇ ਦਿਨਾਂ ਤੋਂ ਹੀ ਸੇਵਾ ਵਿੱਚ ਜੁਟੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਵੀ ਕੀਤਾ। ਜ਼ਿਕਰਯੋਗ ਹੈ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਇੱਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਲੁਧਿਆਣਾ ਆਏ ਹੋਏ ਸਨ। ਉਹਨਾਂ ਨੇ ਸਵੇਰੇ 11 ਵਜੇ ਦੇ ਕਰੀਬ ਸੰਤ ਸੀਚੇਵਾਲ ਨੂੰ ਫ਼ੋਨ ਕੀਤਾ। ਉਨ੍ਹਾਂ ਨੇ ਹੜ੍ਹ ਪੀੜਤਾਂ ਨੂੰ ਮਿਲਣ ਅਤੇ ਹੜ੍ਹਾਂ ਦੀ ਗੰਭੀਰ ਸਥਿਤੀ ਦੇਖਣ ਲਈ ਜਲਦ ਹੀ ਸੁਲਤਾਨਪੁਰ ਲੋਧੀ ਆਉਣ ਬਾਰੇ ਕਿਹਾ। ਗੱਲਬਾਤ ਦੌਰਾਨ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਪੰਜਾਬ ਦੇ ਰਾਜਪਾਲ ਨੂੰ ਹੜ੍ਹ ਪੀੜਤਾਂ ਦੀ ਤਰਸਯੋਗ ਹਾਲਤ ਬਾਰੇ ਦੱਸਿਆ ਅਤੇ ਪੀੜਤਾਂ ਨੂੰ ਉਨ੍ਹਾਂ ਦੇ ਮੁੜ ਵਸੇਬੇ ਲਈ ਤੁਰੰਤ ਸਹਾਇਤਾ ਕਰਨ ਬਾਰੇ ਵੀ ਚਰਚਾ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੇ ਵੀ ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਮੁਲਾਕਾਤ ਕੀਤੀ। ਉਹਨਾਂ ਹੜ੍ਹਾਂ ਪੀੜਤ ਲਈ ਲਿਆਂਦੀ ਰਾਹਤ ਸਮੱਗਰੀ ਵੰਡੀ। ਸੰਤ ਸੀਚੇਵਾਲ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੂੰ ਕਿਸ਼ਤੀ ਵਿੱਚ ਬੈਠਾ ਕੇ ਮੰਡ ਦੇ ਉਹਨਾਂ ਡੇਰਿਆਂ ਤੱਕ ਲੈ ਕੇ ਗਏ ਜਿੱਥੇ ਹੜ੍ਹ ਨੇ ਪੂਰੀ ਤਬਾਹੀ ਮਚਾਈ ਹੋਈ ਹੈ। ਬੀਤੀ ਕੱਲ੍ਹ ਨਾਮਧਾਰੀ ਸੰਪਰਦਾ ਦੇ ਮੁੱਖੀ ਸਤਿਗੁਰੂ ਉਦੇ ਸਿੰਘ ਨੇ ਵੀ ਸੰਤ ਸੀਚੇਵਾਲ ਨਾਲ ਮੁਲਾਕਾਤ ਕੀਤੀ ਅਤੇ ਹੜ੍ਹ ਪੀੜਤਾਂ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ।



# ਸਤਨਾਮ ਚੇਚੀ ਵੱਲੋਂ ਟਕਾਰਲਾ ਦੀ ਪੰਚਾਇਤ ਨੂੰ ਡੇਢ ਲੱਖ ਰੁਪਏ ਦੀ ਗਰਾਂਟ



**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਟਕਾਰਲਾ ਦੀ ਪੰਚਾਇਤ ਨੂੰ ਡੇਢ ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ।ਇਸ ਮੌਕੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਪਿੰਡ ਟਕਾਰਲਾ ਦੀ ਪੰਚਾਇਤ ਅਤੇ ਨੌਜਵਾਨਾਂ ਦੀ ਇਸ ਮੰਗ ਨੂੰ ਦੇਖਦਿਆਂ ਹੋਇਆ ਉਹਨਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਖੇਡ ਗਰਾਊਂਡ ਦੀ ਉਸਾਰੀ ਲਈ ਡੇਢ ਲੱਖ ਰੁਪਏ ਦੀ ਗਰਾਂਟ ਪਿੰਡ ਨੂੰ ਜਾਰੀ ਕੀਤੀ ਗਈ। ਉਹਨਾਂ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਕਈ ਪਿੰਡਾਂ ਵਿੱਚ ਖੇਡ ਮੈਦਾਨ ਬਣਾਉਣ ਲਈ ਰਾਸ਼ੀ ਵੀ ਜਾਰੀ ਕੀਤੀ ਗਈ ਹੈ। ਪਿੰਡ ਦੀ ਪੰਚਾਇਤ ਵੱਲੋਂ ਸਤਨਾਮ ਜਲਾਲਪੁਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਜੋਗਿੰਦਰ ਪਾਲ ,ਮਹਾਵੀਰ ਸਰਪੰਚ ਬਲਵੀਰ ਚੰਦ, ਨਵਦੀਪ, ਰਕੇਸ਼ ਫੌਜੀ ,ਮਨਜੀਤ ਸਿਆਣ, ਸੋਨੂ ਕਿਸਾਨਾ ਤੋਂ ਇਲਾਵਾ ਬਹੁਤ ਸਾਰੇ ਯੂਥ ਕਲੱਬ ਦੇ ਮੈਂਬਰ ਅਤੇ ਪਿੰਡ ਵਾਸੀ ਮੌਜੂਦ ਸਨ।

## ਜਨਮ ਦਿਨ ਮੁਬਾਰਕ



ਤਕਸ਼ ਤਨੇਜਾ
ਗਿੱਦੜਬਾਹਾ



ਮਿਨੌਲੀ
ਆਸਟ੍ਰੇਲੀਆ